@Qpatrika

@qaumipatrika punjabi

instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Saturday, 10 October 2026

VISIT: www.qaumipatrika.org

Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 10 ਅਕਤੂਬਰ 2026, 26 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 337, qpatrika@gmail.com ਫੋਨ : 9971359517 www.qaumipatrika.org

## ਅਨੰਦਪੁਰ ਸਾਹਿਬ ਕਾਂਡ ਦੀ ਨਿਆਇਕ ਜਾਂਚ ਦੀ ਮੰਗ ਨੂੰ ਲੈ ਕੇ ਵਫ਼ਦ ਮੁੱਖ ਮੰਤਰੀ ਨੂੰ ਮਿਲਿਆ, ਮਾਨ ਨੇ ਕਮਿਸ਼ਨ ਬਣਾਉਣ ਦਾ ਦਿੱਤਾ ਭਰੋਸਾ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਚੰਡੀਗੜ੍ਹ 9 ਅਕਤੂਬਰ। ਬੀਤੇ ਦਿਨੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਾਪਰੇ ਇੱਕ ਅਤਿਅੰਤ ਗੈਰ ਇਸ ਇਲਾਕੇ ਵਰਤਾਰੇ ਨੂੰ ਲੈ ਕੇ ਅੱਜ ਧਰਮ ਯੁੱਧ ਮੋਰਚਾ ਬਟਾਲਾ ਦੇ ਆਗੂ ਭਾਈ ਗੁਰਪ੍ਰੀਤ ਸਿੰਘ ਯੂ ਕੇ ਦੀ ਅਗਵਾਈ ਹੇਠ ਸੰਗਤਾਂ ਦਾ ਵਫ਼ਦ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਮਿਲਿਆ। ਇਸ ਦੌਰਾਨ ਮੁੱਖ ਮੰਤਰੀ ਨੂੰ ਭੇਟ ਕੀਤੇ ਗਏ ਮੰਗ ਪੱਤਰ ਵਿੱਚ ਅਪੀਲ ਕੀਤੀ ਗਈ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਬੀਤੇ ਦਿਨੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਅੰਦਰ ਜੋ ਕੁਝ ਵਾਪਰਿਆ ਉਹ ਅਤਿ ਨਿੰਦਣਯੋਗ ਘਟਨਾ ਹੈ । ਇਸ ਨਾਲ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੁੱਚੀਆਂ ਨਾਨਕ ਨਾਮ ਲੇਵਾ ਸੰਗਤਾਂ ਦੇ ਹਿਰਦੇ ਪੀੜ ਨਾਲ ਵਲੂੰਧਰੇ ਗਏ ਹਨ। ਇਹ ਦੁਖਾਂਤ ਉਦੋਂ ਹੋਰ ਵੀ ਵੱਡਾ ਹੋ ਜਾਂਦਾ ਹੈ ਜਦੋਂ ਇਸ ਦੇ ਦੋਸ਼ ਐਸ ਜੀ ਪੀ ਸੀ ਦੇ ਜ਼ਿੰਮੇਵਾਰ ਤੇ ਧਾਰਮਿਕ



ਅਹੁਦਿਆਂ ਤੇ ਬਿਰਾਜਮਾਨ ਲੋਕਾਂ ਤੇ ਲੱਗਣ ਲੱਗ ਜਾਣ ਅਤੇ ਇਸ ਦੌਰਾਨ ਹੋਏ ਮੁਕੱਦਮੇ ਵਿੱਚ ਗੁਰੂ ਸਾਹਿਬਾਨਾਂ ਦੇ ਨਾਵਾਂ ਤੇ ਬਣੀਆਂ ਸਰਾਵਾਂ ਦਾ ਜ਼ਿਕਰ ਕੀਤਾ ਜਾਵੇ। ਇਸ ਲਈ ਇਹ ਤਾਕਤ ਹੋਣ ਲਈ ਪੰਜਾਬ ਸਰਕਾਰ ਨੂੰ ਜਲਦ ਹੀ ਇੱਕ ਨਿਆਇਕ ਕਮਿਸ਼ਨ ਤਾਇਨਾਤ ਕਰਨਾ ਚਾਹੀਦਾ ਹੈ ਜੋ ਇਸ ਘਟਨਾ ਕਰਮਜੀਤ ਤਹਿ ਤੱਕ ਨਿਰਪੱਖ ਪੜਤਾਲ ਕਰੇ ਅਤੇ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਸੰਗਤਾਂ ਦੀ ਕਚਹਿਰੀ ਵਿੱਚ ਨਿਤਾਰ ਕੇ ਪੇਸ਼ ਕਰੇ। ਇਸ ਸੰਵੇਦਨਸ਼ੀਲ ਮੁੱਦੇ ਨੂੰ ਰਾਜਨੀਤੀ ਤੋਂ ਦੂਰ ਰੱਖ ਕੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੇ ਅਨੁਕੂਲ ਵਿਚਾਰਨਾ ਚਾਹੀਦਾ ਹੈ। ਇਸ ਦੌਰਾਨ ਮੀਡੀਆ ਨੂੰ ਮੁਖਾਤਿਬ ਹੁੰਦੇ ਹੋਏ ਭਾਈ ਗੁਰਪ੍ਰੀਤ ਸਿੰਘ ਯੂ ਕੇ ਬਾਬਾ ਗੁਰਦੀਪ ਸਿੰਘ ਭੁੱਲਰ, ਬਾਬਾ ਗੁਰਨਾਮ ਸਿੰਘ, ਪੰਜਾਬੀ ਲੇਖਕ ਸ਼ਮਸ਼ੇਰ ਸਿੰਘ ਡੂਮੇਵਾਲ, ਆਦਿ ਨੇ ਕਿਹਾ ਕਿ ਅਨੰਦਪੁਰ ਸਾਹਿਬ ਦੀ ਧਰਤੀ ਸਾਨੂੰ ਨਿਮਾਣੀ ਅਤੇ ਨਿਤਾਣੀ ਅਬਲਾ ਨਾਰੀ ਦਾ ਸਤਿਕਾਰ ਕਰਨ ਦਾ ਜਿੱਥੇ ਸਿਧਾਂਤ ਸਮਝਾਉਂਦੀ ਹੈ ਉੱਥੇ ਇਹ ਧਰਤੀ ਧੀਆਂ ਦੀ ਪੱਤ ਲੁੱਟਣ ਵਾਲੇ ਧਾੜਵੀਆਂ ਨੂੰ ਸੋਧਣ ਵਾਲੇ ਯੋਧਿਆਂ ਦੀ ਜਨਮ ਦਾਤੀ ਵੀ ਅਖਵਾਉਂਦੀ ਹੈ। ਇਸ ਧਰਤੀ ਤੇ ਉਸ ਖਾਲਸੇ ਦਾ ਜਨਮ ਹੋਇਆ ਹੈ ਹੈ ਜਿਸ ਨੇ ਹਮੇਸ਼ਾ ਆਪਣੀਆਂ ਤੇਗਾਂ ਨਾਲ ਨਿਤਾਣੇ ਅਤੇ ਲਤਾੜੇ ਜਾਂਦੇ ਲੋਕਾਂ ਦੇ ਹੱਕ ਵਿੱਚ ਆਪਣੇ ਲਹੂ ਨਾਲ ਤਵਾਰੀਖ ਦਾ ਪੰਨਾ ਉੱਕਰਿਆ ਹੈ। ਅੱਜ ਇਸ ਧਰਤੀ ਤੇ ਵਰਤਦੇ ਇਹੋ ਜਿਹੇ ਵਰਤਾਰਿਆਂ ਨੇ ਸਮੁੱਚੀ ਮਨੁੱਖਤਾ ਦਾ ਸਿਰ ਸ਼ਰਮ ਨਾਲ ਨੀਵਾਂ ਕੀਤਾ ਹੈ। ਉਹਨਾਂ ਕਿਹਾ ਕਿ ਅੱਜ ਅਵਾਮ ਇਹ ਸਵਾਲ ਪੁਕਾਰ ਪੁਕਾਰ ਕੇ ਪੁੱਛ ਰਿਹਾ ਹੈ ਕਿ ਜਦੋਂ ਔਰਤਾਂ ਦੀ ਇੱਜ਼ਤ ਗੁਰੂ ਘਰਾਂ ਦੀਆਂ ਸਰਾਵਾਂ ਵਿੱਚ ਹੀ ਮਹਿਫੂਜ਼ ਨਹੀਂ ਤਾਂ ਸੜਕਾਂ ਤੇ ਤੁਰਨ ਵਾਲੀਆਂ ਔਰਤਾਂ ਆਪਣੀ ਇੱਜਤ ਕਿਵੇਂ ਬਚਾ ਸਕਦੀਆਂ ਹਨ । ਸਿੱਖ ਕੌਮ ਦਾ ਇਹ ਮਾਣਮੱਤਾ ਇਤਿਹਾਸ ਰਿਹਾ ਹੈ ਕਿ ਇਸ ਦੇ ਜਾਇਆ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਨਾਦਰਾਂ ਅਤੇ ਅਬਦਾਲੀਆਂ ਤੋਂ ਹਿੰਦੁਸਤਾਨ ਦੀਆਂ ਬਹੂ ਬੇਟੀਆਂ ਨੂੰ ਛੁਡਾ ਕੇ ਘਰੋ ਘਰੀ ਪਹੁੰਚਾਉਣ ਦੀ ਇਲਾਹੀ ਜ਼ਿੰਮੇਵਾਰੀ ਨਿਭਾਈ ਹੈ।

## ਗੁਰੂਗ੍ਰਾਮ ’ਚ 2 ਧਿਰਾਂ ਵਿਚਾਲੇ ਜ਼ਬਰਦਸਤ ਝੜਪ, ਐਸਟੀਐਫ ਟੀਮ ’ਤੇ ਕੀਤਾ ਹਮਲਾ, ਕਾਂਸਟੇਬਲ ਜ਼ਖਮੀ

ਕੌਮੀ ਪਤ੍ਰਿਕਾ

ਗੁਰੂਗ੍ਰਾਮ 9 ਅਕਤੂਬਰ। ਗੁਰੂਗ੍ਰਾਮ ਦੇ ਭੋਂਡਸੀ ਵਿੱਚ ਜੇਲ੍ਹ ਰੋਡ ’ਤੇ ਦੋ ਸਮੂਹਾਂ ਵਿਚਕਾਰ ਹੋਈ ਝੜਪ ਦੌਰਾਨ ਕੁਝ ਲੋਕਾਂ ਨੇ ਸਪੈਸ਼ਲ ਟਾਸਕ ਫੋਰਸ (ਐਸਟੀਐਫ) ’ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਇੱਕ ਕਾਂਸਟੇਬਲ ਗੰਭੀਰ ਜ਼ਖਮੀ ਹੋ ਗਿਆ। ਪੁਲਸ ਨੇ ਸੋਮਵਾਰ ਨੂੰ ਇਸ ਘਟਨਾ ਦੀ ਜਾਣਕਾਰੀ ਦਿੱਤੀ। ਜ਼ਖਮੀ ਕਾਂਸਟੇਬਲ ਦੀ ਪਛਾਣ ਅਮਿਤ ਕੁਮਾਰ ਵਜੋਂ ਹੋਈ ਹੈ। ਪੁਲਸ ਨੇ ਦੱਸਿਆ ਕਿ ਉਸ ਦੀਆਂ ਲੱਤਾਂ ਅਤੇ ਪਿੱਠ ਵਿੱਚ ਸੱਟਾਂ ਲੱਗੀਆਂ ਹਨ ਅਤੇ ਉਸਦਾ ਇਲਾਜ ਹਸਪਤਾਲ ਵਿੱਚ ਚੱਲ ਰਿਹਾ ਹੈ। ਐਸਟੀਐਫ ਦੀ ਸ਼ਿਕਾਇਤ ਦੇ ਆਧਾਰ ’ਤੇ ਭਾਰਤੀ ਦੰਡ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਭੋਂਡਸੀ ਪੁਲਸ ਸਟੇਸ਼ਨ ਵਿੱਚ ਐਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੁਲਸ ਫਰਾਰ ਮੁਲਜ਼ਮਾਂ ਨੂੰ ਫੜਨ ਲਈ ਛਾਪੇਮਾਰੀ ਕਰ ਰਹੀ ਹੈ। ਹਾਲਾਂਕਿ ਐਸਟੀਐਫ ਅਤੇ ਗੁਰੂਗ੍ਰਾਮ ਪੁਲਸ ਅਧਿਕਾਰੀਆਂ ਨੇ ਇਸ ਘਟਨਾ ’ਤੇ ਕੋਈ ਟਿੱਪਣੀ ਨਹੀਂ ਕੀਤੀ ਪਰ ਸੂਤਰਾਂ ਦਾ ਦਾਅਵਾ ਹੈ ਕਿ ਸਮੇਂ ਗੰਭੀਰ ਜ਼ਖਮੀ ਹੋ ਗਿਆ, ਜਦੋਂ ਇੱਕ ਵਾਹਨ ਨੇ ਕਥਿਤ ਤੌਰ ’ਤੇ ਐਸਟੀਐਫ ਗੱਡੀ ਦੇ ਦਰਵਾਜ਼ੇ ਨਾਲ ਟੱਕਰ ਮਾਰ ਦਿੱਤੀ। ਇਸ ਕਾਰਨ ਉਹ ਸੜਕ ’ਤੇ ਡਿੱਗ ਪਿਆ। ਫਿਰ ਕਥਿਤ ਤੌਰ ’ਤੇ ਇੱਕ




ਐਸਟੀਐਫ ਟੀਮ ’ਤੇ ਬਦਮਾਸ਼ਾਂ ਦੇ ਇੱਕ ਸਮੂਹ ਨੇ ਹਮਲਾ ਕੀਤਾ ਸੀ। ਇਹ ਘਟਨਾ ਸ਼ਨੀਵਾਰ ਰਾਤ ਨੂੰ ਵਾਪਰੀ, ਜਦੋਂ ਐਸਟੀਐਫ ਟੀਮ ਆਪਣੀ ਸਰਕਾਰੀ ਗੱਡੀ ਵਿੱਚ ਭੋਂਡਸੀ ਸਥਿਤ ਐਸਟੀਐਫ ਹੈੱਡਕੁਆਰਟਰ ਜਾ ਰਹੀ ਸੀ। ਰਸਤੇ ਵਿੱਚ ਉਨ੍ਹਾਂ ਨੇ ਜੇਲ੍ਹ ਰੋਡ ’ਤੇ ਦੋ ਸਮੂਹਾਂ ਵਿਚਕਾਰ ਝੜਪ ਦੇਖੀ। ਇਸ ਦੌਰਾਨ ਇੱਕ ਸਮੂਹ ਦੇ ਕੁਝ ਮੈਂਬਰ ਆਪਣੀ ਗੱਡੀ ਵਿੱਚ ਭੱਜ ਗਏ ਅਤੇ ਦੂਜੇ ਸਮੂਹ ਦੇ ਮੈਂਬਰਾਂ ਨੇ ਐਸਟੀਐਫ ਦੇ ਮੈਂਬਰਾਂ ’ਤੇ ਗੋਲੀਆਂ ਚਲਾ ਦਿੱਤੀਆਂ। ਹਮਲੇ ਦੌਰਾਨ ਕਾਂਸਟੇਬਲ ਅਮਿਤ ਉਸ ਸਕਾਰਪੀਓ ਉਸਦੀ ਲੱਤ ’ਤੇ ਚੜ੍ਹ ਗਈ। ਪੁਲਸ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਦੋਸ਼ੀ ਭੱਜ ਗਿਆ। ਸੂਚਨਾ ਮਿਲਣ ’ਤੇ ਇੱਕ ਪੁਲਸ ਟੀਮ ਮੌਕੇ ’ਤੇ ਪਹੁੰਚੀ ਅਤੇ ਜ਼ਖਮੀ ਕਾਂਸਟੇਬਲ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ, ਭੋਂਡਸੀ ਪੁਲਸ ਸਟੇਸ਼ਨ ਵਿੱਚ ਇੱਕ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਦੋਸ਼ੀ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਸਤਿਆਜੀਤ ਰੇਅ ਫਿਲਮ ਇੰਸਟੀਚਿਊਟ ਦੇ ਬਾਹਰ ਪ੍ਰਦਰਸ਼ਨ ਦੌਰਾਨ ਹਫੜਾ-ਦਫੜੀ

ਕੋਲਕਾਤਾ 9 ਅਕਤੂਬਰ। ਸਤਿਆਜੀਤ ਰੇਅ ਫਿਲਮ ਅਤੇ ਟੈਲੀਵਿਜ਼ਨ ਇੰਸਟੀਚਿਊਟ (ਐੱਸ. ਆਰ. ਐੱਫ. ਟੀ. ਆਈ.) ਦੇ ਬਾਹਰ ਐਤਵਾਰ ਨੂੰ ‘ਬੰਗੀਯ ਹਿੰਦੂ ਜਾਗਰਣ ਮੰਚ’ ਦੇ ਮੈਂਬਰਾਂ ਦੇ ਵਿਰੋਧ-ਪ੍ਰਦਰਸ਼ਨ ਦੌਰਾਨ ਹਫੜਾ-ਦਫੜੀ ਮਚ ਗਈ, ਕਿਉਂਕਿ ਪੁਲਸ ਨੇ ਉਨ੍ਹਾਂ ਨੂੰ ਕੰਪਲੈਕਸ ਅੰਦਰ ਵੜਨ ਤੋਂ ਰੋਕ ਦਿੱਤਾ। ਇਹ ਪ੍ਰਦਰਸ਼ਨ 27 ਸਤੰਬਰ ਨੂੰ ਕੰਪਲੈਕਸ ’ਚ ਵਿਦਿਆਰਥੀਆਂ ਦੇ ਇਕ ਧੜੇ ਅਤੇ ਰਾਸ਼ਟਰੀ ਸਵੈਮਸੇਵਕ ਸੰਘ (ਆਰ. ਐੱਸ. ਐੱਸ.) ਨਾਲ ਸਬੰਧਤ ਖਪਤਕਾਰ ਜਾਗਰੂਕਤਾ ਸਮੂਹ ਅਖਿਲ ਭਾਰਤੀ ਗ੍ਰਾਹਕ ਪੰਚਾਇਤ (ਏ. ਬੀ. ਜੀ. ਪੀ.) ਦੇ ਮੈਂਬਰਾਂ ਵਿਚਾਲੇ ਹੋਈ ਝੜਪ ਦੇ ਵਿਰੋਧ ’ਚ ਕੀਤਾ ਗਿਆ। ਇਕ ਅਧਿਕਾਰੀ ਨੇ ਕਿਹਾ, “ਪ੍ਰਦਰਸ਼ਨਕਾਰੀ ਅੱਜ ਦੁਪਹਿਰ ਵੇਲੇ ਇੰਸਟੀਚਿਊਟ ਦੇ ਮੁੱਖ ਗੇਟ ’ਤੇ ਪਹੁੰਚੇ, ਪਰ ਉੱਥੇ ਤਾਇਨਾਤ ਪੁਲਸ ਮੁਲਾਜ਼ਮਾਂ ਨੇ ਉਨ੍ਹਾਂ ਨੂੰ ਕੰਪਲੈਕਸ ਅੰਦਰ ਵੜਨ ਤੋਂ ਰੋਕ ਦਿੱਤਾ।” ਉਨ੍ਹਾਂ ਦੱਸਿਆ ਕਿ ਕੁਝ ਪ੍ਰਦਰਸ਼ਨਕਾਰੀਆਂ ਨੇ ਇੰਸਟੀਚਿਊਟ ਦੇ ਮੁੱਖ ਗੇਟ ਨੂੰ ਜ਼ਬਰਦਸਤੀ ਖੋਲ੍ਹਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਉਨ੍ਹਾਂ ਨੂੰ ਰੋਕ ਦਿੱਤਾ ਅਤੇ ਇਸ ਦੌਰਾਨ ਧੱਕਾਮੁੱਕੀ ਵੀ ਹੋਈ। ਕੰਪਲੈਕਸ ਦੇ ਅੰਦਰ ਮੌਜੂਦ ਕਈ ਵਿਦਿਆਰਥੀਆਂ ਅਤੇ ਅਧਿਆਪਕਾਂ, ਜਿਨ੍ਹਾਂ ’ਚੋਂ ਕੁਝ ਹੈਲਮੇਟ ਪਹਿਨੇ ਹੋਏ ਸਨ, ਨੇ ਦੋਸ਼ ਲਗਾਇਆ ਕਿ ਬਾਹਰੋਂ ਕੰਪਲੈਕਸ ਦੇ ਅੰਦਰ ਪੱਥਰ ਅਤੇ ਪਾਣੀ ਦੀਆਂ ਬੋਤਲਾਂ ਸੁੱਟੀਆਂ ਗਈਆਂ।

## ਮੁਫ਼ਤ ਬੱਸ ਯਾਤਰਾ ਲਈ ‘ਪਿੰਕ ਸਹੇਲੀ ਕਾਰਡ’ ਹੋਣਾ ਲਾਜ਼ਮੀ

ਨਵੀਂ ਦਿੱਲੀ 9 ਅਕਤੂਬਰ। ਦਿੱਲੀ ਦੀਆਂ ਨਿਵਾਸੀ ਔਰਤਾਂ ਹੁਣ ‘ਪਿੰਕ ਸਹੇਲੀ ਸਮਾਰਟ ਕਾਰਡ’ ਰਾਹੀਂ ਹੀ ਡੀ. ਟੀ. ਸੀ. ਅਤੇ ਕਲੱਸਟਰ ਬੱਸਾਂ ’ਚ ਮੁਫ਼ਤ ਯਾਤਰਾ ਦੀ ਸਹੂਲਤ ਦਾ ਲਾਭ ਲੈ ਸਕਣਗੀਆਂ। ਅਧਿਕਾਰੀਆਂ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਬਦਲਾਅ ਦਿੱਲੀ ਟ?ਰਾਂਸਪੋਰਟ ਕਾਰਪੋਰੇਸ਼ਨ (ਮੁਫ਼ਤ ਅਤੇ ਰਿਆਇਤੀ ਪਾਸ) (ਦੂਜੀ




ਸੋਧ) ਰੈਗੂਲੇਸ਼ਨ, 2026 ਤਹਿਤ ਕੀਤਾ ਗਿਆ ਹੈ। ਦਿੱਲੀ ਟ?ਰਾਂਸਪੋਰਟ ਵਿਭਾਗ ਦੇ ਇਕ ਨੋਟੀਫਿਕੇਸ਼ਨ ’ਚ ਕਿਹਾ ਗਿਆ ਹੈ ਕਿ ਦਿੱਲੀ ਦੀਆਂ ਨਿਵਾਸੀ ਔਰਤਾਂ ਡੀ. ਟੀ. ਸੀ. ਅਤੇ ਏ. ਸੀ. ਤੇ ਗ਼ੈਰ-ਏ. ਸੀ. ਵਾਲੀਆਂ ਕਲੱਸਟਰ ਬੱਸਾਂ ’ਚ ਸਿਰਫ ‘ਪਿੰਕ ਸਹੇਲੀ ਸਮਾਰਟ ਕਾਰਡ’ (ਐੱਨ. ਸੀ. ਐੱਮ. ਸੀ.) ਰਾਹੀਂ ਮੁਫ਼ਤ ਯਾਤਰਾ ਕਰ ਸਕਣਗੀਆਂ। ਹਾਲਾਂਕਿ, ਉਹ ਯਾਤਰਾ ਲਈ ਤੈਅ ਕਰਾਏ ਦੀ ਟਿਕਟ ਵੀ ਖ਼ਰੀਦ ਸਕਦੀਆਂ ਹਨ। ਨੋਟੀਫਿਕੇਸ਼ਨ ’ਚ ਕਿਹਾ ਗਿਆ ਹੈ ਕਿ ਇਹ ਵਿਵਸਥਾ ਦਿੱਲੀ ਦੇ ਨਿਵਾਸੀ ‘ਟ?ਰਾਂਸਜੈਂਡਰ’ ਲੋਕਾਂ ’ਤੇ ਵੀ ਲਾਗੂ ਹੋਵੇਗੀ। ਸਰਕਾਰ ਵੱਲੋਂ ਪਹਿਲਾਂ ਜਾਰੀ ਕੀਤੇ ਜਾਣ ਵਾਲੀਆਂ ਗੁਲਾਬੀ ਕਾਗਜ਼ੀ ਟਿਕਟਾਂ ਦੀ ਜਗ?ਹਾ ਇਸ ਸਾਲ ਮਾਰਚ ’ਚ ਇਹ ਪਿੰਕ ਸਹੇਲੀ ਕਾਰਡ ਪੇਸ਼ ਕੀਤਾ ਗਿਆ ਸੀ। ਟ?ਰਾਂਸਪੋਰਟ ਵਿਭਾਗ ਨੇ ਪਹਿਲਾਂ ਹੁਕਮ ਦਿੱਤਾ ਸੀ ਕਿ ਇਹ ਸਹੂਲਤ ਲੈਣ ਲਈ 30 ਸਤੰਬਰ ਤੋਂ ਪਿੰਕ ਸਹੇਲੀ ਸਮਾਰਟ ਕਾਰਡ ਲਾਜ਼ਮੀ ਹੋਵੇਗਾ।

## ਜਸਟਿਸ ਉਜਲ ਭੁਈਂਆ ਦੀਆਂ ਟਿੱਪਣੀਆਂ ਨਾਲ ਗਿਆਨੇਸ਼ ਕੁਮਾਰ ਬੇਨਕਾਬ, ਤੁਰੰਤ ਦੇਣ ਅਸਤੀਫ਼ਾ: ਕਾਂਗਰਸ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 9 ਅਕਤੂਬਰ। ਕਾਂਗਰਸ ਪਾਰਟੀ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਜੱਜ ਜਸਟਿਸ ਉਜਲ ਭੁਈਂਆ ਦੀਆਂ ਹਾਲੀਆ ਟਿੱਪਣੀਆਂ ਨੇ ਚੋਣ ਕਮਿਸ਼ਨ ਅਤੇ ਇਸਦੇ ਮੁਖੀ ਗਿਆਨੇਸ਼ ਕੁਮਾਰ ਨੂੰ ਬੇਨਕਾਬ ਕਰ ਦਿੱਤਾ ਹੈ। ਕੁਮਾਰ ਨੂੰ ਅਹੁਦੇ ’ਤੇ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐਤਵਾਰ ਨੂੰ X ’ਤੇ ਇੱਕ ਖ਼ਬਰ ਸਾਂਝੀ ਕਰਦੇ ਦਾਅਵਾ ਕੀਤਾ ਕਿ ਜਸਟਿਸ ਭੁਈਂਆ ਨੇ ਵੋਟ ਪਾਉਣ ਦੇ ਅਧਿਕਾਰ ਨੂੰ ਸੰਵਿਧਾਨ ਦੇ ਮੂਲ ਢਾਂਚੇ ਦਾ ਹਿੱਸਾ ਦੱਸਦੇ ਹੋਏ ਜੋ ਟਿੱਪਣੀ ਕੀਤੀ, ਉਸ ਤੋਂ ਇਹ ਸਿੱਟਾ ਨਿਕਲਦਾ ਹੈ ਕਿ ਕੁਮਾਰ, ਜੋ ਸੰਵਿਧਾਨਕ ਅਹੁਦੇ ’ਤੇ ਬੈਠੇ ਹਨ, ਨੇ ਸੰਵਿਧਾਨ ਦੀ ਉਲੰਘਣਾ ਕੀਤੀ ਹੈ। ਉਨ੍ਹਾਂ ਕਿਹਾ, ਜਸਟਿਸ ਭੁਈਂਆ ਨੇ ਬਹੁਤ ਕੁਝ ਕਿਹਾ ਹੈ ਅਤੇ ਸੀਈਸੀ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਹੈ। ਜੇਕਰ ਗਿਆਨੇਸ਼



ਕੁਮਾਰ ਵਿੱਚ ਥੋੜ੍ਹੀ ਜਿਹੀ ਵੀ ਸ਼ਰਮ ਹੈ, ਤਾਂ ਉਨ੍ਹਾਂ ਨੂੰ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ। ਰਮੇਸ਼ ਨੇ ਦੋਸ਼ ਲਗਾਇਆ ਕਿ ਕੁਮਾਰ ਦੀ 7-2 ਦੇ ਗੈਰ-ਕਾਨੂੰਨੀ ਆਦੇਸ਼ਾਂ ਨੂੰ ਲਾਗੂ ਕਰਨ ਦੀ ਯੋਗਤਾ ਨੇ ਹੁਣ ਉਸਨੂੰ ਦੇਸ਼ ਲਈ ਬੋਝ ਬਣਾ ਦਿੱਤਾ ਹੈ। ਰਮੇਸ਼ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਹਵਾਲਾ ਦੇਣ ਲਈ ’72’ ਸ਼ਬਦ ਦੀ ਵਰਤੋਂ ਕੀਤੀ। ਜਸਟਿਸ ਉਜਲ ਭੁਈਂਆ ਨੇ ਐਤਵਾਰ ਨੂੰ ਹੈਦਰਾਬਾਦ ਨਲਸਰ ਯੂਨੀਵਰਸਿਟੀ ਵਿਖੇ 19ਵੇਂ ਜਸਟਿਸ ਬੀ.ਆਰ. ਸਾਹਨੀ ਮੈਮੋਰੀਅਲ ਮੂਟ ਕੋਰਟ ਮੁਕਾਬਲੇ ਦੇ ਸਮਾਪਤੀ ਸਮਾਰੋਹ ’ਚ ਕਿਹਾ ਕਿ ਅਜਿਹੀ ਕੋਈ ਵੀ ਪ੍ਰਕਿਰਿਆ, ਜਿਸ ਦੇ ਨਤੀਜੇ ਵਜੋਂ ਲੱਖਾਂ ਭਾਰਤੀ ਨਾਗਰਿਕਾਂ ਦੇ ਵੋਟ ਅਧਿਕਾਰ ਤੋਂ ਵਾਂਝੇ ਰਹਿਣਾ ਅੰਦਰੂਨੀ ਤੌਰ ’ਤੇ ਮਨਮਾਨੀ ਹੋਵੇਗੀ ਅਤੇ ਸੰਵਿਧਾਨ ਦੇ ਤਹਿਤ ਸਥਾਪਿਤ ਸੰਵਿਧਾਨਕ ਵਿਵਸਥਾ ਦੀ ਉਲੰਘਣਾ ਹੋਵੇਗੀ। ਉਨ੍ਹਾਂ ਦਲੀਲ ਦਿੱਤੀ ਕਿ ਸੰਵਿਧਾਨ ਨਾਗਰਿਕਾਂ ਦੇ ਦੋ ਵਰਗ ਵੋਟਿੰਗ ਅਧਿਕਾਰਾਂ ਵਾਲੇ ਅਤੇ ਵੋਟ ਪਾਉਣ ਦੇ ਅਧਿਕਾਰਾਂ ਤੋਂ ਵਾਂਝਾ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੂੰ ਵੱਡੇ ਪੱਧਰ ’ਤੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਕਰਨਾ ਸੰਵਿਧਾਨ ਦੇ ਅਨੁਛੇਦ 326 ਅਤੇ 14 ਦੀ ਉਲੰਘਣਾ ਹੈ।

## ਡਾ. ਮਨਮੋਹਨ ਸਿੰਘ ਦੇ ਪਰਿਵਾਰ ਨੂੰ ਮਿਲੇ ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਪਰਗਟ ਸਿੰਘ, ਪਤਨੀ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ/ਨਵੀਂ ਦਿੱਲੀ 9 ਅਕਤੂਬਰ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਪ੍ਰਧਾਨ ਪਰਗਟ ਸਿੰਘ ਨੇ ਦਿੱਲੀ ਵਿਖੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਤੋਂ ਆਸ਼ੀਰਵਾਦ ਲਿਆ। ਉਨ੍ਹਾਂ ਕਿਹਾ ਕਿ ਮੇਰੀ ਸੋਚ ਸੀ ਉਨ੍ਹਾਂ ਦਾ ਆਸ਼ੀਰਵਾਦ ਲੈ ਕੇ ਪੰਜਾਬ ਜਾਵਾਂ। ਪਰਗਟ ਸਿੰਘ ਨੇ ਕਿਹਾ ਕਿ ਆਸ਼ੀਰਵਾਦ ਲੈਣ ਆਇਆ ਹਾਂ ਹੁਣ ਪੰਜਾਬ ਨੂੰ ਅੱਗੇ ਵਧਾਇਆ ਜਾਵੇਗਾ। ਉਨ੍ਹਾਂ ਨੇ ਸਾਬਕਾ ਪ੍ਰਧਾਨ ਮੰਤਰੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਨੂੰ ਯਾਦ ਕੀਤਾ। ਉਥੇ ਹੀ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਬਾਰੇ ਉਨ੍ਹਾਂ ਕਿਹਾ ਕਿ ਮੈਂ ਉਨ੍ਹਾਂ ਨਾਲ ਜ਼ਰੂਰ ਮਿਲਾਂਗਾ, ਨਾਰਾਜ਼ਗੀ ਦੀ ਕੋਈ ਗੱਲ ਨਹੀਂ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਨੂੰ ਇਕਜੁੱਟ ਕਰਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੇ ਜਾਣ ਤੋਂ ਬਾਅਦ ਪ੍ਰਗਟ ਸਿੰਘ ਦਿੱਲੀ ਵਿਖੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਨਿਵਾਸ ਸਥਾਨ ’ਤੇ ਪਹੁੰਚੇ। ਉਨ੍ਹਾਂ ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਤੋਂ ਆਸ਼ੀਰਵਾਦ ਲਿਆ। ਸੋਸ਼ਲ ਮੀਡੀਆ ’ਤੇ ਪ੍ਰਗਟ ਸਿੰਘ ਨੇ ਡਾ. ਮਨਮੋਹਨ ਸਿੰਘ ਨੂੰ ਯਾਦ ਕਰਦੇ ਹੋਏ ਲਿਖਿਆ, ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਨਾਲ ਮੁਲਾਕਾਤ ਕੀਤੀ ਹੈ।

## ਰਾਜੌਰੀ ਤੇ ਊਧਮਪੁਰ ’ਚ ਸ਼ੱਕੀ ਅੱਤਵਾਦੀ ਸਰਗਰਮੀਆਂ ਤੋਂ ਬਾਅਦ ਫ਼ੌਜ ਦਾ ਸਰਚ ਆਪ੍ਰੇਸ਼ਨ ਸ਼ੁਰੂ

ਰਾਜੌਰੀ 9 ਅਕਤੂਬਰ। ਅਧਿਕਾਰੀਆਂ ਨੇ ਦੱਸਿਆ ਕਿ ਜੰਮੂ ਅਤੇ ਕਸ਼ਮੀਰ ’ਚ ਸੁਰੱਖਿਆ ਫੋਰਸਾਂ ਨੇ ਰਾਜੌਰੀ ਅਤੇ ਊਧਮਪੁਰ ਜ਼ਿਲ੍ਹਿਆਂ ਦੇ ਜੰਗਲੀ ਖੇਤਰਾਂ ’ਚ ਸ਼ੱਕੀ ਅੱਤਵਾਦੀ ਸਰਗਰਮੀਆਂ ਦੀ ਸੂਚਨਾ ਮਿਲਣ ਤੋਂ ਬਾਅਦ ਸਰਚ ਆਪ੍ਰੇਸ਼ਨ ਸ਼ੁਰੂ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਸ਼ਨੀਵਾਰ ਦੇਰ ਰਾਤ ਰਾਜੌਰੀ ਦੇ ਸੁੰਦਰਬਨੀ ਸੈਕਟਰ ਦੇ ਅੱਪਰ ਲਾਰਡੀਆ ’ਚ ਇਕ ਪਿੰਡ ਵਾਸੀ ਅਨਿਲ ਸੂਡਾਨ ਨੂੰ ਉਸ ਦੇ ਘਰ ਦੇ ਨੇੜਿਓਂ 3 ਸ਼ੱਕੀ ਅੱਤਵਾਦੀਆਂ ਨੇ ਕਥਿਤ ਤੌਰ ’ਤੇ ਅਗਵਾ ਕਰ ਲਿਆ। ਹਾਲਾਂਕਿ, ਸਵੇਰੇ ਲੱਗਭਗ 3.15 ਵਜੇ ਉਸ ਨੂੰ ਰਿਹਾਅ ਕਰ ਦਿੱਤਾ ਗਿਆ, ਕਿਉਂਕਿ ਤਿੰਨੇ ਉਸ ਦੀ ਗਾਈਡ ਵਜੋਂ ਵਰਤੋਂ ਕਰ ਕੇ ਦੁਆ ਖੱਡ ਜੰਗਲ ਤੱਕ ਪਹੁੰਚ ਗਏ ਸਨ। ਸੂਚਨਾ ਮਿਲਦਿਆਂ ਹੀ ਪੁਲਸ ਤੇ ਫ਼ੌਜ ਤੁਰੰਤ ਇਲਾਕੇ ’ਚ ਪਹੁੰਚੀ ਅਤੇ ਸ਼ੱਕੀ ਅੱਤਵਾਦੀਆਂ ਦਾ ਪਤਾ ਲਾਉਣ ਲਈ ਸਰਚ ਆਪ੍ਰੇਸ਼ਨ ਸ਼ੁਰੂ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਅਜੇ ਤੱਕ ਸ਼ੱਕੀਆਂ ਨਾਲ ਕੋਈ ਸੰਪਰਕ ਨਹੀਂ ਹੋ ਸਕਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸਥਾਨਕ ਲੋਕਾਂ ਵੱਲੋਂ ਕਾਲੇ ਕੱਪੜੇ ਪਹਿਨੇ ਅਤੇ ਬੈਗ ਤੇ ਹਥਿਆਰ ਲੈ ਕੇ ਜਾ ਰਹੇ 2 ਵਿਅਕਤੀਆਂ ਦੀ ਸਰਗਰਮੀ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਫੋਰਸਾਂ ਨੇ ਰਾਜੌਰੀ ਦੇ ਮੰਦੂਗਾਲਾ ਧੋਕ ਜੰਗਲ ਨੂੰ ਵੀ ਘੇਰ ਲਿਆ।

## ਲੱਖਾਂ ਭਾਰਤੀਆਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਿਆਂ ਕਰਨ ਵਾਲੀ ਕੋਈ ਵੀ ਪ੍ਰਕਿਰਿਆ ਮਨਮਰਜ਼ੀ ਵਾਲੀ : ਭੂਈਆਂ

ਕੌਮੀ ਪਤ੍ਰਿਕਾ

ਹੈਦਰਾਬਾਦ 9 ਅਕਤੂਬਰ। ਸੁਪਰੀਮ ਕੋਰਟ ਦੇ ਮਾਨਯੋਗ ਜੱਜ ਜਸਟਿਸ ਉੱਜਵਲ ਭੂਈਆਂ ਨੇ ਕਿਹਾ ਹੈ ਕਿ ਲੱਖਾਂ ਭਾਰਤੀਆਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਿਆਂ ਕਰਨ ਵਾਲੀ ਕੋਈ ਵੀ ਕਾਰਨਾਈ ਮਨਮਰਜ਼ੀ ਵਾਲੀ ਹੈ । ਨਾਲ ਹੀ ਸੰਵਿਧਾਨਕ ਪ੍ਰਣਾਲੀ ਦੇ ਵਿਰੁੱਧ ਵੀ ਹੈ। ਅਜਿਹੀ ਪ੍ਰਕਿਰਿਆ ਨੂੰ ਕਿਸੇ ਵੀ ਦਲੀਲ ਨਾਲ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਐਤਵਾਰ ਇੱਥੇ ਨਾਲਸਰ ਯੂਨੀਵਰਸਿਟੀ ਆਫ਼ ਲਾਅ ਵਿਖੇ ਆਯੋਜਿਤ ਇਕ ਪ੍ਰੋਗਰਾਮ ’ਚ ਬੋਲਦਿਆਂ ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਨਾਗਰਿਕਾਂ ਨੂੰ 2 ਵਰਗਾਂ ਇਕ ਵੋਟ ਪਾਉਣ ਦੇ ਅਧਿਕਾਰ



ਵਾਲਾ ਤੇ ਦੂਜਾ ਬਿਨਾਂ ਵਾਲਾ ’ਚ ਨਹੀਂ ਵੰਡਦਾ। ਉਨ੍ਹਾਂ ਕਿਹਾ ਕਿ ਕੋਈ ਵੀ ਪ੍ਰਕਿਰਿਆ ਜੋ ਵੱਡੀ ਗਿਣਤੀ ’ਚ ਭਾਰਤੀ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਕਰਦੀ ਹੈ, ਭਾਰਤੀ ਸੰਵਿਧਾਨ ਦੇ ਆਰਟੀਕਲ 326 ਤੇ 14 ਦੀ ਸਿੱਧੀ ਉਲੰਘਣਾ ਹੈ। ਜੇ ਕਿਸੇ ਪ੍ਰਕਿਰਿਆ ਦੇ ਨਤੀਜੇ ਵਜੋਂ ਵੱਡੀ ਗਿਣਤੀ ’ਚ ਭਾਰਤੀ ਨਾਗਰਿਕ ਆਪਣੇ ਹੀ ਦੇਸ਼ ’ਚ ਦੂਜੇ ਦਰਜੇ ਦੇ ਨਾਗਰਿਕ ਬਣ ਜਾਂਦੇ ਹਨ ਤੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝੇ ਹੋ ਜਾਂਦੇ ਹਨ ਤਾਂ ਅਜਿਹੀ ਪ੍ਰਕਿਰਿਆ ਪੂਰੀ ਤਰ੍ਹਾਂ ਮਨਮਰਜ਼ੀ ਵਾਲੀ ਹੈ। ਇਸ ਨੂੰ ਕਿਸੇ ਵੀ ਆਧਾਰ ’ਤੇ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਇਹ ਸੰਵਿਧਾਨ ਦੇ ਮੂਲ ਢਾਂਚੇ ’ਤੇ ਹਮਲਾ ਹੈ । ਮੈਂ ਤਾਂ ਇਹ ਵੀ ਕਹਾਂਗਾ ਕਿ ਇਹ ਉਸ ਸੰਵਿਧਾਨਕ ਪ੍ਰਣਾਲੀ ਦੀ ਉਲੰਘਣਾ ਵੀ ਹੈ ਜਿਸ ਨੂੰ ਅਸੀਂ ਭਾਰਤ ਦੇ ਸੰਵਿਧਾਨ ਅਧੀਨ ਅਪਣਾਇਆ ਹੈ।

## ਦਿੱਲੀ ਹਾਈ ਕੋਰਟ ਨੂੰ ਮਿਲਿਆ ਨਵਾਂ ਜੱਜ, ਗਿਣਤੀ ਵੱਧ ਕੇ 50 ਹੋਈ

ਨਵੀਂ ਦਿੱਲੀ 9 ਅਕਤੂਬਰ। ਜਸਟਿਸ ਗੁਰਵਿੰਦਰ ਪਾਲ ਸਿੰਘ ਨੇ ਦਿੱਲੀ ਹਾਈ ਕੋਰਟ ਦੇ ਜੱਜ ਵਜੋਂ ਅਹੁਦੇ ਦੀ ਸਹੁੰ ਚੁੱਕੀ। ਕਾਰਜਕਾਰੀ ਚੀਫ਼ ਜਸਟਿਸ ਨਿਤਿਨ ਵਾਸੁਦੇਵ ਸਾਂਬਰੇ ਨੇ ਜੱਜ ਸਿੰਘ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਦੇ ਨਾਲ ਹੀ ਦਿੱਲੀ ਹਾਈ ਕੋਰਟ ’ਚ ਜੱਜਾਂ ਦੀ ਗਿਣਤੀ 50 ਹੋ ਗਈ। ਹਾਈ ਕੋਰਟ ’ਚ ਜੱਜਾਂ ਦੀ ਮਨਜ਼ੂਰ ਗਿਣਤੀ 60 ਹੈ, ਜਿਸ ’ਚ 45 ਸਥਾਈ ਅਤੇ 15 ਵਾਧੂ ਜੱਜ ਸ਼ਾਮਲ ਹਨ। ਸਹੁੰ ਚੁੱਕ ਸਮਾਗਮ ਹਾਈ ਕੋਰਟ ਕੰਪਲੈਕਸ ’ਚ ਆਯੋਜਿਤ ਕੀਤਾ ਗਿਆ। ਦਿੱਲੀ ਜ਼ਿਲ੍ਹਾ ਨਿਆਂਪਾਲਿਕਾ ’ਚ ਨਿਆਇਕ ਅਧਿਕਾਰੀ ਰਹੇ ਜੱਜ ਸਿੰਘ ਨੂੰ ਵਾਧੂ ਜੱਜ ਵਜੋਂ ਹਾਈ ਕੋਰਟ ’ਚ ਤਰੱਕੀ ਦਿੱਤੀ ਗਈ ਹੈ। ਉਨ੍ਹਾਂ ਨੇ ਹਿੰਦੀ ’ਚ ਅਹੁਦੇ ਦੀ ਸਹੁੰ ਚੁੱਕੀ। ਕੇਂਦਰ ਸਰਕਾਰ ਨੇ 5 ਅਕਤੂਬਰ ਨੂੰ ਨਿਆਇਕ ਅਧਿਕਾਰੀ ਸਿੰਘ ਨੂੰ ਹਾਈ ਕੋਰਟ ਦਾ ਜੱਜ ਨਿਯੁਕਤ ਕੀਤੇ ਜਾਣ ਦੀ ਨੋਟੀਫਿਕੇਸ਼ਨ ਜਾਰੀ ਕੀਤੀ ਸੀ। ਸਤੰਬਰ ’ਚ ਕੁੱਲ 7 ਜੱਜਾਂ ਨੇ ਦਿੱਲੀ ਹਾਈ ਕੋਰਟ ਦੇ ਜੱਜ ਵਜੋਂ ਅਹੁਦੇ ਦੀ ਸਹੁੰ ਚੁੱਕੀ ਸੀ। ਸੁਪਰੀਮ ਕੋਰਟ ਦੇ ਕਾਲੇਜੀਅਮ ਨੇ 10 ਸਤੰਬਰ ਨੂੰ 8 ਨਿਆਇਕ ਅਧਿਕਾਰੀਆਂ ਨੂੰ ਦਿੱਲੀ ਹਾਈ ਕੋਰਟ ’ਚ ਤਰੱਕੀ ਦੇਣ ਦੀ ਸਿਫਾਰਿਸ਼ ਕੀਤੀ ਸੀ।

## ਜੀਐਸਟੀ ਕੌਂਸਲ ਦੇ ਵੱਡੇ ਫ਼ੈਸਲੇ : ਜੁਰਮਾਨੇ ਦੀ ਰਕਮ ਘਟਾਈ, ਨੋਟਿਸ ਤੇ ਗ਼?ਰਿਫਤਾਰੀ ਸਮੇਤ ਬਦਲੇ ਇਹ ਨਿਯਮ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਬਿਜ਼ਨੈੱਸ ਡੈਸਕ 9 ਅਕਤੂਬਰ। ਜੀਐਸਟੀ ਕੌਂਸਲ ਦੀ 57ਵੀਂ ਮੀਟਿੰਗ ਖ਼ਤਮ ਹੋ ਗਈ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਵੱਖ-ਵੱਖ ਸੂਬਿਆਂ ਦੇ ਵਿੱਤ ਮੰਤਰੀ ਸ਼ਾਮਲ ਹੋਏ। ਜੀਐਸਟੀ ਕੌਂਸਲ ਨੇ ਜੀਐਸਟੀ 2.0 ਦੇ ਤਹਿਤ ਜੀਐਸਟੀ ਅਧਿਕਾਰੀਆਂ ਲਈ ਗ੍ਰਿਫਤਾਰੀ ਦੀ ਸ਼ਕਤੀ ਨੂੰ ਖਤਮ ਕਰ ਦਿੱਤਾ ਹੈ। ਇਸ ਦੇ ਨਾਲ ਹੀ ਸਰਲ ਰਜਿਸਟ?ਰੇਸ਼ਨ ਦਾ ਫੈਸਲਾ ਵੀ ਕੀਤਾ ਹੈ ਤਾਂ ਜੋ ਵਿਸ਼ਵਾਸ-ਅਧਾਰਤ ਟੈਕਸ ਪ੍ਰਣਾਲੀ ਰਾਹੀਂ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਬਿਹਤਰ ਬਣਾਇਆ ਜਾ ਸਕੇ। ਮੀਟਿੰਗ ਤੋਂ ਬਾਅਦ, ਸੀਤਾਰਮਨ ਨੇ ਕਿਹਾ ਕਿ ਵੀਰਵਾਰ ਨੂੰ ਐਲਾਨੇ ਗਏ ਸੁਧਾਰ ਅਗਲੇ ਵਿੱਤੀ ਸਾਲ ਦੀ ਸ਼ੁਰੂਆਤ, ਯਾਨੀ 1 ਅਪ੍ਰੈਲ, 2027 ਤੋਂ ਲਾਗੂ ਹੋਣਗੇ। ਆਓ ਜਾਣਦੇ ਹਾਂ ਮੁੱਖ ਫੈਸਲਿਆਂ ਬਾਰੇ। ਵਸਤੂ ਅਤੇ ਸੇਵਾ ਟੈਕਸ ਕੌਂਸਲ ਨੇ ਵੀਰਵਾਰ ਨੂੰ ਜੀਐਸਟੀ ਅਧਿਕਾਰੀਆਂ ਦੀ ਗ੍ਰਿਫ਼ਤਾਰੀ ਦੀਆਂ ਸ਼ਕਤੀਆਂ ਨੂੰ ਖਤਮ ਕਰਨ ਅਤੇ ਮੁਕੱਦਮਾ ਸ਼ੁਰੂ ਕਰਨ ਦੀ ਸੀਮਾ ਨੂੰ 1 ਕਰੋੜ ਤੋਂ ਵਧਾ ਕੇ 5 ਕਰੋੜ ਕਰਨ ਨੂੰ ਮਨਜ਼ੂਰੀ ਦੇ ਦਿੱਤੀ। ਵਿੱਤ ਮੰਤਰਾਲੇ ਨੇ ਕਿਹਾ, ਕਿਉਂਕਿ ਟੈਕਸ ਦਰ ਢਾਂਚੇ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ, ਕੌਂਸਲ ਦਾ ਧਿਆਨ ਹੁਣ ਇਸ ਗੱਲ ’ਤੇ ਹੈ ਕਿ ਟੈਕਸ ਪ੍ਰਣਾਲੀ ਰੋਜ਼ਾਨਾ ਦੇ ਆਧਾਰ ’ਤੇ ਕਿਵੇਂ ਕੰਮ ਕਰਦੀ ਹੈ। ਮੰਤਰਾਲੇ ਨੇ ਇਹ ਵੀ ਕਿਹਾ ਕਿ ਜੀਐਸਟੀ ਦਰਾਂ ਨੂੰ ਹੁਣ ਸਾਲ ਵਿੱਚ ਸਿਰਫ਼ ਇੱਕ ਵਾਰ ਸੋਧਿਆ ਜਾਵੇਗਾ। ਆਪਣੀ 57ਵੀਂ ਮੀਟਿੰਗ ਵਿੱਚ, ਜੀਐਸਟੀ ਕੌਂਸਲ ਨੇ ਇਨਪੁੱਟ ਟੈਕਸ ਕ੍ਰੈਡਿਟ ਦਾਅਵਿਆਂ ਦੇ ਸੰਬੰਧ ਵਿਚ ਅਧਿਕਾਰੀਆਂ ਦੀ ਇੱਕ ਕਮੇਟੀ ਬਣਾਉਣ ਦਾ ਫੈਸਲਾ ਕੀਤਾ। ਇਹ ਕਮੇਟੀ ਇਸ ਗੱਲ ਦੀ ਜਾਂਚ ਕਰੇਗੀ ਕਿ ਸਹੀ ਰੱਖਣ ਵਾਲੇ ਸਾਮਾਨ ਪ੍ਰਾਪਤ ਕਰ ਚੁੱਕੇ ਅਤੇ ਸਪਲਾਇਰ ਨੂੰ ਪੂਰੀ ਤਰ੍ਹਾਂ ਭੁਗਤਾਨ ਕਰ ਚੁੱਕੇ ਅਸਲ ਖ਼ਰੀਦਦਾਰ ਨੂੰ ਕਿਵੇਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ। ਮੰਤਰਾਲੇ ਨੇ ਕਿਹਾ, ਅਧਿਕਾਰੀਆਂ ਦੀ ਕਮੇਟੀ ਤਿੰਨ ਮਹੀਨਿਆਂ ਦੇ ਅੰਦਰ ਅਧਿਐਨ ਪੂਰਾ ਕਰੇਗੀ ਅਤੇ ਅਗਲੀ ਕੌਂਸਲ ਮੀਟਿੰਗ ਵਿੱਚ ਏਜੰਡਾ ਰੱਖੇਗੀ। ਜੀਐਸਟੀ ਕੌਂਸਲ ਨੇ ਜੀਐਸਟੀ ਅਧਿਕਾਰੀਆਂ ਲਈ ਗ੍ਰਿਫ਼ਤਾਰੀ ਦੀਆਂ ਸ਼ਕਤੀਆਂ ਨੂੰ ਖਤਮ ਕਰ ਦਿੱਤਾ ਹੈ ਅਤੇ ਮੁਕੱਦਮਾ ਸ਼ੁਰੂ ਕਰਨ ਦੀ ਸੀਮਾ ਨੂੰ 1 ਕਰੋੜ ਤੋਂ ਵਧਾ ਕੇ 5 ਕਰੋੜ ਕਰ ??ਦਿੱਤਾ ਹੈ। ਘੱਟੋ-ਘੱਟ ਸਜ਼ਾ ਦੀ ਵਿਵਸਥਾ ਨੂੰ ਵੀ ਹਟਾ ਦਿੱਤਾ ਗਿਆ ਹੈ, ਜਿਸ ਨਾਲ ਹਰੇਕ ਮਾਮਲੇ ਵਿੱਚ ਜੁਰਮਾਨਾ, ਕੈਦ ਜਾਂ ਦੋਵੇਂ ਵਿਚੋਂ ਸਜ਼ਾ ਦਾ ਨਿਰਧਾਰਣ ਨਿਆਂਇਕ ਵਿਵੇਕ ’ਤੇ ਛੱਡ ਦਿੱਤਾ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਜਿੱਥੇ ਕਿਸੇ ਖਾਸ ਉਲੰਘਣਾ ਲਈ ਕੋਈ ਖਾਸ ਜੁਰਮਾਨਾ ਨਿਰਧਾਰਤ ਨਹੀਂ ਕੀਤਾ ਗਿਆ ਹੈ, ਉੱਥੇ ਲਾਗੂ ਹੋਣ ਵਾਲਾ ਆਮ ਜੁਰਮਾਨਾ 25,000 ਰੁਪਏ ਤੋਂ ਘਟਾ ਕੇ 10,000 ਰੁਪਏ ਕਰ ਦਿੱਤਾ ਗਿਆ ਹੈ। ਇਸ ਮੀਟਿੰਗ ਵਿੱਚ ਕਾਰੋਬਾਰਾਂ ਤੇ ਟੈਕਸਦਾਤਾਵਾਂ ਲਈ ਕਈ ਵੱਡੇ ਫੈਸਲੇ ਲਏ ਗਏ ਹਨ। ਜੀਐਸਟੀ ਕੌਂਸਲ ਨੇ ਟੈਕਸ ਅਧਿਕਾਰੀਆਂ ਨੂੰ ਦਿੱਤੀ ਗਈ ਗ੍ਰਿਫ਼ਤਾਰੀ ਦੀ ਸ਼ਕਤੀ ਨੂੰ ਰੱਦ ਕਰਨ ਦਾ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ ਮੁਕੱਦਮਾ ਚਲਾਉਣ ਦੀ ਸੀਮਾ 1 ਕਰੋੜ ਰੁਪਏ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਗਈ। ਇਸ ਦੇ ਨਾਲ ਹੀ ਦਰਾਂ ਵਿਚ ਕੋਈ ਬਦਲਾਅ



ਨਹੀਂ ਕੀਤਾ ਗਿਆ ਹੈ। 57ਵੀਂ ਜੀਐਸਟੀ ਕੌਂਸਲ ਦੀ ਮੀਟਿੰਗ ਵਿੱਚ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਵਿੱਤ ਮੰਤਰਾਲੇ ਨੇ ਕਿਹਾ ਕਿ ਮੌਜੂਦਾ ਦਰ ਢਾਂਚਾ ਸਥਿਰ ਹੈ। ਕੌਂਸਲ ਨੇ ਇਹ ਵੀ ਫੈਸਲਾ ਕੀਤਾ ਕਿ ਜੀਐਸਟੀ ਦਰ ਨਾਲ ਸਬੰਧਤ ਮਾਮਲਿਆਂ ’ਤੇ ਸਾਲ ਵਿੱਚ ਇੱਕ ਵਾਰ ਸਿਰਫ਼ ਦਰ ਨਾਲ ਸਬੰਧਤ ਫੈਸਲਿਆਂ ਲਈ ਬੁਲਾਈ ਗਈ ਮੀਟਿੰਗ ਵਿੱਚ ਚਰਚਾ ਕੀਤੀ ਜਾਵੇਗੀ। ਕੌਂਸਲ ਨੇ ਆਮ ਜੁਰਮਾਨੇ ਨੂੰ 25,000 ਤੋਂ ਘਟਾ ਕੇ 10,000 ਰੁਪਏ ਕਰਨ ਦਾ ਫੈਸਲਾ ਕੀਤਾ ਗਿਆ ਹੈ । ਵੱਖਰੇ ਤੌਰ ’ਤੇ, ਕੌਂਸਲ ਨੇ ਕਾਰਨ ਦੱਸੋ ਨੋਟਿਸ ਜਾਰੀ ਕਰਨ ਲਈ 10,000 ਰੁਪਏ ਦੀ ਘੱਟੋ-ਘੱਟ ਮੁਦਰਾ ਸੀਮਾ ਨੂੰ ਮਨਜ਼ੂਰੀ ਦਿੱਤੀ। ਪਹਿਲਾਂ ਦੇ ਕੌਂਸਲ ਨੋਟ ਅਨੁਸਾਰ, ਲਾਗੂ ਹੋਣ ਤੋਂ ਬਾਅਦ ਜਾਰੀ ਕੀਤੇ ਗਏ ਲਗਭਗ 11.3 ਲੱਖ ਨੋਟਿਸਾਂ ਵਿੱਚੋਂ 10,000 ਰੁਪਏ ਜਾਂ ਇਸ ਤੋਂ ਘੱਟ ਦੀ ਰਕਮ ਸ਼ਾਮਲ ਸੀ। ਛੋਟੇ ਈ-ਕਾਮਰਸ ਵਿਕਰੇਤਾਵਾਂ ਲਈ ਰਜਿਸਟ?ਰੇਸ਼ਨ ਜ਼ਰੂਰਤਾਂ ਨੂੰ ਸਰਲ ਬਣਾਉਣ, ਟੈਕਸ ਰਿਫੰਡ ਨੂੰ ਤੇਜ਼ ਕਰਨ ਅਤੇ ਸਪਲਾਇਰ ਦੀ ਲਾਪਰਵਾਹੀ ਕਾਰਨ ਅਸਲ ਖਰੀਦਦਾਰਾਂ ਨੂੰ ਇਨਪੁੱਟ ਟੈਕਸ ਕ੍ਰੈਡਿਟ (9“3) ਗੁਆਉਣ ਤੋਂ ਰੋਕਣ ਦੇ ਉਪਾਵਾਂ ਨੂੰ ਵੀ ਪ੍ਰਵਾਨਗੀ ਦਿੱਤੀ। ਕੌਂਸਲ ਨੇ ਜੀਐਸਟੀ ਰਿਫੰਡ ਦਾਅਵਿਆਂ ਨੂੰ ਸਵੀਕਾਰ ਕਰਨ ਦੀ ਸਮਾਂ ਸੀਮਾ 15 ਦਿਨਾਂ ਤੋਂ ਘਟਾ ਕੇ 10 ਦਿਨ ਕਰ ਦਿੱਤੀ ਹੈ। ਜੇਕਰ ਕੋਈ ਟੈਕਸ ਅਧਿਕਾਰੀ ਨਿਰਧਾਰਤ ਸਮੇਂ ਦੇ ਅੰਦਰ ਰਿਫੰਡ ਦਾਅਵੇ ਨੂੰ ਸਵੀਕਾਰ ਨਹੀਂ ਕਰਦਾ ਅਤੇ ਨਾ ਹੀ ਨਿਰਧਾਰਤ ਸਮੇਂ ਅੰਦਰ ਘਾਟਾ ਮੈਮੋ ਜਾਰੀ ਕਰਦਾ ਹੈ, ਤਾਂ ਦਾਅਵਾ ਆਪਣੇ ਆਪ ਮਨਜ਼ੂਰ ਮੰਨਿਆ ਜਾਵੇਗਾ। ਕੌਂਸਲ ਨੇ ਸਿੱਧੇ ਅਧਿਕਾਰਤ ਦਖਲਅੰਦਾਜ਼ੀ ਨੂੰ ਘਟਾਇਆ ਹੈ ਅਤੇ ਜੋਖਮ ਮੁਲਾਂਕਣ ਤੋਂ ਬਾਅਦ 90% ਯੋਗ ਰਿਫੰਡ ਦਾਅਵਿਆਂ ਨੂੰ ਮਨਜ਼ੂਰੀ ਦੇਣ ਲਈ ਇੱਕ ਸਿਸਟਮ-ਅਧਾਰਤ ਪ੍ਰਣਾਲੀ ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਮੌਜੂਦਾ ਢਾਂਚੇ ਦੇ ਤਹਿਤ ਸੱਤ ਕਾਰਜਕਾਰੀ ਦਿਨਾਂ ਦੇ ਮੁਕਾਬਲੇ, ਰਿਫੰਡ ਆਰਡਰ ਰਸੀਦ ਦੇ ਤਿੰਨ ਕਾਰਜਕਾਰੀ ਦਿਨਾਂ ਦੇ ਅੰਦਰ ਜਾਰੀ ਕੀਤੇ ਜਾਣਗੇ। ਇਲੈਕਟ?ਰਾਨਿਕ ਕੈਸ਼ ਲੇਜਰਾਂ ’ਚ ਵਾਧੂ ਬਕਾਏ ਦਾ ਰਿਫੰਡ ਵੀ ਬਿਨਾਂ ਕਿਸੇ ਅਧਿਕਾਰਤ ਸ਼ਮੂਲੀਅਤ ਦੇ ਪੂਰੀ ਤਰ੍ਹਾਂ ਸਵੈਚਾਲਿਤ ਹੋਵੇਗਾ। ਵਿੱਤ ਮੰਤਰਾਲੇ ਅਨੁਸਾਰ ਲਗਭਗ 65% ਰਿਫੰਡ ਦਾਅਵੇ ਨਿਰਯਾਤ ਜਾਂ ਉਲਟ ਡਿਊਟੀ ਢਾਂਚੇ ਨਾਲ ਸਬੰਧਤ ਹਨ। ਸੋਧੇ ਹੋਏ ਢਾਂਚੇ ਤਹਿਤ ਜੇਕਰ ਟੈਕਸਦਾਤਾ ਦੇਰ ਨਾਲ ਰਿਟਰਨ ਫਾਈਲ ਕਰਦੇ ਹਨ, ਗਲਤੀਆਂ ਕਰਦੇ ਹਨ ਜਾਂ ਭੁਗਤਾਨ ਵਿੱਚ ਦੇਰੀ ਕਰਦੇ ਹਨ, ਉਨ੍ਹਾਂ ਨੂੰ ਅਜਿਹੇ ਡਿਫਾਲਟ ਲਈ ਵਾਧੂ ਦੰਡਕਾਰੀ ਕਾਰਵਾਈ ਦੇ ਬਿਨਾਂ ਟੈਕਸ ਵਸੂਲੀ, ਵਿਆਜ ਅਤੇ ਅਨੁਪਾਤਕ ਜੁਰਮਾਨੇ ਦਾ ਸਾਹਮਣਾ ਕਰਨਾ ਪਵੇਗਾ। ਵਿੱਤ ਮੰਤਰਾਲੇ ਨੇ ਕਿਹਾ ਕਿ ਤਕਨਾਲੋਜੀ ਵਿੱਚ ਸੁਧਾਰ ਹੁਣ ਅਧਿਕਾਰੀਆਂ ਨੂੰ ਵੇਚਣ ਵਾਲਿਆਂ ਅਤੇ ਖਰੀਦਦਾਰਾਂ ਵਿਚਕਾਰ ਇਨਵੌਇਸਾਂ ਦਾ ਮੇਲ ਕਰਨ ਅਤੇ ਧੋਖਾਧੜੀ ਵਾਲੇ ਇਨਪੁੱਟ ਟੈਕਸ ਕ੍ਰੈਡਿਟ ਨੂੰ ਇਸਦੇ ਸਰੋਤ ਦੇ ਨੇੜੇ ਦੀ ਪਛਾਣ ਕਰਨ ਦੀ ਆਗਿਆ ਦਿੰਦਾ ਹੈ। ਮੰਤਰਾਲੇ ਦੇ ਨੋਟ ਅਨੁਸਾਰ, ਦੋ-ਦਰ ਢਾਂਚੇ ਦੀ ਸ਼ੁਰੂਆਤ ਤੋਂ ਬਾਅਦ ਟੈਕਸਯੋਗ ਸਪਲਾਈ 40.19 ਲੱਖ ਕਰੋੜ ਰੁਪਏ ਪ੍ਰਤੀ ਮਹੀਨਾ ਤੋਂ ਵਧ ਕੇ 50.58 ਲੱਖ ਕਰੋੜ ਰੁਪਏ ਹੋ ਗਈ ਹੈ, ਜੋ ਕਿ 25.8% ਵਾਧਾ ਹੈ। ਜੀਐਸਟੀ ਪ੍ਰਣਾਲੀ ਦੇ ਤਹਿਤ ਖਪਤਕਾਰਾਂ ਨੂੰ ਸਪਲਾਈ 26.7% ਵਧ ਕੇ 5.98 ਲੱਖ ਕਰੋੜ ਤੋਂ 7.58 ਲੱਖ ਕਰੋੜ ਰੁਪਏ ਪ੍ਰਤੀ ਮਹੀਨਾ ਹੋ ਗਈ ਹੈ, ਜਦੋਂ ਕਿ ਕੁੱਲ ਟੈਕਸ ਦੇਣਦਾਰੀ 13.6% ਵਧੀ। ਕੌਂਸਲ ਨੇ ਸਿਧਾਂਤਕ ਤੌਰ ’ਤੇ ਲਗਭਗ 5 ਕਰੋੜ ਤੱਕ ਦੇ ਟਰਨਓਵਰ ਵਾਲੇ ਟੈਕਸਦਾਤਾਵਾਂ ਲਈ ਇੱਕ ਤਿਮਾਹੀ ਭੁਗਤਾਨ ਯੋਜਨਾ ਦੇ ਨਾਲ ਇੱਕ ਵਿਕਲਪਿਕ ਸਾਲਾਨਾ ਰਿਟਰਨ ਨੂੰ ਮਨਜ਼ੂਰੀ ਦਿੱਤੀ ਜੋ ਵਿਸ਼ੇਸ਼ ਤੌਰ ’ਤੇ ਖਪਤਕਾਰਾਂ ਨੂੰ ਸਪਲਾਈ ਕਰਦੀ ਹੈ।

# ਕਪੂਰਥਲਾ ’ਚ ਰੂਹ ਕੰਬਾਊ ਹਾਦਸਾ: ਟਰੱਕ ਤੇ ਬਾਈਕ ਦੀ ਟੱਕਰ ’ਚ 26 ਸਾਲਾ ਨੌਜਵਾਨ ਦੀ ਮੌਤ

**ਕੌਮੀ ਪਤ੍ਰਿਕਾ**

ਕਪੂਰਥਲਾ/ਬੇਗੋਵਾਲ 9 ਅਕਤੂਬਰ। ਕਪੂਰਥਲਾ ਦੇ ਨਡਾਲਾ-ਬੇਗੋਵਾਲ ਰੋਡ ’ਤੇ ਬੀਤੀ ਸ਼ਾਮ ਵਾਪਰੇ ਦਰਦਨਾਕ ਸੜਕ ਹਾਦਸੇ ’ਚ 26 ਸਾਲਾ ਬਾਈਕ ਸਵਾਰ ਨੌਜਵਾਨ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਦਸਾ ਚੌਲਾਂ ਦੀਆਂ ਬੋਰੀਆਂ ਨਾਲ ਭਰੇ ਟਰੱਕ ਅਤੇ ਬਾਈਕ ਵਿਚਕਾਰ ਹੋਇਆ। ਮ੍ਰਿਤਕ ਦੀ ਪਛਾਣ ਮਨਪ੍ਰੀਤ ਸਿੰਘ ਪੁੱਤਰ ਚੰਚਲ ਸਿੰਘ, ਵਾਸੀ ਪਿੰਡ ਤਲਵੰਡੀ ਕੂਕਾ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਮਨਪ੍ਰੀਤ ਸਿੰਘ ਕਰੀਬ ਦੋ ਮਹੀਨੇ ਪਹਿਲਾਂ ਹੀ ਅਮਰੀਕਾ ਤੋਂ ਆਪਣੇ ਪਿੰਡ ਵਾਪਸ ਆਇਆ ਸੀ। ਨਡਾਲਾ ਚੌਕੀ ਦੇ ਇੰਚਾਰਜ ਬਲਜਿੰਦਰ ਸਿੰਘ ਅਨੁਸਾਰ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਨਡਾਲਾ-ਬੇਗੋਵਾਲ ਰੋਡ ’ਤੇ ਟਰੱਕ ਨੰਬਰ ♦2-11-1$-6550 ਅਤੇ ਕੇਟੀਐਮ ਬਾਈਕ ਨੰਬਰ ♦2-70-6-2286 ਦੀ ਟੱਕਰ ਹੋ ਗਈ ਹੈ। ਦੱਸਿਆ ਗਿਆ ਹੈ ਕਿ ਟਰੱਕ ਸ਼ੈਲਰ ਤੋਂ ਚੌਲਾਂ ਦੀਆਂ ਬੋਰੀਆਂ ਲੈ ਕੇ ਜਾ ਰਿਹਾ ਸੀ, ਜਦਕਿ ਮਨਪ੍ਰੀਤ ਸਿੰਘ ਨਡਾਲਾ ਤੋਂ ਆਪਣੇ ਪਿੰਡ ਤਲਵੰਡੀ ਕੂਕਾ ਵੱਲ ਜਾ ਰਿਹਾ ਸੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮਨਪ੍ਰੀਤ ਸਿੰਘ ਨੂੰ ਗੰਭੀਰ ਸੱਟਾਂ ਲੱਗੀਆਂ। ਜ਼ਿਆਦਾ ਖੂਨ ਵਹਿਣ ਕਾਰਨ ਉਸ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ। ਹਾਦਸੇ ਦੀ



ਸੂਚਨਾ ਮਿਲਣ ਤੋਂ ਬਾਅਦ ਪੁਲਿਸ ਟੀਮ ਮੌਕੇ ’ਤੇ ਪਹੁੰਚੀ ਅਤੇ ਟਰੱਕ ਤੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ’ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ। ਬਿਆਨਾਂ ਅਤੇ ਜਾਂਚ ਦੇ ਆਧਾਰ ’ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪਿੰਡ ਤਲਵੰਡੀ ਕੂਕਾ ਦੇ ਸਰਪੰਚ ਹਰਜਿੰਦਰ ਸਿੰਘ ਨੇ ਦੱਸਿਆ ਕਿ ਮਨਪ੍ਰੀਤ ਸਿੰਘ ਕਰੀਬ ਦੋ ਮਹੀਨੇ ਪਹਿਲਾਂ ਹੀ ਅਮਰੀਕਾ ਤੋਂ ਪਿੰਡ ਵਾਪਸ ਆਇਆ ਸੀ। ਨੌਜਵਾਨ ਦੀ ਅਚਾਨਕ ਹੋਈ ਮੌਤ ਦੀ ਖ਼ਬਰ ਮਿਲਦਿਆਂ ਹੀ ਪਿੰਡ ’ਚ ਸੋਗ ਦੀ ਲਹਿਰ ਦੌੜ ਗਈ। ਪਿੰਡ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਹਾਦਸੇ ਦੇ ਕਾਰਨਾਂ ਦੀ ਨਿਰਪੱਖ ਜਾਂਚ ਕਰਨ ਅਤੇ ਜੇਕਰ ਕਿਸੇ ਦੀ ਲਾਪਰਵਾਹੀ ਸਾਹਮਣੇ ਆਉਂਦੀ ਹੈ ਤਾਂ ਨਿਯਮਾਂ ਅਨੁਸਾਰ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਅਜਿਹਾ ਹੀ ਗੰਗਾਚੌਲੀ ਪਿੰਡ ’ਚ ਜੀਜੇ ਨੇ 15 ਸਾਲਾ ਸਾਲੇ ਜਿਤੇਂਦਰ ਨੂੰ ਸਕੂਲ ਤੋਂ ਬੁਲਾ ਕੇ ਉਸ ਨਾਲ ਭਰੇ ਟਰੱਕ ਅਤੇ ਬਾਈਕ ਵਿਚਕਾਰ ਹੋਇਆ। ਮ੍ਰਿਤਕ ਦੀ ਪਛਾਣ ਮਨਪ੍ਰੀਤ ਸਿੰਘ ਪੁੱਤਰ ਚੰਚਲ ਸਿੰਘ, ਵਾਸੀ ਪਿੰਡ ਤਲਵੰਡੀ ਕੂਕਾ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਮਨਪ੍ਰੀਤ ਸਿੰਘ ਕਰੀਬ ਦੋ ਮਹੀਨੇ ਪਹਿਲਾਂ ਹੀ ਅਮਰੀਕਾ ਤੋਂ ਆਪਣੇ ਪਿੰਡ ਵਾਪਸ ਆਇਆ ਸੀ। ਨਡਾਲਾ ਚੌਕੀ ਦੇ ਇੰਚਾਰਜ ਬਲਜਿੰਦਰ ਸਿੰਘ ਅਨੁਸਾਰ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਨਡਾਲਾ-ਬੇਗੋਵਾਲ ਰੋਡ ’ਤੇ ਟਰੱਕ ਨੰਬਰ ♦2-11-1$-6550 ਅਤੇ ਕੇਟੀਐਮ ਬਾਈਕ ਨੰਬਰ ♦2-70-6-2286 ਦੀ ਟੱਕਰ ਹੋ ਗਈ’ਤੇ ਚਾਕੂ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਉਹ ਗੰਭੀਰ ਰੂਪ ’ਚ ਜ਼ਖ਼ਮੀ ਹੋ ਗਿਆ। ਸਥਾਨਕ ਲੋਕਾਂ ਨੇ ਮੁਲਜ਼ਮ ਨਰੇਸ਼ ਕੁਮਾਰ ਨੂੰ ਫੜ ਕੇ ਪੁਲਿਸ ਦੇ ਹਵਾਲੇ ਕਰ ਦਿੱਤਾ। ਜ਼ਖ਼ਮੀ ਵਿਦਿਆਰਥੀ ਨੂੰ ਮੁੱਢਲੇ ਇਲਾਜ ਤੋਂ ਬਾਅਦ ਉੱਚ ਮੈਡੀਕਲ ਕੇਂਦਰ ਲਈ ਰੈਫਰ ਕਰ ਦਿੱਤਾ ਗਿਆ ਹੈ।

## ਕੋਲੇ ਦੇ ਸੰਕਟ ਨਾਲ ਉਤਪਾਦਨ ਨਿਗਮ ਦੇ ਚਾਰ ਬਿਜਲੀ ਘਰ ਪ੍ਰਭਾਵਿਤ, ਸਟਾਕ ਮਿਆਰ ਦੇ 25 ਫੀਸਦੀ ਤੋਂ ਵੀ ਹੇਠਾਂ

**ਕੌਮੀ ਪਤ੍ਰਿਕਾ**

ਅਨਪਰਾ 9 ਅਕਤੂਬਰ। ਕੋਲਾ ਉਤਪਾਦਨ ਤੇ ਸਪਲਾਈ ਪ੍ਰਭਾਵਿਤ ਹੋਣ ਦਾ ਅਸਰ ਹੁਣ ਉਤਪਾਦਨ ਨਿਗਮ ਦੇ ਬਿਜਲੀ ਘਰਾਂ ’ਤੇ ਸਾਫ਼ ਦਿਖਾਈ ਦੇਣ ਲੱਗਾ ਹੈ। ਸੂਬੇ ’ਚ ਬਿਜਲੀ ਦੀ ਮੰਗ ਦੇ ਵਿਚਕਾਰ ਉਤਪਾਦਨ ਨਿਗਮ ਦੇ ਛੇ ਬਿਜਲੀ ਘਰਾਂ ’ਚ ਕੋਲੇ ਦਾ ਸਟਾਕ ਨਿਰਧਾਰਤ ਮਿਆਰ ਦੇ ਮੁਕਾਬਲੇ ਸਿਰਫ਼ 27 ਫੀਸਦੀ ਰਹਿ ਗਿਆ ਹੈ। ਇਨ੍ਹਾਂ ’ਚੋਂ ਚਾਰ ਬਿਜਲੀ ਘਰ ਕ੍ਰਿਟਿਕਲ ਜ਼ੋਨ ’ਚ ਪਹੁੰਚ ਗਏ ਹਨ। 9115 ਮੈਗਾਵਾਟ ਦੀ ਕੁੱਲ ਉਤਪਾਦਨ ਸਮਰੱਥਾ ਵਾਲੇ ਇਨ੍ਹਾਂ ਬਿਜਲੀ ਘਰਾਂ ’ਚ ਸੀਮਤ ਕੋਲੇ ਦੀ ਉਪਲਬਧਤਾ ਦੇ ਬਾਵਜੂਦ ਉਤਪਾਦਨ ਪ੍ਰਬੰਧ ਨੂੰ ਕਾਇਮ ਰੱਖਣਾ ਊਰਜਾ ਪ੍ਰਬੰਧਨ ਲਈ ਚੁਣੌਤੀ ਬਣ ਗਿਆ ਹੈ। ਉਤਪਾਦਨ ਨਿਗਮ ਦੀ ਸਭ ਤੋਂ ਵੱਡੀ 2630 ਮੈਗਾਵਾਟ ਸਮਰੱਥਾ ਵਾਲੀ ਅਨਪਰਾ ਤਾਪੀ ਬਿਜਲੀ ਪਰਿਯੋਜਨਾ ’ਚ 12 ਦਿਨਾਂ ਲਈ 4.54 ਲੱਖ ਟਨ ਕੋਲੇ ਦੇ ਸਟਾਕ ਦਾ ਮਿਆਰ ਨਿਰਧਾਰਤ ਕੀਤਾ ਗਿਆ ਹੈ। ਇਸ ਦੇ



ਮੁਕਾਬਲੇ ਮੌਜੂਦਾ ਸਮੇਂ ’ਚ ਲਗਭਗ 1.49 ਲੱਖ ਟਨ ਕੋਲਾ ਹੀ ਉਪਲਬਧ ਹੈ। ਇਹ ਨਿਰਧਾਰਤ ਮਿਆਰ ਦਾ ਸਿਰਫ਼ 33 ਫੀਸਦੀ ਹੈ। ਪਰਿਯੋਜਨਾ ’ਚ ਹਰ ਰੋਜ਼ ਲਗਭਗ 36.3 ਹਜ਼ਾਰ ਟਨ ਕੋਲੇ ਦੀ ਖਪਤ ਹੋ ਰਹੀ ਹੈ, ਜਦਕਿ ਐਨਸੀਐਲ ਵੱਲੋਂ ਲਗਭਗ 43.8 ਹਜ਼ਾਰ ਟਨ ਕੋਲਾ ਪ੍ਰਤੀ ਦਿਨ ਸਪਲਾਈ ਕੀਤਾ ਜਾ ਰਿਹਾ ਹੈ। ਉੱਥੇ ਹੀ ਓਬਰਾ ਤਾਪੀ ਬਿਜਲੀ ਪਰਿਯੋਜਨਾ ’ਚ 20 ਦਿਨਾਂ ਲਈ 7.19 ਲੱਖ ਟਨ ਕੋਲੇ ਦਾ ਮਿਆਰ ਨਿਰਧਾਰਤ ਹੈ। ਇਸ ਵੇਲੇ ਇੱਥੇ 2.79 ਲੱਖ ਟਨ ਕੋਲਾ ਉਪਲਬਧ ਹੈ, ਜੋ ਮਿਆਰ ਦਾ 39 ਫੀਸਦੀ ਹੈ। ਪਰਿਯੋਜਨਾ ਦੀਆਂ ਕਈ ਯੂਨਿਟਾਂ ਲੰਬੇ ਸਮੇਂ ਤੋਂ ਬੰਦ ਹੋਣ ਕਾਰਨ ਕੋਲੇ ਦੀ ਖਪਤ ਘੱਟ ਹੈ। ਇਸ ਦੇ ਬਾਵਜੂਦ ਹਰ ਰੋਜ਼ ਲਗਭਗ 13.7 ਹਜ਼ਾਰ ਟਨ ਦੀ ਖਪਤ ਦੇ ਮੁਕਾਬਲੇ ਸਿਰਫ਼ 11.2 ਹਜ਼ਾਰ ਟਨ ਕੋਲੇ ਦੀ ਸਪਲਾਈ ਹੋ ਰਹੀ ਹੈ।

### ਇਕ ਕਿੱਲੋ ਹੈਰੋਇਨ, 50 ਹਜ਼ਾਰ ਡਰੱਗ ਮਨੀ ਅਤੇ 2 ਪਿਸਤੌਲਾਂ ਸਣੇ ਵਿਅਕਤੀ ਕਾਬੂ

ਗੁਰਦਾਸਪੁਰ 9 ਅਕਤੂਬਰ। ਗੁਰਦਾਸਪੁਰ ਪੁਲਸ ਨੇ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਕੋਲੋਂ ਇਕ ਕਿੱਲੋ ਹੈਰੋਇਨ, 50 ਹਜ਼ਾਰ ਰੁਪਏ ਡਰੱਗ ਮਨੀ, ਦੋ ਪਿਸਤੌਲ ਸਮੇਤ ਮੈਗਜ਼ੀਨ ਅਤੇ 5 ਜ਼ਿੰਦਾ ਰੌਂਦ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਐੱਸ. ਪੀ. ਡੀ. ਗੁਰਦਾਸਪੁਰ ਮਨੋਜ ਠਾਕੁਰ ਵੱਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਪ੍ਰੈੱਸ ਨੋਟ ਅਨੁਸਾਰ ਥਾਣਾ ਸਦਰ ਗੁਰਦਾਸਪੁਰ ਦੀ ਪੁਲਸ ਪਾਰਟੀ ਵੱਲੋਂ ਨਾਕਾਬੰਦੀ ਦੌਰਾਨ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਕਾਰ ਵਿੱਚੋਂ ਉਕਤ ਨਸ਼ੀਲਾ ਪਦਾਰਥ, ਡਰੱਗ ਮਨੀ ਅਤੇ ਹਥਿਆਰ ਬਰਾਮਦ ਹੋਏ। ਪੁਲਸ ਨੇ ਮੌਕੇ ਤੋਂ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ ਥਾਣਾ ਸਦਰ ਗੁਰਦਾਸਪੁਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਵੱਲੋਂ ਮੁਲਜ਼ਮ ਨੂੰ ਅਦਾਲਤ ’ਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਨ ਉਪਰੰਤ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ

## ਪੁਲਿਸ ਮੁਲਾਜ਼ਮ ਬਣ ਕੇ ਆਏ ਬਦਮਾਸ਼ਾਂ ਨੇ ਨੌਜਵਾਨ ਨੂੰ ਬਣਾਇਆ ਨਿਸ਼ਾਨਾ

ਲੁਧਿਆਣਾ 9 ਅਕਤੂਬਰ। ਖੁਦ ਨੂੰ ਪੁਲਿਸ ਮੁਲਾਜ਼ਮ ਦੱਸਣ ਵਾਲੇ ਤਿੰਨ ਵਿਅਕਤੀਆਂ ਨੇ ਘਰ ਜਾ ਰਹੇ ਨੌਜਵਾਨ ਨੂੰ ਰੋਕ ਕੇ ਉਸ ਤੇ ਮੁਕੱਦਮਾ ਦਰਜ ਕਰਨ ਦੀ



ਧਮਕੀ ਦਿੱਤੀ ਅਤੇ ਲੁੱਟ ਦਾ ਸ਼ਿਕਾਰ ਬਣਾ ਲਿਆ। ਇਸ ਮਾਮਲੇ ਵਿੱਚ ਥਾਣਾ ਡੇਹਲੋਂ ਦੀ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਪੁਲਿਸ ਜਾਂਚ ਦੇ ਦੌਰਾਨ ਸਾਹਮਣੇ ਆਇਆ ਕਿ ਮੁਲਜ਼ਮ ਕਾਲੀ ਗੱਡੀ ਵਿੱਚ ਸਵਾਰ ਹੋ ਕੇ ਆਏ ਸਨ। ਅਹਿਮਦਗੜ੍ਹ ਦੇ ਪਿੰਡ ਜੰਡਾਲੀ ਖੁਰਦ ਦਾ ਰਹਿਣ ਵਾਲੇ ਵਰਿੰਦਰ ਸਿੰਘ ਨੇ ਦੱਸਿਆ ਕਿ ਉਹ ਲੁਧਿਆਣਾ ਤੋਂ ਮੋਟਰਸਾਈਕਲ ’ਤੇ ਆਪਣੇ ਪਿੰਡ ਵੱਲ ਜਾ ਰਿਹਾ ਸੀ। ਜਦੋਂ ਉਹ ਝਮਟ ਕੱਟ ਪੁਹੀੜ ਬਾਈਪਾਸ ਨੇੜੇ ਪੁੱਜਿਆ ਤਾਂ ਇੱਕ ਕਾਲੇ ਰੰਗ ਦੀ ਗੱਡੀ ਉਸ ਦੇ ਕੋਲ ਆ ਕੇ ਰੁਕੀ। ਗੱਡੀ ਵਿੱਚੋਂ ਤਿੰਨ ਨੌਜਵਾਨ ਬਾਹਰ ਆਏ ਅਤੇ ਉਸ ਨੂੰ ਰੋਕ ਲਿਆ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਨੌਜਵਾਨਾਂ ਨੇ ਖੁਦ ਨੂੰ ਪੁਲਿਸ ਮੁਲਾਜ਼ਮ ਦੱਸਦਿਆਂ ਉਸ ਨੂੰ ਧਮਕਾਇਆ ਅਤੇ ਕਿਹਾ ਕਿ ਉਸ ਖ਼?ਲਾਫ਼ ਮੁਕੱਦਮਾ ਦਰਜ ਕੀਤਾ ਜਾਵੇਗਾ। ਇਸ ਤੋਂ ਬਾਅਦ ਮੁਲਜ਼ਮਾਂ ਨੇ ਉਸ ਤੋਂ ਕੁਝ ਨਕਦੀ ਲੈ ਲਈ ਅਤੇ ਗੱਡੀ ਵਿੱਚ ਸਵਾਰ ਹੋ ਕੇ ਮੌਕੇ ਤੋਂ ਫ਼ਰਾਰ ਹੋ ਗਏ। ਮਾਮਲੇ ਦੀ ਜਾਂਚ ਦੌਰਾਨ ਪੁਲਿਸ ਨੇ ਤਿੰਨਾਂ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਮੁਤਾਬਕ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅਜੇ ਸ਼ਰਮਾ ਵਾਸੀ ਜੰਮੂ ਕਲੋਨੀ, ਲੁਧਿਆਣਾ, ਅਕਾਸ਼ਦੀਪ ਵਾਸੀ ਮਾਡਲ ਟਾਊਨ, ਲੁਧਿਆਣਾ ਅਤੇ ਗੁਰਕੀਰਤ ਸਿੰਘ ਵਾਸੀ ਪਿੰਡ ਸਰੀਹ, ਥਾਣਾ ਡੇਹਲੋਂ, ਲੁਧਿਆਣਾ ਵਜੋਂ ਹੋਈ ਹੈ। ਇਸ ਮਾਮਲੇ ਦੀ ਪੜਤਾਲ ਕਰ ਰਹੇ ਏਐਸਆਈ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਿਸ ਮੁਲਜਮਾਂ ਕੋਲੋਂ ਪੁੱਛਗਿਛ ਕਰਨ ਵਿੱਚ ਜੁਟੀ ਹੋਈ ਹੈ। ਪੜਤਾਲ ਦੇ ਦੌਰਾਨ ਵੱਡੇ ਖੁਲਾਸੇ ਹੋਣ ਦੀ ਉਮੀਦ ਹੈ।

## ਪੰਚਰ ਟਾਇਰ ਬਦਲ ਰਹੇ ਟਰੱਕ ਨੂੰ ਪਰਾਲੀ ਨਾਲ ਭਰੀ ਟਰਾਲੀ ਨੇ ਮਾਰੀ ਟੱਕਰ, ਡਰਾਈਵਰ ਦੀ ਮੌਕੇ ’ਤੇ ਮੌਤ

**ਕੌਮੀ ਪਤ੍ਰਿਕਾ**

ਫਿਲੌਰ 9 ਅਕਤੂਬਰ। ਗੋਰਾਇਆ ਜੀਟੀ ਰੋਡ ’ਤੇ ਹੇਅਰ ਹੋਟਲ ਦੇ ਸਾਹਮਣੇ ਬੁੱਧਵਾਰ ਦੇਰ



ਰਾਤ ਵਾਪਰੇ ਸੜਕ ਹਾਦਸੇ ’ਚ ਟਰੱਕ ਡਰਾਈਵਰ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਦਸਾ ਰਾਤ ਕਰੀਬ 11:32 ਵਜੇ ਵਾਪਰਿਆ। ਮਿਲੀ ਜਾਣਕਾਰੀ ਅਨੁਸਾਰ ਈਚਰ ਟਰੱਕ ਨੰਬਰ 13124047 ਦਾ ਟਾਇਰ ਫਟਣ ਕਾਰਨ ਡਰਾਈਵਰ ਕਰਮਜੀਤ ਸਿੰਘ ਵਾਸੀ ਪਿੰਡ ਰਤੋਲਾ, ਤਹਿਸੀਲ ਮਾਲੇਰਕੋਟਲਾ ਨੇ ਟਰੱਕ ਨੂੰ ਸੜਕ ਕਿਨਾਰੇ ਖੜ੍ਹਾ ਕਰਕੇ ਜੈਕ ਲਗਾਇਆ ਹੋਇਆ ਸੀ ਅਤੇ ਟਾਇਰ ਬਦਲ ਰਿਹਾ ਸੀ। ਇਸੇ ਦੌਰਾਨ ਪਿੱਛੋਂ ਆ ਰਹੀ ਪਰਾਲੀ ਦੀਆਂ ਗੱਠਾਂ ਨਾਲ ਭਰੀ ਟਰਾਲੀ ਨੇ ਟਰੱਕ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ੋਰਦਾਰ ਸੀ ਕਿ ਟਰੱਕ ਨੂੰ ਲੱਗਾ ਜੈਕ ਖਿਸਕ ਗਿਆ ਅਤੇ ਟਰੱਕ ਦਾ ਅੱਗਲਾ ਹਿੱਸਾ ਹੇਠਾਂ ਆਉਣ ਕਾਰਨ ਡਰਾਈਵਰ ਕਰਮਜੀਤ ਸਿੰਘ ਉਸ ਦੇ ਅਗਲੇ ਟਾਇਰ ਹੇਠਾਂ ਆ ਗਿਆ। ਹਾਦਸੇ ’ਚ ਉਸ ਦੀ ਮੌਕੇ ’ਤੇ ਹੀ ਮੌਤ ਹੋ ਗਈ। ਦੱਸਿਆ ਗਿਆ ਕਿ ਟੱਕਰ ਮਾਰਨ ਵਾਲੀ ਟਰਾਲੀ ਮੌਕੇ ਤੋਂ ਫਰਾਰ ਹੋ ਗਈ। ਹਾਦਸੇ ਦੀ ਸੂਚਨਾ ਮਿਲਦੇ ਹੀ ਐੱਸਐੱਸਐੱਫ ਇੰਚਾਰਜ ਜਸਵਿੰਦਰ ਸਿੰਘ ਏਐੱਸਆਈ ਦੀ ਅਗਵਾਈ ਹੇਠ ਐੱਸਐੱਸਐੱਫ ਟੀਮ ਮੌਕੇ ’ਤੇ ਪਹੁੰਚੀ ਅਤੇ ਹਾਦਸੇ ਵਾਲੀ ਥਾਂ ’ਤੇ ਸੁਰੱਖਿਆ ਪ੍ਰਬੰਧ ਕੀਤੇ। ਟੀਮ ਵੱਲੋਂ ਥਾਣਾ ਫਿਲੌਰ ਦੇ ਡਿਊਟੀ ਅਫਸਰ ਨੂੰ ਹਾਦਸੇ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਪੁਲਿਸ ਵੱਲੋਂ ਮੌਕੇ ’ਤੇ ਪਹੁੰਚ ਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ। ਐੱਸਐੱਸਐੱਫ ਇੰਚਾਰਜ ਜਸਵਿੰਦਰ ਸਿੰਘ ਏਐੱਸਆਈ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਣ ਉਪਰੰਤ ਉਨ੍ਹਾਂ ਦੀ ਟੀਮ ਤੁਰੰਤ ਮੌਕੇ ’ਤੇ ਪਹੁੰਚੀ ਅਤੇ ਆਵਾਜਾਈ ਨੂੰ ਸੁਚਾਰੂ ਕਰਵਾਉਣ ਲਈ ਸੁਰੱਖਿਆ ਪ੍ਰਬੰਧ ਕੀਤੇ ਗਏ। ਕਰੇਨ ਦੀ ਮਦਦ ਨਾਲ ਹਾਦਸਾਗ੍ਰਸਤ ਟਰੱਕ ਨੂੰ ਸੜਕ ਤੋਂ ਹਟਾਇਆ ਗਿਆ। ਮ੍ਰਿਤਕ ਦੀ ਲਾਸ਼ ਨੂੰ ਪ੍ਰਾਈਵੇਟ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਫਿਲੌਰ ਭੇਜਿਆ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਟੱਕਰ ਮਾਰ ਕੇ ਫਰਾਰ ਹੋਈ ਟਰਾਲੀ ਦੀ ਪਛਾਣ ਲਈ ਆਸ-ਪਾਸ ਦੇ ਇਲਾਕੇ ਅਤੇ ਹੋਰ ਤਕਨੀਕੀ ਸਬੂਤਾਂ ਦੇ ਆਧਾਰ ’ਤੇ ਜਾਂਚ ਕੀਤੀ ਜਾ ਰਹੀ ਹੈ।

### ਸ਼ਰਾਬ ਦੀ ਦੁਕਾਨ ’ਤੇ ਝਗੜੇ ਤੋਂ ਬਾਅਦ ਟਰੈਕਟਰ ਨਾਲ ਭੀੜ ਨੂੰ ਦਰੜਿਆ

ਬਿਜਨੌਰ, 9 ਅਕਤੂਬਰ। ਬਿਜਨੌਰ ਜ਼ਿਲੇ ’ਚ ਸ਼ਰਾਬ ਦੀ ਦੁਕਾਨ ’ਤੇ 2 ਧਿਰਾਂ ਵਿਚਾਲੇ ਹੋਏ ਝਗੜੇ ਦੌਰਾਨ ਇਕ ਵਿਅਕਤੀ ਨੇ ਕਥਿਤ ਤੌਰ ’ਤੇ ਭੀੜ ’ਤੇ ਟਰੈਕਟਰ ਚੜ੍ਹਾ ਦਿੱਤਾ, ਜਿਸ ਨਾਲ 3 ਲੋਕਾਂ ਦੀ ਮੌਤ ਹੋ ਗਈ। ਚਾਂਦਪੁਰ ਦੇ ਪੁਲਸ ਖੇਤਰ ਅਧਿਕਾਰੀ ਦੇਸ਼ ਦੀਪਕ ਸਿੰਘ ਨੇ ਦੱਸਿਆ ਕਿ ਘਟਨਾ ਬੁੱਧਵਾਰ ਦੇਰ ਰਾਤ ਦਤੀਆਨਾ ਪਿੰਡ ਸਥਿਤ ਸ਼ਰਾਬ ਦੀ ਦੁਕਾਨ ’ਤੇ ਵਾਪਰੀ। ਉੱਥੇ ਜਮਾਲੂਦੀਨਪੁਰ ਅਤੇ ਦਤੀਆਨਾ ਪਿੰਡ ਦੇ ਲੋਕਾਂ ਵਿਚਾਲੇ ਬਹਿਸ ਤੋਂ ਬਾਅਦ ਝਗੜਾ ਹੋ ਗਿਆ। ਦੋਸ਼ ਹੈ ਕਿ ਦਤੀਆਨਾ ਨਿਵਾਸੀ ਵੀਰੇਂਦਰ ਨੇ ਨਸ਼ੇ ਦੀ ਹਾਲਤ ’ਚ ਟਰੈਕਟਰ ਭੀੜ ’ਤੇ ਚੜ੍ਹਾ ਦਿੱਤਾ। ਹਾਦਸੇ ’ਚ ਜਮਾਲੂਦੀਨਪੁਰ ਨਿਵਾਸੀ ਬਾਬੂਰਾਮ (40), ਮਹਿੰਦਰ (58) ਅਤੇ ਉਦੇਵੀਰ (60) ਜ਼ਖਮੀ ਹੋ ਗਏ। ਤਿੰਨਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਬਾਬੂਰਾਮ ਅਤੇ ਉਦੇਵੀਰ ਦੀ ਮੌਤ ਹੋ ਗਈ, ਜਦਕਿ ਮਹਿੰਦਰ ਨੇ ਨਿੱਜੀ ਹਸਪਤਾਲ ’ਚ ਇਲਾਜ ਦੌਰਾਨ ਦਮ ਤੋੜ ਦਿੱਤਾ। ਪੁਲਸ ਅਨੁਸਾਰ ਘਟਨਾ ਤੋਂ ਬਾਅਦ ਭੱਜਣ ਦੀ ਕੋਸ਼ਿਸ਼ ’ਚ ਟਰੈਕਟਰ ਪਲਟ ਗਿਆ, ਜਿਸ ਨਾਲ ਵੀਰੇਂਦਰ ਵੀ ਜ਼ਖਮੀ ਹੋ ਗਿਆ। ਉਸ ਨੂੰ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਪੁਲਸ ਮਾਮਲੇ ਦੀ ਵਿਸਥਾਰਤ ਜਾਂਚ ਕਰ ਰਹੀ ਹੈ।

### ਪੰਜਾਬ ’ਚ 7 ਰੁਪਏ ਨਾਲ ਕਰੋੜ ਪਤੀ ਬਣਿਆ ਵਿਅਕਤੀ, ਰਾਤੋ-ਰਾਤ ਬਦਲ ਗਈ ਕਿਸਮਤ

ਪਟਿਆਲਾ 9 ਅਕਤੂਬਰ। ਪਟਿਆਲਾ ਦੇ ਮੋਤੀ ਮਹਿਲ ਵਿਚ ਪਿਛਲੇ ਕਰੀਬ 20 ਸਾਲਾਂ ਤੋਂ ਗਊਆਂ ਦੀ ਸੇਵਾ ਕਰਨ ਵਾਲੇ ਰਘਵੀਰ ਚੌਹਾਨ ਦੀ ਕਿਸਮਤ ਉਸ ਸਮੇਂ ਬਦਲ ਗਈ ਜਦੋਂ ਮਹਿਜ਼ 7 ਰੁਪਏ ਦੀ ਖਰੀਦੀ ਲਾਟਰੀ ਦਾ ਇਕ ਕਰੋੜ ਰੁਪਏ ਦਾ ਇਨਾਮ ਨਿਕਲ ਆਇਆ। ਰਘਵੀਰ ਚੌਹਾਨ ਨੇ ਦੱਸਿਆ ਕਿ ਉਸ ਨੇ ਇਹ ਲਾਟਰੀ ਪਟਿਆਲਾ ਦੇ ਫਹਾਰਾ ਚੌਂਕ ਤੋਂ ਖਰੀਦੀ ਸੀ। ਲਾਟਰੀ ਨਿਕਲਣ ਦੀ ਖ਼ਬਰ ਮਿਲਣ ਤੋਂ ਬਾਅਦ ਉਸ ਦੀ ਖੁਸ਼ੀ ਦਾ ਟਿਕਾਣਾ ਨਹੀਂ ਹੈ। ਉਸ ਨੇ ਕਿਹਾ ਕਿ ਲਾਟਰੀ ਦੀ ਰਕਮ ਨਾਲ ਉਹ ਆਪਣਾ ਘਰ ਬਣਾਉਣ ਦੇ ਨਾਲ-ਨਾਲ ਆਪਣੇ ਬੱਚਿਆਂ ਦੇ ਵਿਆਹ ਵੀ ਕਰੇਗਾ।

### ਜੇਲ੍ਹ ’ਚੋਂ ਚੱਲ ਰਿਹਾ ਸੀ ਚਿੱਟੇ ਦਾ ਕਾਰੋਬਾਰ, ਹੈਰੋਇਨ ਸਮੇਤ 1 ਗ੍ਰਿਫ਼ਤਾਰ

ਬਠਿੰਡਾ 9 ਅਕਤੂਬਰ। ਫਰੀਦਕੋਟ ਜੇਲ੍ਹ ਵਿਚ ਬੰਦ ਇਕ ਮੁਲਜ਼ਮ ਬਠਿੰਡਾ ਵਿਚ ਨਸ਼ੇ ਦਾ ਕਾਰੋਬਾਰ ਕਰ ਰਿਹਾ ਸੀ। ਇਸ ਗੱਲ ਦਾ ਖੁਲਾਸਾ ਉਦੋਂ ਹੋਇਆ ਜਦੋਂ ਪੁਲਸ ਨੇ ਉਸ ਨੂੰ 213 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ। ਮੁਲਜ਼ਮ ਬਬਲੂ ਯਾਦਵ, ਫਰੀਦਕੋਟ ਜੇਲ੍ਹ ਵਿਚ ਬੰਦ ਕਰਨ ਮੋਟਾ ਦੇ ਸੰਪਰਕ ਵਿਚ ਸੀ। ਡੀਐਸਪੀ ਸੰਦੀਪ ਭਾਟੀ ਨੇ ਦੱਸਿਆ ਕਿ ਸੀਆਈਏ-1 ਟੀਮ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਬਬਲੂ ਯਾਦਵ ਫਰੀਦਕੋਟ ਜੇਲ੍ਹ ਵਿਚ ਬੰਦ ਰਣ ਮੋਟਾ ਨਾਲ ਇੰਸਟਾਗ੍ਰਾਮ ਰਾਹੀਂ ਗੱਲਬਾਤ ਕਰਦਾ ਸੀ। ਬਬਲੂ ਇਕ ਥਾਂ ਤੋਂ ਦੂਜੀ ਥਾਂ ਹੈਰੋਇਨ ਪਹੁੰਚਾਉਂਦਾ ਸੀ ਜਦੋਂ ਕਰਨ ਮੋਟਾ ਮੌਜੂਦ ਹੁੰਦਾ ਸੀ। ਮੁਲਜ਼ਮ ਕਿਸੇ ਥਾਂ ਹੈਰੋਇਨ ਸਪਲਾਈ ਕਰਨ ਜਾ ਰਿਹਾ ਸੀ ਜਦੋਂ ਉਸ ਨੂੰ ਪੁਲਸ ਨੇ ਮੁਲਜ਼ਮ ਨੂੰ ਗਿ?ਫਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਮੁਲਜ਼ਮ ਤੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ ਜਿਸ ਵਿਚ ਨਸ਼ਿਆਂ ਸਬੰਧੀ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਕਰਨ ਮੋਟਾ, ਜੋ ਕਿ ਫਰੀਦਕੋਟ ਜੇਲ੍ਹ ਵਿਚ ਬੰਦ ਹੈ ਤੋਂ ਵੀ ਉਪਰੋਕਤ ਮਾਮਲੇ ਵਿਚ ਪੁੱਛਗਿੱਛ ਕੀਤੀ ਜਾਵੇਗੀ। ਪੁਲਸ ਨੇ ਫਿਲਹਾਲ ਕੈਨਾਲ ਕਲੋਨੀ ਵਿਖੇ ਮੁਲਜ਼ਮ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ,

### ਖ਼ੌਫ਼ਨਾਕ ਸੜਕ ਹਾਦਸਾ : ਰੋਡਵੇਜ਼ ਬੱਸ ਤੇ ਕਾਰ ਦੀ ਭਿਆਨਕ ਟੱਕਰ, 2 ਔਰਤਾਂ ਗੰਭੀਰ ਜ਼ਖ਼ਮੀ

ਭੂਨਾ 9 ਅਕਤੂਬਰ। ਫਤਿਹਾਬਾਦ ਰੋਡ ’ਤੇ ਡੇਰਾ ਸੱਚਾ ਸੌਦਾ ਦੀ ਕੈਂਟੀਨ ਨੇੜੇ ਹੋਏ ਇੱਕ ਸੜਕ ਹਾਦਸੇ ਵਿੱਚ ਦੋ ਔਰਤਾਂ ਗੰਭੀਰ ਜ਼ਖ਼ਮੀ ਹੋ ਗਈਆਂ। ਇਹ ਹਾਦਸਾ ਰੋਡਵੇਜ਼ ਬੱਸ, ਖੱਚਰ ਰੇਹੜੀ ਅਤੇ ਰਿਟਜ਼ ਕਾਰ ਵਿਚਾਲੇ ਹੋਈ ਟੱਕਰ ਕਾਰਨ ਵਾਪਰਿਆ। ਜ਼ਖ਼ਮੀ ਔਰਤਾਂ ਨੂੰ ਇਲਾਜ ਲਈ ਕਮਿਊਨਿਟੀ ਹੈਲਥ ਸੈਂਟਰ ਭੂਨਾ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਅਗਰੋਹਾ ਰੈਫਰ ਕਰ ਦਿੱਤਾ। ਜਾਣਕਾਰੀ ਅਨੁਸਾਰ, ਹਰਿਆਣਾ ਰੋਡਵੇਜ਼ ਕੈਥਲ ਡਿਪੋ ਦੀ ਬੱਸ ਬੀਤੀ ਰਾਤ ਸਿਰਸਾ ਤੋਂ ਕੈਥਲ ਵਾਪਸ ਆ ਰਹੀ ਸੀ। ਜਿਵੇਂ ਹੀ ਬੱਸ ਭੂਨਾ ਦੇ ਫਤਿਹਾਬਾਦ ਰੋਡ ’ਤੇ ਡੇਰਾ ਸੱਚਾ ਸੌਦਾ ਦੀ ਕੈਂਟੀਨ ਨੇੜੇ ਪਹੁੰਚੀ ਤਾਂ ਬੱਸ



ਚਾਲਕ ਨੇ ਅੱਗੇ ਜਾ ਰਹੀ ਖੱਚਰ ਰੇਹੜੀ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਅਚਾਨਕ ਬ੍ਰੇਕ ਲਗਾ ਦਿੱਤੇ। ਇਸ ਦੌਰਾਨ ਬੱਸ ਦੀ ਖੱਚਰ ਰੇਹੜੀ ਨਾਲ ਟੱਕਰ ਹੋ ਗਈ, ਜਿਸ ਕਾਰਨ ਮਨੀਸ਼ਾ ਦੇਵੀ ਅਤੇ ਪ੍ਰੇਮੀ ਦੇਵੀ ਨਾਮਕ ਔਰਤਾਂ ਜ਼ਖ਼ਮੀ ਹੋ ਗਈਆਂ। ਬੱਸ ਦੇ ਅਚਾਨਕ ਬ੍ਰੇਕ ਲਗਾਉਣ ਕਾਰਨ ਪਿੱਛੋਂ ਆ ਰਹੀ ਰਿਟਜ਼ ਕਾਰ ਵੀ ਬੱਸ ਦੇ ਹੇਠਾਂ ਜਾ ਵੜੀ, ਜਿਸ ਨਾਲ ਕਾਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਹਾਦਸੇ ਤੋਂ ਬਾਅਦ ਮੌਕੇ ’ਤੇ ਹਫੜਾ-ਦਫੜੀ ਮਚ ਗਈ। ਯਾਤਰੀਆਂ ਨੇ ਜ਼ਖ਼ਮੀ ਔਰਤਾਂ ਨੂੰ ਬੱਸ ਵਿੱਚ ਬਿਠਾਇਆ ਅਤੇ ਬੱਸ ਚਾਲਕ ਉਨ੍ਹਾਂ ਨੂੰ ਭੂਨਾ ਦੇ ਸਰਕਾਰੀ ਹਸਪਤਾਲ ਲੈ ਗਿਆ। ਪੁਲਿਸ ਨੇ ਮੌਕੇ ’ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਪੰਜਾਬ ’ਚ ਵੱਡਾ ਹਾਦਸਾ, ਮੇਲਾ ਦੇਖਣ ਜਾਂਦੇ ਤਿੰਨ ਮੁੰਡਿਆਂ ਦੀ ਮੌਤ

ਤਰਨਤਾਰਨ 9 ਅਕਤੂਬਰ। ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਚੱਲ ਰਹੇ ਸਾਲਾਨਾ ਜੋੜ ਮੇਲੇ ’ਚ ਜਾ ਰਹੇ ਤਿੰਨ ਮੁੰਡਿਆਂ ਦੀ ਭਿਆਨਕ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਹਾਦਸਾ ਭਿੱਖੀਵਿੰਡ ਸਥਿਤ ਬੀ.ਐੱਸ.ਐੱਫ. ਕੈਂਪ ਨੇੜੇ ਦੇਰ ਰਾਤ ਕਰੀਬ 2 ਵਜੇ ਉਸ ਸਮੇਂ ਵਾਪਰਿਆ ਜਦੋਂ ਇਕ ਮੋਟਰਸਾਈਕਲ ਅਤੇ ਐਕਟਿਵਾ ਦੀ ਆਹਮੋ-ਸਾਹਮਣੇ ਜ਼ਬਰਦਸਤ ਟੱਕਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਹਾਦਸੇ ’ਚ ਤਿੰਨ ਨਾਬਾਲਗ ਮੁੰਡਿਆਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਅਭਿਜੋਤ ਸਿੰਘ ਪੁੱਤਰ ਜੁਗਰਾਜ ਸਿੰਘ ਵਾਸੀ ਮਾੜੀ ਮੇਘਾ, ਹਰਮਨ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਚੇਲਾ ਕਲੋਨੀ ਭਿੱਖੀਵਿੰਡ ਅਤੇ ਰਵੀ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਕਲਸੀਆਂ ਕਲਾਂ ਵਜੋਂ ਹੋਈ ਹੈ। ਤਿੰਨ ਮੁੰਡਿਆਂ ਦੀ ਇਕੱਠਿਆਂ ਮੌਤ ਹੋਣ ਕਾਰਣ ਇਲਾਕੇ ਵਿਚ ਸੋਗ ਦੀ ਲਹਿਰ ਹੈ। ਫਿਲਹਾਲ ਪੁਲਸ ਵੱਲੋਂ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਪੁਲਸ ਮੁਤਾਬਕ ਹਾਦਸੇ ਦੇ ਕਾਰਨਾਂ ਸੰਬੰਧੀ ਵੀ ਜਾਂਚ ਜਾਰੀ ਹੈ।

### ਸੋਲਰ ਪਲਾਂਟ ਦੇ ਠੇਕੇਦਾਰ ਦਾ ਗੋਲੀ ਮਾਰ ਕੇ ਕਤਲ !

ਚੌਪਟਾ 9 ਅਕਤੂਬਰ। ਹਰਿਆਣਾ ਦੇ ਸਿਰਸਾ ਦੇ ਪਿੰਡ ਜਮਾਲ ਵਿਚ ਮੰਗਲਵਾਰ ਦੁਪਹਿਰ ਸੋਲਰ ਪਲਾਂਟ ਵਿਚ ਕੰਮ ਕਰ ਰਹੇ ਠੇਕੇਦਾਰ ਸੁਭਾਸ਼ ਚੰਦਰ (45) ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਜਮਾਲ ਵਿਚ ਹੈਕਸਾ ਸਨ ਐਨਰਜੀ ਪ੍ਰਾਈਵੇਟ ਲਿਮਟਿਡ ਦੇ ਨਾਂ ’ਤੇ ਰਾਜਸਥਾਨ ਸਰਹੱਦ ਨੇੜੇ ਸੋਲਰ ਪਲਾਂਟ ਲਗਾਇਆ ਜਾ ਰਿਹਾ ਹੈ। ਉੱਥੇ ਪਲਾਂਟ ਦਾ ਠੇਕੇਦਾਰ ਸੁਭਾਸ਼ ਚੰਦਰ ਮੰਗਲਵਾਰ ਦੁਪਹਿਰ ਡੇਢ ਵਜੇ ਬੈਠਾ ਹੋਇਆ। ਇਸੇ ਦੌਰਾਨ 2-3 ਨੌਜਵਾਨ ਸੋਲਰ ਪਲਾਂਟ ਵਿਚ ਪਹੁੰਚੇ ਅਤੇ ਸੁਭਾਸ਼ ’ਤੇ ਗੋਲੀ ਚਲਾ ਦਿੱਤੀ, ਜੋ ਉਸ ਦੀ ਪਿੱਠ ’ਤੇ ਲੱਗੀ। ਇਸ ਤੋਂ ਬਾਅਦ ਉਹ ਮੌਕੇ ਤੋਂ ਫ਼ਰਾਰ ਹੋ ਗਏ। ਗੰਭੀਰ ਜ਼ਖ਼ਮੀ ਸੁਭਾਸ਼ ਨੂੰ ਸਿਰਸਾ ਦੇ ਸਿਵਲ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ

## ਰੇਲ ਸਫਰ ਕਰਨ ਵਾਲਿਆਂ ਲਈ ਵੱਡੀ ਖਬਰ; ਉੱਤਰ ਰੇਲਵੇ ਚਲਾਏਗਾ ‘ਪੂਜਾ ਫੈਸਟੀਵਲ ਸਪੈਸ਼ਲ ਟਰੇਨਾਂ’

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 9 ਅਕਤੂਬਰ। ਆਉਣ ਵਾਲੇ ਤਿਉਹਾਰੀ ਸੀਜ਼ਨ ਦੌਰਾਨ ਯਾਤਰੀਆਂ ਦੀ ਵਧਦੀ ਭੀੜ ਨੂੰ ਦੇਖਦਿਆਂ ਅਤੇ ਉਨ੍ਹਾਂ ਦੀ ਸੁਖਾਲੀ ਯਾਤਰਾ ਨੂੰ ਯਕੀਨੀ ਬਣਾਉਣ ਲਈ ਉੱਤਰ ਰੇਲਵੇ ਵੱਲੋਂ ਪੂਜਾ ਫੈਸਟੀਵਲ ਸਪੈਸ਼ਲ ਐਕਸਪ੍ਰੈੱਸ ਟਰੇਨਾਂ ਚਲਾਉਣ ਦਾ ਅਹਿਮ ਫੈਸਲਾ ਲਿਆ ਗਿਆ ਹੈ। ਜਨਸੰਪਰਕ ਵਿਭਾਗ ਵੱਲੋਂ ਜਾਣਕਾਰੀ ਅਨੁਸਾਰ ਇਹ ਟਰੇਨਾਂ ਖਾਸ ਤੌਰ ’ਤੇ ਜਲੰਧਰ ਸਿਟੀ ਅਤੇ ਸ਼ਕੂਰ ਬਸਤੀ (ਦਿੱਲੀ) ਦੇ ਰੂਟਾਂ ’ਤੇ ਚਲਾਈਆਂ ਜਾਣਗੀਆਂ। ਪਹਿਲੀ ਸਪੈਸ਼ਲ ਟਰੇਨ ਗੱਡੀ ਨੰਬਰ 05005/05006 ‘ਬੜਨੀ - ਜਲੰਧਰ ਸਿਟੀ - ਬੜਨੀ’ ਵਿਚਕਾਰ ਅਨਰਿਜ਼ਰਵਡ ਸਪੈਸ਼ਲ ਵਜੋਂ ਚਲਾਈ ਜਾਵੇਗੀ। ਇਹ ਟਰੇਨ ਬੜਨੀ ਤੋਂ 7 ਅਕਤੂਬਰ 2026 ਤੋਂ 25 ਨਵੰਬਰ 2026 ਤੱਕ ਹਰੇਕ ਬੁੱਧਵਾਰ ਨੂੰ ਚੱਲੇਗੀ, ਜਦਕਿ ਜਲੰਧਰ ਸਿਟੀ ਤੋਂ ਇਹ 8 ਅਕਤੂਬਰ 2026



ਤੋਂ 26 ਨਵੰਬਰ 2026 ਤੱਕ ਹਰੇਕ ਵੀਰਵਾਰ ਨੂੰ ਚਲਾਈ ਜਾਵੇਗੀ। ਦੋਵਾਂ ਪਾਸਿਆਂ ਤੋਂ ਇਹ ਟਰੇਨ ਕੁੱਲ 8-8 ਫੇਰੇ ਲਗਾਏਗੀ। ਬੜਨੀ ਤੋਂ ਦੁਪਹਿਰ 15.10 ਵਜੇ ਚੱਲ ਕੇ ਇਹ ਟਰੇਨ ਅਗਲੇ ਦਿਨ ਸਵੇਰੇ 8.30 ਵਜੇ ਜਲੰਧਰ ਸਿਟੀ ਪਹੁੰਚੇਗੀ। ਵਾਪਸੀ ’ਤੇ ਜਲੰਧਰ ਸਿਟੀ ਤੋਂ ਸਵੇਰੇ 10.50 ਵਜੇ ਚੱਲ ਕੇ ਅਗਲੇ ਦਿਨ ਤੜਕੇ 4.45 ਵਜੇ ਬੜਨੀ ਪਹੁੰਚੇਗੀ। ਇਸ ਵਿਚ ਸਲੀਪਰ ਅਤੇ ਜਨਰਲ ਕੋਚ ਹੋਣਗੇ, ਜੋ ਗੋਂਡਾ, ਸੀਤਾਪੁਰ, ਬਰੇਲੀ, ਮੁਰਾਦਾਬਾਦ, ਸਹਾਰਨਪੁਰ, ਅੰਬਾਲਾ ਕੈਂਟ ਅਤੇ ਢੰਡਾਰੀ ਕਲਾਂ (ਲੁਧਿਆਣਾ) ਵਰਗੇ ਪ੍ਰਮੁੱਖ ਸਟੇਸ਼ਨਾਂ ’ਤੇ ਰੁਕੇਗੀ। ਦੂਜੀ ਟਰੇਨ ਗੱਡੀ ਨੰਬਰ 05101/05102 ‘ਗੋਰਖਪੁਰ-ਸ਼ਕੂਰ ਬਸਤੀ-ਗੋਰਖਪੁਰ’ ਸਪੈਸ਼ਲ ਹੋਵੇਗੀ, ਜਿਸ ਵਿਚ ਏਸੀ, ਸਲੀਪਰ ਅਤੇ ਜਨਰਲ ਕੋਚ ਸ਼ਾਮਲ ਹੋਣਗੇ। ਗੋਰਖਪੁਰ ਤੋਂ ਇਹ ਟਰੇਨ 11 ਅਕਤੂਬਰ ਤੋਂ 29 ਨਵੰਬਰ 2026 ਤੱਕ ਹਰੇਕ ਐਤਵਾਰ ਨੂੰ ਅਤੇ ਸ਼ਕੂਰ ਬਸਤੀ ਤੋਂ 12 ਅਕਤੂਬਰ ਤੋਂ 30 ਨਵੰਬਰ 2026 ਤੱਕ ਹਰੇਕ ਸੋਮਵਾਰ ਨੂੰ ਕੁੱਲ 8-8 ਫੇਰੇ ਚੱਲੇਗੀ। ਗੋਰਖਪੁਰ ਤੋਂ ਸ਼ਾਮ 16.00 ਵਜੇ ਚੱਲ ਕੇ ਇਹ ਅਗਲੇ ਦਿਨ 11.05 ਵਜੇ ਸ਼ਕੂਰ ਬਸਤੀ ਪਹੁੰਚੇਗੀ, ਜਦਕਿ ਵਾਪਸੀ ’ਤੇ ਸ਼ਕੂਰ ਬਸਤੀ ਤੋਂ ਦੁਪਹਿਰ 13.15 ਵਜੇ ਚੱਲ ਕੇ ਅਗਲੇ ਦਿਨ ਸਵੇਰੇ 08.30 ਵਜੇ ਗੋਰਖਪੁਰ ਪਹੁੰਚੇਗੀ।

### ਜ਼ਮੀਨੀ ਵਿਵਾਦ ਦੌਰਾਨ ਚੱਲੀ ਗੋਲੀ ! ਪੁਲਸ ਨੇ ਪਿਓ-ਪੁੱਤ ਨੂੰ ਕੀਤ ਗ੍ਰਿਫ਼ਤਾਰ

ਫ਼ਤਿਹਗੜ੍ਹ ਸਾਹਿਬ 9 ਅਕਤੂਬਰ। ਥਾਣਾ ਸਰਹਿੰਦ ਦੇ ਅਧੀਨ ਆਉਂਦੇ ਪਿੰਡ ਖੋਜੇ ਮਾਜਰਾ ਵਿਖੇ ਦੋ ਧਿਰਾਂ ਵਿਚ ਹੋਈ ਝਗੜੇ ਦੌਰਾਨ ਗੋਲ?ੀ ਚੱਲੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਰਹਿੰਦ ਦੇ ਮੁਖੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਖੋਜੇ ਮਾਜਰਾ ਪਿੰਡ ਵਿਖੇ ਦੋ ਧਿਰਾਂ ਵਿਚਾਲੇ ਜ਼ਮੀਨੀ ਤਕਰਾਰ ਤੋਂ ਬਾਅਦ ਹਵਾਈ ਫਾਇਰਿੰਗ ਹੋਈ ਸੀ। ਜਿਸ ਤੋਂ ਬਾਅਦ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਮਾਨ ਸਿੰਘ ਵੱਲੋਂ ਗੁਰਭੇਜ ਸਿੰਘ ਵਾਸੀ ਸੰਗਤਪੁਰ ਸੋਢੀਆਂ ਦੇ ਬਿਆਨਾਂ ਦੇ ਆਧਾਰ ’ਤੇ ਜਸਵੰਤ ਸਿੰਘ ਅਤੇ ਉਸ ਦੇ ਪਿਤਾ ਗੁਰਵਿੰਦਰ ਸਿੰਘ ਦੇ ਖ਼?ਲਾਫ਼ ਪੁਲਸ ਵੱਲੋਂ ਮਾਮਲਾ ਦਰਜ ਕਰਕੇ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਅਸ਼ੋਕ ਕੁਮਾਰ ਨੇ ਦੱਸਿਆ ਕਿ ਗੁਰਭੇਜ ਸਿੰਘ ਤੇ ਦੂਜੀ ਧਿਰ ਦੇ ਜਸਵੰਤ ਸਿੰਘ ਨੇ ਖੋਜੇ ਮਾਜਰਾ ਵਿਖੇ 9 ਏਕੜ ਠੇਕੇ ’ਤੇ ਜ਼ਮੀਨ ਲਈ ਹੋਈ ਸੀ। ਰਸਤੇ ਦੇ ਕਿਨਾਰੇ ਜਸਵੰਤ ਸਿੰਘ ਨੇ ਪਾਲੀਆਂ ਦੀ ਝੋਪੜੀ ਬਣਾਈ ਹੋਈ ਸੀ, ਜਿਸ ਨੂੰ ਦੂਜੀ ਧਿਰ ਨੇ ਝੋਨਾ ਵੱਢਣ ਅਤੇ ਖੇਤ ਤਿਆਰ ਕਰਨ ਲਈ ਹਟਾਉਣ ਜ਼ਮੀਨੀ ਤਕਰਾਰ ਤੋਂ ਬਾਅਦ ਹਵਾਈ ਫਾਇਰਿੰਗ ਹੋਈ ਸੀ। ਜਿਸ ਤੋਂ ਬਾਅਦ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਮਾਨ ਸਿੰਘ ਵੱਲੋਂ ਗੁਰਭੇਜ ਸਿੰਘ ਵਾਸੀਲਈ ਕਿਹਾ ਸੀ। ਝੋਪੜੀ ਹਟਾਉਣ ਦੀ ਗੱਲ ਤੋਂ ਹੋਈ ਤਕਰਾਰਬਾਜ਼ੀ ਤੋਂ ਬਾਅਦ ਦੂਜੀ ਧਿਰ ਨੇ ਆਪਣੀ ਲਾਇਸੰਸੀ ਹਥਿਆਰ 32 ਬੋਰ ਰਿਵਾਲਵਰ ਹਵਾਈ ਫਾਇਰ ਕੀਤਾ ਅਤੇ ਝਗੜਾ ਵੀ ਕੀਤਾ ਜਿਸ ਤੋਂ ਬਾਅਦ ਪੁਲਸ ਨੇ ਕਾਰਵਾਈ ਕਰਦੇ ਹੋਏ ਪੁਲਸ ਨੇ ਕਾਰਵਾਈ ਕਰਦਿਆਂ ਪਿਓ-ਪੁੱਤ (ਗੁਰਵਿੰਦਰ ਸਿੰਘ ਅਤੇ ਜਸਵੰਤ ਸਿੰਘ, ਵਾਸੀ ਖੋਜੇ ਮਾਜਰਾ) ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਵਿਆਹ ਕਰਵਾਉਣ ਲਈ ਜੇਲ੍ਹ ’ਚੋਂ ਬਾਹਰ ਆਇਆ ਗੈਂਗਸਟਰ ! ਪੁਲਸ ਦੀ ਛਾਉਣੀ ’ਚ ਬਦਲਿਆ ਪੂਰਾ ਇਲਾਕਾ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 9 ਅਕਤੂਬਰ। ਹਰਿਆਣਾ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਅਦਾਲਤ ਨੇ ਜੇਲ੍ਹ ’ਚ ਕੈਦ ਇਕ ਗੈਂਗਸਟਰ ਨੂੰ ਵਿਆਹ ਕਰਵਾਉਣ ਲਈ 12 ਘੰਟੇ ਦੀ ਪੈਰੋਲ ਦੇ ਦਿੱਤੀ ਹੈ। ਤਿੰਨ ਕਤਲਾਂ ਦੇ ਮਾਮਲਿਆਂ ’ਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਅਤੇ 2018 ’ਚ ਪੈਰੋਲ ਤੋਂ ਫ਼ਰਾਰ ਹੋਏ ਹਰਿਆਣਾ ਦੇ ਗੈਂਗਸਟਰ ਮੈਨਪਾਲ ਢਿੱਲਾ ਉਰਫ਼ ਮੈਨਪਾਲ ਬਾਦਲੀ ਨੂੰ ਅਦਾਲਤ ਵੱਲੋਂ 12 ਘੰਟਿਆਂ ਦੀ ਹਿਰਾਸਤੀ ਪੈਰੋਲ ਦਿੱਤੀ ਗਈ, ਜਿਸ ਮਗਰੋਂ ਉਹ ਭਾਰੀ ਪੁਲਸ ਸੁਰੱਖਿਆ ਹੇਠ ਝੱਜਰ ਵਿਖੇ ਆਪਣੀ ਕੰਬੋਡੀਅਨ ਮਹਿਲਾ ਸਾਥੀ ਨਾਲ ਵਿਆਹ ਦੇ ਬੰਧਨ ’ਚ ਬੱਝੇਗਾ। ਗੈਂਗਸਟਰ ਮੈਨਪਾਲ ਨੂੰ ਵੀਰਵਾਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਝੱਜਰ-ਗੁਰੂਗ੍ਰਾਮ ਰੋਡ ’ਤੇ ਸਥਿਤ ’ਦੁਲੀਨਾ ਫਾਰਮ’ ਵਿਖੇ ਕੰਬੋਡੀਆ ਦੀ ਨਾਗਰਿਕ ਮੇਟਾ ਚੈਨ ਨਾਲ ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਵਿਆਹ ਕਰਵਾਉਣ ਲਈ ਜੇਲ੍ਹ ਤੋਂ ਬਾਹਰ ਲਿਆਂਦਾ ਗਿਆ। ਝੱਜਰ ਦੇ ਡੀ.ਸੀ.ਪੀ. (ਕ੍ਰਾਈਮ) ਵੈਨਿਊ ’ਤੇ ਤਾਇਨਾਤ ਕੀਤਾ ਗਿਆ ਹੈ। 12 ਘੰਟੇ ਦਾ ਸਮਾਂ ਪੂਰਾ ਹੁੰਦਿਆਂ ਹੀ ਉਸ



ਸ਼ੁਭਮ ਸਿੰਘ ਅਨੁਸਾਰ ਵਿਆਹ ਦੇ ਸਮਾਗਮ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਝੱਜਰ 391, ਸੀ.ਪੀ. ਸਪੈਸ਼ਲ ਸਟਾਫ਼, 15 ਹਥਿਆਰਬੰਦ ਜਵਾਨ ਅਤੇ ਸਦਰ ਝੱਜਰ ਥਾਣੇ ਦੇ ਇੰਚਾਰਜ ਸਣੇ 25 ਹੋਰ ਪੁਲਸ ਮੁਲਾਜ਼ਮਾਂ ਨੂੰ ਵਿਆਹ ਵਾਲੀ ਨੂੰ ਸ਼ਾਮ 8 ਵਜੇ ਵਾਪਸ ਜੇਲ੍ਹ ਭੇਜ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ ਮੈਨਪਾਲ ’ਤੇ ਕਤਲ, ਕਤਲ ਦੀ ਕੋਸ਼ਿਸ਼, ਲੁੱਟ-ਖੋਹ, ਡਕੈਤੀ ਅਤੇ ਗ਼ੈਰ-ਕਾਨੂੰਨੀ ਹਥਿਆਰਾਂ ਸਣੇ 22 ਦੇ ਕਰੀਬ ਅਪਰਾਧਿਕ ਮਾਮਲੇ ਦਰਜ ਹਨ ਤੇ ਅਦਾਲਤ ਨੇ ਉਸ ਨੂੰ ਉਮਰਕੈਦ ਦੀ ਸਜ਼ਾ ਸੁਣਾਈ ਹੋਈ ਹੈ। ਜੁਲਾਈ 2018 ’ਚ ਹਿਸਾਰ ਸੈਂਟਰਲ ਜੇਲ੍ਹ ਤੋਂ 6 ਹਫ਼ਤਿਆਂ ਦੀ ਪੈਰੋਲ ’ਤੇ ਆਉਣ ਤੋਂ ਬਾਅਦ ਉਹ ਫ਼ਰਾਰ ਹੋ ਗਿਆ ਸੀ। ਇਸ ਦੌਰਾਨ ਉਸ ਨੇ ਸੋਨੂ ਕੁਮਾਰ ਦੇ ਨਾਂ ’ਤੇ ਜਾਅਲੀ ਦਸਤਾਵੇਜ਼ਾਂ ਨਾਲ ਭਾਰਤੀ ਪਾਸਪੋਰਟ ਬਣਵਾਇਆ ਅਤੇ 2019 ’ਚ ਬੈਂਕਾਕ ਰਾਹੀਂ ਹੁੰਦੇ ਹੋਏ ਕੰਬੋਡੀਆ ਦੇ ਸੀਮ ਰੀਪ ’ਚ ਜਾ ਪੁੱਜਾ, ਜਿੱਥੇ ਉਹ ਇੱਕ ਨਾਈਟ ਕਲੱਬ ਚਲਾਉਂਦਾ ਸੀ। ਹਰਿਆਣਾ ਪੁਲਸ ਦੀ ਮੰਗ ’ਤੇ ਨਵੰਬਰ 2024 ’ਚ ਇੰਟਰਪੋਲ ਨੇ ਉਸ ਖ਼?ਲਾਫ਼ ਰੈੱਡ ਕਾਰਨਰ ਨੋਟਿਸ ਜਾਰੀ ਕੀਤਾ, ਜਿਸ ਮਗਰੋਂ ਕੰਬੋਡੀਅਨ ਅਧਿਕਾਰੀਆਂ ਨੇ ਉਸ ਨੂੰ ਜੁਲਾਈ 2025 ’ਚ ਹਿਰਾਸਤ ’ਚ ਲਿਆ ਅਤੇ 329 ਤੇ ਭਾਰਤੀ ਏਜੰਸੀਆਂ ਦੀ ਮਦਦ ਨਾਲ 2 ਸਤੰਬਰ 2025 ਨੂੰ ਉਸ ਨੂੰ ਵਾਪਸ ਭਾਰਤ ਲਿਆਂਦਾ ਗਿਆ। ਉਹ ਆਪਣੇ ਪਰਿਵਾਰ ਤੇ ਕਰੀਬੀਆਂ ਦੀ ਮੌਜੂਦਗੀ ’ਚ ਆਪਣੀ ਕੰਬੋਡੀਅਨ ਪਾਰਟਨਰ ਨਾਲ ਵਿਆਹ ਦੇ ਬੰਧਨ ’ਚ ਬੱਝ ਜਾਵੇਗਾ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਚੰਡੀਗੜ੍ਹ 'ਚ ਹੈੱਡ ਕਾਂਸਟੇਬਲ ਦੀ ਹੱਤਿਆ, ਸਿਰ 'ਚ ਮਾਰੀ ਗੋਲੀ; ਬਿਆਨ ਬਦਲਣ 'ਤੇ 18 ਸਾਲਾ ਪੁੱਤਰ ਗ੍ਰਿਫ਼ਤਾਰ

ਕੌਮੀ ਪੱਤ੍ਰਿਕਾ

ਚੰਡੀਗੜ੍ਹ 9 ਅਕਤੂਬਰ। ਸੈਕਟਰ-22 ਸਥਿਤ ਸਰਕਾਰੀ ਕੁਆਰਟਰ 'ਚ ਹੈੱਡ ਕਾਂਸਟੇਬਲ 42 ਸਾਲਾ ਨਿਤਿਨ ਦੇ ਸਿਰ 'ਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਵਾਰਦਾਤ ਦੇ ਸਮੇਂ ਘਰ 'ਚ ਨਿਤਿਨ ਦੀ ਪਤਨੀ ਮੋਨਿਕਾ, ਜੋ ਚੰਡੀਗੜ੍ਹ ਪੁਲਿਸ 'ਚ ਹੀ ਤਾਇਨਾਤ ਹਨ, ਅਤੇ ਉਨ੍ਹਾਂ ਦਾ 18 ਸਾਲਾ ਪੁੱਤਰ ਅਰਮਾਨ ਮੌਜੂਦ ਸਨ। ਵਾਰ-ਵਾਰ ਬਿਆਨ ਬਦਲਣ ਕਾਰਨ ਪੁਲਿਸ ਨੇ ਅਰਮਾਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਪਰ ਵਾਰਦਾਤ ਦੇ 6 ਘੰਟੇ ਬਾਅਦ ਵੀ ਇਹ ਸਵਾਲ ਬਣਿਆ ਹੋਇਆ ਹੈ ਕਿ ਆਖ਼ਰ ਨਿਤਿਨ ਨੂੰ ਗੋਲੀ ਕਿਸ ਨੇ ਮਾਰੀ। ਪੁਲਿਸ ਨੂੰ ਮੌਕੇ ਤੋਂ ਇੱਕ ਦੇਸੀ ਕੱਟਾ ਵੀ ਬਰਾਮਦ ਹੋਇਆ ਹੈ। ਵਾਰਦਾਤ ਸ਼ੁੱਕਰਵਾਰ ਸਵੇਰੇ 9 ਵਜੇ ਹੋਈ। ਗੋਲੀ ਚੱਲਣ ਦੀ ਆਵਾਜ਼ ਸੁਣ ਕੇ ਗੁਆਂਢੀਆਂ ਨੇ ਪੁਲਿਸ ਕੰਟਰੋਲ ਰੂਮ ਨੂੰ ਸੂਚਨਾ ਦਿੱਤੀ। ਸੈਕਟਰ-17 ਥਾਣਾ ਪੁਲਿਸ ਮੌਕੇ 'ਤੇ ਪਹੁੰਚੀ ਤਾਂ ਨਿਤਿਨ ਜ਼ਖ਼ਮੀ ਹਾਲਤ 'ਚ ਬੈੱਡ 'ਤੇ ਪਏ ਮਿਲੇ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸ਼ੁਰੂਆਤੀ ਪੁੱਛਗਿੱਛ 'ਚ ਅਰਮਾਨ ਨੇ ਪੁਲਿਸ ਨੂੰ ਦੱਸਿਆ ਕਿ ਕਿਸੇ ਵਿਅਕਤੀ ਨੇ ਉਸ ਦੇ ਪਿਤਾ ਨੂੰ ਗੋਲੀ ਮਾਰੀ ਅਤੇ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਨੇ ਜਦੋਂ ਉਸ ਤੋਂ ਘਟਨਾ ਬਾਰੇ ਦੁਬਾਰਾ ਪੁੱਛਗਿੱਛ ਕੀਤੀ ਤਾਂ ਉਸ ਦੇ ਬਿਆਨ 'ਚ ਵਿਰੋਧਾਭਾਸ ਸਾਹਮਣੇ ਆਏ। ਪੁਲਿਸ ਨੂੰ ਉਸ ਦੇ ਬਿਆਨ 'ਤੇ ਸ਼ੱਕ ਹੋਇਆ। ਇਸ ਦੇ ਨਾਲ ਹੀ ਕਤਲ ਦੌਰਾਨ ਉਸ ਨੇ ਰੌਲਾ ਵੀ ਨਹੀਂ ਪਾਇਆ। ਬਿਆਨਾਂ 'ਚ ਵਿਰੋਧਾਭਾਸ ਹੋਣ 'ਤੇ ਪੁਲਿਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਆਖ਼ਰ ਪੁਲਿਸ ਮੁਲਾਜ਼ਮ ਨੂੰ ਗੋਲੀ ਕਿਸ ਨੇ ਮਾਰੀ। ਪੁਲਿਸ ਅਰਮਾਨ ਤੋਂ ਲਗਾਤਾਰ ਪੁੱਛਗਿੱਛ ਕਰ ਰਹੀ ਹੈ। ਘਟਨਾ ਸਥਾਨ ਤੋਂ ਮਿਲੇ ਸਬੂਤਾਂ, ਦੇਸੀ ਕੱਟੇ ਅਤੇ ਪਰਿਵਾਰਕ ਮੈਂਬਰਾਂ





ਦੇ ਬਿਆਨਾਂ ਨੂੰ ਮਿਲਾ ਕੇ ਘਟਨਾਕ੍ਰਮ ਦੀਆਂ ਕੜੀਆਂ ਜੋੜੀਆਂ ਜਾ ਰਹੀਆਂ ਹਨ। ਨਿਤਿਨ ਅਕਾਊਂਟ ਬ੍ਰਾਂਚ, ਪੁਲਿਸ ਹੈੱਡਕੁਆਰਟਰ ਸੈਕਟਰ-9 'ਚ ਤਾਇਨਾਤ ਸਨ। ਇੱਕ ਗੁਆਂਢੀ ਨੇ ਦੱਸਿਆ ਕਿ ਨਿਤਿਨ ਦੇ ਘਰ 'ਚ ਕੁਝ ਦਿਨਾਂ ਤੋਂ ਵਿਵਾਦ ਚੱਲ ਰਿਹਾ ਸੀ। ਸ਼ੁੱਕਰਵਾਰ ਸਵੇਰੇ ਵੀ ਘਰ ਤੋਂ ਝਗੜੇ ਅਤੇ ਰੌਲੇ ਦੀਆਂ ਆਵਾਜ਼ਾਂ ਸੁਣਾਈ ਦੇ ਰਹੀਆਂ ਸਨ। ਇਸ ਤੋਂ ਕੁਝ ਦੇਰ ਬਾਅਦ ਗੋਲੀ ਚੱਲਣ ਦੀ ਆਵਾਜ਼ ਆਈ। ਐੱਸਐੱਸਪੀ ਕੰਵਰਦੀਪ ਕੌਰ ਨੇ ਦੱਸਿਆ ਕਿ ਪੁਲਿਸ ਨੇ ਇਲਾਕੇ ਨੂੰ ਘੇਰ ਕੇ ਮੌਕੇ ਤੋਂ ਸਬੂਤ ਇਕੱਠੇ ਕੀਤੇ ਹਨ। ਇੱਕ ਦੇਸੀ ਕੱਟਾ ਮਿਲਿਆ ਹੈ, ਜਿਸ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਫਿਲਹਾਲ ਪੁੱਤਰ ਤੋਂ ਪੁੱਛਗਿੱਛ ਅਤੇ ਘਟਨਾ ਸਥਾਨ ਤੋਂ ਮਿਲੇ ਸਬੂਤਾਂ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਅੱਗੇ ਵਧਾ ਰਹੀ ਹੈ। 25 ਫਰਵਰੀ ਦੀ ਰਾਤ ਕਲਾਗ੍ਰਾਮ ਲਾਈਟ ਪੁਆਇੰਟ 'ਤੇ ਅਰਮਾਨ ਨੇ ਆਪਣੀ ਤੇਜ਼ ਰਫ਼ਤਾਰ ਥਾਰ ਨਾਲ ਬਾਈਕ ਸਵਾਰ ਦੋ ਅਧਿਆਪਕਾਂ ਨੂੰ ਕੁਚਲ ਦਿੱਤਾ ਸੀ। ਦੋਵਾਂ ਅਧਿਆਪਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ। ਮ੍ਰਿਤਕਾਂ ਦੀ ਪਛਾਣ 46 ਸਾਲਾ ਗੁਲਸ਼ੇਰ ਅਲੀ ਅਤੇ 44 ਸਾਲਾ ਅਬਦੁਲ ਸੁਭਾਨ ਵਜੋਂ ਹੋਈ ਹੈ, ਜੋ ਮੂਲ ਰੂਪ 'ਚ ਉੱਤਰ ਪ੍ਰਦੇਸ਼ ਦੇ ਸਹਾਰਨਪੁਰ ਦੇ ਰਹਿਣ ਵਾਲੇ ਸਨ। ਵਾਰਦਾਤ ਤੋਂ ਬਾਅਦ ਅਰਮਾਨ ਮੌਕੇ ਤੋਂ ਫਰਾਰ ਹੋ ਗਿਆ ਸੀ। ਪੁਲਿਸ ਨੇ ਥਾਰ ਦੇ ਨੰਬਰ ਦੇ ਆਧਾਰ 'ਤੇ ਬਾਅਦ 'ਚ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਇਸੇ ਮਾਮਲੇ 'ਚ ਉਹ ਜੇਲ੍ਹ ਗਿਆ ਸੀ ਅਤੇ ਫਿਲਹਾਲ ਜ਼ਮਾਨਤ 'ਤੇ ਸੀ।

## ਵੱਖ-ਵੱਖ ਹਾਦਸਿਆਂ 'ਚ ਦੋ ਔਰਤਾਂ ਸਮੇਤ ਅੱਧਾ ਦਰਜਨ ਜ਼ਖ਼ਮੀ

ਬਠਿੰਡਾ 9 ਅਕਤੂਬਰ। ਸਹਾਰਾ ਜਨਸੇਵਾ ਦੀ ਲਾਈਫ ਸੇਵਿੰਗ ਬ੍ਰਿਗੇਡ ਦੇ ਮੈਂਬਰਾਂ ਵੱਲੋਂ ਦੋ ਔਰਤਾਂ ਸਮੇਤ ਅੱਧਾ ਦਰਜਨ ਲੋਕਾਂ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ। ਜਾਣਕਾਰੀ ਅਨੁਸਾਰ, ਬਠਿੰਡਾ-ਗੋਨਿਆਣਾ ਰੋਡ 'ਤੇ ਆਦਰਸ਼ ਨਗਰ ਨੇੜੇ ਐਕਟਿਵਾ ਸਵਾਰ ਦੋ ਔਰਤਾਂ ਇੱਕ ਟਰੈਕਟਰ-ਟਰਾਲੀ ਨਾਲ ਟਕਰਾ ਗਈਆਂ ਅਤੇ ਗੰਭੀਰ ਜ਼ਖ਼ਮੀ ਹੋ ਗਈਆਂ। ਸੰਸਥਾ ਮੈਂਬਰਾਂ ਨੇ ਉਨ੍ਹਾਂ ਨੂੰ ਸਿਵਲ ਹਸਪਤਾਲ ਪਹੁੰਚਾਇਆ। ਜ਼ਖ਼ਮੀਆਂ ਦੀ ਪਛਾਣ ਹਰਪ੍ਰੀਤ ਕੌਰ ਪਤਨੀ ਬਲਬੀਰ ਸਿੰਘ ਅਤੇ ਖੁਸ਼ਪ੍ਰੀਤ ਕੌਰ ਵਾਸੀ ਗੋਨਿਆਣਾ ਵਜੋਂ ਹੋਈ ਹੈ। ਇਸੇ ਤਰ੍ਹਾਂ ਗੋਨਿਆਣਾ ਰੋਡ ''ਤੇ ਪਿੰਡ ਗਿੱਲਪੱਤੀ ਨੇੜੇ ਦੋ ਮੋਟਰਸਾਈਕਲਾਂ ਦੀ ਟੱਕਰ ਹੋ ਗਈ, ਜਿਸ ਨਾਲ ਦੋਵੇਂ ਸਵਾਰ ਜ਼ਖ਼ਮੀ ਹੋ ਗਏ। ਸੰਸਥਾ ਮੈਂਬਰਾਂ ਨੇ ਸੁਭਾਸ਼ ਚੰਦ ਵਾਸੀ ਜੋਤੇ ਅਤੇ ਇੱਕ ਹੋਰ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਪਹੁੰਚਾਇਆ। ਇਸ ਦੌਰਾਨ, ਸਥਾਨਕ ਭਗਤ ਸਿੰਘ ਸਟੇਡੀਅਮ ਵਿੱਚ ਪਾਣੀ ਪਿਲਾਉਂਦੇ ਸਮੇਂ ਇੱਕ ਨੌਜਵਾਨ ਟੈਂਕਰ ਤੋਂ ਡਿੱਗ ਗਿਆ ਅਤੇ ਜ਼ਖ਼ਮੀ ਹੋ ਗਿਆ। ਸੰਸਥਾਂ ਵਰਕਰਾਂ ਨੇ ਜ਼ਖ਼ਮੀ ਆਕਾਸ਼ਦੀਪ ਪੁੱਤਰ ਗੁਰਮੀਤ ਸਿੰਘ ਨੂੰ ਹਸਪਤਾਲ ਪਹੁੰਚਾਇਆ। ਇਸੇ ਤਰ੍ਹਾਂ ਸਥਾਨਕ ਬੀਬੀ ਵਾਲਾ ਰੋਡ ''ਤੇ ਭਾਰਤ ਨਗਰ ਵਿਚ, ਕੁਝ ਲੜਕਿਆਂ ਨੇ ਇੱਕ ਨੌਜਵਾਨ ਨੂੰ ਕੁੱਟਿਆ ਅਤੇ ਗੰਭੀਰ ਜ਼ਖ਼ਮੀ ਕਰ ਦਿੱਤਾ। ਸੰਸਥਾ ਦੇ ਮੈਂਬਰਾਂ ਨੇ ਗੋਨਿਆਣਾ ਦੇ ਰਹਿਣ ਵਾਲੇ ਜਗਜੀਤ ਸਿੰਘ ਦੇ ਪੁੱਤਰ ਨਵਦੀਪ ਸਿੰਘ ਨੂੰ ਜ਼ਖ਼ਮੀ ਹਾਲਤ ਵਿਚ ਹਸਪਤਾਲ ਪਹੁੰਚਾਇਆ।

# ਮੋਗਾ ਦੇ ਕਿਸਾਨ ਨੇ ਖ਼ੁਦ ਨੂੰ ਗੋਲੀ ਮਾਰ ਕੇ ਕੀਤੀ ਖ਼ੁਦਕੁਸ਼ੀ, ਕੈਨੇਡਾ ਰਹਿੰਦੇ ਬੰਦੇ 'ਤੇ ਲੱਗੇ ਗੰਭੀਰ ਦੋਸ਼

ਮੋਗਾ 9 ਅਕਤੂਬਰ। ਮੋਗਾ ਦੇ ਪਿੰਡ ਧੱਲੇਕੇ ਤੋਂ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਜਿੱਥੇ ਪਿੰਡ ਦੇ ਰਹਿਣ ਵਾਲੇ ਗੁਰਦੀਪ ਸਿੰਘ ਨੇ ਅੱਜ ਸਵੇਰੇ .32 ਬੋਰ ਰਿਵਾਲਵਰ ਨਾਲ ਖ਼ੁਦ ਨੂੰ ਗੋਲੀ ਮਾਰ ਲਈ। ਇਸ ਘਟਨਾ ਵਿਚ ਉਸ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ, ਕੁਝ ਦਿਨ ਪਹਿਲਾਂ ਗੁਰਦੀਪ ਸਿੰਘ ਵੱਲੋਂ ਦੋਸ਼ ਲਗਾਇਆ ਗਿਆ ਸੀ ਕਿ ਕੁਝ ਅਣਪਛਾਤਿਆਂ ਵਿਅਕਤੀਆਂ ਵੱਲੋਂ ਉਸ ਦੀ ਜ਼ਮੀਨ ਵਿਚ ਲੱਗੀ ਫ਼ਸਲ 'ਤੇ ਕਥਿਤ ਤੌਰ 'ਤੇ ਸਪਰੇਅ ਕਰ ਦਿੱਤੀ ਗਈ ਸੀ, ਜਿਸ ਕਾਰਨ ਫ਼ਸਲ ਨੂੰ ਨੁਕਸਾਨ ਪਹੁੰਚਿਆ। ਇਸ ਤੋਂ ਇਲਾਵਾ ਖੇਤ ਵਿਚ ਲੱਗੀ ਮੋਟਰ ਨੂੰ ਵੀ ਨੁਕਸਾਨ ਪਹੁੰਚਾਉਣ ਦੇ ਦੋਸ਼ ਲਗਾਏ ਗਏ ਸਨ। ਗੁਰਦੀਪ ਸਿੰਘ ਨੇ ਲਿਖਤੀ ਸ਼ਿਕਾਇਤ ਵਿਚ ਇਹ ਵੀ ਦੋਸ਼ ਲਗਾਇਆ ਸੀ ਕਿ ਇਹ ਸਾਰਾ ਕੰਮ ਕੈਨੇਡਾ ਵਿਚ ਰਹਿੰਦੇ ਜੋਗਿੰਦਰ ਸਿੰਘ ਵੱਲੋਂ ਆਪਣੇ ਬੰਦਿਆਂ ਰਾਹੀਂ ਕਰਵਾਇਆ ਜਾ ਰਿਹਾ ਹੈ। ਇਸ ਮਾਮਲੇ ਸਬੰਧੀ ਗੁਰਦੀਪ ਸਿੰਘ ਵੱਲੋਂ ਥਾਣਾ ਕੋਟ ਈਸੇ ਖਾਂ ਵਿਖੇ ਸ਼ਿਕਾਇਤ ਵੀ ਦਰਜ ਕਰਵਾਈ ਗਈ ਸੀ। ਪਰਿਵਾਰ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਇਸ ਤੋਂ ਬਾਅਦ ਗੁਰਦੀਪ ਸਿੰਘ ਨੂੰ ਕਥਿਤ ਤੌਰ 'ਤੇ ਜੋਗਿੰਦਰ ਸਿੰਘ ਵੱਲੋਂ ਫੋਨ ਕਰਕੇ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ ਜਿਸ ਕਾਰਨ ਕਾਫੀ ਦਿਨਾਂ ਤੋਂ ਗੁਰਦੀਪ ਸਿੰਘ ਤੰਗ ਪ੍ਰੇਸ਼ਾਨ ਰਹਿੰਦਾ ਸੀ। ਅੱਜ ਸਵੇਰੇ ਵਾਪਰੀ ਇਸ ਘਟਨਾ ਤੋਂ ਬਾਅਦ ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਖ਼ੁਦਕੁਸ਼ੀ ਦੇ ਕਾਰਨਾਂ ਅਤੇ ਧਮਕੀਆਂ ਸਬੰਧੀ ਦੋਸ਼ਾਂ ਦੀ ਪੁਸ਼ਟੀ ਜਾਂਚ ਤੋਂ ਬਾਅਦ ਹੀ ਹੋ ਸਕੇਗੀ।

**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**ਪੂਰਵੋਤਰ ਰੇਲਵੇ**
ਭਾਰਤ ਦੇ ਰਾਸ਼ਟਰਪਤੀ ਵੱਲੋਂ **ਉਪ ਮੁੱਖ ਯਾਂਤ੍ਰਿਕ ਇੰਜੀਨਿਅਰ/ਕਾਰਜ**, ਵਾਸਤੇ ਮੁੱਖ ਕਾਰਖਾਨਾ ਪ੍ਰਬੰਧਕ, ਯਾਂਤ੍ਰਿਕ ਕਾਰਖਾਨਾ, ਗੋਰਖਪੁਰ ਵਲੋਂ ਹੇਠਾਂ ਲਿਖੇ ਕਾਰਜ ਦੇ ਲਈ ਔਨਲਾਈਨ (ਈ-ਟੇਂਡਰਿੰਗ) ਦੇ ਮਾਧਿਅਮ ਤੋਂ ਖੁਲੀ ਈ-ਨਿਵਿਦਾ ਆਮੰਤ੍ਰਿਤ ਕੀਤੀ ਜਾਂਦੀ ਹੈ।
**ਕ੍ਰ.ਸੰ. 1. ਈ-ਨਿਵਿਦਾ ਸੂਚਨਾ ਸੰ. ਅਤੇ ਨਿਵਿਦਾ ਕਾਰਜ ਦਾ ਵੇਰਵਾ** : ਟੇਂਡਰ ਨੰ. - 27-ਜੀਕੇਪੀ-ਐਮਡਬਲਿਊਐਸ-2026-27" "ਏਏਮਸੀ ਔਫ ਏਮਫਬਲਯੂਏਸ ਮਾਂਓਂਟੇਡ ਡਿਸਕ ਬ੍ਰੇਕ ਸਿਸਟਮ ਔਫ ਏਲਏਚਬੀ ਕੋਚੇਜ ਔਫ ਮੈਸਰਸ ਫੈਵੇਲੇ ਟ੍ਰਾਂਸਪੋਰਟ ਇੰਡਿਯਾ ਲਿਮਿਟੇਡ (ਏਫਟੀਆਈਏਲ) ਮੇਕ ਏਟ ਮੈਕੇਨਿਕਲ ਵਰਕਸ਼ਾਪ, ਗੋਰਖਪੁਰ"। **ਅਨੁਮਾਨਿਤ ਲਾਗਤ (ਰੁ ਵਿਚ)** : ਰੁ. 31,55,36,908.29, **ਧਰੋਹਰ ਰਾਸ਼ਿ (ਰੁ ਵਿਚ)** : ਰੁ. 63,10,700/-, **ਨਿਵਿਦਾ ਸਮਾਪਨ ਦੀ ਮਿਤੀ ਅਤੇ ਅਵਧਿ** : ਮਿਤੀ 11:00 ਵਜੇ, 29.10.2026 **ਨਿਵਿਦਾ ਪ੍ਰਪਤਰ ਦਾ ਮੁੱਲ** : ਰੁ. ਸ਼ੂਨਯ, **ਸੰਵਿਦਾ ਦੀ ਅਵਧਿ** : 24 ਮਹੀਨੇ। ਉਪਰੋਕਤ ਈ-ਨਿਵਿਦਾ ਦਾ ਪੂਰਾ ਵੇਰਵਾ ਅਤੇ ਨਿਵਿਦਾ 'ਚ ਭਾਗ ਲੈਣ ਲਈ ਭਾਰਤੀ ਰੇਲ ਦੀ ਵੇਬਸਾਈਟ ਸੰਖਿਆ ਵੇਬਸਾਈਟ http://www.ireps.gov.in 'ਤੇ ਦੇਖੋ।
ਉਪ ਮੁੱਖ ਯਾਂਤ੍ਰਿਕ ਇੰਜੀ०/ਕੰਮ
ਮੁਜਾਧਿ/ਯਾਂਤ੍ਰਿਕ-92 ਗੋਰਖਪੁਰ
ਟ੍ਰੈਨਾਂ ਵਿੱਚ ਬੀੜੀ/ਸਿਗਰੇਟ ਨਾ ਪੀਵੋ



ਅਸਲ ਪ੍ਰਸੰਨਤਾ ਉਦੋਂ ਮਿਲਦੀ ਹੈ ਜਦੋਂ ਰੂਹ ਹਰ ਤਰ੍ਹਾਂ ਦੀ ਭੁੱਖ ਤੋਂ ਉੱਪਰ ਪਹੁੰਚ ਜਾਵੇ। ਜਦੋਂ ਮਨ ਦੀ ਪਿਆਸ ਮੁੱਕ ਜਾਵੇ, ਜਦੋਂ ਤੁਹਾਡੇ ਤਨ ਦਾ ਲਿਬਾਸ ਹੀ ਰੇਸ਼ਮ ਤੋਂ ਸੋਹਣਾ ਮਹਿਸੂਸ ਹੋਣ ਲੱਗੇ...

# ਦਿਆਲਤਾ, ਪ੍ਰਸੰਨਤਾ ਤੇ ਕਰੂਰਤਾ



• ਰੋਜ਼ੀ ਸਿੰਘ
99889-64633

ਦੁਨੀਆ ਖ਼ੂਬਸੂਰਤ ਹੈ। ਕੁਦਰਤ ਨੇ ਪੂਰੀ ਕਾਇਨਾਤ ਨੂੰ ਦਿਲਕਸ਼ ਨਜ਼ਾਰਿਆਂ, ਹਰੇ ਭਰੇ ਜੰਗਲਾਂ, ਉੱਚੇ-ਵੱਡੇ ਪਹਾੜਾਂ, ਕਲ-ਕਲ ਕਰਦੇ ਝਰਨਿਆਂ, ਨਦੀਆਂ, ਦਰਿਆਵਾਂ, ਉਪਜਾਊ ਮੈਦਾਨਾਂ, ਹਜ਼ਾਰਾਂ ਕਿਸਮ ਦੇ ਫੁੱਲ ਬੂਟਿਆਂ, ਰੰਗ ਬੇਰੰਗੇ ਮੌਸਮਾਂ ਨਾਲ ਸਜਾਇਆ ਹੈ ਅਤੇ ਇਹ ਖ਼ੂਬਸੂਰਤ ਨਜ਼ਾਰੇ ਕਿਸੇ ਵੀ ਭੇਦ-ਭਾਵ, ਰੰਗ-ਨਸਲ, ਜਾਤ ਕੌਮ ਦੇ ਰੌਲੇ ਤੋਂ ਵਿਰਵੇ ਸਾਰੀ ਮਨੁੱਖਤਾ ਲਈ ਸਾਂਝੇ ਹਨ। ਦਿਨ ਅਤੇ ਰਾਤ ਦੀ ਖ਼ੂਬਸੂਰਤ ਵੰਡ ਨਾਲ ਦਿਨ ਦੀ ਸ਼ੁਰੂਆਤ ਅਤੇ ਅੰਤ ਹੁੰਦਾ ਹੈ। ਠੰਢੀ ਸਵੇਰ, ਤਿੱਖੜ ਦੁਪਹਿਰ ਅਤੇ ਸਾਂਵਲੀ ਸ਼ਾਮ ਜੀਵਨ ਫਲਸਫ਼ੇ ਨੂੰ ਦਰਸਾਉਂਦੇ ਤਿੰਨ ਪੜਾਅ ਹਨ। ਚੰਗੇ ਲੋਕ ਕੁਦਰਤ ਦੀਆਂ ਇਨ੍ਹਾਂ ਸਾਰੀਆਂ ਨਿਆਮਤਾਂ ਵਾਂਗ ਸਹਿਜਤਾ ਅਤੇ ਪ੍ਰੇਮ ਭਾਵਨਾ ਦੇ ਨਾਲ, ਬਿਨਾਂ ਕਿਸੇ ਕਾਹਲ, ਸਬਰ ਅਤੇ ਸੰਪੂਰਨਤਾ ਦੇ ਅਹਿਸਾਸ ਨਾਲ ਭਰੇ ਆਪਣੇ ਰਾਹਾਂ 'ਤੇ ਤੁਰੇ ਰਹਿੰਦੇ ਹਨ। ਚੰਗੇ ਵਿਅਕਤੀ ਕੋਲ ਚੰਗੇ ਲੋਕਾਂ ਦਾ ਆਉਣਾ ਜਾਣਾ ਲੱਗਾ ਹੀ ਰਹਿੰਦਾ ਹੈ। ਚੰਗਾ ਉਹ ਹੈ ਜੋ ਨਾ ਸਿਰਫ਼ ਚੰਗੇ ਕੰਮ ਕਰੇ ਸਗੋਂ ਚੰਗੇ ਸਮਾਜ ਦੀ ਕਲਪਨਾ ਦੇ ਦ੍ਰਿੜ ਸੰਕਲਪ ਦਾ ਧਾਰਨੀ ਹੋਵੇ। ਚੰਗਾ ਸਮਾਜ ਤਾਂ ਹੀ ਸਿਰਜਿਆ ਜਾ ਸਕਦਾ ਹੈ ਜੇਕਰ ਇਸ ਦੀ ਸ਼ੁਰੂਆਤ ਆਪਣੇ ਘਰ ਤੋਂ ਕੀਤੀ ਜਾਵੇ।ਦਿਆਲੂ ਮਨੁੱਖ ਨਾ ਸਿਰਫ਼ ਖ਼ੁਦ ਚੰਗਾ ਹੁੰਦਾ ਹੈ ਸਗੋਂ ਦੂਜਿਆਂ ਲਈ ਚੰਗੇ ਬਣਨ ਲਈ ਪ੍ਰੇਰਨਾ ਸਰੋਤ ਬਣਦਾ ਹੈ। ਭੈੜੇ ਵਿਅਕਤੀ ਭੀੜ ਵਿੱਚੋਂ ਵੀ ਪਛਾਣੇ ਜਾਂਦੇ ਹਨ ਕਿਉਂ ਜੋ ਉਹ ਭੀੜ ਨੂੰ ਵੀ ਓਸੇ ਰਾਹ ਤੁਰਨ ਲਈ ਹੱਲਾਸ਼ੇਰੀ ਦਿੰਦੇ ਦਿਖਾਈ ਦਿੰਦੇ ਹਨ ਜਿਸ ਰਾਹ 'ਤੇ ਉਹ ਆਪ ਤੁਰ ਰਹੇ ਹੁੰਦੇ ਹਨ।

ਚੰਗਾ ਵਿਅਕਤੀ ਕਦੇ ਵੀ ਭੈੜੇ ਮਨੁੱਖ ਕੋਲ ਨਹੀਂ ਜਾਂਦਾ ਸਗੋਂ ਘਟੀਆ ਲੋਕ ਚੰਗਿਆਂ ਨੂੰ ਟਿਕਣ ਨਹੀਂ ਦਿੰਦੇ। ਮਨੁੱਖ ਕੋਲ ਸੋਚਣ ਸ਼ਕਤੀ ਹੋਣ ਦੇ ਬਾਵਜੂਦ ਉਹ ਦੂਜੇ ਮਨੁੱਖਾਂ ਨੂੰ ਕਿਵੇਂ ਮਾਰ ਸਕਦਾ ਹੈ। ਇਹ ਸੋਚ ਕੇ ਹੀ ਰੂਹ ਤਪਣ ਲੱਗ ਪੈਂਦੀ ਹੈ।

ਕਰੂਰਤਾ ਭੈੜੇ ਲੋਕਾਂ ਦਾ ਵੱਡਾ ਅਵਗੁਣ ਹੁੰਦਾ ਹੈ, ਨਿਮਰਤਾ ਅਤੇ ਦਿਆਲਤਾ ਨਾਲ ਅਜਿਹੇ ਲੋਕਾਂ ਦਾ ਕੋਈ ਦੂਰ ਦਾ ਵੀ ਸਬੰਧ ਨਹੀਂ ਹੁੰਦਾ। ਪਰਉਪਕਾਰ ਦੀ ਭਾਵਨਾ ਭੈੜੇ ਲੋਕਾਂ ਦੀ ਜ਼ਿੰਦਗੀ ਵਿੱਚੋਂ ਮਨਫ਼ੀ ਹੁੰਦੀ ਹੈ। ਉਹ ਹਰ ਸ਼ੈਅ ਖੋਹ ਲੈਣ ਦੀ ਭਾਵਨਾ ਨਾਲ ਭਰੇ ਹੁੰਦੇ ਹਨ। ਪਰਉਪਕਾਰੀ ਮਨੁੱਖ ਖ਼ੁਦ ਭੁੱਖਾ ਰਹਿ ਕੇ ਦੂਜਿਆਂ ਦਾ ਢਿੱਡ ਭਰਨ ਵਿਚ ਪ੍ਰਸੰਨਤਾ ਮਹਿਸੂਸ ਕਰਦਾ ਹੈ। ਪ੍ਰਸੰਨ ਵਿਅਕਤੀ ਹਯਾਤੀ ਦੀਆਂ ਸਾਰੀਆਂ ਉਲਝਣਾਂ ਤੋਂ ਨਿਰਲੇਪ ਹੁੰਦਾ ਹੈ। ਉਹ ਦੂਜਿਆਂ ਦੀ ਕਿਸੇ ਵੀ ਤਰ੍ਹਾਂ ਦੀ ਨਿੰਦਿਆ ਚੁਗਲੀ ਤੋਂ ਆਪਣੇ ਆਪ ਨੂੰ ਵੰਚਿਤ ਰੱਖਦਾ ਹੈ। 1988 ਵਿਚ ਆਏ ਹੜ੍ਹਾਂ ਦੌਰਾਨ ਜਦੋਂ ਲੋਕਾਂ ਦਾ ਸਭ ਕੁੱਝ ਡੁੱਬ/ਰੁੜ੍ਹ ਗਿਆ ਤਾਂ ਇੱਕ ਕਿਸਾਨ ਨੇ ਕਮਰੇ ਦੀ ਪਰਛੱਤੀ ਉਤੇ ਬੀਜਣ ਵਾਸਤੇ ਰੱਖਿਆ ਇਕ ਤੋੜਾ ਕਣਕ ਦਾ ਬੀਜ ਵੀ ਪਿੰਡ ਦੇ ਲੋਕਾਂ ਲਈ ਲਾਏ ਲੰਗਰ ਲਈ ਦੇ ਦਿੱਤਾ। ਜਦੋਂ ਉਹ ਪਾਣੀ ਵਿੱਚੋਂ ਲੰਘ ਕੇ ਸੁੱਕੀ ਬਚੀ ਕਣਕ ਦਾ ਤੋੜਾ ਮੋਢੇ 'ਤੇ ਚੱਕ ਲੰਗਰ ਵਾਸਤੇ ਲਿਆ ਰਿਹਾ ਸੀ ਤਾਂ ਉਸਦੀ ਇਸ ਨਿਰਸਵਾਰਥ ਦਿਆਲਤਾ ਲਈ ਸਾਰੇ ਪਿੰਡ ਵਾਸੀਆਂ ਨੇ ਉਸ ਦਾ ਧੰਨਵਾਦ ਕੀਤਾ।

ਪਰਉਪਕਾਰ ਦੇ ਰਸਤੇ 'ਤੇ ਚੱਲਦਿਆਂ ਮਨੁੱਖ ਨੂੰ ਇਸ ਗੱਲ ਦੀ ਭੋਰਾ ਵੀ ਚਿੰਤਾ ਨਹੀਂ ਹੋਣੀ ਚਾਹੀਦੀ ਕਿ ਕਿਸੇ ਦੂਜੇ ਵਿਅਕਤੀ ਦੀ ਉਸ ਬਾਰੇ ਕਿਸ ਕਿਸਮ ਦੀ ਰਾਏ ਹੈ, ਉਸ ਨੂੰ ਬਸ ਇੰਨਾ ਪਤਾ ਹੋਣਾ ਚਾਹੀਦਾ ਹੈ ਕਿ ਉਸ ਨੂੰ ਮੁਹੱਬਤ ਕਰਨ ਵਾਲੇ ਲੋਕਾਂ ਤੋਂ ਵੱਡਾ ਤੇ ਸਤਿਕਾਰਯੋਗ ਹੋਰ ਕੋਈ ਨਹੀਂ ਹੈ।

ਟਕਰਾਓ ਅਤੇ ਵੈਰ ਵਿਰੋਧ ਦਾ ਸਿਲਸਿਲਾ ਓਦੋਂ ਹੀ ਚੱਲਦਾ ਹੈ ਜਦੋਂ ਵਿਅਕਤੀ ਆਪਣੇ ਨਿਸ਼ਾਨੇ ਤੋਂ ਭਟਕ ਜਾਂਦਾ ਹੈ ਅਤੇ ਉਸ ਨੂੰ ਹੋਰ ਸਾਰੇ ਲੋਕ ਆਪਣੇ ਵਿਰੋਧ ਵਿਚ ਖੜ੍ਹੇ ਦਿਖਾਈ ਦੇਣ ਲੱਗ ਪੈਂਦੇ ਹਨ। ਅਜਿਹੇ ਵਿਚ ਉਹ ਨਿਮਰਤਾ, ਦਿਆਲਤਾ ਅਤੇ ਪਰਉਪਕਾਰ ਜਿਹੇ ਸਦਗੁਣ ਭੁੱਲ ਕੇ ਖ਼ੁਦ ਆਪ ਤਰਸ ਦਾ ਪਾਤਰ ਬਣ ਜਾਂਦਾ ਹੈ। ਭਟਕ ਜਾਣਾ ਕੋਈ ਵੱਡੀ ਗੱਲ ਨਹੀਂ ਭਟਕੇ ਰਹਿਣਾ ਮਾੜੀ ਗੱਲ ਹੈ। ਜਦੋਂ ਮਨੁੱਖ ਸੱਚਾਈ ਤੋਂ ਸੱਖਣਾ ਅਤੇ ਤਰਕ ਤੋਂ ਵਾਂਝਾ ਹੋ ਜਾਂਦਾ ਹੈ ਤਾਂ ਮਿਹਣਿਆਂ, ਉਲਾਂਭਿਆਂ ਅਤੇ ਗਾਲ੍ਹਾਂ ਵਰਗੇ ਹਥਿਆਰਾਂ 'ਤੇ ਉਤਰ ਆਉਂਦਾ ਹੈ। ਅਸੀਂ ਜੋ ਦੂਜਿਆਂ ਕੋਲੋਂ ਖੋਹ ਲੈਣਾ ਚਾਹੁੰਦੇ ਹਾਂ, ਕੁਝ ਲੋਕ ਓਹੀ ਕੁਝ ਸਾਡੇ ਕੋਲੋਂ ਖੋਹ ਲੈਣਾ ਚਾਹੁੰਦੇ ਹਨ। ਮਨੁੱਖ ਦੀ ਭੁੱਖ ਵੀ ਕਿੰਨੀ ਖ਼ਤਰਨਾਕ ਹੁੰਦੀ ਏ।

ਅਸਲ ਪ੍ਰਸੰਨਤਾ ਉਦੋਂ ਮਿਲਦੀ ਹੈ ਜਦੋਂ ਰੂਹ ਹਰ ਤਰ੍ਹਾਂ ਦੀ ਭੁੱਖ ਤੋਂ ਉੱਪਰ ਪਹੁੰਚ ਜਾਵੇ। ਜਦੋਂ ਮਨ ਦੀ ਪਿਆਸ ਮੁੱਕ ਜਾਵੇ, ਜਦੋਂ ਤੁਹਾਡੇ ਤਨ ਦਾ ਲਿਬਾਸ ਹੀ ਰੇਸ਼ਮ ਤੋਂ ਸੋਹਣਾ ਮਹਿਸੂਸ ਹੋਣ ਲੱਗੇ। ਭਾਵੁਕਤਾ, ਸੰਵੇਦਨਸ਼ੀਲਤਾ, ਪਰਉਪਕਾਰੀ ਵਿਅਕਤੀ ਦੇ ਅਜਿਹੇ ਗੁਣ ਹਨ ਜੋ ਉਸ ਦੇ ਰੋਮ-ਰੋਮ ਵਿਚ ਵਸੇ ਅਹਿਸਾਸ ਵਾਂਗ ਹੀ ਉਸ ਦੇ ਨਾਲ-ਨਾਲ ਚੱਲਦੇ ਰਹਿੰਦੇ ਹਨ। ਦਿਆਵਾਨ ਮਨੁੱਖ ਲੋਕਾਈ ਦੇ ਦੁੱਖਾਂ ਨੂੰ ਦੇਖ ਕੇ ਵੀ ਦੁਖੀ ਅਤੇ ਤਕਲੀਫ਼ਜ਼ਦਾ ਮਹਿਸੂਸ ਕਰਦਾ ਹੈ। ਉਸ ਦੀ ਇਹ ਵਿਅਕੁਲਤਾ ਉਸ ਨੂੰ ਦਿਆਲਤਾ ਅਤੇ ਉਦਾਰਤਾ ਵਰਗੇ ਸਦਗੁਣਾ ਵੱਲ ਲੈ ਜਾਂਦੀ ਹੈ। ਆਪਣਿਆਂ ਅਤੇ ਬੇਗਾਨਿਆਂ ਨਾਲ ਇਕੋ ਜਿਹਾ ਮੋਹ ਕਰਨ ਵਾਲਾ ਹੀ ਅਸਲ ਵਿਚ ਇਨਸਾਨੀਅਤ ਨੂੰ ਮੁਹੱਬਤ ਕਰਨ ਵਾਲਾ ਕਹਿਲਾਉਂਦਾ ਹੈ। ਇਸ ਮੋਹ-ਭਾਵਨਾ ਨਾਲ ਭਰਿਆ ਵਿਅਕਤੀ ਆਪਣੇ ਸੁਭਾਅ ਮੁਤਾਬਿਕ ਚੱਲਣ ਲਈ ਹਰ ਕੁਰਬਾਨੀ ਕਰਨ ਲਈ ਤਿਆਰ ਹੋ ਜਾਂਦਾ ਹੈ।

### ਨਿਰਸੁਆਰਥ ਦਿਆਲਤਾ

16ਵੀਂ ਸਦੀ ਵਿੱਚ ਰੋਮਨ ਦੇ ਰਾਜਾ ਸਿਮੋਨ ਨੂੰ ਕੈਦ ਕਰ ਦਿੱਤਾ ਗਿਆ ਅਤੇ ਉਸ ਨੂੰ ਓਦੋਂ ਤਕ ਭੁੱਖੇ ਰੱਖਣ ਦੀ ਸਜ਼ਾ ਸੁਣਾਈ ਗਈ ਜਦੋਂ ਤਕ ਉਸ ਦੀ ਮੌਤ ਨਹੀਂ ਹੋ ਜਾਂਦੀ। ਕੈਦ ਦੌਰਾਨ ਭੁੱਖੇ ਪਿਆਸੇ ਸਿਮੋਨ ਦੀ ਹਾਲਤ ਬਹੁਤ ਖ਼ਰਾਬ ਹੋ ਗਈ। ਉਸਦੀ ਧੀ ਪੈਰੋ ਨੇ ਜੇਲ੍ਹ ਅਧਿਕਾਰੀਆਂ ਨੂੰ ਬੇਨਤੀ ਕਰ ਕੇ ਆਪਣੇ ਪਿਤਾ ਨੂੰ ਰੋਜ਼ ਮਿਲਣ ਦੀ ਇਜਾਜ਼ਤ ਲੈ ਲਈ। ਪੈਰੋ ਤੋਂ ਆਪਣੇ ਪਿਤਾ ਦੀ ਹਾਲਤ ਵੇਖੀ ਨਾ ਜਾਂਦੀ ਤਾਂ ਉਸ ਨੇ ਆਪਣੇ ਪਿਤਾ ਦੀ ਜਾਨ ਬਚਾਉਣ ਲਈ ਉਸ ਨੂੰ ਆਪਣਾ ਦੁੱਧ ਪਿਆਉਣ ਦਾ ਫ਼ੈਸਲਾ ਕੀਤਾ। ਉਹ ਰੋਜ਼ ਜੇਲ੍ਹ ਵਿਚ ਖ਼ਾਲੀ ਹੱਥ ਆਉਂਦੀ ਅਤੇ ਆਪਣੇ ਪਿਤਾ ਨੂੰ ਆਪਣੀਆਂ ਛਾਤੀਆਂ 'ਚੋਂ ਦੁੱਧ ਪਿਆਉਂਦੀ। ਇਹ ਸਿਲਸਿਲਾ ਚਲਦਾ ਰਿਹਾ ਅਤੇ ਸਿਮੋਨ ਦੀ ਸਿਹਤ ਵਿਚ ਸੁਧਾਰ ਆਉਣ ਲੱਗਾ। ਇਸ ਕਾਰਵਾਈ ਦਾ ਜਦੋਂ ਜੇਲ੍ਹ ਅਧਿਕਾਰੀਆਂ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੇ ਪੈਰੋ ਨੂੰ ਵੀ ਕੈਦ ਕਰ ਲਿਆ। ਜਦੋਂ ਉਨ੍ਹਾਂ ਨੂੰ ਹਾਕਮ ਅੱਗੇ ਪੇਸ਼ ਕੀਤਾ ਗਿਆ ਤਾਂ ਪੈਰੋ ਦੀ ਬੇਮਿਸਾਲ, ਨਿਰਸੁਆਰਥ ਦਿਆਲਤਾ ਨੇ ਹਾਕਮ ਨੂੰ ਬਹੁਤ ਪ੍ਰਭਾਵਤ ਕੀਤਾ ਅਤੇ ਇਸ ਤਰ੍ਹਾਂ ਉਨ੍ਹਾਂ ਦੋਹਾਂ ਪਿਓ-ਧੀ ਨੂੰ ਰਿਹਾਈ ਮਿਲ ਗਈ।

ਇਸ ਗਾਥਾ ਸਬੰਧੀ ਰੋਮ ਦੇ ਇਕ ਚਿੱਤਰਕਾਰ ਨੇ ਇਕ ਪੇਂਟਿੰਗ ਵੀ ਬਣਾਈ ਜਿਸ ਦਾ ਵਿਸ਼ਵ ਭਰ ਵਿਚ ਵਿਰੋਧ ਵੀ ਹੋਇਆ ਅਤੇ ਇਸ ਦੇ ਹੱਕ ਵਿਚ ਵੀ ਆਵਾਜ਼ਾਂ ਉੱਠੀਆਂ। ਪਰ ਜੋ ਵੀ ਸੀ ਇਕ ਧੀ ਨੇ ਇਸ ਤਰ੍ਹਾਂ ਦੀ ਬੇਮਿਸਾਲ ਕੁਰਬਾਨੀ ਨਾਲ ਆਪਣੇ ਪਿਆਰੇ ਪਿਤਾ ਦੀ ਜਾਨ ਬਚਾ ਲਈ। ਚੰਗੇ ਜਾਂ ਮਾੜੇ ਦਾ ਫ਼ੈਸਲਾ ਦੇਖਣ ਸੁਣਨ ਵਾਲੇ ਨੇ ਆਪਣੇ ਨਜ਼ਰੀਏ ਮੁਤਾਬਿਕ ਕਰਨਾ ਹੁੰਦਾ ਹੈ। ਸਮਾਜ ਸਾਨੂੰ ਓਹੀ ਕੁਝ ਵਾਪਸ ਦਿੰਦਾ ਹੈ ਜੋ ਕੁਝ ਅਸੀਂ ਸਮਾਜ ਨੂੰ ਦਿੰਦੇ ਹਾਂ। ਸਾਨੂੰ ਦਰਿਆ ਜਾਂ ਸਮੁੰਦਰ ਵਾਂਗ ਹੋਣ ਦੀ ਜ਼ਰੂਰਤ ਹੈ। ਦਰਿਆ ਜਾਂ ਸਮੁੰਦਰ ਹਰ ਉਸ ਸ਼ੈਅ ਨੂੰ ਬਾਹਰ ਵਗਾਹ ਮਾਰਦਾ ਹੈ ਜਿਹੜੀ ਸ਼ੈਅ ਉਸਦੇ ਅਨਕੂਲ ਨਾ ਹੋਵੇ।

### ਕਰੂਰਤਾ ਤਿਆਗਣ ਦੀ ਲੋੜ

ਜਿੰਨਾ ਚਿਰ ਤੁਹਾਨੂੰ ਆਪਣੀ ਕਾਬਲੀਅਤ ਅਤੇ ਸਮਰੱਥਾ 'ਤੇ ਭਰੋਸਾ ਨਹੀਂ, ਤੁਹਾਡਾ ਆਤਮ-ਵਿਸ਼ਵਾਸ ਸਥਿਰ ਨਹੀਂ ਰਹੇਗਾ। ਲੋੜ ਚੰਗੇ ਬਣਨ ਦੀ ਹੈ ਪਰ ਅਜੋਕੇ ਵੇਲੇ ਬਹੁਤੇ ਲੋਕ ਇਸ ਦੇ ਉਲਟ ਕਰੂਰਤਾ ਵਾਲੇ ਪਾਸੇ ਜ਼ਿਆਦਾ ਉਲਾਰ ਹਨ। ਨਿੱਕੀ ਮੋਟੀ ਗੱਲ ਤੋਂ ਤਲਵਾਰਾਂ ਬੰਦੂਕਾਂ ਨਿਕਲ ਜਾਂਦੀਆਂ ਹਨ। ਛੋਟੇ ਮੋਟੇ ਝਗੜੇ ਵੱਡੀਆਂ ਜੰਗਾਂ ਦੇ ਮੈਦਾਨ ਬਣ ਰਹੇ ਹਨ। ਥਾਂ-ਥਾਂ ਅੱਗਾਂ ਲੱਗ ਰਹੀਆਂ ਹਨ, ਇਨਾ ਅੱਗਾਂ ਦੇ ਸੇਕ ਵਿੱਚ ਸੈਕੜੇ ਬੇਦੋਸ਼ੇ ਝੁਲਸ ਰਹੇ ਹਨ। ਇਕ ਨਿੱਕੀ ਜਿਹੀ ਚੁਆਤੀ ਪਿੰਡਾਂ/ਸ਼ਹਿਰਾਂ ਨੂੰ ਰਾਖ ਵਿਚ ਤਬਦੀਲ ਕਰਨ ਵਿਚ ਸਮਰੱਥ ਹੋ ਜਾਂਦੀ ਹੈ।

ਡਾਕੇ ਲੁੱਟਾਂ ਖੋਹਾਂ, ਜਬਰ-ਜ਼ਿਨਾਹ, ਕਤਲੋ ਗਾਰਤ, ਅਗਵਾ, ਹੱਤਿਆਵਾਂ ਦੀਆਂ ਘਟਨਾਵਾਂ ਮਨੁੱਖ ਦੇ ਕਰੂਰ ਹੋਣ ਦੀ ਹੀ ਨਿਸ਼ਾਨਦੇਹੀ ਕਰਦੀਆਂ ਹਨ। ਇਸ ਦੇ ਬਾਵਜੂਦ ਕਿ ਹਰ ਧਰਮ ਦੇ ਤਕਰੀਬਨ 50 ਫ਼ੀਸਦੀ ਲੋਕਾਂ ਨੂੰ ਸ਼ੂਗਰ ਰੋਗ ਹੈ ਫਿਰ ਵੀ ਇਹ ਇਕ ਦੂਜੇ ਪ੍ਰਤੀ ਜ਼ਹਿਰ ਹੀ ਉਗਲਦੇ ਨੇ।

ਪਿਆਰ, ਮੁਹੱਬਤ, ਦਿਆ, ਸੰਵੇਦਨਾ, ਪਰਉਪਕਾਰ, ਤਰਸ ਆਦਿ ਸ਼ਬਦ ਮਨੁੱਖ ਦੇ ਸ਼ਬਦਕੋਸ਼ ਵਿੱਚੋਂ ਗਾਇਬ ਹੋ ਰਹੇ ਹਨ। ਜਾਇਦਾਦ ਅਤੇ ਦੌਲਤ ਲਈ ਭਰਾ-ਭਰਾ ਨੂੰ ਮਾਰ ਰਿਹਾ ਹੈ, ਪੁੱਤਰ ਪਿਤਾ ਦਾ ਕਾਤਲ ਬਣ ਰਿਹਾ ਹੈ। ਤਿਆਗ ਦੀ ਭਾਵਨਾ ਦਾ ਭੋਗ ਪੈ ਗਿਆ ਹੈ। ਇਤਬਾਰ, ਰਸੂਖ ਅਤੇ ਖਲੂਸ ਕਿਧਰੇ ਵੀ ਦਿਖਾਈ ਨਹੀਂ ਦਿੰਦਾ। ਹੁਣ ਤਾਂ ਇਹੋ ਫ਼ੈਸਲਾ ਕਰਨ ਔਖਾ ਹੋ ਗਿਆ ਹੈ ਕਿ ਚੰਗਾ ਕੌਣ ਹੈ ਅਤੇ ਮਾੜਾ ਕੌਣ ਹੈ।ਬਹੁਤੀ ਵਾਰੀ ਦਾ ਮਨੁੱਖ ਦੀ ਦਸ਼ਾ ਇਹ ਹੁੰਦੀ ਹੈ ਕਿ ਲੁੱਟੇ ਤਾਂ ਜਾਣਾ ਹੀ ਹੈ ਚਲੋ ਥੋੜ੍ਹੇ ਘੱਟ ਮਾੜੇ ਵਿਅਕਤੀ ਹੱਥੋਂ ਹੀ ਲੁੱਟੇ ਜਾਈਏ। ਇਕ ਵਿਅਕਤੀ ਦੀ ਆਪਣੇ ਸਹੁਰਿਆਂ ਨਾਲ ਬਿਲਕੁੱਲ ਨਹੀਂ ਸੀ ਬਣਦੀ, ਕਿਉਂਕਿ ਉਸ ਵਿਅਕਤੀ ਵਿਚ ਇਕ ਵੀ ਅਜਿਹੀ ਆਦਤ ਨਹੀਂ ਸੀ ਜਿਹੜੀ ਚੰਗੀ ਹੋਵੇ ਅਤੇ ਸਹੁਰਿਆਂ ਨੂੰ ਪਸੰਦ ਹੋਵੇ। ਨਿਤ ਦਿਨ ਸਹੁਰੇ ਪਰਿਵਾਰ ਨਾਲ ਕਲੇਸ਼ ਪਿਆ ਰਹਿੰਦਾ।

ਕੁਝ ਸਾਲਾਂ ਬਾਅਦ ਉਸ ਦਾ ਸਹੁਰਾ ਪਰਿਵਾਰ ਉਸ ਦੀ ਬਹੁਤ ਖਾਤਰਦਾਰੀ ਅਤੇ ਇੱਜ਼ਤ ਕਰਨ ਲੱਗ ਪਿਆ। ਜਦੋਂ ਉਸ ਵਿਅਕਤੀ ਦੇ ਦੋਸਤਾਂ ਨੇ ਇਸ ਦਾ ਰਾਜ਼ ਜਾਣਨਾ ਚਾਹਿਆ ਤਾਂ ਉਸ ਨੇ ਕਿਹਾ ਕਿ ਇਸ ਦਾ ਕਾਰਨ ਸਹੁਰਿਆਂ ਦਾ ਦੂਜਾ ਜਵਾਈ ਹੈ। ਉਹ ਏਨਾ ਘਟੀਆ ਨਿਕਲਿਆ ਕਿ ਸਹੁਰੇ ਮਹਿਸੂਸ ਕਰਨ ਲੱਗ ਪਏ ਕੇ ਇਸ ਤੋਂ ਚੰਗਾ ਤਾਂ ਸਾਡਾ ਪਹਿਲਾ ਜਵਾਈ ਹੈ। ਇਸ ਤਰ੍ਹਾਂ ਮੇਰੀ ਤੇ ਉਨ੍ਹਾਂ ਦੀ ਬਣਨ ਲੱਗ ਪਈ। ਅਜਿਹਾ ਹਾਲ ਹੀ ਸਾਡੀਆਂ ਅਜੋਕੀਆਂ ਸਰਕਾਰਾਂ ਦਾ ਹੈ। ਲੋਕ ਬਸ ਲੁੱਟ ਦਾ ਸ਼ਿਕਾਰ ਹਨ ਸਿਰਫ਼ ਉਹ ਅਜਿਹੀ ਰਾਜਨੀਤਕ ਪਾਰਟੀ ਦੀ ਹੀ ਚੋਣ ਕਰਦੇ ਹਨ ਜਿਹੜਾ ਥੋੜ੍ਹਾ ਘੱਟ ਲੁੱਟ ਮਚਾਵੇ। •

### ਆਪਸੀ ਸਹਿਯੋਗ ਦੀ ਲੋੜ

ਮਿਲਵਰਤਨ ਅਤੇ ਦੂਜੇ ਨੂੰ ਨਾਲ ਲੈ ਕੇ ਚੱਲਣ ਦਾ ਰੁਝਾਨ ਮੁੱਕ ਗਿਆ ਹੈ। ਹੇਠਾਂ ਵੇਖ ਕੇ ਚੱਲੋਗੇ ਆਪਣੇ ਆਪ ਉੱਚੇ ਹੁੰਦੇ ਜਾਓਗੇ। ਅਮੀਰੀ ਦਿਲ ਦੀ ਹੁੰਦੀ ਹੈ, ਕਰੋੜਾਂ ਰੁਪੈ ਇਕੱਠੇ ਕਰਨ ਵਾਲੇ ਵੀ ਸ਼ੋਹਦੇ ਹੀ ਨਜ਼ਰੀ ਆਉਂਦੇ ਹਨ। ਇਕ ਨੌਕਰਾਣੀ ਕੱਪੜੇ ਦੀ ਦੁਕਾਨ 'ਤੇ ਗਈ ਅਤੇ ਦੁਕਾਨਦਾਰ ਨੂੰ ਸੰਬੋਧਨ ਹੁੰਦਿਆਂ ਬੋਲੀ, 'ਕੋਈ ਸੋਹਣਾ ਅਤੇ ਮਹਿੰਗਾ ਜਿਹਾ ਸੂਟ ਦਿਖਾਓ ਮੈਂ ਆਪਣੀ ਮਾਲਕਿਨ ਨੂੰ ਉਸਦੇ ਮੁੰਡੇ ਦੇ ਵਿਆਹ 'ਤੇ ਤੋਹਫ਼ਾ ਦੇਣਾ ਹੈ।' ਕੁਝ ਦਿਨ ਬਾਅਦ ਓਸੇ ਹੀ ਦੁਕਾਨ 'ਤੇ ਮਾਲਕਿਨ ਗਈ ਅਤੇ ਦੁਕਾਨਦਾਰ ਨੂੰ ਸੰਬੋਧਨ ਹੁੰਦਿਆਂ ਬੋਲੀ 'ਕੋਈ ਸਸਤਾ ਜਿਹਾ ਸੂਟ ਦਿਖਾਓ ਨੌਕਰਾਣੀ ਵਾਸਤੇ।' ਜਦੋਂ ਇਹ ਪਤਾ ਲੱਗ ਜਾਵੇ ਕਿ ਅਸੀਂ ਕੀ ਹਾਂ ਬਹੁਤ ਸਾਰੀਆਂ ਤ੍ਰਿਸ਼ਨਾਵਾਂ ਤੋਂ ਅਸੀਂ ਮੁਕਤੀ ਪਾ ਲੈਂਦੇ ਹਾਂ। ਆਪਣੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਦੇ ਨਾਲ-ਨਾਲ, ਜ਼ੁਲਮ ਵਿਰੁੱਧ ਬੋਲਣ ਦੀ ਤਾਕਤ ਵੀ ਦਿਓ। ਉਨ੍ਹਾਂ ਨੂੰ ਦੱਸੋ ਕਿ ਹਮੇਸ਼ਾ ਝੂਠ ਦਾ ਰਾਜ ਨਹੀਂ ਰਹਿੰਦਾ ਦੇਰ ਨਾਲ ਹੀ ਸਹੀ ਸੱਚਾਈ ਦੀ ਜਿੱਤ ਜ਼ਰੂਰ ਹੁੰਦੀ ਹੈ। ਉਨ੍ਹਾਂ ਨੂੰ ਨਿਰਪੱਖ ਸੋਚ ਦੇ ਧਾਰਨੀ ਬਣਾਓ, ਵੈਰ ਵਿਰੋਧ ਤੋਂ ਬਚਣ ਦਾ ਸਲੀਕਾ ਵੀ ਦੱਸੋ। ਬੱਚਿਆਂ ਨੂੰ ਨਿਮਰਤਾ, ਪਰਉਪਕਾਰ ਦਇਆ-ਭਾਵਨਾ ਨਾਲ ਭਰਪੂਰ ਪ੍ਰਸੰਨ ਜੀਵਨ ਵੱਲ ਜਾਣ ਵਾਲਾ ਰਸਤਾ ਤਲਾਸ਼ ਕੇ ਦਿਓ। ਤੁਸੀਂ ਸਹਿਜ-ਸੁਹਜ, ਦਿਆਲੂ ਅਤੇ ਸੰਵੇਦਨਸ਼ੀਤਾ ਨਾਲ ਜ਼ਿੰਦਗੀ ਬਸਰ ਕਰਨ ਵੱਲ ਇਕ ਕਦਮ ਪੁੱਟੋਗੇ ਪ੍ਰਸੰਨਤਾ ਤੁਹਾਡੇ ਘਰ ਦੀ ਸਰਦਲ 'ਤੇ ਆਣ ਬੈਠੇਗੀ। ਪ੍ਰਸੰਨ ਵਿਅਕਤੀ ਕੋਲ ਹੀ ਜ਼ਿੰਦਗੀ ਜਿਉਣ ਦਾ ਹੁਨਰ ਹੁੰਦਾ ਹੈ, ਬਾਕੀ ਸਭ ਤਾਂ ਜ਼ਿੰਦਗੀ ਭੋਗ ਕੇ ਇਸ ਜਹਾਨ ਤੋਂ ਰੁਖ਼ਸਤ ਹੋ ਜਾਂਦੇ ਹਨ।

### ਕੁਰਬਾਨੀ ਦੀ ਭਾਵਨਾ

ਅਸਲ ਤਿਆਗੀ, ਦਿਆਲੂ ਤੇ ਖ਼ੂਬਸੂਰਤ ਮਨੁੱਖ ਉਹ ਹੈ ਜਿਹੜਾ ਉਨ੍ਹਾਂ ਨੂੰ ਵੀ ਮਾਫ਼ ਕਰ ਦੇਵੇ ਜਿਹੜੇ ਮਾਫ਼ੀ ਦੇ ਕਾਬਲ ਵੀ ਨਾ ਹੋਣ। ਅਸੀਂ ਕਬਜ਼ੇ ਕਰਨ ਦੀ ਭਾਵਨਾ ਨਾਲ ਜੀਉਂਦੇ ਪਏ ਹਨ ਜਦੋਂ ਕਿ ਮਨੁੱਖਤਾ ਨੂੰ ਬਚਾਉਣ ਲਈ ਕੁਰਬਾਨੀ ਦੀ ਭਾਵਨਾ ਵਾਲਾ ਸੰਕਲਪ ਪੈਦਾ ਕਰਨ ਦੇ ਸਾਹਸੀ ਫ਼ੈਸਲੇ ਲੈਣ ਦੀ ਵਧੇਰੇ ਜ਼ਰੂਰਤ ਹੈ। ਇਹ ਵਕਤ ਦਾ ਤਕਾਜ਼ਾ ਹੀ ਹੁੰਦਾ ਹੈ ਕਿ ਮੋਢਿਆਂ 'ਤੇ ਖੂੰਡਾ ਚੁੱਕੀ ਫਿਰਦਾ ਬੰਦਾ ਇਕ ਦਿਨ ਖੂੰਡੀ ਨਾਲ ਤੁਰਨ ਲਈ ਮਜਬੂਰ ਹੋ ਜਾਂਦਾ ਹੈ। ਸਾਨੂੰ ਕੁਝ ਬਦਲਣ ਦੇ ਸੁਹਿਰਦ ਉਪਰਾਲੇ ਕਰਨੇ ਚਾਹੀਦੇ ਹਨ ਪਰ ਅਸੀਂ ਹਰ ਵੇਲੇ ਬਦਲੇ ਲੈਣ ਵਿਚ ਮਸ਼ਰੂਫ ਰਹਿੰਦੇ ਹਨ। ਕਾਸ਼ ਮਨੁੱਖ ਕੋਲ ਅਜਿਹੀ ਬੌਧਿਕ ਸ਼ਕਤੀ ਹੋਵੇ ਜੋ ਕਰੋਧ ਨੂੰ ਮੌਜ ਅਤੇ ਅੱਗ ਨੂੰ ਪ੍ਰਕਾਸ਼ ਵਿਚ ਬਦਲ ਦੇਵੇ। ਦੁਨੀਆ ਸਿਰਫ਼ ਦੋ ਤਰ੍ਹਾਂ ਦੇ ਲੋਕਾਂ ਨੂੰ ਯਾਦ ਰੱਖਦੀ ਹੈ, ਭੈੜੇ ਅਤੇ ਚੰਗੇ। ਤੁਸੀਂ ਕਿਵੇਂ ਯਾਦ ਰਹਿਣਾ ਹੈ ਇਹ ਤੁਹਾਡੇ ਹੱਥ-ਵੱਸ ਹੈ। ਮਨੁੱਖ ਭਾਵੇਂ ਸਮਾਜਿਕ ਜੀਵ ਹੈ ਪਰ ਹਰ ਤਰ੍ਹਾਂ ਦੇ ਗ਼ੈਰ ਸਮਾਜਿਕ ਕੰਮ ਮਨੁੱਖ ਹੀ ਕਰਦਾ ਹੈ। ਬਾਕੀ ਸਭ ਜੀਵ ਤਾਂ ਕੁਦਰਤ ਦੇ ਭਾਣੇ ਵਿਚ ਹੀ ਰਹਿੰਦੇ ਹਨ। ਮਨੁੱਖ ਉਚਾ ਹੋਣ ਦੀ ਚਾਹਤ ਵਿਚ ਸਭ ਕੁਝ ਲਤਾੜ ਕੇ ਅੱਗੇ ਲੰਘਣ ਦੀ ਦੌੜ ਵਿਚ ਸ਼ਾਮਿਲ ਹੈ।





# ਡਾਲੀ ਨਾਲੋਂ ਨਾ ਤੋੜ ਅਸਾਨੂੰ

• ਗੁਰਬਿੰਦਰ ਸਿੰਘ ਮਾਣਕ, 9815356086

ਮਹਿਕਾਂ ਬਿਖੇਰਦੇ ਫੁੱਲਾਂ ਦੀ ਵੀ ਅਜੀਬ ਹੋਣੀ ਹੈ। ਕਦੇ ਇਹ ਗਲ਼ ਦਾ ਹਾਰ ਬਣ ਕੇ ਵਿਅਕਤੀ ਦੀ ਹੋਭਾ ਨੂੰ ਚਾਰ ਚੰਨ ਲਾਉਂਦੇ ਹਨ ਤੇ ਕਦੇ ਉਦਾਸੀ ਦੇ ਮਾਹੌਲ ਵਿਚ ਵਿਛੜ ਚੁੱਕੇ ਵਿਅਕਤੀ ਲਈ ਖ਼ਾਮੋਸ਼ ਸ਼ਰਧਾਂਜਲੀ ਬਣ ਜਾਂਦੇ ਹਨ। ਫੁੱਲਾਂ ਦੇ ਵਿਸ਼ਾਲ ਸੰਸਾਰ ਦੀਆਂ ਅਨੇਕਾਂ ਖ਼ੂਬਸੂਰਤ ਵੰਨਗੀਆਂ, ਰੰਗ-ਰੂਪ ਤੇ ਮਹਿਕ ਮਨੁੱਖੀ ਮਨ ਵਿਚ ਕੁਦਰਤ ਦੇ ਇਸ ਵਰਤਾਰੇ ਪ੍ਰਤੀ ਅਚੰਭਾ ਪੈਦਾ ਕਰਦੇ ਹਨ। ਕਿਸੇ ਦੀ ਸੁੰਦਰਤਾ ਨੂੰ ਫੁੱਲਾਂ ਨਾਲ ਉਪਮਾ ਦੇ ਕੇ ਅਸਲ ਵਿਚ ਇਸ ਖ਼ੂਬਸੂਰਤ ਸਿਰਜਣਾ ਨੂੰ ਹੀ ਵਡਿਆਇਆ ਜਾਂਦਾ ਹੈ। ਕਿਸੇ ਸਥਾਨ ਨੂੰ ਸੁਹਾਵਣਾ ਤੇ ਸੁਹਜਮਈ ਬਣਾਉਣ ਵਿਚ ਹਸੀਨ ਫੁੱਲਾਂ ਦੀ ਹੋਂਦ ਵੱਡੀ ਭੂਮਿਕਾ ਅਦਾ ਕਰਦੀ ਹੈ। ਫੁੱਲਾਂ ਦੀ ਉਮਰ ਭਾਵੇਂ ਪਲਾਂ-ਛਿਣਾਂ ਦੀ ਹੁੰਦੀ ਹੈ ਪਰ ਇਸ ਛੋਟੀ ਜਿਹੀ ਆਉਧ ਵਿਚ ਹੀ ਇਹ ਆਲੇ-ਦੁਆਲੇ ਨੂੰ ਮਹਿਕਾਂ ਵੰਡਦੇ ਆਪਾ ਵਾਰ ਕੇ ਤੁਰ ਜਾਂਦੇ ਹਨ। ਭਾਈ ਵੀਰ ਸਿੰਘ ਨੇ ਫੁੱਲਾਂ ਦੀ ਹੋਣੀ ਦੀ ਦਰਦਮਈ ਵਿੱਥਿਆ ਨੂੰ ਆਪਣੀ ਇਕ ਕਵਿਤਾ ਵਿਚ ਇੰਜ ਬਿਆਨ ਕੀਤਾ ਹੈ :-

'ਡਾਲੀ ਨਾਲੋਂ ਨਾ ਤੋੜ ਅਸਾਨੂੰ,
ਅਸਾਂ ਹੱਟ ਮਹਿਕ ਦੀ ਲਾਈ।'

ਆਧੁਨਿਕ ਸਮੇਂ 'ਚ ਮਨੁੱਖੀ ਜੀਵਨ 'ਚ ਫੁੱਲਾਂ ਦੀ ਮੰਗ ਲਗਾਤਾਰ ਵਧਣ ਦੇ ਸਿੱਟੇ ਵਜੋਂ ਫੁੱਲਾਂ ਦਾ ਵਪਾਰ ਵੱਡੀ ਪੱਧਰ 'ਤੇ ਹੋਣ ਲੱਗ ਪਿਆ ਹੈ। ਫੁੱਲਾਂ ਦੀ ਇਹ ਸਨਅਤ ਕਰੋੜਾਂ ਰੁਪਏ ਦਾ ਵਪਾਰ ਕਰਦੀ ਹੈ...

ਜਿਹੜੇ ਘਰ, ਅਦਾਰੇ, ਵਿਦਿਅਕ ਸੰਸਥਾ ਜਾਂ ਪਾਰਕ ਵਿਚ ਫੁੱਲ ਖਿੜੇ ਹੋਣ ਤਾਂ ਮਨ ਵਿਚ ਇਹ ਖ਼ਿਆਲ ਸੁਭਾਵਿਕ ਹੀ ਉੱਠਦਾ ਹੈ ਕਿ ਜ਼ਰੂਰ ਇੱਥੇ ਕੋਈ ਅਜਿਹਾ ਵਿਅਕਤੀ ਹੈ, ਜਿਸ ਨੂੰ ਜ਼ਿੰਦਗੀ ਦੇ ਅਲੋਕਾਰ ਰੰਗਾਂ ਨਾਲ ਇਸ਼ਕ ਹੈ। ਅਜਿਹੇ ਸਥਾਨ ਵਿਚ ਪ੍ਰਵੇਸ਼ ਕਰਦਿਆਂ ਹੀ ਰੂਹ ਨਸ਼ਿਆ ਉੱਠਦੀ ਹੈ ਤੇ ਮਨ ਫੁੱਲਾਂ ਦੇ ਸੁਹਜ ਨੂੰ ਮਾਣਨ ਲਈ ਤਾਂਘਦਾ ਹੈ। ਸਾਡੇ ਬਹੁਤੇ ਦਫ਼ਤਰਾਂ, ਅਦਾਰਿਆਂ ਤੇ ਵਿਦਿਅਕ ਸੰਸਥਾਵਾਂ ਵਿਚ ਇਸ ਪੱਖ ਤੋਂ ਬੇਰੌਣਕੀ ਛਾਈ ਹੁੰਦੀ ਹੈ। ਅਜਿਹੇ ਸਥਾਨਾਂ 'ਤੇ ਕੰਮ ਕਰਨ ਵਾਲੇ ਵਿਅਕਤੀਆਂ ਦੇ ਚਿਹਰੇ ਵੀ ਇਸ ਤਰ੍ਹਾਂ ਲੱਗਦੇ ਹਨ ਜਿਵੇਂ ਮੁਰਦੇਹਾਣੀ ਛਾਈ ਹੋਵੇ। ਹਰਿਆਵਲਾ ਚਾਰ-ਚੁਫ਼ੇਰਾ ਤੇ ਫੁੱਲਾਂ ਨਾਲ ਟਹਿਕਦੇ ਬੂਟੇ ਉਦਾਸ ਚਿਹਰਿਆਂ ਨੂੰ ਖ਼ੁਸ਼ੀਆਂ ਦੀ ਰੰਗਤ ਬਖ਼ਸ਼ਦੇ ਹਨ। ਖਿੜੇ ਹੋਏ ਫੁੱਲਾਂ ਦੇ ਸਜੇ ਮਹਿਲ 'ਚ ਵਿਚਰਦਿਆਂ ਮਨ ਵਿਚ ਖੇੜਾ ਪਸਰ ਜਾਂਦਾ ਹੈ। ਪ੍ਰੇਮ ਰੂਪੀ ਪਗਡੰਡੀ 'ਤੇ ਤੁਰੇ ਪਾਂਧੀ, ਦਿਲ ਦੀ ਵੇਦਨਾ ਦੇ ਪ੍ਰਗਟਾਵੇ ਲਈ ਇਕ ਦੂਜੇ ਨੂੰ ਫੁੱਲ ਭੇਟ ਕਰਕੇ ਖ਼ਾਮੋਸ਼ੀ ਦੀ ਜ਼ੁਬਾਨ 'ਚ ਹੀ ਬਹੁਤ ਕੁਝ ਕਹਿ ਜਾਂਦੇ ਹਨ। ਦੁਨੀਆ ਭਰ ਵਿਚ ਵਿਸ਼ੇਸ਼ ਪ੍ਰਾਹੁਣਿਆਂ ਤੇ ਆਪਣੇ ਪਿਆਰਿਆਂ ਲਈ ਫੁੱਲ ਭੇਟ ਕਰਕੇ ਦਿਲ ਦੇ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਫੁੱਲ ਭੇਟ ਕਰਕੇ ਜਿਵੇਂ ਕੋਈ ਇਹ ਦਰਸਾ ਰਿਹਾ ਹੋਵੇ ਕਿ ਮੇਰੇ ਪਾਸ ਇਸ ਤੋਂ ਕੀਮਤੀ ਕੋਈ ਵਸਤੂ ਨਹੀਂ ਹੈ, ਜਿਹੜੀ ਮੈਂ ਆਪਣੇ ਪਿਆਰੇ ਤੋਂ ਵਾਰ ਸਕਾਂ।

ਸਵੇਰੇ-ਸਵੇਰੇ ਤਰੇਲ ਭਿੱਜੇ ਸੁੱਚੇ ਫੁੱਲਾਂ ਦਾ ਇਕ ਬੁੱਕ ਭਰ ਕੇ ਸ਼ਰਧਾਵਾਨ ਆਪਣੇ ਇਸ਼ਟ ਅੱਗੇ ਨਤਮਸਤਕ ਹੁੰਦੇ ਹਨ। ਕਿਸੇ ਧਾਰਮਿਕ ਅਸਥਾਨ ਵਿਚ ਭੇਟ ਕੀਤੇ ਅਜਿਹੇ ਫੁੱਲਾਂ ਦਾ ਪ੍ਰਸ਼ਾਦ ਪ੍ਰਾਪਤ ਕਰ ਕੇ ਵੀ ਪ੍ਰਭੂ-ਪਿਆਰੇ ਧੰਨਭਾਗ ਸਮਝਦੇ ਹਨ। ਗੁਲਾਬ ਨੂੰ ਫੁੱਲਾਂ ਦਾ ਰਾਜਾ ਕਿਹਾ ਜਾਂਦਾ ਹੈ। ਫੁੱਲਾਂ ਦੇ ਵਿਲੱਖਣ ਸੰਸਾਰ ਵਿਚ ਅਨੇਕਾਂ ਰੰਗਾਂ ਤੇ ਕਿਸਮਾਂ ਦੇ ਫੁੱਲ ਹਨ, ਪਰ ਗੁਲਾਬ ਦੇ ਹੁਸਨ ਦੀ ਆਭਾ ਹੀ ਵੱਖਰੀ ਹੈ। 'ਗੁੱਝੀ ਰਹੇ ਨਾ ਹੀਰ ਹਜ਼ਾਰ ਵਿੱਚੋਂ' ਦੇ ਕਥਨ ਅਨੁਸਾਰ ਗੁਲਾਬ ਹਰ ਕਿਸੇ ਦਾ ਧਿਆਨ ਆਪਣੇ ਵੱਲ ਖਿੱਚਣ ਦੀ ਸਮਰੱਥਾ ਰੱਖਦਾ ਹੈ। ਕਿਸੇ ਉੱਤੇ ਫੁੱਲਾਂ ਦੀ ਵਰਖਾ ਕਰਨੀ ਤੇ ਉਸ ਦੇ ਰਾਹਾਂ ਵਿਚ ਫੁੱਲ ਵਿਛਾਉਣੇ ਉਸ ਪ੍ਰਤੀ ਪ੍ਰਗਟਾਏ ਮੋਹ ਤੇ ਸਤਿਕਾਰ ਦੀ ਸਿਖ਼ਰ ਹੁੰਦੀ ਹੈ।

ਸੰਸਾਰ ਭਰ ਵਿਚ ਹੀ ਕਿਸੇ ਵਿਸ਼ੇਸ਼ ਸ਼ਖ਼ਸੀਅਤ ਨੂੰ ਫੁੱਲਾਂ ਦੇ ਬੁੱਕੇ ਭੇਟ ਕਰ ਕੇ ਮਾਣ ਦੇਣ ਦੀ ਰਵਾਇਤ ਹੈ। ਕਿਸੇ ਖ਼ਾਸ ਵਿਅਕਤੀ ਦੇ ਅਕਾਲ ਚਲਾਣਾ ਕਰਨ 'ਤੇ ਵੀ ਫੁੱਲਾਂ ਨਾਲ ਹੀ ਉਸ ਵਿਅਕਤੀ ਪ੍ਰਤੀ ਆਪਣੇ ਸਨੇਹ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਫੁੱਲਾਂ ਦੀ ਹੋਣੀ ਵੀ ਅਜੀਬ ਹੈ, ਕਦੇ ਉਹ ਕਿਸੇ ਦੇ ਗਲ਼ੇ ਦਾ ਹਾਰ ਬਣ ਜਾਂਦੇ ਹਨ, ਕਦੇ ਉਹ ਮਹਿਬੂਬਾਂ ਦੀਆਂ ਜ਼ੁਲਫਾਂ ਦਾ ਸ਼ਿੰਗਾਰ ਬਣ ਉਸ ਦੇ ਹੁਸਨ ਨੂੰ ਚਾਰ ਚੰਨ ਲਾਉਂਦੇ ਹਨ, ਕਦੇ ਕਿਸੇ ਸ਼ਰਧਾਵਾਨ ਵੱਲੋਂ ਆਪਣੇ ਇਸ਼ਟ ਦੇ ਸਨਮੁੱਖ ਭੇਟ ਹੋਣ ਦਾ ਮਾਣ ਹਾਸਿਲ ਕਰਦੇ ਹਨ ਤੇ ਕਦੇ ਵਿਛੋੜਾ ਦੇ ਗਏ ਮਨੁੱਖ ਦੇ ਸਰੀਰ 'ਤੇ ਸ਼ਰਧਾਂਜਲੀ ਬਣ ਬਿਖਰ ਜਾਂਦੇ ਹਨ।

ਬੱਚਿਆਂ ਦੀ ਮਾਸੂਮੀਅਤ ਤੇ ਨਜ਼ਾਕਤ ਕਾਰਨ ਉਨ੍ਹਾਂ ਦੀ ਤੁਲਨਾ ਅਕਸਰ ਫੁੱਲਾਂ ਨਾਲ ਕੀਤੀ ਜਾਂਦੀ ਹੈ, ਜਿਵੇਂ ਫੁੱਲ ਛੇਤੀ ਕਮਲਾ ਜਾਂਦੇ ਹਨ ਉਵੇਂ ਹੀ ਮਸੂਮ ਜਿੰਦਾਂ ਦੇ ਚਿਹਰੇ ਵੀ ਥੋੜ੍ਹੀ ਜਿਹੀ ਝਿੜਕ ਨਾਲ ਹੀ ਕਮਲਾ ਜਾਂਦੇ ਹਨ। ਕਹਿੰਦੇ ਹਨ ਜਾਪਾਨੀ ਫੁੱਲਾਂ ਦੇ ਬਹੁਤ ਆਸ਼ਕ ਹਨ। ਉਨ੍ਹਾਂ ਦਾ ਕੋਈ ਘਰ, ਦਫ਼ਤਰ ਜਾਂ ਅਦਾਰਾ ਫੁੱਲਾਂ ਤੋਂ ਬਿਨਾਂ ਕਿਆਸਿਆ ਹੀ ਨਹੀਂ ਜਾ ਸਕਦਾ। ਬਾਗ਼-ਬਗ਼ੀਚਿਆਂ ਵਿਚ ਵਿਚਰਦਿਆਂ ਉਹ ਕਿਸੇ ਨੂੰ ਸ਼ੋਰ ਨਹੀਂ ਕਰਨ ਦਿੰਦੇ, ਉਨ੍ਹਾਂ ਦਾ ਵਿਚਾਰ ਹੈ ਕਿ ਇਸ ਤਰ੍ਹਾਂ ਫੁੱਲ ਮੁਰਝਾ ਜਾਂਦੇ ਹਨ। ਅਜੋਕੇ ਸਮਿਆਂ ਵਿਚ ਫੁੱਲਾਂ ਦਾ ਵਪਾਰ ਹੋਣ ਲੱਗ ਪਿਆ ਹੈ। ਛੋਟੇ-ਵੱਡੇ ਸ਼ਹਿਰਾਂ ਵਿਚ ਹਰ ਰੋਜ਼ ਹਜ਼ਾਰਾਂ ਟਨ ਫੁੱਲ ਵਿਕਦੇ ਹਨ। ਆਧੁਨਿਕ ਸਮੇਂ ਵਿਚ ਮਨੁੱਖੀ ਜੀਵਨ ਵਿਚ ਫੁੱਲਾਂ ਦੀ ਮੰਗ ਲਗਾਤਾਰ ਵਧਣ ਦੇ ਸਿੱਟੇ ਵਜੋਂ ਫੁੱਲਾਂ ਦਾ ਵਪਾਰ ਬਹੁਤ ਵੱਡੀ ਪੱਧਰ 'ਤੇ ਹੋਣ ਲੱਗ ਪਿਆ ਹੈ। ਫੁੱਲਾਂ ਦੀ ਇਹ ਸਨਅਤ ਕਰੋੜਾਂ ਰੁਪਏ ਦਾ ਵਪਾਰ ਕਰਦੀ ਹੈ। ਵਿਆਹ-ਸ਼ਾਦੀਆਂ ਦੇ ਮੌਸਮ, ਤਿਉਹਾਰਾਂ ਅਤੇ ਵੈਲਨਟਾਇਨ ਡੇ ਆਦਿ ਜਿਹੇ ਦਿਨਾਂ ਵਿਚ ਤਾਂ ਫੁੱਲਾਂ ਦੀ ਮੰਗ ਇੰਨੀ ਵੱਧ ਜਾਂਦੀ ਹੈ ਕਿ ਮਾਰਕਿਟ ਵਿਚ ਫੁੱਲਾਂ ਦੀ ਕਮੀ ਹੋ ਜਾਂਦੀ ਹੈ। ਸ਼ਹਿਰੀ ਖੇਤਰਾਂ ਨੇੜਲੇ ਕਿਸਾਨ ਫੁੱਲਾਂ ਦੀ ਖੇਤੀ ਕਰਕੇ ਚੰਗਾ ਮੁਨਾਫਾ ਕਮਾ ਰਹੇ ਹਨ। ਸਾਡੇ ਦੇਸ਼ ਵਿਚ ਹਰ ਥਾਂ ਗੰਦਗੀ ਦੇ ਢੇਰਾਂ ਦਾ ਬੋਲਬਾਲਾ ਹੈ। ਹਹਿਰੀ ਖੇਤਰਾਂ ਵਿਚ ਤਾਂ ਕੂੜਾ-ਕਰਕਟ ਦੇ ਲਗਾਤਾਰ ਵਧ ਰਹੇ ਢੇਰ ਗੰਭੀਰ ਸਮੱਸਿਆ ਦਾ ਰੂਪ ਧਾਰ ਚੁੱਕੇ ਹਨ। ਅਜਿਹੇ ਵਿਚ ਫੁੱਲਾਂ ਦੀ ਗੱਲ ਕਰਨੀ ਫੁੱਲਾਂ ਨਾਲ ਮਜ਼ਾਕ ਹੈ। ਹਰ ਫੁੱਲ ਦੂਜਿਆਂ ਲਈ ਆਪਾ ਕੁਰਬਾਨ ਕਰਨ ਦਾ ਸੁਨੇਹਾ ਦਿੰਦਾ ਹੈ। ਅਸੀਂ ਫੁੱਲਾਂ ਦੀ ਪੱਤੀ-ਪੱਤੀ ਵਲੂੰਧਰ ਸੁੱਟਦੇ ਹਾਂ। ਪ੍ਰਸਿੱਧ ਸ਼ਾਇਰ ਸਰਦਾਰ ਪੰਛੀ ਵੀ ਫੁੱਲਾਂ ਦੀ ਅਜਿਹੀ ਦੁਰਦਸ਼ਾ ਪ੍ਰਤੀ ਸੁਚੇਤ ਕਰਦਿਆਂ ਕਹਿੰਦੇ ਹਨ--

ਯੇਹ ਭੀ ਪੀਤੇ ਹੈ ਰਾਤ ਭਰ ਸ਼ਬਨਮ, ਲਿਖ ਲੋ ਰਿੰਦੋਂ ਮੇਂ ਨਾਮ ਫੂਲੋਂ ਕਾ।
ਦੇਵਤਾ ਖ਼ੁਸ਼ ਨਾ ਹੋਂਗੇ ਫੂਲੋਂ ਸੇ, ਮਤ ਕਰੋ ਕਤਲੇਆਮ ਫੂਲੋਂ ਕਾ। •

# ਸੱਚ ਦੀ ਪਰਖ ਕਰਦੈ ਨਜ਼ਰੀਆ

• ਰੁਪਿੰਦਰ ਕੌਰ
9417560707

ਅਜੋਕੇ ਭੌਤਿਕਵਾਦੀ ਯੁੱਗ ਵਿਚ ਮਨੁੱਖੀ ਜ਼ਿੰਦਗੀ ਦਾ ਤਾਣਾ-ਬਾਣਾ ਬਹੁਤ ਉਲਝ ਗਿਆ ਹੈ। ਦਿਨ ਪ੍ਰਤੀ ਦਿਨ ਮਨੁੱਖ ਦੀਆਂ ਆਸ਼ਾਵਾਂ ਵੱਧ ਰਹੀਆਂ ਹਨ। ਇਹ ਆਸ਼ਾਵਾਂ ਜਿੱਥੇ ਪਦਾਰਥਵਾਦੀ ਹਨ ਉੱਥੇ ਮਨੁੱਖੀ ਰਿਸ਼ਤਿਆਂ ਪ੍ਰਤੀ ਵੀ ਹਨ ਪ੍ਰੰਤੂ ਜਦ ਲੋੜ ਤੋਂ ਵੱਧ ਅਸੀਂ ਕਿਸੇ ਤੋਂ ਉਮੀਦ ਰੱਖਦੇ ਹਾਂ ਤਾਂ ਕੁਦਰਤੀ ਤੌਰ 'ਤੇ ਉਹ ਉਮੀਦ ਟੁੱਟਣੀ ਹੀ ਹੁੰਦੀ ਹੈ ਜਿਸ ਕਰਕੇ ਹਰ ਇਕ ਮਨੁੱਖ ਸਮਾਜ ਅਤੇ ਸਮਾਜਿਕ ਲੋਕਾਂ ਪ੍ਰਤੀ ਆਪਣਾ ਨਜ਼ਰੀਆ ਬਣਾਉਂਦਾ ਹੈ।

ਸਮਾਜ ਅਤੇ ਸਮਾਜਿਕ ਲੋਕਾਂ ਪ੍ਰਤੀ ਦ੍ਰਿਸ਼ਟੀਕੋਣ ਸਮੇਂ ਅਨੁਸਾਰ ਬਣਦਾ ਅਤੇ ਬਦਲਦਾ ਰਹਿੰਦਾ ਹੈ। ਜਿਸ 'ਤੇ ਚਲਦਿਆਂ ਕਦੀ ਕੋਈ ਬਹੁਤਾ ਕਰੀਬ ਅਤੇ ਕਦੀ ਕੋਈ ਜਾਨ ਦਾ ਦੁਸ਼ਮਣ ਲੱਗਦਾ ਹੈ। ਇਸ ਗ਼ਲਤ ਦ੍ਰਿਸ਼ਟੀਕੋਣ ਕਾਰਨ ਜਿੱਥੇ ਪਰਿਵਾਰ ਤਿੜਕ ਰਹੇ ਹਨ, ਉੱਥੇ ਸਮਾਜ ਦਾ ਤਾਣਾ -ਬਾਣਾ ਵੀ ਕਮਜ਼ੋਰ ਹੁੰਦਾ ਜਾ ਰਿਹਾ ਹੈ, ਜਿਸ ਕਾਰਨ ਮਨੁੱਖੀ ਸ਼ਖ਼ਸੀਅਤ ਨੂੰ ਢਾਹ ਲੱਗਦੀ ਹੈ। ਗ਼ਲਤ ਦ੍ਰਿਸ਼ਟੀਕੋਣ ਕੀ ਹੈ? ਕਿਉਂ ਪੈਦਾ ਹੁੰਦਾ ਹੈ? ਕਿਵੇਂ ਇਸ ਨੂੰ ਸੁਲਝਾਇਆ ਜਾ ਸਕਦਾ ਹੈ ? ਇਹ ਕਈ ਸਵਾਲ ਹਨ ਜਿਨ੍ਹਾਂ ਦਾ ਉੱਤਰ ਲੱਭਣਾ ਬਹੁਤ ਜ਼ਰੂਰੀ ਹੈ। ਸਮਾਜ ਵਿਚ ਤੁਹਾਡੇ ਨਾਲ ਵਿਚਰ ਰਹੇ ਇਨਸਾਨ ਬਾਰੇ ਤੁਹਾਡੇ ਕੀ ਵਿਚਾਰ ਹਨ ਜਾਂ ਸਾਹਮਣੇ ਵਾਲਾ ਇਨਸਾਨ ਤੁਹਾਡੇ ਪ੍ਰਤੀ ਕਿਸ ਤਰ੍ਹਾਂ ਦੀਆਂ ਭਾਵਨਾਵਾਂ ਰੱਖਦਾ ਹੈ, ਆਮ ਸ਼ਬਦਾਂ ਵਿਚ ਇਹ ਹੀ ਦ੍ਰਿਸ਼ਟੀਕੋਣ ਹੈ। ਪੁਰਾਣੇ ਸਮੇਂ ਵਿਚ ਇਹ ਭਾਵਨਾਵਾਂ ਸਾਂਝ ਪੂਰਵਕ ਹੁੰਦੀਆਂ ਸਨ। ਇਨ੍ਹਾਂ ਵਿਚ ਦੁੱਖ ਸੁੱਖ ਦੀ ਸਾਂਝ ਸੀ। ਪ੍ਰੰਤੂ ਅਜੋਕਾ ਯੁੱਗ ਭੌਤਿਕਵਾਦੀ ਹੋਣ ਕਰਕੇ ਹਰ ਮਨੁੱਖ ਦੋਹਰੀ ਸ਼ਖ਼ਸੀਅਤ ਰੱਖਦਾ ਹੈ। ਜ਼ੁਬਾਨੀ ਸ਼ਖ਼ਸੀਅਤ ਵਿਚ ਉਹ ਸਿਰਫ਼ ਤੁਹਾਡੇ ਪ੍ਰਤੀ ਵਫ਼ਾਦਾਰ ਹੈ ਪ੍ਰੰਤੂ ਅੰਦਰੂਨੀ ਤੌਰ 'ਤੇ ਸਿਰਫ਼ ਉਹ ਮਨੁੱਖ ਹੀ ਜਾਣਦਾ ਹੈ ਕਿ ਉਹ ਤੁਹਾਡੇ ਬਾਰੇ ਕਿਸ ਤਰ੍ਹਾਂ ਦੇ ਵਿਚਾਰ ਰੱਖਦਾ ਹੈ। ਦੂਜਾ ਸਵਾਲ, ਦ੍ਰਿਸ਼ਟੀਕੋਣ ਬਣਿਆ ਕਿਉਂ? ਹਰ ਇਕ ਮਨੁੱਖ ਆਪਣੇ ਆਪ ਵਿਚ ਏਨੀ ਕੁ ਸੋਝੀ ਰੱਖਦਾ ਹੈ ਕਿ ਆਪਣੇ ਪ੍ਰਤੀ ਦੂਸਰਿਆਂ ਦੇ ਦ੍ਰਿਸ਼ਟੀਕੋਣ ਨੂੰ ਸਮਝ ਸਕਦਾ ਹੈ। ਜਦ ਅਸੀਂ ਆਪਣੇ ਸਾਹਮਣੇ ਵਾਲੇ ਦੇ ਚੰਗੇ ਜਾਂ ਬੁਰੇ ਨਜ਼ਰੀਏ ਤੋਂ ਜਾਣੂ ਹੋ ਜਾਂਦੇ ਹਾਂ ਤਾਂ ਉਸ ਪ੍ਰਤੀ ਉਸ ਪ੍ਰਕਾਰ ਦਾ ਨਜ਼ਰੀਆ ਬਣਾਉਣ ਦੀ ਬਜਾਇ ਜ਼ਰੂਰੀ ਹੈ ਆਪਣੇ ਆਪ ਨੂੰ ਘੋਖਿਆ ਜਾਵੇ। ਅਸੀਂ ਅਜਿਹਾ ਕੀ ਕੀਤਾ ਕਿ ਸਾਹਮਣੇ ਵਾਲਾ ਸਾਡੇ ਨਾਲ ਦੋਹਰੀ ਸ਼ਖ਼ਸੀਅਤ ਵਿਚ ਪੇਸ਼ ਆ ਰਿਹਾ ਹੈ। ਇਸ 'ਤੇ ਸਾਡੀ ਕਮਜ਼ੋਰੀ ਸਾਨੂੰ ਪਤਾ ਲੱਗ ਜਾਵੇਗੀ। ਇਸ ਨਾਲ ਜਿੱਥੇ ਸਾਡੀ ਸ਼ਖ਼ਸੀਅਤ ਵਿਚ ਨਿਖਾਰ ਆਵੇਗਾ। ਉੱਥੇ ਤਿੜਕਦੇ ਰਿਸ਼ਤੇ ਫਿਰ ਤੋਂ ਸੰਵਰ ਜਾਣਗੇ। ਪਰ ਇਕ ਗੱਲ ਹੋਰ ਵੀ ਬਹੁਤ ਜ਼ਰੂਰੀ ਹੈ ਜਦੋਂ ਅਸੀਂ ਆਪਣੇ ਆਪ ਦਾ ਮੁਲਾਂਕਣ ਕਰਦੇ ਹਾਂ ਤਾਂ ਵਾਤਾਵਰਨ ਅਤੇ ਹਾਲਾਤ ਨੂੰ ਧਿਆਨ ਵਿਚ ਰੱਖਿਆ ਜਾਵੇ ਕਿਉਂਕਿ ਕਈ ਵਾਰ ਦੋਵੇਂ ਪੱਖ ਸਹੀ ਹੁੰਦੇ ਹਨ ਪ੍ਰੰਤੂ ਹਾਲਾਤ ਤੁਹਾਡੇ ਅਨੁਕੂਲ ਨਹੀਂ ਹੁੰਦੇ ਜਿਸ ਕਾਰਨ ਦ੍ਰਿਸ਼ਟੀਕੋਣ ਪ੍ਰਭਾਵਿਤ ਹੁੰਦਾ ਹੈ।

ਹੁਣ ਆਖਰੀ ਸਵਾਲ, ਗ਼ਲਤ ਦ੍ਰਿਸ਼ਟੀਕੋਣ ਨੂੰ ਕਿਵੇਂ ਸੁਲਝਾਇਆ ਜਾਵੇ। ਕਿਸੇ ਵਿਅਕਤੀ ਦੇ ਗ਼ਲਤ ਦ੍ਰਿਸ਼ਟੀਕੋਣ ਨੂੰ ਆਪਣੇ ਪ੍ਰਤੀ ਸਹੀ ਕਰਨ ਦੇ ਲਈ ਬਹੁਤੀ ਕੋਸ਼ਿਸ਼ ਨਾ ਕਰੋ। ਇਸ ਨਾਲ ਕਈ ਵਾਰ ਤੁਸੀਂ ਹੋਰ ਵੀ ਗ਼ਲਤ ਸਾਬਿਤ ਹੋ ਜਾਂਦੇ ਹੋ। ਜੇ ਲੋੜ ਹੈ ਤਾਂ ਆਪਣੇ ਸੱਚ ਨੂੰ ਆਪਣੇ ਨਾਲ ਲੈ ਕੇ ਚੱਲਣ ਦੀ। ਤੁਸੀਂ ਜ਼ਬਾਨੀ ਅਤੇ ਅੰਦਰੂਨੀ ਤੌਰ 'ਤੇ ਇਕ ਹੋ ਕੇ ਅੱਗੇ ਵਧੋ। ਸਮਾਂ ਤੁਹਾਡਾ ਸਾਥ ਦੇਵੇਗਾ ਜੋ ਇਨਸਾਨ ਤੁਹਾਡੇ ਪ੍ਰਤੀ ਗ਼ਲਤ ਨਜ਼ਰੀਆ ਰੱਖਦੇ ਹਨ ਉਹ ਆਪਣੇ ਆਪ ਵਿਚ ਸ਼ਰਮਿੰਦਗੀ ਮਹਿਸੂਸ ਕਰਨਗੇ ਅਤੇ ਇਸ ਸੱਚ ਨੂੰ ਸਮਝਣਗੇ ਕਿ ਕਿਵੇਂ ਗ਼ਲਤ ਹਾਲਾਤ ਨੇ ਤੁਹਾਡੇ ਅਤੇ ਉਨ੍ਹਾਂ ਵਿਚਕਾਰ ਇਕ ਦੀਵਾਰ ਪੈਦਾ ਕਰਕੇ ਦੂਰੀ ਨੂੰ ਪੈਦਾ ਕਰ ਦਿੱਤਾ।

ਗ਼ਲਤ ਦ੍ਰਿਸ਼ਟੀਕੋਣ ਤੋਂ ਬਚਣ ਲਈ ਸਿਰਫ਼ ਇਹ ਜ਼ਰੂਰੀ ਨਹੀਂ ਕਿ ਅਸੀਂ ਦੂਸਰੇ ਲੋਕਾਂ ਨੂੰ ਪਰਖਦੇ ਜਾਂ ਮੁਲਾਂਕਣ ਕਰਦੇ ਰਹੀਏ। ਜਦ ਅਸੀਂ ਸਿੱਕੇ ਦੇ ਦੋਵੇਂ ਪਹਿਲੂਆਂ ਨੂੰ ਦੇਖਾਂਗੇ ਤਾਂ ਹੀ ਅੱਗੇ ਵਧ ਸਕਾਂਗੇ। ਰਿਸ਼ਤਿਆਂ ਦੇ ਨਾਲ-ਨਾਲ ਸਮਾਜਿਕ ਸਾਂਝ ਨੂੰ ਵੀ ਮਾਣ ਸਕਾਂਗੇ। •

ਗ਼ਲਤ ਦ੍ਰਿਸ਼ਟੀਕੋਣ ਤੋਂ ਬਚਣ ਲਈ ਸਿਰਫ਼ ਇਹ ਜ਼ਰੂਰੀ ਨਹੀਂ ਕਿ ਅਸੀਂ ਦੂਸਰੇ ਲੋਕਾਂ ਨੂੰ ਪਰਖਦੇ ਜਾਂ ਮੁਲਾਂਕਣ ਕਰਦੇ ਰਹੀਏ। ਇਹ ਆਪਣੇ ਆਪ 'ਤੇ ਲਾਗੂ ਕਰਨਾ ਵੀ ਜ਼ਰੂਰੀ ਹੈ ਕਿ ਸਾਡਾ ਵਿਵਹਾਰ ਦੂਸਰਿਆਂ ਪ੍ਰਤੀ ਕਿਹੋ ਜਿਹਾ ਹੈ। ਜਦ ਅਸੀਂ ਸਿੱਕੇ ਦੇ ਦੋਵੇਂ ਪਹਿਲੂਆਂ ਨੂੰ ਦੇਖਾਂਗੇ ਤਾਂ ਹੀ ਅੱਗੇ ਵਧ ਸਕਾਂਗੇ। ਰਿਸ਼ਤਿਆਂ ਦੇ ਨਾਲ-ਨਾਲ ਸਮਾਜਿਕ ਸਾਂਝ ਨੂੰ ਵੀ ਮਾਣ ਸਕਾਂਗੇ...



ਕਲਮਾਂ ਦਾ ਕਾਫ਼ਲਾ

# ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਦਾ ਪੰਜਾਬੀ ਵਿਕਾਸ ਮੰਚ



• ਵਰਿੰਦਰ ਸਿੰਘ ਨਿਮਾਣਾ

ਸੰਸਥਾ ਮਹਿਸੂਸ ਕਰਦੀ ਹੈ ਕਿ ਪੱਛਮੀ ਮੁਲਕਾਂ 'ਚ ਭਾਰਤ ਦੇ ਮੁਕਾਬਲੇ ਆਮ ਲੋਕਾਂ 'ਚ ਰਸਮੀ ਪੜ੍ਹਾਈ ਦੇ ਨਾਲ ਆਮ ਜਾਣਕਾਰੀ ਤੇ ਸਾਹਿਤਕ ਪੁਸਤਕਾਂ ਪੜ੍ਹਨ ਦਾ ਰੁਝਾਨ ਜ਼ਿਆਦਾ ਹੈ...

ਮਿਆਰੀ ਤੇ ਆਮ ਜਾਣਕਾਰੀ ਭਰਪੂਰ ਪੁਸਤਕਾਂ ਇਨਸਾਨ ਨੂੰ ਨਿਰੰਤਰ ਗਤੀਸ਼ੀਲਤਾ,ਦ੍ਰਿੜ੍ਹਤਾ, ਪ੍ਰੇਰਣਾ ਤੇ ਉੱਚੀਆਂ ਤੇ ਸੱਚੀਆਂ ਕਦਰਾਂ-ਕੀਮਤਾਂ ਦੀ ਜਾਂਚ ਸਿਖਾਉਣ 'ਚ ਮਦਦਗਾਰ ਸਾਬਿਤ ਹੁੰਦੀਆਂ ਹਨ। ਪੰਜਾਬੀ ਦੇ ਉੱਘੇ ਲੇਖਕ ਗੁਰਬਖ਼ਸ਼ ਸਿੰਘ ਪ੍ਰੀਤਲੜੀ ਲਿਖਦੇ ਹਨ, 'ਸਹੀ ਅਰਥਾਂ 'ਚ ਸਮਾਜ ਉਦੋਂ ਤਰੱਕੀ ਕਰੇਗਾ ਜਦੋਂ ਅਦਾਲਤਾਂ, ਥਾਣਿਆਂ ਤੇ ਜੇਲ੍ਹਾਂ ਨਾਲੋਂ ਸਾਡੀਆਂ ਲਾਇਬ੍ਰੇਰੀਆਂ ਵੱਡੀਆਂ ਤੇ ਵਧੇਰੇ ਹੋਣਗੀਆਂ।

ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਹਰਿਆਣਾ ਵਿਖੇ 'ਪੰਜਾਬੀ ਵਿਕਾਸ ਮੰਚ ਹਰਿਆਣਾ' ਨਾਂ ਦੀ ਸਾਹਿਤਕ ਸੰਸਥਾ ਪਿਛਲੇ ਕਰੀਬ 10 ਸਾਲ ਤੋਂ ਇਲਾਕੇ ਦੇ ਵਿਦਿਆਰਥੀਆਂ ਤੇ ਸਾਹਿਤ ਪ੍ਰੇਮੀਆਂ 'ਚ ਪੁਸਤਕ ਸੱਭਿਆਚਾਰ ਪੈਦਾ ਕਰਨ ਦੇ ਨਿਰੰਤਰ ਉਪਰਾਲੇ ਕਰ ਰਹੀ ਹੈ। ਇਹ ਸੰਸਥਾ ਜ਼ਿਲ੍ਹੇ ਦੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ 'ਚ ਸਾਹਿਤਕ ਤੇ ਕਲਾਤਮਿਕ ਵੰਨਗੀਆਂ ਦੇ ਮੁਕਾਬਲੇ ਕਰਵਾ ਕੇ ਜੇਤੂਆਂ ਨੂੰ ਨਕਦ ਇਨਾਮ ਦੇਣ ਦੇ ਨਾਲ-ਨਾਲ ਮਿਆਰੀ ਸਾਹਿਤ ਦੀਆਂ ਪੁਸਤਕਾਂ ਦੇ ਤੋਹਫੇ ਭੇਟ ਕਰਨ ਦੀ ਪਿਰਤ ਪਾ ਰਹੀ ਹੈ। ਵਿਦਿਆਰਥੀਆਂ ਨੂੰ ਪ੍ਰਾਇਮਰੀ ਪੱਧਰ ਤੋਂ ਬਾਲ ਸਾਹਿਤ ਨਾਲ ਜੋੜਨ ਲਈ ਸੰਸਥਾ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਵਿਦਿਆਰਥੀਆਂ ਦੀਆਂ ਸਾਹਿਤਕ ਤੇ ਕਲਾਤਮਿਕ ਰੁਚੀਆਂ ਨੂੰ ਪ੍ਰਫੁੱਲਿਤ ਕਰਨ ਲਈ ਸੰਸਥਾ ਵੱਲੋਂ ਹਰ ਸਾਲ ਨਵੰਬਰ ਮਹੀਨੇ ਆਪਣੇ ਸਾਲਾਨਾ 'ਪੁਸਤਕ ਮੇਲੇ ਤੇ ਵਿਰਾਸਤੀ ਉਤਸਵ' ਦੇ ਮੰਚ 'ਤੇ ਸਿਰਫ਼ ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ ਨੂੰ ਹੀ ਆਪਣਾ ਹੁਨਰ ਦਿਖਾਉਣ ਦਾ ਮੌਕਾ ਦਿੱਤਾ ਜਾਂਦਾ ਹੈ। ਸੰਸਥਾ ਆਪਣੇ 10 ਸਾਲਾਂ ਦੇ ਸਫ਼ਰ ਦੌਰਾਨ 75 ਹਜ਼ਾਰ ਰੁਪਏ ਤੋਂ ਵੱਧ ਕੀਮਤ ਦੀਆਂ ਪੁਸਤਕਾਂ ਤੇ ਏਨੀ ਕੀਮਤ ਦੀ ਨਕਦ ਰਾਸ਼ੀ ਦੇ ਇਨਾਮ ਵਿਦਿਆਰਥੀਆਂ 'ਚ ਵੰਡ ਚੁੱਕੀ ਹੈ।

ਸੰਸਥਾ ਦੇ ਪ੍ਰਬੰਧਕਾਂ ਮੁਤਾਬਿਕ ਪੰਜਾਬੀਆਂ ਲਈ ਇਹ ਗੱਲ ਮਿਹਣੇ ਵਰਗੀ ਹੋ ਗਈ ਹੈ ਕਿ ਪੰਜਾਬੀ ਲੋਕ ਆਪਣੇ ਘਰਾਂ, ਕੋਠੀਆਂ, ਕਾਰਾਂ ਤੇ ਵਿਆਹ-ਸ਼ਾਦੀਆਂ ਉਤੇ ਤਾਂ ਲੱਖਾਂ ਰੁਪਏ ਖਰਚ ਸਕਦੇ ਹਨ, ਪਰ ਘਰਾਂ 'ਚ ਸਾਹਿਤਕ ਪੁਸਤਕਾਂ ਜਾਂ ਜ਼ਿੰਦਗੀ ਨੂੰ ਸੁਹਜ ਸੁਆਦ ਦੇਣ ਵਾਲੀਆਂ ਕਲਾਵਾਂ ਲਈ ਕੋਈ ਉਚੇਚ ਨਹੀਂ ਦਿੰਦੇ। ਆਗੂਆਂ ਮੁਤਾਬਿਕ ਸਮਾਜ 'ਚ ਸਿਹਤਮੰਦ ਕਦਰਾਂ-ਕੀਮਤਾਂ ਪੈਦਾ ਕਰਨ ਲਈ ਪੰਜਾਬ 'ਚ ਮੇਲੇ ਤਿਉਹਾਰਾਂ, ਖ਼ੁਸ਼ੀ ਤੇ ਹੋਰ ਸਮਾਜਿਕ ਸਮਾਗਮਾਂ ਮੌਕੇ ਖਪਤੀ ਚੀਜ਼ਾਂ ਤੇ ਮਿਠਾਈਆਂ ਦੇ ਤੋਹਫਿਆਂ ਦੀ ਥਾਂ ਮਿਆਰੀ ਸਾਹਿਤਕ ਪੁਸਤਕਾਂ ਤੋਹਫਿਆਂ ਦੇ ਰੂਪ 'ਚ ਦੇਣ ਦੀ ਪਿਰਤ ਪਾਉਣ ਲਈ ਸੂਬੇ ਦੇ ਬੁੱਧੀਜੀਵੀ ਤੇ ਅਗਾਂਹਵਧੂ ਵਰਗ ਨੂੰ ਹੀ ਜ਼ਿੰਮੇਵਾਰ ਭੂਮਿਕਾ ਨਿਭਾਉਣੀ ਪੈਣੀ ਹੈ। ਸੰਸਥਾ ਮਹਿਸੂਸ ਕਰਦੀ ਹੈ ਕਿ ਪੱਛਮੀ ਮੁਲਕਾਂ 'ਚ ਭਾਰਤ ਦੇ ਮੁਕਾਬਲੇ ਆਮ ਲੋਕਾਂ 'ਚ ਰਸਮੀ ਪੜ੍ਹਾਈ ਦੇ ਨਾਲ ਆਮ ਜਾਣਕਾਰੀ ਤੇ ਸਾਹਿਤਕ ਪੁਸਤਕਾਂ ਪੜ੍ਹਨ ਦਾ ਰੁਝਾਨ ਜ਼ਿਆਦਾ ਹੈ ਤੇ ਉਨ੍ਹਾਂ ਲੋਕਾਂ ਦਾ ਜ਼ਿਆਦਾ ਖ਼ੁਸ਼ਹਾਲ, ਸੱਭਿਅਕ ਤੇ ਮਾਨਵੀ ਕਦਰਾਂ ਨਾਲ ਭਰਪੂਰ ਹੋਣ ਦਾ ਕਾਰਨ ਵੀ ਲੋਕਾਂ ਦੀ ਸਾਹਿਤ ਨਾਲ ਗੂੜ੍ਹੀ ਸਾਂਝ ਹੈ। ਪੱਛਮ 'ਚ ਖ਼ੁਸ਼ੀ ਦੇ ਮੌਕੇ ਪੁਸਤਕਾਂ ਦੇ ਤੋਹਫੇ ਦੇਣ ਦੀ ਪਿਰਤ ਦੇ ਨਾਲ ਨਾਲ ਵਿਹਲੇ ਸਮੇਂ ਪੁਸਤਕਾਂ ਨਾਲ ਸਾਂਝ ਪਾਈ ਰੱਖਣ ਦਾ ਰਿਵਾਜ ਹੈ, ਜਦਕਿ ਭਾਰਤ ਤੇ ਖਾਸ ਕਰ ਕੇ ਪੰਜਾਬ 'ਚ ਪੜ੍ਹੇ-ਲਿਖੇ ਲੋਕ ਵੀ ਇਸ ਤਰ੍ਹਾਂ ਦੇ ਸਿਹਤਮੰਦ ਰੁਝਾਨ ਤੋਂ ਵਿਰਵੇ ਹਨ।

ਮੰਚ ਵੱਲੋਂ ਪੁਸਤਕ ਮੇਲਿਆਂ ਦੀ ਹਰ ਸਾਲ ਨਵੰਬਰ ਮਹੀਨੇ ਚਲਾਈ ਜਾਂਦੀ ਲੜੀ 'ਚ ਹਰ ਸਾਲ ਲੱਖਾਂ ਦੀ ਕੀਮਤ ਦੀਆਂ ਪੁਸਤਕਾਂ ਵਿਕਦੀਆਂ ਹਨ। ਮੰਚ 2013 ਤੋਂ ਹਰ ਸਾਲ ਹੁੰਦੇ ਵਿਸ਼ਾਲ ਪੁਸਤਕ ਮੇਲੇ ਦੌਰਾਨ ਡਾ. ਸੁਰਜੀਤ ਕੌਰ ਬਾਜਵਾ ਦੀ ਪੁਸਤਕ 'ਪੰਜਾਬੀ ਅਧਿਆਤਮਕ ਵਾਰਾਂ: ਅਧਿਐਨ ਤੇ ਮੁਲਾਂਕਣ, ਪ੍ਰਦੀਪ ਮੌਜੀ ਦਾ ਹਾਸ ਵਿਅੰਗ ਰਹਿ ਕੇ ਚੁੱਪ ਨਜ਼ਾਰੇ ਲੁੱਟ, ਸ਼ਾਇਰ ਮੋਹਨ ਕਾਜਲ ਦਾ ਕਾਵਿ ਸੰਗ੍ਰਹਿ 'ਸਫ਼ਰ ਦੀ ਉਡੀਕ 'ਚ', ਸਾਬਕਾ ਡੀ ਈ ਓ ਦਰਸ਼ਨ ਸਿੰਘ ਦਾ ਨਾਵਲ 'ਧੁੱਪ ਦਾ ਸਫ਼ਰ' ਅਤੇ ਵਰਿੰਦਰ ਸਿੰਘ ਨਿਮਾਣਾ ਦੀ ਲੋਕਧਾਰਾ ਤੇ ਸੱਭਿਆਚਾਰ ਅਧਾਰਿਤ ਪੁਸਤਕ 'ਸੰਧੂਰੀ ਅੰਬੀਆਂ' ਆਦਿ ਪੁਸਤਕਾਂ ਲੋਕ ਅਰਪਣ ਕੀਤੀਆਂ ਜਾ ਚੁੱਕੀਆਂ ਹਨ।

ਸੰਸਥਾ ਦੇ ਪੁਸਤਕ ਮੇਲਿਆਂ ਦੌਰਾਨ ਨੈਸ਼ਨਲ ਬੁੱਕ ਟਰੱਸਟ ਨਵੀਂ ਦਿੱਲੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪਬਲੀਕੇਸ਼ਨ ਬਿਊਰੋ ਅਤੇ ਪੰਜਾਬ ਦੇ ਵੱਡੇ ਪੁਸਤਕ ਪ੍ਰਕਾਸ਼ਨਾਂ ਦਾ ਸ਼ਾਮਿਲ ਹੋਣਾ ਇਸ ਦੀਆਂ ਪ੍ਰਾਪਤੀਆਂ 'ਚ ਸ਼ਾਮਿਲ ਹੈ। ਪੰਜਾਬੀ ਦੀ ਉੱਘੀ ਲੇਖਿਕਾ ਡਾ. ਹਰਸ਼ਿੰਦਰ ਕੌਰ ਤੇ ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਵਾਤਾਵਰਨ ਪ੍ਰੇਮੀ ਮੰਚ ਦੇ ਵੱਖ-ਵੱਖ ਪ੍ਰੋਗਰਾਮਾਂ 'ਚ ਹਾਜ਼ਰੀ ਲਵਾ ਕੇ ਸੰਸਥਾ ਦੇ ਕਾਰਜਾਂ ਦੀ ਹੌਸਲਾ ਅਫ਼ਜ਼ਾਈ ਕਰ ਚੁੱਕੇ ਹਨ।

ਪੰਜਾਬੀ ਵਿਕਾਸ ਮੰਚ ਹਰਿਆਣਾ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਲਈ ਹਰਮੇਲ ਸਿੰਘ ਖੱਖ, ਅਮਨਦੀਪ ਸ਼ਰਮਾ, ਰਾਜਿੰਦਰ ਸਿੰਘ ਮਾਰਸ਼ਲ, ਸਰਬਜੀਤ ਸਿੰਘ ਕੰਗ, ਵਰਿੰਦਰ ਸਿੰਘ ਨਿਮਾਣਾ, ਵਿਜੇ ਕਲਸੀ, ਕੁੰਦਨ ਸਿੰਘ ਕਾਲਕਟ, ਜਗਤਜੀਤ ਸਿੰਘ,ਅਜੀਬ ਦਿਵੇਦੀ, ਪ੍ਰਿੰ. ਹਰਜਿੰਦਰ ਸਿੰਘ, ਡਾ. ਜਸਵਿੰਦਰ ਸਿੰਘ ਖੁਲਖੁਣ, ਸੁਰਜੀਤ ਰਾਜਾ, ਪ੍ਰਿੰ. ਪਰਮਜੀਤ ਸਿੰਘ, ਗੁਰਮੀਤ ਸਿੰਘ, ਰਾਜੇਸ਼ ਅਰੋੜਾ, ਜਸਵੰਤ ਸਿੰਘ, ਪ੍ਰੋ. ਗੁਰਪਿੰਦਰ ਸਿੰਘ, ਪ੍ਰਿਤਪਾਲ ਸਿੰਘ, ਪ੍ਰੋ. ਲਖਵਿੰਦਰ, ਪ੍ਰੋ. ਭੁਪਿੰਦਰ ਕੌਰ, ਪ੍ਰੋ. ਮੀਨਾ, ਰੋਮੀ ਦਿਵਗੁਣ ਵਰਗੇ ਸੁਹਿਰਦ ਇਨਸਾਨਾਂ ਵੱਲੋਂ ਵਿਸ਼ੇਸ਼ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

ਪੰਜਾਬੀ ਵਿਕਾਸ ਮੰਚ ਵੱਲੋਂ ਪੁਸਤਕ ਸੱਭਿਆਚਾਰ ਲਈ ਆਰੰਭੇ ਯਤਨਾਂ ਲਈ ਸਰ ਮਾਰਸ਼ਲ ਐਜੂਕੇਸ਼ਨਲ ਸੁਸਾਇਟੀ ਟਾਂਡਾ, ਗੁਰੂ ਨਾਨਕ ਐਜੂਕੇਸ਼ਨਲ ਕੰਪਲੈਕਸ ਡੱਲੇਵਾਲ, ਖਾਲਸਾ ਕਾਲਜ ਗੜ੍ਹਦੀਵਾਲਾ ਜੀ ਜੀ ਡੀ ਐੱਸ ਡੀ ਕਾਲਜ ਹਰਿਆਣਾ, ਪ੍ਰੈੱਸ ਕਲੱਬ ਹਰਿਆਣਾ, ਡਾਇਟ ਕਾਲਿਜ ਅੱਜੋਵਾਲ, ਗੁਰੂ ਤੇਗ ਬਹਾਦਰ ਖਾਲਸਾ ਕਾਲਜ ਆਫ਼ ਐਜੂਕੇਸ਼ਨ ਦਸੂਹਾ, ਖਾਲਸਾ ਸੀ. ਸੈ. ਸਕੂਲ ਹਰਿਆਣਾ, ਐੱਚ ਡੀ ਐੱਨ ਸੀ ਸੈ. ਸਕੂਲ ਹਰਿਆਣਾ, ਫੈਮਰੋ ਹਲਦੀ ਪਲਾਂਟ ਕੰਗਮਾਈ ਘੁਗਿਆਲ, ਚੜ੍ਹਦੀ ਕਲਾ ਸਪੋਰਟਸ ਕਲੱਬ ਕੰਗ ਮਾਈ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। •





# ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ

**ਕੁਲਦੀਪ ਸਿੰਘ ਬੰਗੀ**

***ਗੁਰੂ ਤੇਗ ਬਹਾਦਰ ਜੀ ਨੇ ਦਮਦਮਾ ਸਾਹਿਬ ਵਾਲੇ ਟਿੱਬੇ ਵੱਲ ਇਸ਼ਾਰਾ ਕਰ ਕੇ ਭਵਿੱਖਬਾਣੀ ਕੀਤੀ ਸੀ ਕਿ ਇਸ ਅਸਥਾਨ 'ਤੇ ਬੈਠਣ ਵਾਲੇ ਕੋਈ ਮਹਾਂਬਲੀ ਆਉਣਗੇ...***



ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲਗਪਗ 159 ਸਾਲ ਬਾਅਦ 1674 ਈਸਵੀ ਵਿਚ ਗੁਰੂ ਤੇਗ ਬਹਾਦਰ ਜੀ ਤਲਵੰਡੀ ਸਾਬੋ ਪਹੁੰਚੇ ਸਨ। ਜਿਸ ਅਸਥਾਨ 'ਤੇ ਇਹ ਪਵਿੱਤਰ ਗੁਰਦੁਆਰਾ, ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਸੁਸ਼ੋਭਿਤ ਹੈ। ਇਸ ਜਗ੍ਹਾ 'ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਆ ਕੇ ਬਿਰਾਜੇ ਸਨ। ਇਥੇ ਉਨ੍ਹਾਂ ਦਮਦਮਾ ਸਾਹਿਬ ਵਾਲੇ ਟਿੱਬੇ ਵੱਲ ਇਸ਼ਾਰਾ ਕਰ ਕੇ ਭਵਿੱਖਬਾਣੀ ਕੀਤੀ ਸੀ ਕਿ ਇਸ ਅਸਥਾਨ ਉੱਤੇ ਬੈਠਣ ਵਾਲੇ ਤੇਜਸਵੀ ਸਤਿ ਪੁਰਖ ਮਹਾਂਬਲੀ (ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਆਉਣਗੇ। ਤਖ਼ਤ ਸਾਹਿਬ ਦੇ ਕੰਪਲੈਕਸ ਵਿਚ ਨੌਵੇਂ ਗੁਰੂ ਤੇਗ ਬਹਾਦਰ ਜੀ ਦੀ ਯਾਦ ਮੌਜੂਦ ਹੈ।

**ਗੁਰੂਸਰ ਸਰੋਵਰ** : ਇਸ ਸਰੋਵਰ ਦੀ ਨੀਂਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਦੁਸ਼ਾਲੇ ਨਾਲ ਪੰਜ ਵਾਰ ਕਾਰ ਕੱਢ ਕੇ ਰੱਖੀ। ਇਸ ਸਰੋਵਰ ਦੀ ਕਾਰ ਗੁਰੂ ਗੋਬਿੰਦ ਸਿੰਘ ਜੀ ਨੇ ਵੀ ਆਪਣੇ ਢਾਲੇ ਨਾਲ ਕੱਢੀ ਅਤੇ ਅੰਮ੍ਰਿਤ ਦੇ ਕੜਾਹੇ ਇਸ ਵਿਚ ਪਾ ਕੇ ਇਸ ਦੇ ਪਵਿੱਤਰ ਪਾਣੀ ਨੂੰ ਮੁਕਤੀ ਲਈ ਔਸ਼ਿਧੀ ਦਾ ਰੂਪ ਦੇ ਦਿੱਤਾ। ਸ੍ਰੀ ਗੁਰੂ ਤੇਗ ਬਹਾਦਰ ਜੀ ਇਸ ਜਗ੍ਹਾ 'ਤੇ ਲਗਪਗ ਇਕ ਮਹੀਨਾ ਰਹੇ ਦੱਸੇ ਜਾਂਦੇ ਹਨ। ਇਸ ਸਮੇਂ ਦੌਰਾਨ ਗੁਰੂ ਜੀ ਨੇ ਸਲੇਮ ਸ਼ਾਹ ਦੇ ਪੁੱਤਰ ਡੱਲੇ ਨੂੰ ਵੀ ਅਨੇਕ ਵਰਦਾਨ ਦਿੱਤੇ ਕਿਉਂਕਿ ਇਲਾਕੇ ਦਾ ਚੌਧਰੀ ਸਲੇਮ ਸ਼ਾਹ ਗੁਰੂ ਜੀ ਦੀ ਸੇਵਾ ਲਈ ਸਦਾ ਹੀ ਤੱਤਪਰ ਰਿਹਾ।

**ਅਕਾਲਸਰ ਸਰੋਵਰ** : ਅਕਾਲਸਰ ਸਰੋਵਰ, ਗੁਰੂਸਰ ਸਰੋਵਰ ਤੋਂ ਥੋੜ੍ਹੀ ਦੂਰੀ 'ਤੇ ਤਖ਼ਤ ਸਾਹਿਬ ਕੋਲ ਦਮਦਮਾ ਸਾਹਿਬ ਦੇ ਕਦਮਾਂ 'ਚ ਸਥਿਤ ਹੈ। ਰਵਾਇਤੀ ਧਾਰਨਾ ਅਨੁਸਾਰ ਦਮਦਮੇ ਉੱਪਰ ਜਦੋਂ ਗੁਰੂ ਜੀ ਨੇ ਆਪਣਾ ਕਮਰਕੱਸਾ ਖੋਲ੍ਹਿਆ ਤਾਂ ਉੱਥੋਂ ਇਕ ਕਾਲਾ ਸੱਪ ਨਿਕਲਿਆ ਤੇ ਇਸ ਮੌਕੇ ਗੁਰੂ ਜੀ ਨੇ ਫਰਮਾਇਆ ਕਿ ਇਹ ਮਾਲਵੇ ਦਾ ਅਕਾਲ ਸੀ ਜੋ ਖ਼ਤਮ ਹੋ ਗਿਆ ਹੈ। ਇਸ ਲਈ ਇਸ ਸਰੋਵਰ ਦਾ ਨਾਂ ਅਕਾਲਸਰ ਪੈ ਗਿਆ।

**ਮੋਬਾਈਲ 94174-07778**

---

*(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਂਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)*

ਇਜ਼ਰਾਇਲ ਵਿਚ ਉਸ ਸਮੇਂ 24 ਵੱਡੇ ਧਾਰਮਿਕ ਕੇਂਦਰ ਸਨ। ਪਰ ਉਨ੍ਹਾਂ ਵਿੱਚੋਂ ਗਲੀਲ ਦੇ ਧਾਰਮਿਕ ਰਹਿਨੁਮਾ ਰਵਾਇਤੀ ਧਾਰਮਿਕ ਕਾਨੂੰਨਾਂ ਦੀ ਵਿਆਖਿਆ ਕਰਦੇ ਸਮੇਂ ਹੋਰ ਯਹੂਦੀਆਂ ਤੇ ਰੱਬੀ ਧਾਰਮਿਕ ਨੇਤਾਵਾਂ ਦੇ ਮੁਕਾਬਲੇ ਬਹੁਤ ਉਦਾਰਵਾਦੀ ਸਨ। ਸਬਤ ਦੇ ਦਿਨ ਦੇ ਮਾਮਲੇ ਵਿਚ ਨਾਸਰਤ ਦੇ ਧਾਰਮਿਕ ਰਹਿਨੁਮਾ ਵੀ ਬਹੁਤ ਉਦਾਰਵਾਦੀ ਸਨ। ਸਬਤ ਦੇ ਦਿਨ ਦੁਪਹਿਰ ਵੇਲੇ ਪਿਤਾ ਯੂਸਫ਼ ਬਾਲ ਯਿਸੂ ਨੂੰ ਆਪਣੇ ਘਰ ਲਾਗਲੀ ਇਕ ਪਹਾੜੀ ਉੱਤੇ ਘੁਮਾਉਣ ਲਈ ਜ਼ਰੂਰ ਲਿਜਾਂਦੇ ਸਨ, ਜਿੱਥੋਂ ਗਲੀਲ ਦੇ ਖੇਤਰ ਨੂੰ ਦੂਰ-ਦੂਰ ਤੋਂ ਵੇਖਿਆ ਜਾ ਸਕਦਾ ਸੀ। ਉੱਥੋਂ ਕਾਰਮਲ ਪਰਬਤ ਦੀਆਂ ਟੀਸੀਆਂ ਦੀ ਲੰਬੀ ਲੜੀ ਵਿਖਾਈ ਦਿੰਦੀ ਸੀ, ਜੋ ਹੇਠਾਂ ਸਮੁੰਦਰ ਤਕ ਜਾਂਦੀ ਹੈ। ਉੱਤਰ ਵੱਲ ਹਰਮਨ ਪਰਬਤ ਵੇਖਿਆ ਜਾ ਸਕਦਾ ਸੀ, ਜਿਸ ਦੀਆਂ 3,000 ਫ਼ੁੱਟ ਉੱਚੀਆਂ ਚੋਟੀਆਂ ਉੱਤੇ ਆਮ ਤੌਰ 'ਤੇ ਬਰਫ਼ ਵਿਖਾਈ ਦਿੰਦੀ ਸੀ। ਪੂਰਬ ਵੱਲ ਯਿਸੂ ਤਦ ਯਰਦਨ ਵਾਦੀ ਨੂੰ ਵੇਖਦੇ ਸਨ ਅਤੇ ਦੂਰ ਮੋਆਬ ਦੀਆਂ ਪਹਾੜੀਆਂ ਵੀ ਵੇਖਦੇ ਸਨ (ਯੂਰੈਂਸ਼ੀਆ-123:5.12)



ਉੱਥੋਂ ਯਿਸੂ ਅਕਸਰ ਦੂਰੋਂ-ਦੂਰੋਂ ਨਾਸਰਤ ਆਉਣ ਤੇ ਇੱਥੋਂ ਜਾਦ ਵਾਲੇ ਯਾਤਰੀਆਂ ਦੇ ਕਾਫ਼ਲੇ ਦੀਆਂ ਲੰਬੀਆਂ ਕਤਾਰਾਂ ਨੂੰ ਵੇਖਦੇ ਸਨ। ਦੱਖਣ ਵੱਲ ਉਨ੍ਹਾਂ ਨੂੰ ਇਜ਼ਰਾਇਲ ਦੇਸ਼ ਦੇ ਵਿਸ਼ਾਲ ਉਪਜਾਊ ਮੈਦਾਨ ਵਿਖਾਈ ਦਿੰਦੇ ਸਨ (ਯੂਰੈਂਸ਼ੀਆ-123 : 5.13)

ਸੱਤ ਸਾਲ ਦੀ ਉਮਰ ਭਾਵ ਸੰਨ 1 ਵਿਚ ਹੀ ਯਿਸੂ ਨਾਸਰਤ ਦੇ ਜ਼ਿਆਦਾਤਰ ਲੋਕਾਂ (ਪੁਰਖ ਤੇ ਇਸਤਰੀਆਂ ਦੋਵੇਂ) ਨੂੰ ਜਾਣਨ ਲੱਗ ਪਏ ਸਨ ਕਿਉਂਕਿ ਉਹ ਉਨ੍ਹਾਂ ਨੂੰ ਜਨਤਕ ਕੇਂਦਰਾਂ ਉੱਤੇ ਮਿਲਦੇ ਰਹਿੰਦੇ ਸਨ। ਇਸੇ ਵਰ੍ਹੇ ਉਨ੍ਹਾਂ ਨੇ ਆਪਣੇ ਪਰਿਵਾਰ ਦੀ ਗਊ ਦਾ ਦੁੱਧ ਚੋਣਾ ਸਿੱਖਿਆ ਸੀ। ਫਿਰ ਉਨ੍ਹਾਂ ਪਨੀਰ ਬਣਾਉਣਾ ਤੇ ਸੂਤ ਕੱਤਣਾ ਵੀ ਸਿੱਖਿਆ। 10 ਸਾਲਾਂ ਦੀ ਉਮਰ ਤਕ ਯਿਸੂ ਹੱਥਖੱਡੀ (ਲੂਮ) ਚਲਾਉਣ ਵਿਚ ਪੂਰੀ ਤਰ੍ਹਾਂ ਮਾਹਿਰ ਹੋ ਗਏ ਸਨ। ਉਹ ਆਮ ਤੌਰ ਉੱਤੇ ਗੁਆਂਢੀ ਲੜਕੇ ਜੇਕਬ (ਯਾਕੂਬ) ਨਾਲ ਖੇਡਦੇ ਸਨ ਅਤੇ ਉਹ ਦੋਵੇਂ ਮਿਲ ਕੇ ਇਕ ਘੁਮਿਆਰ (ਜਿਸ ਦਾ ਨਾਂ ਨਾਥਨ ਸੀ) ਨੂੰ ਮਿੱਟੀ ਦੇ ਬਰਤਨ ਬਣਾਉਂਦਿਆਂ ਵੇਖਦੇ ਰਹਿੰਦੇ ਸਨ। ਨਾਥਨ ਨੂੰ ਬੱਚਿਆਂ ਨਾਲ ਬਹੁਤ ਪਿਆਰ ਸੀ, ਇਸੇ ਲਈ ਉਹ ਉਨ੍ਹਾਂ ਨੂੰ ਖੇਡਣ ਲਈ ਗਿੱਲੀ ਮਿੱਟੀ ਦੇ ਦਿੰਦੇ ਸਨ, ਜਿਸ ਨਾਲ ਉਹ ਵੱਖੋ-ਵੱਖਰੀ ਤਰ੍ਹਾਂ ਦੀਆਂ ਵਸਤਾਂ ਜਾਂ ਜਾਨਵਰਾਂ ਦੀਆਂ ਸ਼ਕਲਾਂ ਬਣਾ ਕੇ ਖੇਡਿਆ ਕਰਦੇ ਸਨ। ਇਸ ਤਰ੍ਹਾਂ ਉਨ੍ਹਾਂ ਦੀ ਕਲਪਨਾ ਸ਼ਕਤੀ ਬਹੁਤ ਮਜ਼ਬੂਤ ਹੁੰਦੀ ਸੀ (ਯੂਰੈਂਸ਼ੀਆ-123:5.15)

ਈਸਵੀ ਸੰਨ 2 ਵਿਚ ਯਿਸੂ ਦੇ ਦੁਨਿਆਵੀ ਜੀਵਨ ਦਾ 9ਵਾਂ ਸਾਲ ਸ਼ੁਰੂ ਹੋ ਚੁੱਕਾ ਸੀ। ਉਹ ਕੋਈ ਆਮ ਵਿਦਿਆਰਥੀ ਤਾਂ ਹੈ ਨਹੀਂ ਸਨ, ਉਹ ਬਹੁਤ ਹੋਣਹਾਰ ਤੇ ਸੂਝਬੂਝ ਨਾਲ ਭਰਪੂਰ ਵਿਦਿਆਰਥੀ ਸਨ। ਇਸੇ ਲਈ ਉਨ੍ਹਾਂ ਨੂੰ ਇਕ ਮਹੀਨੇ ਵਿਚ ਪੂਰੇ ਇਕ ਹਫ਼ਤੇ ਤਕ ਸਕੂਲ 'ਚ ਨਾ ਆਉਣ ਦੀ ਛੋਟ ਵੀ ਹਾਸਲ ਸੀ। ਉਹ ਹਫ਼ਤਾ ਉਹ ਆਮ ਤੌਰ 'ਤੇ ਮਗਦਾਲਾ ਨੇੜੇ ਗਲੀਲ ਦੇ ਸਮੁੰਦਰੀ ਕੰਢੇ ਉੱਤੇ ਜਾਂ ਆਪਣੇ ਇਕ ਮਾਮੇ ਦੇ ਘਰ ਬਿਤਾਇਆ ਕਰਦੇ ਸਨ, ਜੋ ਨਾਸਰਤ ਤੋਂ ਪੰਜ ਮੀਲ ਦੀ ਦੂਰੀ ਉੱਤੇ ਰਹਿੰਦੇ ਸਨ (ਯੂਰੈਂਸ਼ੀਆ-123:6.1)

ਮਾਂ ਮਰੀਅਮ ਨੂੰ ਸਦਾ ਬਾਲ ਯਿਸੂ ਦੀ ਸਿਹਤ ਤੇ ਉਨ੍ਹਾਂ ਦੀ ਸਲਾਮਤੀ ਦੀ ਫ਼ਿਕਰ ਲੱਗੀ ਰਹਿੰਦੀ ਸੀ। ਪਰ ਹੁਣ ਕਿਉਂਕਿ ਯਿਸੂ ਘਰ ਤੋਂ ਕਾਫ਼ੀ ਸਮਾਂ ਬਾਹਰ ਰਹਿਣ ਲੱਗੇ ਸਨ, ਇਸੇ ਲਈ ਉਹ ਹੁਣ ਉਨ੍ਹਾਂ ਦੀ ਫ਼ਿਕਰ ਪਹਿਲਾਂ ਵਾਂਗ ਨਹੀਂ ਕਰਦੇ ਸਨ। ਯਿਸੂ ਦੇ ਚਾਚੇ-ਚਾਚੀਆਂ, ਤਾਏ-ਤਾਈਆਂ, ਮਾਮੇ-ਮਾਮੀਆਂ ਸਾਰੇ ਉਨ੍ਹਾਂ ਨੂੰ ਬਹੁਤ ਪਿਆਰ ਕਰਦੇ ਸਨ। ਇਸੇ ਵਰ੍ਹੇ ਮਈ 'ਚ ਉਨ੍ਹਾਂ ਨੇ ਪਹਿਲੀ ਵਾਰ ਮੱਛੀਆਂ ਫੜਨ ਦਾ ਤਜਰਬਾ ਵੀ ਹਾਸਲ ਕੀਤਾ ਸੀ। ਅਜਿਹਾ ਉਨ੍ਹਾਂ ਗਲੀਲ ਦੇ ਸਮੁੰਦਰੀ ਕੰਢੇ 'ਤੇ ਕੀਤਾ ਸੀ (ਯੂਰੈਂਸ਼ੀਆ-123:6.2)

*ਅਨੁਵਾਦ -**ਮਹਿਤਾਬ-ਉਦ-ਦੀਨ***

---

# ਮਹਾਨ ਤਿਆਗੀ ਤੇ ਤਪੱਸਵੀ ਬਾਬਾ ਫ਼ਰੀਦ ਜੀ

**ਗਿਆਨ ਸਿੰਘ**

***ਬਾਬਾ ਫ਼ਰੀਦ ਜੀ ਜਿੱਥੇ ਮਾਨਵਤਾ ਨੂੰ ਕ੍ਰੋਧ ਤਿਆਗਣ ਦੀ ਪ੍ਰੇਰਨਾ ਦਿੰਦੇ ਹਨ, ਉੱਥੇ ਉਸ ਪਰਵਰਦਿਗਾਰ ਨੂੰ ਹਮੇਸ਼ਾ ਯਾਦ ਰੱਖਣ ਦੀ ਤਾਕੀਦ ਕਰਦੇ ਹਨ। ਉਹ ਆਪਣਾ ਜੀਵਨ ਉਸ ਦੀ ਰਜ਼ਾ ਵਿਚ ਨਾ ਜਿਊਣ ਵਾਲੇ ਨੂੰ ਉਸ ਦਾ ਫ਼ਰਜ਼ ਯਾਦ ਕਰਾਉਂਦਿਆਂ ਤਾਹਨਾ ਵੀ ਮਾਰਦੇ ਹਨ...***



**ਫ਼ਰੀਦਕੋਟ ਆਮਦ 'ਤੇ ਵਿਸ਼ੇਸ਼**

ਬਾਬਾ ਫ਼ਰੀਦ ਜੀ ਦੀ ਬਾਣੀ ਦੁਨੀਆ ਨੂੰ ਪਿਆਰ, ਸਦਭਾਵਨਾ, ਮਨੁੱਖੀ ਭਾਈਚਾਰਾ, ਸਹਿਣਸ਼ੀਲਤਾ, ਸਾਦਗੀ ਅਤੇ ਚੰਗਿਆਈ ਦਾ ਸੰਦੇਸ਼ ਦਿੰਦੀ ਹੈ ਅਤੇ ਫਾਨੀ ਦੁਨੀਆ ਵਿੱਚੋਂ ਕੂਚ ਕਰਨ ਦਾ ਸੱਦਾ ਦਿੰਦਿਆਂ 'ਮੌਤ' ਨੂੰ ਹਮੇਸ਼ਾ ਯਾਦ ਰਖਦਿਆਂ ਨੇਕ, ਚੰਗੇ ਕੰਮ ਕਰਨ ਦੀ ਪ੍ਰੇਰਨਾ ਕਰਦੀ ਹੈ। ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਗੁਰੂ ਗ੍ਰੰਥ ਸਾਹਿਬ ਵਿਚ ਅੰਕਿਤ ਕਰ ਕੇ ਸਿੱਖ ਗੁਰੂ ਸਾਹਿਬਾਨ ਨੇ ਬਰਾਬਰਤਾ ਦਾ ਦਰਜਾ ਪ੍ਰਦਾਨ ਕੀਤਾ ਹੈ।

'ਫ਼ਰੀਦਾ ਬੁਰੇ ਦਾ ਭਲਾ ਕਰਿ ਗੁਸਾ ਮਨ ਨ ਹੰਢਾਇ।
ਦੇਹੀ ਰੋਗੁ ਨ ਲਗਈ ਪਲੈ ਸਭ ਕਿਛੁ ਪਾਇ'॥

ਬਾਬਾ ਫ਼ਰੀਦ ਜੀ ਨੇ ਇਸ ਸ਼ਲੋਕ ਰਾਹੀ ਮਨੁੱਖਤਾ ਨੂੰ ਅਜਿਹਾ ਸੰਦੇਸ਼ ਦਿੱਤਾ ਹੈ, ਜਿਸ ਨੂੰ ਅਮਲ ਵਿਚ ਲਿਆਉਣ ਨਾਲ ਇਨਸਾਨ ਨੂੰ ਜ਼ਿੰਦਗੀ ਜਿਊਣ ਦੀ ਜਾਚ ਆ ਜਾਂਦੀ ਹੈ। ਉਹ ਆਪਣੇ ਜੀਵਨ ਨੂੰ ਸੁਖੀ ਬਣਾ ਸਕਦਾ ਹੈ। ਬਾਬਾ ਫ਼ਰੀਦ ਜਿੱਥੇ ਮਾਨਵਤਾ ਨੂੰ ਕ੍ਰੋਧ ਤਿਆਗਣ ਦੀ ਪ੍ਰੇਰਨਾ ਦਿੰਦੇ ਹਨ, ਉੱਥੇ ਨਾਲ ਹੀ ਉਸ ਪਰਵਰਦਿਗਾਰ ਨੂੰ ਹਮੇਸ਼ਾ ਯਾਦ ਵਿਚ ਰੱਖਣ ਦੀ ਤਾਕੀਦ ਕਰਦਿਆਂ, ਆਪਣਾ ਜੀਵਨ ਉਸ ਦੀ ਰਜ਼ਾ ਵਿਚ ਨਾ ਜਿਊਣ ਵਾਲੇ ਨੂੰ ਆਪਣਾ ਫਰਜ਼ ਯਾਦ ਕਰਵਾਉਂਦਿਆਂ ਤਾਹਨਾ ਮਾਰਦੇ ਹਨ :

'ਫ਼ਰੀਦਾ ਬੇਨਿਆਜਾ ਕੁਤਿਆ ਏਹ ਨ ਭਲੀ ਰੀਤਿ।
ਕਬਹੀ ਚਲਿ ਨਾ ਆਇਆ ਪੰਜੇ ਵਖਤ ਮਸੀਤਿ'॥

ਇਥੇ ਹੀ ਬਸ ਨਹੀਂ ਬਾਬਾ ਫ਼ਰੀਦ ਹਜ਼ਰਤ ਮੁਹੰਮਦ ਸਾਹਿਬ ਦੇ ਬਚਨ ਅਤੇ ਕੁਰਾਨ ਦੀਆਂ ਆਇਤਾਂ ਨੂੰ ਅਮਲ 'ਚ ਨਾ ਲਿਆਉਣ ਵਾਲੇ ਬੇਮੁੱਖ ਵਿਅਕਤੀ ਨੂੰ ਜੀਵਨ ਜਿਊਣ ਦਾ ਕੋਈ ਹੱਕ ਨਹੀਂ,

'ਉਠ ਫ਼ਰੀਦਾ ਉਜੂ ਸਾਜਿ ਸੁਬਹ ਨਿਵਾਜ਼ ਗੁਜਾਰਿ।
ਜੋ ਸਿਰੁ ਸਾਂਈ ਨਾ ਨਿਵੇ ਸੋ ਸਿਰ ਕਪਿ ਉਤਾਰਿ'॥

ਬਾਬਾ ਫ਼ਰੀਦ ਇਨਸਾਨ ਨੂੰ ਪ੍ਰੇਰਨਾ ਕਰਦੇ ਹਨ ਕਿ ਜੀਵਨ ਨੂੰ ਰੱਬੀ ਰੰਗ ਵਿਚ ਰੰਗਣ ਲਈ ਮੁਰਸ਼ਦ ਕਾਮਿਲ ਦੀ ਲੋੜ ਹੈ ਤੇ ਪ੍ਰੇਰਨਾ ਕਰਦੇ ਹਨ,

'ਤੁਰਿਆ ਤੁਰਿਆ ਜਾ ਫ਼ਰੀਦਾ ਤੁਰਿਆ ਤੁਰਿਆ ਜਾਹ।
ਜੇ ਕੋਈ ਬਖਸ਼ਿਆ ਮਿਲ ਜੇ ਤੂੰ ਵੀ ਬਖਸ਼ਿਆ ਜਾਹ'॥

ਬਾਬਾ ਫ਼ਰੀਦ ਸ਼ੱਕਰਗੰਜ ਖੋਜ ਕਰਦਿਆਂ-ਕਰਦਿਆਂ ਇਧਰ ਸ਼ਹਿਰ ਮੋਕਲਹਰ ਪੁੱਜ ਗਏ। ਸ਼ਹਿਰ ਦੇ ਬਾਹਰਵਾਰ ਉਸ ਅਸਥਾਨ 'ਤੇ ਠਹਿਰੇ ਜਿਸ ਨੂੰ ਅੱਜ ਗੋਦੜੀ ਸਾਹਿਬ ਕਿਹਾ ਜਾਂਦਾ ਹੈ। ਗੁਰਦੁਆਰਾ ਗੋਦੜੀ ਸਾਹਿਬ ਦਾ ਇਤਿਹਾਸ ਵੀ ਨਿਰਾਲਾ ਹੈ। ਕਹਿੰਦੇ ਹਨ ਕਿ 1215 ਈ: ਵਿਚ ਬਾਬਾ ਫ਼ਰੀਦ ਜੀ ਪਾਕਪਟਨ ਜਾ ਰਹੇ ਸਨ ਤਾਂ ਇਸ ਮੁਕਾਮ ਉੱਤੇ ਉਨ੍ਹਾਂ ਨੇ ਸਾਥੀਆਂ ਸਮੇਤ ਇਕ ਛੱਪੜੀ ਦੇ ਕਿਨਾਰੇ ਵਿਸ਼ਰਾਮ ਕੀਤਾ ਅਤੇ ਆਪਣੇ ਮੁਰਸ਼ਦ ਬੁਖਤਿਆਰ ਕਾਕੀ ਜੀ ਦੀ ਬਖਸ਼ੀ ਹੋਈ ਗੋਦੜੀ ਇਕ ਦਰੱਖ਼ਤ ਉੱਤੇ ਟੰਗ ਕੇ ਖ਼ੁਦ ਖਾਣ ਪੀਣ ਦਾ ਸਮਾਨ ਲੈਣ ਵਾਸਤੇ ਸ਼ਹਿਰ ਪਹੁੰਚੇ, ਜੋ ਉਸ ਵੇਲੇ ਰਾਜਾ ਮੋਕਲਹਰ, ਗੜ੍ਹੀ ਵਿਚ ਵੱਸਦਾ ਸੀ ਅਤੇ ਕਿਲ੍ਹੇ ਦੀ ਨਵ ਉਸਾਰੀ ਹੋ ਰਹੀ ਸੀ। ਬਾਬਾ ਜੀ ਨੂੰ ਵੀ ਰਾਜੇ ਦੇ ਅਹਿਲਕਾਰਾਂ ਨੇ ਬੇਗਾਰ ਵਿਚ ਫੜ ਕੇ ਲਗਾ ਲਿਆ।

ਬਾਬਾ ਜੀ ਦੇ ਕ੍ਰਿਸ਼ਮਈ ਦ੍ਰਿਸ਼ ਨੂੰ ਵੇਖਦਿਆਂ ਰਾਜੇ ਨੂੰ ਸੀਸ ਝੁਕਾ ਕੇ ਪਛਚਾਤਾਪ ਕਰਨਾ ਪਿਆ। ਉੱਥੇ ਬੇਗਾਰ ਵਿਚ ਪਕੜੇ ਹੋਏ ਗ਼ਰੀਬ ਲੋਕਾਂ ਦੀ ਰਿਹਾਈ ਕਰਵਾਉਣ ਤੋਂ ਬਾਅਦ ਬਾਬਾ ਜੀ ਜਦ ਮੁੜ ਛੱਪੜੀ ਦੇ ਕਿਨਾਰੇ ਪਹੁੰਚੇ ਤਾਂ ਦੇਖਿਆ ਕਿ ਆਜੜੀ ਮੁੰਡੇ ਬਾਬਾ ਜੀ ਦੀ ਗੋਦੜੀ ਦੀ ਖੁਦੋ ਬਣਾ ਕੇ ਖੇਡ ਰਹੇ ਹਨ। ਬਾਬਾ ਜੀ ਨੇ ਆਪਣੇ ਮੁਰਸ਼ਦ ਵੱਲੋਂ ਬਖਸ਼ੀ ਗੋਦੜੀ ਤੋਂ ਜੁਦਾ ਹੋਣ ਦੀ ਆਪਣੀ ਭੁੱਲ ਨੂੰ ਬਖਸ਼ਾਉਣ ਲਈ ਇਸ ਸਥਾਨ 'ਤੇ 40 ਦਿਨ ਤਪੱਸਿਆ ਕੀਤੀ, ਇਸੇ ਲਈ ਇਸ ਥਾਂ ਦਾ ਨਾਂ ਗੋਦੜੀ ਸਾਹਿਬ ਪੈ ਗਿਆ।



ਪੰਜਾਬ ਦੇ ਇਤਿਹਾਸ ਵਿਚ ਵਿਸ਼ੇਸ਼ ਮਹੱਤਤਾ ਰੱਖਣ ਵਾਲੇ ਇਤਿਹਾਸਕ ਸ਼ਹਿਰ ਫ਼ਰੀਦਕੋਟ ਵਿਚ ਗੁਰਦੁਆਰਾ ਟਿੱਲਾ ਬਾਬਾ ਸ਼ੇਖ਼ ਫ਼ਰੀਦ ਜੀ ਦਾ ਗੁਰਦੁਆਰਾ ਸਥਿਤ ਹੈ, ਜੋ ਅੱਜ ਸੰਸਾਰ ਪ੍ਰਸਿੱਧ ਹੋ ਚੁੱਕਾ ਹੈ। ਉਹ ਪਵਿੱਤਰ ਵਣ ਦੀ ਲੱਕੜੀ, ਜਿਸ ਨਾਲ ਬਾਬਾ ਸ਼ੇਖ਼ ਫ਼ਰੀਦ ਜੀ ਨੇ ਮੋਕਲਸੀ ਰਾਜੇ ਦੀ ਬੇਗਾਰ ਕਰਦਿਆਂ ਗਾਰੇ ਦੀ ਟੋਕਰੀ ਚੁੱਕਦੇ ਸਮੇਂ ਲਿਬੜੇ ਹੱਥ ਪੂੰਝੇ ਸਨ, ਇਹ ਗੋਲ ਗੁੰਬਦ ਵਿਚ ਇਸ ਗੁਰਦੁਆਰੇ ਵਿਖੇ ਸੁਸ਼ੋਭਿਤ ਹੈ। ਇਹ ਲੱਕੜੀ ਸੈਂਕੜੇ ਸਾਲ ਵਣ ਦੇ ਦਰੱਖ਼ਤ ਦੇ ਰੂਪ ਵਿਚ ਇਸ ਅਸਥਾਨ 'ਤੇ ਖੜ੍ਹੀ ਰਹੀ। ਲੋਕ ਸਦੀਆਂ ਤੋਂ ਇਸ ਦੀ ਪੂਜਾ ਕਰਦੇ ਰਹੇ ਅਤੇ ਸ਼ਰਧਾਲੂਆਂ ਦੇ ਹੱਥਾਂ ਦੀ ਛੋਹ ਨਾਲ ਇਸ ਦੇ ਹਿੱਸੇ ਗੋਲ ਹੋ ਗਏ।

ਅੱਜ ਤੋਂ ਤਕਰੀਬਨ 200 ਸਾਲ ਪਹਿਲਾਂ ਕਿਸੇ ਸ਼ਰਧਾਲੂ ਨੇ ਇੱਕ ਛੋਟਾ ਜਿਹਾ ਗੁੰਬਦ ਬਣਾ ਕੇ ਉਸ ਵਣ ਦੀ ਲੱਕੜ ਨੂੰ ਸਤਿਕਾਰ ਵਾਲੀ ਥਾਂ 'ਤੇ ਟਿਕਾ ਦਿਤਾ ਅਤੇ ਉੱਥੇ ਜੋਤ ਜਗਾ ਦਿੱਤੀ। ਪਿਛਲੇ ਤਕਰੀਬਨ 200 ਸਾਲ ਤੋਂ ਹੀ ਉਹ ਜੋਤ ਲਗਾਤਾਰ ਜਲ ਰਹੀ ਹੈ ਜੋ ਬਾਬਾ ਜੀ ਦੇ ਮਨੁੱਖਤਾ ਨੂੰ ਦਿੱਤੇ ਹੋਏ ਗਿਆਨ ਦੀ ਰੋਸ਼ਨੀ ਦੀ ਪ੍ਰਤੀਕ ਹੈ। ਬਾਬਾ ਫ਼ਰੀਦ ਜੀ ਦੀ ਆਮਦ ਤੋਂ ਪਹਿਲਾਂ ਇਸ ਸ਼ਹਿਰ ਦਾ ਨਾਂ ਮੋਕਲਹਰ ਸੀ, ਉਨ੍ਹਾਂ ਦੀ ਇਸ ਫੇਰੀ ਉਪਰੰਤ ਇਸ ਸ਼ਹਿਰ ਦਾ ਨਾਂ ਫ਼ਰੀਦਕੋਟ ਪਿਆ।

ਬਾਬਾ ਫ਼ਰੀਦ ਜੀ ਦੀ ਆਮਦ ਦੇ ਸਬੰਧ ਵਿਚ 1986 ਵਿਚ ਪਹਿਲੀ ਵਾਰ ਉੱਤਰ ਖੇਤਰੀ ਸੱਭਿਆਚਾਰ ਕੇਂਦਰ,ਪਟਿਆਲਾ ਵਲੋਂ ਪ੍ਰਸ਼ਾਸਨ, ਸਮਾਜਿਕ, ਧਾਰਮਿਕ, ਸੱਭਿਆਚਾਰਕ ਸੰਸਥਾਵਾਂ ਦੇ ਸਹਿਯੋਗ ਨਾਲ 21 ਤੋਂ 23 ਸਤੰਬਰ ਤਕ ਤਿੰਨ ਰੋਜ਼ਾ ਬਾਬਾ ਫ਼ਰੀਦ ਵਿਰਾਸਤੀ ਮੇਲਾ ਮਨਾਉਣਾ ਸ਼ੁਰੂ ਕੀਤਾ ਗਿਆ ਹੈ। ਸ਼ਹਿਰ ਨਿਵਾਸੀ ਆਪਣੇ ਘਰਾਂ ਵਿੱਚ ਰੋਸ਼ਨੀ ਕਰਕੇ ਬਾਬਾ ਸ਼ੇਖ ਫਰੀਦ ਜੀ ਨੂੰ ਅਕੀਦਤ ਦੇ ਫੁੱਲ ਭੇਂਟ ਕਰਦੇ ਹਨ ਬਾਬਾ ਫ਼ਰੀਦ ਜੀ ਦੀਆਂ ਸਿੱਖਿਆਵਾਂ ਸਾਨੂੰ ਆਤਮ ਚਿੰਤਨ ਕਰਨ ਦਾ ਸੰਦੇਸ਼ ਦਿੰਦੀਆਂ ਹਨ :

ਫ਼ਰੀਦਾ ਜੇ ਤੂੰ ਅਕਲ ਲਤੀਫ ਕਾਲੇ ਲਿਖ ਨਾ ਲੇਖ।
ਆਪਨੜੇ ਗਿਰਵਾਨ ਮੇਂ ਸਿਰ ਨੀਵਾਂ ਕਰ ਵੇਖ॥

ਇਕ ਹੋਰ ਸਲੋਕ ਰਾਹੀਂ ਮਨੁੱਖਤਾ ਨੂੰ ਟੁੰਬਦੇ ਹੋਏ ਲਿਖਦੇ ਹਨ :

ਫ਼ਰੀਦਾ ਕਾਲੇ ਮੈਡੇ ਕਪੜੇ ਕਾਲਾ ਮੈਡਾ ਵੇਸੁ।
ਗੁਨਹੀ ਭਰਿਆ ਮੈਂ ਫਿਰਾ ਲੋਕੁ ਕਹੈ ਦਰਵੇਸੁ॥

ਇਥੇ ਹੀ ਬਸ ਨਹੀਂ ਬਾਬਾ ਫ਼ਰੀਦ ਸਾਨੂੰ ਆਪਣੀ ਪਵਿੱਤਰ ਬਾਣੀ ਰਾਹੀਂ ਨਿਮਾਣੇ ਹੋ ਕੇ ਜਿਊਣ ਦਾ ਸੰਦੇਸ਼ ਦਿੰਦੇ ਹੋਏ ਕਹਿੰਦੇ ਹਨ :

ਫ਼ਰੀਦਾ ਜੋ ਤੈਂ ਮਾਰਨਿ ਮੁਕੀਆਂ, ਤਿਨਾ ਨ ਮਾਰੇ ਘੁੰਮਿ।
ਆਪਨੜੈ ਘਰਿ ਜਾਇਐ, ਪੈਰ ਤਿਨਾ ਦੇ ਚੁੰਮਿ॥

ਬਾਬਾ ਫ਼ਰੀਦ ਜੀ ਮਨੁੱਖਤਾ ਨੂੰ ਪ੍ਰੇਰਨਾ ਕਰਦੇ ਹੋਏ ਚਿਤਾਵਨੀ ਦਿੰਦੇ ਹਨ ਕਿ ਹੇ ਇਨਸਾਨ ਜੋ ਦੁਨੀਆ ਵਿਚ ਕਾਰਨਾਮੇ ਕਰਦਾ ਹੈਂ ਇਸ ਦਾ ਹਿਸਾਬ ਦੇਣਾ ਪੈਣਾ ਹੈ :

ਫ਼ਰੀਦਾ ਜਿਨੀ ਕੰਮੀ ਨਾਹਿ ਗੁਣ, ਤੇ ਕੰਮੜੇ ਵਿਸਾਰ।
ਮਤੁ ਸਰਮਿੰਦਾ ਥੀਵਹੀ, ਸਾਂਈ ਦੇ ਦਰਬਾਰ॥

ਮਹਾਂਪੁਰਸ਼ਾਂ ਗੁਰੂਆਂ,ਪੀਰਾਂ, ਪੈਗੰਬਰਾਂ ਦੀ ਯਾਦ ਵਿਚ ਕੀਤੇ ਜਾਂਦੇ ਸਮਾਗਮਾਂ ਦਾ ਮੰਤਵ ਉਨ੍ਹਾਂ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਕੰਮਾਂ ਅਤੇ ਉਨ੍ਹਾਂ ਦੇ ਉਪਦੇਸ਼ਾਂ ਨੂੰ ਅਸੀ ਆਪਣੇ ਜੀਵਨ ਵਿਚ ਅਪਨਾਈਏ। ਪਰਮਾਤਮਾ ਵਲੋਂ ਸਾਜੀ ਸਾਰੀ ਸ੍ਰਿਸ਼ਟੀ ਵਿਚ ਇਕ ਜੋਤ ਦਾ ਵਾਸਾ ਹੈ, ਫਿਰ ਅਸੀ ਦੂਜੇ ਨੂੰ ਆਪਣੇ ਤੋਂ ਨੀਵਾਂ ਕਿਉਂ ਵੇਖਦੇ ਹਾਂ। ਸਾਰੇ ਮਾਨਵ ਹਿਰਦੇ ਅਮੋਲਕ ਰਤਨ ਹਨ। ਇਨ੍ਹਾਂ ਨੂੰ ਤੋੜਨਾ, ਇਨ੍ਹਾਂ ਨੂੰ ਠੇਸ ਪਹੁੰਚਾਉਣੀ ਅਪਰਾਧ ਹੈ।

**ਮੋਬਾਈਲ 981578410C**

---

## ਮੌਤ ਦਾ ਸਬਕ

ਮੈਡਮ ਡੀ ਸਟੈਲਾ ਆਖਦੇ ਹਨ, ਅਸੀਂ ਮੌਤ ਨੂੰ ਉਦੋਂ ਸਮਝਦੇ ਹਾਂ, ਜਦ ਉਹ ਸਾਡੇ ਕਿਸੇ ਪਿਆਰੇ ਦੇ ਸਿਰ ਉੱਤੇ ਹੱਥ ਰੱਖਦੀ ਹੈ। ਇਹ ਸਾਡੇ ਜੀਵਨ ਦਾ ਕੌੜਾ ਸੱਚ ਹੈ। ਮੌਤ ਨੂੰ ਵੀ ਝੁਠਲਾਇਆ ਨਹੀਂ ਜਾ ਸਕਦਾ। ਨਰਿੰਦਰ ਸਿੰਘ ਕਪੂਰ ਆਪਣੀ ਕਿਤਾਬ 'ਬੂਹੇ ਬਾਰੀਆਂ' 'ਚ ਲਿਖਦੇ ਨੇ ਕਿ ਜੀਵਨ ਨੂੰ ਪਾਉਣ ਦਾ ਇਕ ਹੀ ਤਰੀਕਾ ਹੈ, ਪਰ ਮੌਤ ਨੂੰ ਪਾਉਣ ਦੇ ਕਰੋੜਾਂ ਹਨ। ਉਹ ਲਿਖਦੇ ਹਨ ਕਿ ਜੀਵਨ ਤਾਂ ਇਕ ਸਫ਼ਰ ਹੈ, ਜਿਸ ਦਾ ਅੰਤ ਮੌਤ ਹੈ। ਉਨ੍ਹਾਂ ਦੀਆਂ ਲਿਖੀਆਂ ਗੱਲਾਂ ਮੇਰੇ ਦਿਲ ਵਿਚ ਘਰ ਕਰ ਗਈਆਂ।।

ਮੌਤ, ਮਰਨਾ ਤੇ ਅੰਤ ਇਹ ਸਾਰੇ ਲਫ਼ਜ਼ ਜਿੰਨੇ ਮਰਜ਼ੀ ਉਦਾਸ ਹੋਣ, ਪਰ ਇਹ ਇਨਸਾਨ ਦੇ ਜੀਵਨ ਦਾ ਇਕ ਅਟੱਲ ਸੱਚ ਹੈ। ਬਚਪਨ ਵਿਚ ਮਾਂ ਆਖਦੀ ਸੀ ਕਿ ਮੌਤ ਸਭ ਨੂੰ ਆਉਣੀ ਹੈ, ਇਕ ਦਿਨ ਇਸ ਸਰੀਰ ਨੇ ਮਿੱਟੀ ਵਿਚ ਰੁਲ ਜਾਣਾ ਹੈ। ਉਸ ਸਮੇਂ ਇੰਨੀ ਸਮਝ ਨਹੀਂ ਸੀ ਕਿ ਇਨ੍ਹਾਂ ਗੱਲਾਂ ਨੂੰ ਸਮਝ ਸਕਦਾ। ਮੈਨੂੰ ਮੌਤ ਦੀ ਤਾਕਤ ਦਾ ਉਸ ਦਿਨ ਪਤਾ ਲੱਗਿਆ, ਜਦ ਦਾਦੀ ਜੀ ਨੂੰ ਆਖਰੀ ਸਾਹ ਲੈਂਦੇ ਦੇਖਿਆ। ਉਸ ਸਮੇਂ ਪ੍ਰਤੀਤ ਹੋਇਆ ਕਿ ਪੈਸੇ ਦੀ ਤਾਕਤ, ਇਨਸਾਨ ਦਾ ਗਿਆਨ ਮੌਤ ਅੱਗੇ ਹਾਰ ਜਾਂਦਾ ਹੈ। ਜਦੋਂ ਦਾਦੀ ਆਖਰੀ ਸਾਹ ਲੈ ਰਹੇ ਸੀ ਤਾਂ ਅਹਿਸਾਸ ਹੋਇਆ ਕਿ ਇਨਸਾਨ ਕੁਦਰਤ ਅੱਗੇ ਕਿੰਨਾ ਲਾਚਾਰ ਅਤੇ ਬੇਵਸ ਹੈ। ਉਸ ਦਿਨ ਬੰਦ ਅੱਖਾਂ ਖੁੱਲ੍ਹ ਗਈਆਂ, ਜੋ ਪੈਸੇ ਨਾਲ ਸਭ ਕੁਝ ਖਰੀਦਣ ਦੀ ਤਾਕਤ ਨੂੰ ਸਰਵ ਸ਼ਕਤੀਮਾਨ ਮੰਨਦੀਆਂ ਸਨ।ਪਰ ਮੌਤ ਦੇ ਹਨੇਰੇ ਅੱਗੇ ਪੈਸੇ ਦੀ ਰੰਗੀਨੀ ਫਿੱਕੀ ਪੈ ਗਈ।

ਆਖਰ ਦਾਦੀ ਦੀਆਂ ਬੰਦ ਅੱਖਾਂ ਦੇਖ ਅੱਖਾਂ ਵਿਚ ਹੰਝੂ ਆ ਗਏ। ਉਨ੍ਹਾਂ ਦੀ ਆਵਾਜ਼ ਕੰਨਾਂ ਵਿਚ ਗੂੰਜ ਰਹੀ ਸੀ ਤੇ ਉਨ੍ਹਾਂ ਦੀਆਂ ਕਹਾਣੀਆਂ ਯਾਦ ਆ ਰਹੀਆਂ ਸਨ। ਉਹ ਪਾਕਿਸਤਾਨ ਵਿਚ ਆਪਣੇ ਪਿੰਡ ਦੀਆਂ ਗੱਲਾਂ ਕਰਦੇ ਸਨ ਅਤੇ ਅੱਜ ਦੇ ਸਮਾਜ ਅਤੇ ਉਸ ਸਮੇਂ ਦੇ ਸਮਾਜ ਦਾ ਹਾਲ ਬਿਆਨ ਕਰਦੇ।ਉਹ ਦੱਸਦੇ ਕਿ ਕਿਵੇਂ ਫ਼ਿਰਕੂ ਦੰਗਿਆਂ ਵਿਚ ਮਾਵਾਂ ਨੇ ਪੁੱਤ, ਭੈਣਾਂ ਨੇ ਭਾਈ ਅਤੇ ਆਪਣਿਆਂ ਨੇ ਆਪਣੇ ਖੋਹ ਦਿੱਤੇ। ਉਹ ਦੱਸਦੇ ਕਿ ਸਾਡੇ ਪਿੰਡ ਵਿਚ ਹਿੰਦੂ, ਮੁਸਲਮਾਨ ਤੇ ਸਿੱਖ ਸਭ ਪਿਆਰ ਅਤੇ ਭਾਈਚਾਰੇ ਨਾਲ ਰਹਿੰਦੇ।ਪਰ ਵੰਡ ਤੋਂ ਪਹਿਲਾਂ ਮਾਹੌਲ ਬਦਲ ਗਿਆ ਸੀ ਅਤੇ ਫਿਰਕਾਪ੍ਰਸਤੀ ਕਰਕੇ ਲੋਕਾਂ ਦੇ ਮਨਾਂ ਵਿਚ ਧਰਮ ਪ੍ਰਤੀ ਭੇਦ ਭਾਵ ਹੋਣ ਲੱਗਿਆ। ਇਸ ਸੋਚ ਨੇ ਇਨਸਾਨ ਨੂੰ ਇਨਸਾਨ ਦਾ ਕਾਤਲ ਅਤੇ ਖ਼ੂਨ ਦਾ ਪਿਆਸਾ ਬਣਾ ਦਿੱਤਾ। ਅੰਤ ਵਿਚ ਇਹ ਹੀ ਕਹਿਣਾ ਚਾਹਾਂਗਾ ਕਿ ਦਾਦੀ ਦੀਆਂ ਗੱਲਾਂ ਗਿਆਨ ਭਰੀਆਂ ਸਨ। ਉਨ੍ਹਾਂ ਦਾ ਜੀਵਨ ਵੀ ਮੇਰੇ ਲਈ ਸਬਕ ਸੀ ਅਤੇ ਮੌਤ ਵੀ। ਜਿਸ ਨੇ ਮੈਨੂੰ ਰੱਬ ਦੀ ਤਾਕਤ ਅਤੇ ਕੁਦਰਤ ਦੇ ਰੰਗਾਂ ਤੋਂ ਜਾਣੂ ਕਰਵਾਇਆ।

**• ਅਨਮੋਲ ਨਾਥ ਬਾਲੀ**

---

# ਨਿਸ਼ਕਾਮ ਸੇਵਾ ਦੇ ਪੁੰਜ ਭਾਈ ਘਨ੍ਹੱਈਆ ਜੀ

**ਗੁਰਜੀਤ ਸਿੰਘ ਖ਼ਾਲਸਾ**



ਭਾਈ ਘਨ੍ਹੱਈਆ ਜੀ ਜਿਨ੍ਹਾਂ ਨੂੰ ਸਿੱਖ ਇਤਿਹਾਸ ਵਿਚ ਇਕ ਅਨੋਖੇ ਸਿੱਖ ਸੇਵਕ ਦੇ ਤੌਰ 'ਤੇ ਜਾਣਿਆ ਜਾਂਦਾ ਹੈ ਇਕ ਅਜਿਹੇ ਸਮਾਜ ਸੇਵੀ ਹੋਏ ਹਨ ਜਿਸ ਦੀ ਮਿਸਾਲ ਦੁਨੀਆ 'ਚ ਹੋਰ ਕਿਧਰੇ ਨਹੀਂ ਮਿਲਦੀ। ਜਾਤਪਾਤ, ਰੰਗ, ਨਸਲ, ਊਚ ਨੀਚ ਤੇ ਇਥੋਂ ਤਕ ਕਿ ਧਰਮ ਦੇ ਭੇਦ ਭਾਵ ਤੋਂ ਵੀ ਉੱਪਰ ਉੱਠ ਕੇ ਉਨ੍ਹਾਂ ਨੇ ਜੰਗਾਂ-ਯੁੱਧਾਂ ਅਤੇ ਸਮਾਜਿਕ ਖੇਤਰ ਵਿਚ ਜਿਸ ਤਰ੍ਹਾਂ ਮਨੁੱਖਤਾ ਦੀ ਸੇਵਾ ਕੀਤੀ ਉਸ ਨੇ ਮਨੁੱਖਤਾ ਅਤੇ ਸਿੱਖੀ ਦੇ ਵਿਕਾਸ ਵਿਚ ਅਹਿਮ ਭੂਮਿਕਾ ਨਿਭਾਈ। ਦਸਮੇਸ਼ ਪਿਤਾ ਜੀ ਤੋਂ ਮਰ੍ਹਮ ਪੱਟੀ ਦੀ ਡੱਬੀ ਅਤੇ ਅਸ਼ੀਰਵਾਦ ਪ੍ਰਾਪਤ ਕਰ ਕੇ ਰਣਤੱਤੇ ਵਿਚ ਮਨੁੱਖਤਾ ਦੀ ਸੇਵਾ ਕਰਨ ਵਾਲੇ ਅਜਿਹੇ ਗੁਰਸਿੱਖ, ਮਹਾਨ ਸੇਵਕ ਦਾ ਜਨਮ 1647 ਈ: ਨੂੰ ਪਿੰਡ ਸੋਦਰਾ ਜ਼ਿਲ੍ਹਾ ਗੁਜਰਾਂਵਾਲਾ (ਪਾਕਿਸਤਾਨ) ਪਿਤਾ ਨੱਥੂ ਰਾਮ ਅਤੇ ਮਾਤਾ ਸੁੰਦਰੀ ਜੀ ਦੀ ਕੁੱਖੋਂ ਹੋਇਆ। ਸੋਦਰਾ ਬਾਰੇ ਕਿਹਾ ਜਾਂਦਾ ਹੈ ਕਿ ਇਸ ਪਿੰਡ ਦਾ ਨਾਂ 'ਸੋ ਦਰਾਂ' ਪਿਆ ਜੋ ਬਾਅਦ 'ਚ ਸਮਾਂ ਪਾ ਕੇ ਸੋਧਰਾ ਦੇ ਨਾਂ ਨਾਲ ਮਸ਼ਹੂਰ ਹੋਇਆ।

ਭਾਈ ਘਨ੍ਹੱਈਆ ਜੀ ਦੇ ਪਿਤਾ ਨੱਥੂ ਰਾਮ ਇਕ ਬਹੁਤ ਵੱਡੇ ਸੌਦਾਗਰ ਸਨ। ਜੋ ਕਿ ਸ਼ਾਹੀ ਫ਼ੌਜਾਂ ਨੂੰ ਰਸ਼ਦ ਪਾਣੀ ਦੇਣ ਦਾ ਕੰਮ ਕਰਿਆ ਕਰਦੇ ਸਨ। ਜਿਸ ਸਮੇਂ ਭਾਈ ਸਾਹਿਬ ਦਾ ਜਨਮ ਹੋਇਆ ਉਸ ਸਮੇਂ ਗੁਰੂ ਨਾਨਕ ਦੇਵ ਜੀ ਦੀ ਗੱਦੀ 'ਤੇ ਗੁਰੂ ਹਰਿ ਰਾਇ ਸਾਹਿਬ ਜੀ ਬਿਰਾਜਮਾਨ ਸਨ। ਗੁਰੂਘਰ ਦੇ ਸ਼ਰਧਾਲੂ ਪਿਤਾ ਆਪ ਨੂੰ ਛੋਟੀ ਉਮਰ 'ਚ ਹੀ ਗੁਰੂ ਹਰਿ ਰਾਏ ਜੀ ਦੀ ਸੰਗਤ ਵਿਚ ਲੈ ਗਏ। ਗੁਰੂ ਜੀ ਦੀ ਸੰਗਤ ਦਾ ਆਪ 'ਤੇ ਐਨਾ ਅਸਰ ਹੋਇਆ ਕਿ ਆਪ ਅੰਮ੍ਰਿਤ ਵੇਲੇ ਉੱਠ ਕੇ ਸਿਮਰਨ ਵਿਚ ਜੁੜਨ ਲੱਗ ਪਏ। ਸਰੀਰ ਤਕੜਾ ਹੋਣ ਕਰਕੇ ਆਪ ਕਈ-ਕਈ ਘੰਟੇ ਸਿਮਰਨ ਕਰਦੇ ਰਹਿੰਦੇ ਸਨ। ਛੋਟੇ ਹੁੰਦਿਆਂ ਹੀ ਆਪ ਗ਼ਰੀਬਾਂ, ਬਿਰਧਾਂ, ਕਮਜ਼ੋਰਾਂ, ਅਨਾਥਾਂ, ਲੋੜਵੰਦਾਂ ਅਤੇ ਅਜਨਬੀ ਰਾਹੀਆਂ ਦੀ ਸਮਾਨ ਢੋਣ੍ਹ ਵਿਚ ਵੀ ਮੱਦਦ ਕਰਦੇ ਰਹਿੰਦੇ ਸਨ ਜਿਸ ਕਾਰਨ ਆਪ ਨੂੰ ਕਈ ਵਾਰ ਘਰੋਂ ਡਾਂਟ ਫਿਟਕਾਰ ਵੀ ਪੈਂਦੀ।

ਇਕ ਵਾਰ ਆਪ ਦੀ ਮਾਤਾ ਨੇ ਕਿਹਾ ਪੁੱਤਰ ਜਦੋਂ ਲੋਕਾਂ ਦਾ ਸਮਾਨ ਚੁੱਕ ਕੇ ਇਧਰੋਂ-ਉਧਰੋਂ ਲਿਆਉਂਦਾ ਏਂ ਤਾਂ ਸਾਡੀ ਬਹੁਤ ਬਦਨਾਮੀ ਹੁੰਦੀ ਹੈ। ਅੱਗੋਂ ਆਪ ਠਰ੍ਹੰਮੇ ਨਾਲ ਕਹਿਣ ਲੱਗੇ ਕਿ ਮਾਤਾ ਜੀ ਕਈ ਘਰਾਂ ਵਿਚ ਅਜਿਹੇ ਬਉਲੇ ਪੁੱਤ ਵੀ ਤਾਂ ਆਖ਼ਰ ਹੁੰਦੇ ਹੀ ਹਨ। ਪੁੱਤਰ ਦੇ ਮੂੰਹੋਂ ਅਜਿਹੇ ਸ਼ਬਦ ਸੁਣ ਕੇ ਮਾਤਾ ਜੀ ਦੇ ਅੱਖਾਂ 'ਚੋਂ ਨੀਰ ਛਲਕ ਆਇਆ। ਉਸ ਨੇ ਪੁੱਤਰ ਨੂੰ ਛਾਤੀ ਨਾਲ ਲਗਾ ਕੇ ਅਸੀਸ ਦਿੰਦੇ ਕਿਹਾ ਕਿ ਮੇਰਿਆ ਬਾਉਲਿਆ ਪੁੱਤਰਾ ਅਜਿਹੇ ਪਰਉਪਕਾਰੀ ਕੰਮ ਰੋਜ਼ ਕਰਦਾ ਰਹੀਂ।

ਪਿਤਾ ਜੀ ਦੀ ਮੌਤ ਤੋਂ ਬਾਅਦ ਸਾਰੇ ਭਰਾਵਾਂ ਵਿਚ ਵੱਡੇ ਹੋਣ ਕਾਰਨ ਆਪ ਜੀ ਦੇ ਸਿਰ 'ਤੇ ਪਰਿਵਾਰ ਦੀ ਜ਼ਿੰਮੇਵਾਰੀ ਆਣ ਪਈ। ਪਿਤਾ ਪੁਰਖੀ ਕਿੱਤੇ ਨੂੰ ਸੰਭਾਲਦੇ ਹੋਏ ਆਪ ਸ਼ਾਹੀ ਫ਼ੌਜਾਂ ਨੂੰ ਰਸ਼ਦ ਪਹੁੰਚਾਉਣ ਦੀ ਜ਼ਿੰਮੇਵਾਰੀ ਨਿਭਾਉਣ ਲੱਗੇ ਉਸ ਸਮੇਂ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਦਾ ਰਾਜ ਸੀ ਤੇ ਗੁਰਗੱਦੀ ਉੱਪਰ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਬੈਠੇ ਹੋਏ ਸਨ। ਸ਼ਾਹੀ ਫ਼ੌਜਾਂ ਵਿਚ ਰਸ਼ਦ ਪਾਣੀ ਦੀ ਸੇਵਾ ਨਿਭਾਉਂਦੇ ਸਮੇਂ ਭਾਈ ਘਨ੍ਹੱਈਆ ਜੀ ਦਾ ਮੇਲ ਸ਼ਾਹੀ ਫ਼ੌਜਾਂ ਵਿਚ ਮੌਜੂਦ ਇਕ ਸਿੱਖ ਭਾਈ ਨਲੂਆ ਜੀ ਨਾਲ ਹੋਇਆ ਜਿਨ੍ਹਾਂ ਪਾਸੋਂ ਆਪ ਨੇ ਨੌਵੇਂ ਪਾਤਸ਼ਾਹ ਜੀ ਦੇ ਸਲੋਕ ਬੜੇ ਧਿਆਨ ਨਾਲ ਸੁਣੇ। ਸਲੋਕ ਸੁਣਦੇ ਸਾਰ ਹੀ ਆਪ ਪ੍ਰੇਮ 'ਚ ਲੀਨ ਹੋ ਗਏ ਤੇ ਵੈਰਾਗ ਅਵਸਥਾ ਵਿਚ ਪਹੁੰਚ ਗਏ। ਜਿਸ ਕਾਰਨ ਆਪ ਸਭ ਕੁਝ ਤਿਆਗ ਕੇ ਉਸ ਪਮਾਤਮਾ ਦੀ ਭਾਲ ਵਿਚ ਜੰਗਲਾਂ ਵੱਲ ਨੂੰ ਨਿਕਲ ਤੁਰੇ। ਅਕਾਲ ਪੁਰਖ ਦੀ ਭਾਲ ਵਿਚ ਘੁੰਮਦੇ-ਘੁੰਮਦੇ ਆਪ ਦਾ ਮੇਲ ਇਕ ਗੁਰਸਿੱਖ ਨਾਲ ਹੋਇਆ, ਜਿਸ ਨੂੰ ਆਪ ਨੇ ਆਪਣੇ ਮਨ ਦੀ ਸਾਰੀ ਅਵਸਥਾ ਬਾਰੇ ਦੱਸਿਆ। ਉਸ ਨੇ ਕਿਹਾ ਕਿ ਪ੍ਰਮਾਤਮਾ ਦਾ ਮੇਲ ਤਾਂ ਸੱਚੀ ਸੰਗਤ ਅਤੇ ਗ੍ਰਹਿਸਥੀ ਜੀਵਨ ਵਿਚ ਰਹਿੰਦਿਆਂ ਹੋਇਆਂ ਹੀ ਹੋ ਸਕਦਾ ਹੈ ਗੁਰਸਿੱਖ ਦੇ ਉਪਦੇਸ਼ 'ਤੇ ਅਮਲ ਕਰਦਿਆਂ ਆਪ ਫਿਰ ਕੇ ਸੰਗਤ ਵਿਚ ਵਿਚਰਨ ਲੱਗੇ। ਆਪ ਕਿਸੇ ਧਰਮਸ਼ਾਲਾ ਵਿੱਚ ਰਾਤ ਭਰ ਰਹਿੰਦੇ ਅਤੇ ਰਮਤੇ ਸਾਧੂ ਦੀ ਤਰ੍ਹਾਂ ਦੂਜੇ ਦਿਨ ਅਗਲੇ ਨਗਰ ਵੱਲ ਨੂੰ ਚਾਲੇ ਪਾ ਦਿੰਦੇ।

ਇਕ ਵਾਰ ਭਾਈ ਘਨ੍ਹੱਈਆ ਜੀ ਸੰਗਤ ਸਮੇਤ ਗੁਰੂ ਤੇਗ ਬਹਾਦਰ ਜੀ ਦੇ ਦਰਸ਼ਨਾਂ ਲਈ ਅਨੰਦਪੁਰ ਸਾਹਿਬ ਪਹੁੰਚੇ। ਉਸ ਵਕਤ ਗੁਰੂ ਤੇਗ ਬਹਾਦਰ ਜੀ ਉਚੇ ਟਿੱਲੇ 'ਤੇ ਦੀਵਾਨ ਸਜਾਈ ਬੈਠੇ ਸਨ। ਗੁਰੂ ਜੀ ਦੇ ਦਰਸ਼ਨ ਕਰ ਕੇ ਤੇ ਬਚਨ ਸੁਣ ਕੇ ਆਪ ਜੀ ਦਾ ਮਨ ਅਜਿਹਾ ਸੀਤ ਹੋਇਆ ਕਿ ਆਪ ਨੂੰ ਇਕ ਪਾਣੀ ਦਾ ਘੜਾ ਭਰ ਕੇ ਲਿਆਉਣ ਲਈ ਕਿਹਾ ਭਾਈ ਸਾਹਿਬ ਹੇਠਾਂ ਉਤਰ ਕੇ ਪਾਣੀ ਦਾ ਘੜਾ ਭਰ ਲਿਆਏ। ਗੁਰੂ ਜੀ ਨੇ ਹੱਥ ਧੋ ਕੇ ਬਾਕੀ ਦਾ ਪਾਣੀ ਡੋਲ੍ਹਦਿਤਾ ਤੇ ਹੋਰ ਘੜਾ ਭਰ ਕੇ ਲਿਆਉਣ ਲਈ ਕਿਹਾ।

ਇਸ ਤਰ੍ਹਾਂ ਕਈ ਮਹੀਨੇ ਗੁਰੂ ਜੀ ਆਪ ਜੀ ਦੇ ਸਬਰ ਦੀ ਪ੍ਰੀਖਿਆ ਲੈਂਦੇ ਰਹੇ ਤੇ ਇਕ ਦਿਨ ਗੁਰੂ ਜੀ ਨੇ ਆਪ 'ਤੇ ਅਜਿਹੀ ਕ੍ਰਿਪਾ ਦ੍ਰਿਸ਼ਟੀ ਪਾਈ ਕਿ ਆਪ ਜੀ ਨੂੰ ਉੱਚ ਰੂਹਾਨੀ ਅਵਸਥਾ ਦੀ ਪ੍ਰਾਪਤੀ ਹੋ ਗਈ। ਇਸ ਤੋਂ ਬਾਅਦ ਆਪ ਗੁਰੂ ਜੀ ਤੋਂ ਭਰੋਸਗੀ ਦੀ ਦਾਤ ਪ੍ਰਾਪਤ ਕਰਕੇ ਅਟਕ ਦਰਿਆ ਦੇ ਲਾਗਲੇ ਪਿੰਡ ਵਿਚ ਆ ਬਿਰਾਜਮਾਨ ਹੋਏ। ਕਵੇਰ ਪਿੰਡ 'ਚ ਆਪ ਨੇ ਧਰਮਸ਼ਾਲਾ ਅਤੇ ਪਾਣੀ ਦੀ ਘਾਟ ਨੂੰ ਪੂਰਾ ਕਰਨ ਲਈ ਇਕ ਖੂਹ ਦੀ ਸਥਾਪਨਾ ਕਰਵਾਈ। ਜਦੋਂ 11 ਨਵੰਬਰ 1675 ਈ: ਨੂੰ ਔਰੰਗਜ਼ੇਬ ਦੇ ਸ਼ਾਹੀ ਫ਼ੁਰਮਾਨ ਤਹਿਤ ਗੁਰੂ ਤੇਗ ਬਹਾਦਰ ਜੀ ਨੂੰ ਚਾਂਦਨੀ ਚੌਂਕ ਵਿਚ ਸ਼ਹੀਦ ਕਰ ਦੇਣ ਦੀ ਖ਼ਬਰ ਆਪ ਜੀ ਨੂੰ ਮਿਲੀ ਤਾਂ ਆਪ ਤੁਰੰਤ ਕਵੇਰ ਪਿੰਡ ਤੋਂ ਅਨੰਦਪੁਰ ਸਾਹਿਬ ਪਹੁੰਚ ਗਏ ਅਤੇ ਗੁਰੂਘਰ ਵਿਖੇ ਸੰਗਤ ਦੀ ਸੇਵਾ ਕਰਨ ਲੱਗੇ।

ਭੰਗਾਣੀ ਦੇ ਯੁੱਧ ਦੀ ਜਿੱਤ ਤੋਂ ਪਿੱਛੋਂ ਜਦੋਂ ਗੁਰੂ ਗੋਬਿੰਦ ਸਿੰਘ ਜੀ ਅਨੰਦਪੁਰ ਸਾਹਿਬ ਵਾਪਸ ਆਏ ਤਾਂ ਭਾਈ ਘਨ੍ਹੱਈਆ ਜੀ ਵੀ ਓਨਾਂ ਦੇ ਨਾਲ ਹੀ ਅਨੰਦਪਰ ਸਾਹਿਬ ਵਾਪਸ ਆ ਗਏ। ਭਾਈ ਘਨ੍ਹੱਈਆ ਜੀ ਆਪਣੇ ਪਰਿਵਾਰ ਸਮੇਤ ਸ੍ਰੀ ਅਨੰਦਪੁਰ ਸਾਹਿਬ ਦੇ ਨਜ਼ਦੀਕ ਤਾਰਾਗੜ੍ਹਦੇ ਕਿਲ੍ਹੇ ਵਿਚ ਪੰਜ ਸੌ ਬ੍ਰਹਮ ਗਿਆਨੀਆਂ ਸਮੇਤ ਰਹਿਣ ਲੱਗੇ। ਉਪਰੰਤ ਗੁਰੂ ਸਾਹਿਬ ਜੀ ਦੇ ਹੁਕਮ ਅਨੁਸਾਰ ਆਪ ਜੀ ਬਿਨਾ ਕਿਸੇ ਡਰ ਭੈ ਦੇ ਚਿੱਟੇ ਬਸਤਰ ਪਾ, ਖੱਬੇ ਮੋਢੇ 'ਤੇ ਅਮਨ ਦਾ ਪ੍ਰਤੀਕ ਚਿੱਟਾ ਝੰਡਾ ਲਾ, ਪਾਣੀ ਦੀ ਮਸ਼ਕ ਚੁੱਕ ਯੁੱਧ ਦੇ ਮੈਦਾਨ ਵਿਚ ਜ਼ਖ਼ਮੀ ਤੇ ਪਿਆਸਿਆਂ ਨੂੰ, ਬਿਨਾ ਕਿਸੇ ਭੇਦ-ਭਾਵ ਦੇ ਪਾਣੀ ਪਿਲਾਉਣ ਲੱਗੇ। ਜਦੋਂ ਜ਼ਖ਼ਮੀ ਹੋਏ ਮੁਗ਼ਲ ਸੈਨਿਕ ਭਾਈ ਘਨ੍ਹੱਈਆ ਜੀ ਤੋਂ ਪਾਣੀ ਦੀ ਘੁੱਟ ਪੀ, ਫਿਰ ਰਣ ਤੱਤੇ ਵਿਚ ਜੂਝਣ ਲੱਗਦੇ ਤਾਂ ਕਿਸੇ ਗੁਰੂ ਜੀ ਕੋਲ ਉਨ੍ਹਾਂ ਦੀ ਸ਼ਕਾਇਤ ਕਰ ਦਿੱਤਾ। ਗੁਰੂ ਜੀ ਨੇ ਕਿਹਾ ਜਿੱਥੇ ਤੁਸੀਂ ਪਿਆਸਿਆਂ ਨੂੰ ਪਾਣੀ ਪਿਲਾਉਂਦੇ ਹੋ ਉੱਥੇ ਅੱਜ ਤੋਂ ਬਾਅਦ ਜ਼ਖ਼ਮੀਆਂ ਦੀ ਮਰ੍ਹਮ ਪੱਟੀ ਵੀ ਕਰਿਆ ਕਰਨੀ।

ਭਾਈ ਘਨ੍ਹੱਈਆ ਜੀ ਗੁਰੂ ਗੋਬਿੰਦ ਸਿੰਘ ਜੀ ਦਾ ਬਚਨ ਮੰਨ ਕੇ ਪਾਣੀ ਪਿਆਉਣ ਦੇ ਨਾਲ-ਨਾਲ ਜ਼ਖ਼ਮੀਆਂ ਦੀ ਮਰ੍ਹਮ ਪੱਟੀ ਦੀ ਸੇਵਾ ਵੀ ਨਿਭਾਉਣ ਲੱਗ ਪਏ। ਜਦੋਂ ਗੁਰੂ ਗੋਬਿੰਦ ਸਿੰਘ ਜੀ ਅਨੰਦਪੁਰ ਸਾਹਿਬ ਨੂੰ ਛੱਡ ਕੇ ਚਮਕੌਰ ਸਾਹਿਬ ਆ ਪਹੁੰਚੇ ਤਾਂ ਭਾਈ ਸਾਹਿਬ ਗੁਰੂ ਸਾਹਿਬ ਜੀ ਤੋਂ ਦਸਤੀ ਰੁਮਾਲ ਦੀ ਬਖਸ਼ਿਸ਼ ਪ੍ਰਾਪਤ ਕਰ ਕੇ ਫਿਰ ਅਟਕ ਦੇ ਇਲਾਕੇ ਵਿਚ ਆ ਵਸੇ। ਭਾਈ ਸਾਹਿਬ ਜੀ ਰੋਜ਼ਾਨਾ ਸੰਗਤ ਵਿਚ ਬੈਠ ਕੇ ਆਸਾ ਦੀ ਵਾਰ ਦਾ ਕੀਰਤਨ ਸੁਣਦੇ ਅਤੇ ਸਮਾਪਤੀ ਤੋਂ ਬਾਅਦ ਆਪ ਸ਼ਬਦ ਦੀ ਵਿਆਖਿਆ ਕਰਦੇ। ਉਮਰ ਵਡੇਰੀ ਹੋਣ ਕਰਕੇ ਆਪ ਹਮੇਸ਼ਾ ਇਕ ਥਮਲੇ ਨਾਲ ਢੋ ਲੱਗਾ ਕੇ ਬੈਠ ਜਾਂਦੇ।

ਇਕ ਦਿਨ ਆਸਾ ਜੀ ਦੀ ਵਾਰ ਦੇ ਕੀਰਤਨ ਦੀ ਸਮਾਪਤੀ ਤੋਂ ਬਾਅਦ ਜਦ ਆਪ ਸ਼ਬਦ ਦੀ ਵਿਆਖਿਆ ਕਰਨ ਨਾ ਉੱਠੇ ਤਾਂ ਸੰਗਤ ਵਿੱਚੋਂ ਕਿਸੇ ਗੁਰ ਸਿੱਖ ਨੇ ਨੇੜੇ ਜਾ ਕੇ ਹਲੂਣ ਕੇ ਦੇਖਿਆ ਤਾਂ ਆਪ ਸੱਚਖੰਡ ਪਿਆਨਾ ਕਰ ਗਏ ਸਨ। ਭਾਈ ਘਨ੍ਹੱਈਆ ਜੀ ਦੀ ਮ੍ਰਿਤਕ ਦੇਹ ਨੂੰ ਝਨਾਅ ਦਰਿਆ ਵਿਚ ਜਲ ਪ੍ਰਵਾਹ ਕੀਤਾ ਗਿਆ। ਭਾਈ ਘਨ੍ਹੱਈਆ ਜੀ ਦੀ ਯਾਦ ਵਿਚ ਗੁਰਦੁਆਰਾ ਸਾਹਿਬ ਪਿੰਡ ਮੋਹੀਵਾਲ ਨੇੜੇ ਸ੍ਰੀ ਅਨੰਦਪੁਰ ਸਾਹਿਬ ਅਤੇ ਕਿਲ੍ਹਾ ਤਾਰਾਗੜ੍ਹ ਦਰਮਿਆਨ ਸੁਸ਼ੋਭਿਤ ਹੈ।

**ਮੋਬਾਈਲ 9779681699**

---

# ਅਹਿੰਸਾ ਤੇ ਤਿਆਗ ਦੇ ਪ੍ਰੇਰਕ ਮਹਾਰਾਜਾ ਅਗਰਸੇਨ

**ਕਪਿਲ ਮੋਹਨ ਅਗਰਵਾਲ**

**ਜੈਅੰਤੀ 'ਤੇ ਵਿਸ਼ੇਸ਼**

ਮਹਾਰਾਜਾ ਅਗਰਸੇਨ ਇਕ ਸੱਚੇ ਸਮਾਜ ਸੇਵੀ ਅਤੇ ਅਵਤਾਰ ਸਨ। ਸਮਰਾਟ ਅਗਰਸੇਨ ਦਾ ਜਨਮ ਪ੍ਰਤਾਪ ਨਗਰ ਦੇ ਰਾਜਾ ਬਲੱਭ ਦੇ ਘਰ ਹੋਇਆ। ਮਹਾਂਲਕਸ਼ਮੀ ਵਰਤ ਅਨੁਸਾਰ, ਉਸ ਸਮੇਂ ਦੁਆਪਰ ਯੁੱਗ ਦਾ ਅੰਤਮ ਪੜਾਅ ਸੀ। ਵਰਤਮਾਨ ਕੈਲੰਡਰ ਅਨੁਸਾਰ ਮਹਾਰਾਜਾ ਅਗਰਸੇਨ ਜੀ ਦਾ ਜਨਮ 5185 ਸਾਲ ਪਹਿਲਾ ਹੋਇਆ। ਉਨ੍ਹਾਂ ਬਚਪਨ ਤੋਂ ਹੀ ਵੇਦਾਂ, ਸ਼ਾਸਤਰਾਂ, ਅਸਤਰਾਂ-ਸ਼ਸਤਰਾਂ, ਰਾਜਨੀਤੀ ਅਤੇ ਅਰਥਨੀਤੀ ਆਦਿ ਦਾ ਗਿਆਨ ਪ੍ਰਾਪਤ ਕਰ ਲਿਆ ਸੀ। ਸਾਰੇ ਖੇਤਰਾਂ ਵਿਚ ਕਾਬਲ ਬਣਨ ਤੋਂ ਬਾਅਦ ਉਨ੍ਹਾਂ ਦਾ ਵਿਆਹ ਨਾਗਾਂ ਦੇ ਰਾਜਾ ਕੁਸੁਦ ਦੀ ਪੁੱਤਰੀ ਮਾਧਵੀ ਨਾਲ ਹੋਇਆ।

ਰਾਜਾ ਬਲੱਭ ਨੇ ਸੰਨਿਆਸ ਲੈ ਕੇ ਅਗਰਸੇਨ ਨੂੰ ਰਾਜ-ਭਾਗ ਦਾ ਕੰਮ ਸੌਂਪ ਦਿੱਤਾ। ਅਗਰਸੇਨ ਨੇ ਨਿਪੁੰਨਤਾ ਨਾਲ ਰਾਜ ਦਾ ਸੰਚਾਲਨ ਕੀਤਾ ਅਤੇ ਰਾਜ ਦਾ ਵਿਸਥਾਰ ਕਰਦੇ ਹੋਏ ਪਰਜਾ ਦੇ ਹਿੱਤਾਂ ਲਈ ਕੰਮ ਕੀਤਾ। ਮਹਾਰਾਜਾ ਅਗਰਸੇਨ ਧਾਰਮਿਕ ਪ੍ਰਵਿਰਤੀ ਦੇ ਮਾਲਕ ਸਨ। ਧਰਮ ਵਿਚ ਉਨ੍ਹਾਂ ਦੀ ਡੂੰਘੀ ਰੁਚੀ ਸੀ। ਉਹ ਰੱਬ ਦੀ ਸਾਧਨਾ ਵਿਚ ਵਿਸ਼ਵਾਸ ਕਰਦੇ ਸਨ। ਇਸ ਲਈ ਉਨ੍ਹਾਂ ਨੇ ਆਪਣੇ ਜੀਵਨ ਵਿਚ ਕਈ ਵਾਰ ਦੇਵੀ ਲੱਛਮੀ ਜੀ ਤੋਂ ਇਹ ਵਰਦਾਨ ਹਾਸਲ ਕੀਤਾ ਕਿ ਜਦੋਂ ਤਕ ਉਨ੍ਹਾਂ ਦੀ ਕੁੱਲ ਵਿਚ ਲੱਛਮੀ ਦੇਵੀ ਦੀ ਅਰਾਧਨਾ ਹੁੰਦੀ ਰਹੇਗੀ ਉਦੋਂ ਤਕ ਅਗਰਕੁਲ ਧਨ ਅਤੇ ਅਮੀਰੀ ਨਾਲ ਖੁਸ਼ਹਾਲ ਰਹੇਗਾ।ਦੇਵੀ ਮਹਾਂਲਛੱਮੀ ਜੀ ਦੇ ਅਸ਼ੀਰਵਾਦ ਨਾਲ ਰਾਜਾ ਅਗਰਸੇਨ ਨੇ ਨਵੇਂ ਰਾਜ ਲਈ ਰਾਣੀ ਮਾਧਵੀ ਨਾਲ ਭਾਰਤ ਯਾਤਰਾ ਸ਼ੁਰੂ ਕੀਤੀ। ਆਪਣੀ ਯਾਤਰਾ ਦੌਰਾਨ ਉਹ ਇਕ ਥਾਂ 'ਤੇ ਰੁਕੇ ਜਿੱਥੇ ਉਨ੍ਹਾਂ ਨੇ ਵੇਖਿਆ ਕਿ ਕੁਝ ਸ਼ੇਰ ਅਤੇ ਭੇੜੀਏ ਦੇ ਬੱਚੇ ਖੇਡ ਰਹੇ ਸਨ। ਰਾਜਾ ਅਗਰਸ਼ੇਨ ਨੇ ਰਾਣੀ ਮਾਧਵੀ ਨੂੰ ਕਿਹਾ ਕਿ ਇਹ ਬਹੁਤ ਸ਼ੁਭ ਸੰਕੇਤ ਹੈ ਕਿ ਖੇਤਰ ਸਚਮੁੱਚ ਹੀ ਵੀਰ ਭੂਮੀ ਹੈ ਅਤੇ ਫਿਰ ਰਾਜਾ ਅਗਰਸੇਨ ਨੇ ਇਸ ਭੂਮੀ ਨੂੰ ਅਗਰੋਹਾ ਨਾਲ ਦਿੱਤਾ ਅਤੇ ਇਥੇ ਹੀ ਆਪਣਾ ਰਾਜ ਬਣਾਉਣ ਦਾ ਫ਼ੈਸਲਾ ਕੀਤਾ। ਅੱਗੇ ਚੱਲ ਕੇ ਅਗਰੋਹਾ ਖੇਤੀ ਅਤੇ ਵਪਾਰ ਪੱਖੋਂ ਇਕ ਪ੍ਰਸਿੱਧ ਸਥਾਨ ਬਣ ਗਿਆ।

ਮਹਾਰਾਜਾ ਅਗਰਸੇਨ ਨੇ ਰਾਜ ਅਤੇ ਪਰਜਾ ਦੀ ਭਲਾਈ ਲਈ 18 (ਅਠਾਰਾਂ) ਹਵਨ ਕੀਤੇ। ਉਨ੍ਹਾਂ ਦੇ ਅਠਾਰਾਂ ਪੁੱਤਰ ਪੈਦਾ ਹੋਏ। ਉਨ੍ਹਾਂ ਦੇ ਨਾਂ ਤੋਂ ਅਗਰਵਾਲ ਸਮਾਜ ਦੇ 18 ਗੋਤਰ ਬਣੇ।

ਕਿਹਾ ਜਾਂਦਾ ਹੈ ਕਿ 17 ਯੱਗ ਵਿਧੀ-ਵਿਧਾਨ ਅਤੇ ਬਿਨਾ ਕਿਸੇ ਵਿਘਨ ਤੋਂ ਸੰਪਨ ਹੋਏ ਪ੍ਰੰਤੂ 18 ਵੇਂ ਯੱਗ ਤੋਂ ਪਹਿਲਾਂ ਮਹਾਰਾਜਾ ਅਗਰਸੇਨ ਦੇ ਮਨ ਵਿਚ ਆਇਆ ਕਿ ਯੱਗ ਜਿਹੇ ਪਵਿੱਤਰ ਕਾਰਜ ਵਿਚ ਪਸ਼ੂ ਬਲੀ ਜਿਹਾ ਅਪਵਿੱਤਰ ਕੰਮ ਕਿਉਂ? ਉਨ੍ਹਾਂ ਨੇ ਐਲਾਨ ਕੀਤਾ ਕਿ ਭਵਿੱਖ ਵਿਚ ਯੱਗ ਅਤੇ ਪਵਿੱਤਰ ਕੰਮਾਂ ਵਿਚ ਪਸ਼ੂ ਬਲੀ ਦੇ ਸਥਾਨ ਤੇ ਨਾਰੀਅਲ ਭੰਨ ਕੇ ਪੂਰਨ ਆਹੂਤੀ ਦਿੱਤੀ ਜਾਵੇਗੀ। ਕਿਹਾ ਜਾਂਦਾ ਹੈ ਕਿ ਮਹਾਰਾਜਾ ਅਤੇ ਉਨ੍ਹਾਂ ਦੇ ਵੰਸ਼ਜਾਂ ਨੇ ਬਾਅਦ ਵਿਚ ਵੈਸ ਸਮੁਦਾਇ ਨੂੰ ਸਵੀਕਾਰ ਕਰ ਲਿਆ ਸੀ। ਇਸ ਦਾ ਕਾਰਨ ਮਹਾਂਲਛਮੀ ਜੀ ਦਾ ਵਰਦਾਨ ਜਾਂ ਅਸ਼ੀਰਵਾਦ ਸੀ, ਕਿ ਤੁਸੀਂ ਵੈਸ ਸਮੁਦਾਇ ਨੂੰ ਲੈ ਕੇ ਇਕ ਨਵਾਂ ਰਾਜ ਬਣਾਉਣਾ ਹੈ ਅਤੇ ਦੂਜਾ ਅਗਰਸੇਨ ਜੀ ਦੀ ਪਸ਼ੂ ਬਲੀ ਪ੍ਰਤੀ ਅਰੁਚੀ ਹੀ ਵੈਸ ਸਮੁਦਾਇ ਨੂੰ ਅਪਨਾਉਣ ਦਾ ਵੱਡਾ ਕਾਰਨ ਸੀ।

**ਮੋਬਾਈਲ 94655-96231**



## ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਹਰ ਪੀੜਤ ਦੀ ਆਵਾਜ਼ ਸੁਣੀ ਜਾਵੇਗੀ: ਜਤਿੰਦਰ ਸਿੰਘ ਸ਼ੰਟੀ



**ਰਾਜਪੁਰਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਪੀੜਤਾਂ ਨੂੰ ਨਿਆਂ ਦਿਵਾਉਣਾ ਕਮਿਸ਼ਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨਾਲ ਬੇਇਨਸਾਫੀ ਜਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਪੀੜਤ ਵਿਅਕਤੀ ਦੀ ਆਵਾਜ਼ ਨੂੰ ਹਰ ਹਾਲਤ ਵਿੱਚ ਸੁਣਿਆ ਜਾਵੇਗਾ। ਰਾਜਪੁਰਾ ਵਿਖੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨਾਲ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਮੌਕੇ ਪਦਮਸ਼੍ਰੀ ਸ਼ੰਟੀ ਨੇ ਕਿਹਾ ਕਿ ਇਹ ਜਨਤਾ ਦੀ ਅਦਾਲਤ ਹੈ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਆਪਣੀ ਸਮੱਸਿਆ ਲੈ ਕੇ ਇੱਥੇ ਆਉਂਦਾ ਹੈ, ਉਸਦੀ ਗੱਲ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਉਸ ਨੂੰ ਨਿਆਂ ਦਿਵਾਉਣ ਲਈ ਲੋੜੀਂਦੀ ਕਾਰਵਾਈ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਅਧਿਕਾਰਾਂ ਲਈ ਕਿਸੇ ਵੀ ਤਰ੍ਹਾਂ ਡਰਨ ਜਾਂ ਝਿਜਕਣ ਦੀ ਲੋੜ ਨਹੀਂ ਹੈ।

ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਏ.ਡੀ.ਸੀ. ਜਨਰਲ ਅਨੁਪ੍ਰਿਤਾ ਜੌਹਲ, ਐਸ.ਡੀ.ਐਮ. ਗੁਰਦੇਵ ਸਿੰਘ ਧਮ, ਡੀ.ਐਸ.ਪੀ. ਰਸ਼ਪਾਲ ਸਿੰਘ ਸਮੇਤ ਸਿਹਤ ਵਿਭਾਗ, ਨਗਰ ਕੌਂਸਲ, ਬਿਜਲੀ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਵੱਖ-ਵੱਖ ਵਿਭਾਗਾਂ ਦੇ ਕੰਮਕਾਜ ਦਾ ਮਨੁੱਖੀ ਅਧਿਕਾਰਾਂ ਦੇ ਪੱਖ ਤੋਂ ਜਾਇਜ਼ਾ ਲਿਆ ਗਿਆ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਲਈ ਵੀ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਹੱਤਵਪੂਰਨ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਤਹਿਤ ਹਸਪਤਾਲਾਂ ਵਿੱਚ ਢੁਕਵੀਆਂ ਮੁਰਦਾਘਰ ਸਹੂਲਤਾਂ ਅਤੇ ਐਂਬੂਲੈਂਸ ਸੇਵਾਵਾਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਮ੍ਰਿਤਕ ਵਿਅਕਤੀਆਂ, ਖਾਸ ਕਰਕੇ ਲਾਵਾਰਿਸ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨਾਲ ਸਬੰਧਤ ਮਾਮਲਿਆਂ ਵਿੱਚ ਮ੍ਰਿਤਕ ਦੇਹ ਦਾ ਸਨਮਾਨਜਨਕ ਢੰਗ ਨਾਲ ਪ੍ਰਬੰਧਨ ਕਰਨਾ ਹਸਪਤਾਲਾਂ ਦੀ ਜ਼ਿੰਮੇਵਾਰੀ ਹੈ। ਅਜਿਹੇ ਮਾਮਲਿਆਂ ਵਿੱਚ ਮੁਫ਼ਤ ਜਾਂ ਸਹਾਇਤਾ ਪ੍ਰਾਪਤ ਸਸਕਾਰ ਜਾਂ ਦਫ਼ਨਾਉਣ ਦੀ ਵਿਵਸਥਾ ਕਰਨ ਲਈ ਵੀ ਹਦਾਇਤਾਂ ਦਿੱਤੀਆਂ ਗਈਆਂ ਹਨ। ਪਦਮਸ਼੍ਰੀ ਸ਼ੰਟੀ ਨੇ ਸਫਾਈ ਕਰਮਚਾਰੀਆਂ ਦੀ ਸੁਰੱਖਿਆ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਨੂੰ ਲੋੜੀਂਦੇ ਸੁਰੱਖਿਆ ਉਪਕਰਨ, ਸੁਰੱਖਿਆ ਸਹੂਲਤਾਂ ਅਤੇ ਬੀਮਾ ਕਵਰ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਦੀ ਜ਼ਿੰਦਗੀ ਅਤੇ ਸਿਹਤ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਾ ਹੋਵੇ।

ਵਿਦੇਸ਼ ਭੇਜਣ ਦੇ ਨਾਮ 'ਤੇ ਲੋਕਾਂ ਨਾਲ ਹੋ ਰਹੀ ਠੱਗੀ ਦਾ ਗੰਭੀਰ ਨੋਟਿਸ ਲੈਂਦਿਆਂ ਪਦਮਸ਼੍ਰੀ ਸ਼ੰਟੀ ਨੇ ਕਿਹਾ ਕਿ ਝੂਠੇ ਵੀਜ਼ਿਆਂ, ਜਾਅਲੀ ਆਫਰ ਲੈਟਰਾਂ ਅਤੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੋਕਾਂ ਨਾਲ ਧੋਖਾਧੜੀ ਕਰਨ ਵਾਲੇ ਗਿਰੋਹਾਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਠੱਗਾਂ ਵੱਲੋਂ ਲੋਕਾਂ ਦੀ ਮਿਹਨਤ ਦੀ ਕਮਾਈ ਲੁੱਟਣ ਦੇ ਮਾਮਲੇ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੇ ਜਾਣਗੇ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਲਈ ਸਖ਼ਤ ਕਦਮ ਚੁੱਕੇ ਜਾਣੇ ਚਾਹੀਦੇ ਹਨ।

ਇਸ ਮੌਕੇ ਵੱਖ-ਵੱਖ ਲੋਕਾਂ ਵੱਲੋਂ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਵੀ ਪਦਮਸ਼੍ਰੀ ਸ਼ੰਟੀ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਅਤੇ ਲੋਕਾਂ ਨੂੰ ਬੇਲੋੜੀ ਖੱਜਲ-ਖੁਆਰੀ ਤੋਂ ਬਚਾਉਣ ਲਈ ਹਦਾਇਤਾਂ ਜਾਰੀ ਕੀਤੀਆਂ। ਏ.ਡੀ.ਸੀ. ਜਨਰਲ ਅਨੁਪ੍ਰਿਤਾ ਜੌਹਲ ਨੇ ਭਰੋਸਾ ਦਿਵਾਇਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਹਰ ਸੰਭਵ ਕਦਮ ਚੁੱਕਿਆ ਜਾਵੇਗਾ।

ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸੂਬੇ ਵਿੱਚ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਉਲੰਘਣਾ ਨਾਲ ਸਬੰਧਤ ਮਾਮਲਿਆਂ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਮਕਸਦ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਮਿਲੇ ਮੂਲ ਅਧਿਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਹੈ। ਪਦਮਸ਼੍ਰੀ ਸ਼ੰਟੀ ਨੇ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਭਲਾਈ ਅਤੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਅਜਿਹੇ ਪ੍ਰੋਗਰਾਮ ਬੇਹੱਦ ਜ਼ਰੂਰੀ ਹਨ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਥਾਂ 'ਤੇ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਜਾਂ ਕਿਸੇ ਵਿਅਕਤੀ ਨਾਲ ਬੇਇਨਸਾਫੀ ਹੁੰਦੀ ਹੈ ਤਾਂ ਉਹ ਆਪਣੀ ਸ਼ਿਕਾਇਤ ਲਿਖਤੀ ਰੂਪ ਵਿੱਚ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਪਹੁੰਚਾਉਣ। ਉਨ੍ਹਾਂ ਕਿਹਾ ਕਿ ਅਜਿਹੀਆਂ ਸ਼ਿਕਾਇਤਾਂ 'ਤੇ ਦੋ ਦਿਨਾਂ ਦੇ ਅੰਦਰ ਕਾਰਵਾਈ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਲੋਕਾਂ ਦੀ ਸਹੂਲਤ ਲਈ 9855475547 ਨੰਬਰ ਵੀ ਜਾਰੀ ਕੀਤਾ ਗਿਆ ਹੈ, ਜਿਸ 'ਤੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।

## ਦੂਨ ਵਾਦੀ 'ਚ ਪੰਜਾਬੀ ਗਾਇਕਾਂ ਨੇ ਬਿਖੇਰੇ ਸੂਫ਼ੀ ਤੇ ਸੱਭਿਆਚਾਰਕ ਗਾਇਕੀ ਦੇ ਰੰਗ



**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ, ਪੰਜਾਬ ਵੱਲੋਂ 'ਪੰਜਾਬੋਂ ਬਾਹਰ' ਸਾਹਿਤਕ ਤੇ ਸੱਭਿਆਚਾਰਕ ਸਮਾਗਮਾਂ ਦੀ ਲੜੀ ਤਹਿਤ ਦੇਹਰਾਦੂਨ ਦੀ ਸ. ਭਗਵਾਨ ਸਿੰਘ ਯੂਨੀਵਰਸਿਟੀ ਬਾਲਾਵਾਲਾ ਵਿਖੇ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਉੱਘੇ ਸੂਫ਼ੀ ਗਾਇਕ ਯਾਕੂਬ ਤੇ ਸੱਭਿਆਚਾਰਕ ਗਾਇਕੀ ਦੇ ਮੁਦਈ ਰੰਗਲੇ ਸਰਦਾਰਾਂ ਦੀ ਟੀਮ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਸਮਾਗਮ ਦੌਰਾਨ ਉੱਤਰਾਖੰਡ ਦੇ ਸੱਭਿਆਚਾਰਕ ਸਕੱਤਰ ਸ੍ਰੀ ਜੁਗਲ ਕਿਸ਼ੋਰ ਪੰਤ ਮੁੱਖ ਮਹਿਮਾਨ ਵਜੋਂ ਪਹੁੰਚੇ। ਗੌਰਵ ਭਾਰਤੀ ਸਿੱਖਿਆ ਸੰਸਥਾਨ ਦੇ ਗਵਰਨਿੰਗ ਕੌਂਸਲ ਮੈਂਬਰ ਪ੍ਰੋ. ਏ.ਐਸ. ਬਰਾੜ, ਸੰਸਥਾਨ ਦੇ ਚੇਅਰਮੈਨ ਐਸ.ਪੀ. ਸਿੰਘ ਤੇ ਪ੍ਰਧਾਨ ਪ੍ਰੋ. ਗੌਰਵਜੀਤ ਸਿੰਘ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ। ਯੂਨੀਵਰਸਿਟੀ ਦੇ ਅਧਿਕਾਰੀਆਂ, ਕਰਮਚਾਰੀਆਂ ਤੇ ਵਿਦਿਆਰਥੀਆਂ ਤੋਂ ਇਲਾਵਾ ਦੇਹਰਾਦੂਨ ਦੇ ਪੰਜਾਬੀ ਭਾਈਚਾਰੇ ਨੇ ਵੀ ਸਮਾਗਮ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ। ਮੇਜ਼ਬਾਨ ਯੂਨੀਵਰਸਿਟੀ ਦੇ ਉਪਕੁਲਪਤੀ ਡਾ. ਜੇ. ਕੁਮਾਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ।

ਸੰਗੀਤਕ ਸ਼ਾਮ ਦੀ ਸ਼ੁਰੂਆਤ ਅੰਮ੍ਰਿਤਸਰ ਤੋਂ ਪੁੱਜੇ ਸੂਫ਼ੀ ਗਾਇਕ ਯਾਕੂਬ ਨੇ ਆਪਣੀ ਸੁਰੀਲੀ ਆਵਾਜ਼ 'ਚ 'ਆਵੋ ਨੀ ਸਈਓ ਮੈਂ ਵਰ ਪਾਇਆ..', 'ਲੰਬੀ ਜੁਦਾਈ', 'ਕੱਤਿਆ ਕਰੂ ਤੇਰੀ ਰੂੰ', 'ਦਿਲ ਨਹੀਂ ਲੱਗਦਾ ਮੇਰਾ..', 'ਸੱਜਣਾਂ ਦਾ ਸਹਾਰਾ ਏ..', 'ਕਾਵਾਂ ਸੁਣ ਕਾਵਾਂ..', ਆਦਿ ਗੀਤਾਂ ਨਾਲ ਸਮਾਗਮ 'ਚ ਸ਼ਾਮਲ ਹਰ ਵਰਗ ਦੇ ਸਰੋਤੇ ਨੂੰ ਝੂੰਮਣ ਲਗਾ ਦਿੱਤਾ।

ਯਾਕੂਬ ਨੇ ਸਰੋਤਿਆਂ ਦੀ ਫ਼ਰਮਾਇਸ਼ 'ਤੇ 'ਦਮਾ-ਦਮ ਮਸਤ ਕਲੰਦਰ' ਗੀਤ ਨਾਲ ਆਪਣੀ ਪੇਸ਼ਕਾਰੀ ਨੂੰ ਵਿਰਾਮ ਦਿੱਤਾ। ਫਿਰ 'ਰੰਗਲੇ ਸਰਦਾਰ' ਟੀਮ ਨੇ ਆਜ਼ਮ ਖਾਨ ਦੀ ਅਗਵਾਈ 'ਚ ਮੰਚ ਸੰਭਾਲਿਆ ਤੇ ਟੀਮ 'ਚ ਸ਼ਾਮਲ ਬਾਕੀ ਗਾਇਕਾਂ ਸਬਰ ਸਿੰਘ ਖੋਖਰ, ਜਸਕਰਨ ਗਿੱਲ ਤੇ ਮਨਿੰਦਰ ਬਰਾੜ ਨਾਲ ਮਿਲ ਕੇ ਆਪਣੇ ਚਰਚਿਤ ਗੀਤ 'ਕੌਣ ਕਿਸੇ ਦਾ ਕਰਦਾ ਏ..' ਨਾਲ ਮਿਲ ਕੇ ਸ਼ੁਰੂਆਤ ਕੀਤੀ। ਫਿਰ ਉਨ੍ਹਾਂ 'ਦੁਨੀਆ ਸੁਣਦੀ ਐ..', 'ਸ਼ੁਦੈਣ ਕਰਤਾ..', 'ਦੋ ਤਾਰਾ ਵਜਦਾ ਵੇ..', 'ਆ ਜਾ ਦੋਵੇਂ ਨੱਚੀਏ..', 'ਪਿੰਡ ਦਿਆ ਮੁੰਡਿਆਂ ਦੀ..' ਗੀਤਾਂ ਨਾਲ ਸਭ ਨੂੰ ਨੱਚਣ ਲਗਾ ਦਿੱਤਾ। ਇਸ ਟੀਮ ਨੇ ਬੋਲੀਆਂ ਪਾ ਕੇ ਸੰਗੀਤਕ ਸ਼ਾਮ ਸਿਖਰ ਤੇ ਪਹੁੰਚਾ ਕੇ ਇਸ ਦੀ ਸਮਾਪਤੀ ਕੀਤੀ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਡਾਇਰੈਕਟਰ ਭਾਸ਼ਾਵਾਂ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਨੇ ਮਹਿਮਾਨਾਂ ਦਾ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਦੇ ਸੈੱਟਾਂ ਨਾਲ ਸਨਮਾਨ ਕੀਤਾ। ਮੇਜ਼ਬਾਨ ਯੂਨੀਵਰਸਿਟੀ ਦੇ ਮੈਨੇਜਰ ਜ਼ੋਰਾਵਰ ਸਿੰਘ ਤੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਵੱਖ-ਵੱਖ ਜ਼ਿਲਿਆਂ ਦੇ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਜਟਾਣਾ ਮੋਗਾ, ਮਨਜੀਤ ਪੁਰੀ ਫ਼ਰੀਦਕੋਟ ਤੇ ਡਾ. ਸੰਦੀਪ ਸ਼ਰਮਾ ਲੁਧਿਆਣਾ, ਪ੍ਰਿੰ. ਰਾਜੇਸ਼ ਮੋਹਨ ਫ਼ਰੀਦਕੋਟ, ਸ਼੍ਰੋਮਣੀ ਕਵੀ ਦਰਸ਼ਨ ਬੁੱਟਰ ਤੇ ਬਲਵਿੰਦਰ ਸੰਧੂ, ਖੋਜ ਅਫ਼ਸਰ ਡਾ. ਸੰਤੋਖ ਸਿੰਘ, ਡਾ. ਸੁਖਦਰਸ਼ਨ ਸਿੰਘ ਚਹਿਲ, ਡਾ. ਮਨਜਿੰਦਰ ਸਿੰਘ ਤੇ ਹਰਪ੍ਰੀਤ ਸਿੰਘ, ਲਿਖਾਰੀ ਕੁਮਾਰ ਜਗਦੇਵ ਸਿੰਘ ਬਰਾੜ ਸਮੇਤ ਡੈਲੀਗੇਟਸ ਤੇ ਲੇਖਕ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੇ ਦਿਲਚਸਪ ਰਹੇ ਮੁਕਾਬਲੇ

**ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਂਸਿੰਗ ਦੇ ਹੋਏ ਮੁਕਾਬਲੇ**



**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਚੌਥੇ ਸੀਜ਼ਨ ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੇ ਅੱਜ ਮੁਕਾਬਲੇ ਬਹੁਤ ਦਿਲਚਸਪ ਰਹੇ। ਇਨ੍ਹਾਂ ਖੇਡਾਂ ਵਿੱਚ ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ ਸਮੈਸ਼ਿੰਗ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਂਸਿੰਗ ਖੇਡਾਂ ਵੱਖ-ਵੱਖ ਉਮਰ ਵਰਗਾ ਵਿੱਚ ਅਤੇ ਵੱਖ-ਵੱਖ ਸਥਾਨਾਂ 'ਤੇ ਕਰਵਾਈਆਂ ਗਈਆਂ। ਜ਼ਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਇੰਟਰਨੈਸ਼ਨਲ ਹਾਕੀ ਪਲੇਅਰ ਹਰਿੰਦਰ ਸਿੰਘ ਗਰੇਵਾਲ ਅਤੇ ਕਰਮਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਦਾ ਹੌਸਲਾ ਵਧਾਇਆ।

ਖੇਡ ਕੱਬਡੀ ਨੈਸ਼ਨਲ ਸਟਾਇਲ ਅੰਡਰ 17 ਲੜਕਿਆਂ ਵਿੱਚ ਪਟਿਆਲਾ ਦਿਹਾਤੀ ਨੇ ਪਹਿਲਾ ਸਥਾਨ ਹਾਸਲ ਕੀਤਾ। ਘਨੌਰ ਏ ਨੇ ਦੂਜਾ ਸਥਾਨ ਅਤੇ ਨਾਭਾ ਬੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅੰਡਰ 14 ਵਿੱਚ ਨਾਭਾ ਬੀ ਦੀ ਟੀਮ ਨੇ ਪਹਿਲਾ ਸਥਾਨ, ਨਾਭਾ ਏ ਦੀ ਟੀਮ ਨੇ ਦੂਜਾ ਅਤੇ ਪਟਿਆਲਾ ਦਿਹਾਤੀ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ।ਅੰਡਰ 21-30 ਉਮਰ ਵਰਗ ਲੜਕੀਆਂ ਦੀ ਟੀਮ ਰਾਜਪੁਰਾ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਜੇਤੂ ਰਹੀ। ਖੇਡ ਵਾਲੀਬਾਲ ਸਮੈਸਿੰਗ ਅੰਡਰ 14 ਉਮਰ ਵਰਗ ਲੜਕਿਆਂ ਵਿੱਚ ਹੋਏ ਮੁਕਾਬਲਿਆਂ ਵਿੱਚ ਘਨੌਰ ਦੀ ਟੀਮ ਨੇ ਪਹਿਲਾ ਸਥਾਨ, ਭੁਨਰਹੇੜੀ ਟੀਮ ਨੇ ਦੂਜਾ ਸਥਾਨ ਅਤੇ ਨਾਭਾ ਏ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ 17 ਉਮਰ ਵਰਗ ਵਿੱਚ ਪਟਿਆਲਾ ਅਰਬਨ ਏ ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਜੇਤੂ ਰਹੀ, ਇਸੇ ਤਰ੍ਹਾਂ ਰਾਜਪੁਰਾ ਦੀ ਟੀਮ ਨੇ ਦੂਜਾ ਅਤੇ ਭੁਨਰਹੇੜੀ ਦੀ ਟੀਮ ਨੇ ਤੀਜ਼ਾ ਸਥਾਨ ਹਾਸਿਲ ਕੀਤਾ।21-30 ਉਮਰ ਵਰਗ ਵਿੱਚ ਲੜਕਿਆਂ ਦੀ ਟੀਮ ਘਨੌਰ ਨੇ ਪਹਿਲਾ ਸਥਾਨ, ਸਮਾਣਾ ਦੀ ਟੀਮ ਨੇ ਦੂਜਾ ਸਥਾਨ ਅਤੇ ਭੁਨਰਹੇੜੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਖੇਡ ਖੋਹ ਖੋਹ ਅੰਡਰ 14 ਲੜਕਿਆਂ ਵਿੱਚ ਪਾਤੜਾਂ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਦਿਹਾਤੀ ਨੇ ਦੂਜਾ, ਸਨੌਰ ਅਤੇ ਘਨੌਰ ਦੀਆਂ ਟੀਮਾਂ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ। ਇਸੇ ਤਰ੍ਹਾਂ ਅੰਡਰ 14 ਲੜਕੀਆਂ ਵਿੱਚ ਪਟਿਆਲਾ ਸਹੀਰੀ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਜਾ ਸਥਾਨ, ਘਨੌਰ ਅਤੇ ਪਟਿਆਲਾ ਦਿਹਾਤੀ ਦੀਆਂ ਟੀਮਾਂ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ 17 ਉਮਰ ਵਰਗ ਲੜਕਿਆਂ ਅਤੇ ਲੜਕੀਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ, ਪਾਤੜਾਂ ਨੇ ਦੂਜਾ ਅਤੇ ਘਨੌਰ ਤੇ ਸਨੌਰ ਦੀਆਂ ਟੀਮਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਲੜਕੀਆਂ ਅੰਡਰ 17 ਉਮਰ ਵਰਗ ਵਿੱਚ ਘਨੌਰ ਨੇ ਦੂਜਾ, ਪਾਤੜਾਂ ਅਤੇ ਸਮਾਣਾ ਦੀਆਂ ਟੀਮਾ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ 21 ਲੜਕਿਆਂ ਦੀ ਟੀਮ ਵਿੱਚ ਪਟਿਆਲਾ ਸ਼ਹਿਰੀ ਨੇ ਮੱਲਾ ਮਾਰੀਆਂ, ਸਨੌਰ ਦੀ ਟੀਮ ਨੇ ਦੂਜਾ, ਪਾਤੜਾਂ ਅਤੇ ਘਨੌਰ ਦੀਆਂ ਟੀਮਾਂ ਨੇ ਤੀਜੀ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ। ਅੰਡਰ 21 ਲੜਕੀਆਂ ਵਿੱਚ ਘਨੌਰ ਦੀ ਟੀਮ ਨੇ ਪਹਿਲਾ, ਪਟਿਆਲਾ ਸ਼ਹਿਰੀ ਨੇ ਦੂਜਾ, ਪਾਤੜਾਂ ਅਤੇ ਘਨੌਰ ਯੂਨੀਵਰਸਿਟੀ ਕਾਲਜ ਦੀ ਟੀਮ ਨੇ ਤੀਜਾ ਸਥਾਨ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ।

ਬਾਸਕਟਬਾਲ ਖੇਡ ਉਮਰ ਵਰਗ 21-30 ਲੜਕਿਆਂ ਦੇ ਹੋਏ ਖੇਡ ਮੁਕਾਬਲੇ ਵਿੱਚ ਸਮਾਣਾ ਦੀ ਟੀਮ ਨੇ ਨਾਭਾ ਦੀ ਟੀਮ ਨੂੰ 70-45 ਦੇ ਸਕੋਰ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਇਸੇ ਤਰ੍ਹਾਂ ਪੋਲੋ ਗਰਾਉਂਡ ਕੋਚਿੰਗ ਸੈਂਟਰ ਦੇ ਖਿਡਾਰੀਆਂ ਨੇ ਸੰਡੇ ਲੜਕਿਆਂ ਦੀ ਟੀਮ ਨੂੰ 41-19 ਦੇ ਸਕੋਰ ਦੇ ਫਰਕ ਨਾਲ ਹਰਾਇਆ।

ਗੇਮ ਹਾਕੀ ਅੰਡਰ 21 ਉਮਰ ਵਰਗ ਮੁੰਡਿਆਂ ਦੀ ਟੀਮ ਵਿੱਚ ਹੋਏ ਮੈਚਾਂ ਵਿੱਚ ਪੋਲੋ ਗਰਾਉਂਡ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਰਾਜਪੁਰਾ ਦੀ ਟੀਮ ਨੇ ਦੂਜਾ ਅਤੇ ਪਾਤੜਾਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ। 21-30 ਉਮਰ ਵਰਗ ਲੜਕਿਆਂ ਦੇ ਮੁਕਾਬਲਿਆਂ ਵਿੱਚ ਪੋਲੋ ਗਰਾਉਂਡ ਪਟਿਆਲਾ ਨੇ ਪਹਿਲਾ ਅਤੇ ਪਾਤੜਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

## 3100 ਖੇਡ ਮੈਦਾਨ, ਨਸ਼ਿਆਂ ਖ਼ਿਲਾਫ਼ ਵੱਡਾ ਹਥਿਆਰ: ਚੇਅਰਮੈਨ ਤੇਜਿੰਦਰ ਮਹਿਤਾ



**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਰਾਜ ਦੇ ਪਿੰਡਾਂ ਵਿੱਚ 3100 ਖੇਡ ਮੈਦਾਨਾਂ ਦਾ ਪ੍ਰੋਜੈਕਟ ਨਸ਼ਿਆਂ ਖ਼ਿਲਾਫ਼ ਵੱਡਾ ਹਥਿਆਰ ਹੈ। ਉਹ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਰਵਾਏ ਜ਼ਿਲ੍ਹਾ ਪੱਧਰੀ ਤਲਵਾਰਬਾਜ਼ੀ ਟੂਰਨਾਮੈਂਟ ਦੇ ਪੁਰਸਕਾਰ ਵੰਡ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਪੀਐਸਪੀਸੀਐਲ ਦੇ ਖੇਡ ਅਫ਼ਸਰ ਅਮਰਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਚੇਅਰਮੈਨ ਮਹਿਤਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਹੈ। ਪਿੰਡਾਂ ਵਿੱਚ ਖੇਡ ਮੈਦਾਨ ਬਣਨ ਨਾਲ ਨੌਜਵਾਨਾਂ ਨੂੰ ਆਪਣੇ ਨੇੜੇ ਹੀ ਖੇਡਣ ਅਤੇ ਆਪਣੀ ਪ੍ਰਤਿਭਾ ਨਿਖਾਰਨ ਲਈ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ, ਲੋੜ ਉਸ ਨੂੰ ਮੌਕੇ ਅਤੇ ਸਹੀ ਮੰਚ ਦੇਣ ਦੀ ਹੈ। ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ ਅਤੇ ਮਿਹਨਤ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਂਦੀਆਂ ਹਨ ਅਤੇ ਜ਼ਿੰਦਗੀ ਵਿੱਚ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਤਿਆਰ ਕਰਦੀਆਂ ਹਨ।

ਉਨ੍ਹਾਂ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਮੁਕਾਬਲਿਆਂ ਰਾਹੀਂ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੰਚ ਮਿਲ ਰਿਹਾ ਹੈ। ਉਨ੍ਹਾਂ ਤਲਵਾਰਬਾਜ਼ੀ ਵਿੱਚ ਖਿਡਾਰੀਆਂ ਦੀ ਵਧ ਰਹੀ ਦਿਲਚਸਪੀ ਨੂੰ ਉਤਸ਼ਾਹਜਨਕ ਦੱਸਦਿਆਂ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਟੂਰਨਾਮੈਂਟ ਵਿੱਚ ਅੰਡਰ-17 ਲੜਕੀਆਂ ਦੇ ਸੈਬਰ ਮੁਕਾਬਲੇ ਵਿੱਚ ਨਵਿਆ ਨੇ ਪਹਿਲਾ, ਸੁਜੈਨ ਨੇ ਦੂਜਾ, ਏਕਨੂਰ ਕੌਰ ਨੇ ਤੀਜਾ ਅਤੇ ਲਵਪ੍ਰੀਤ ਕੌਰ ਨੇ ਚੌਥਾ ਸਥਾਨ ਹਾਸਲ ਕੀਤਾ। ਈਪੀ ਮੁਕਾਬਲੇ ਵਿੱਚ ਹਰਯਸ਼ ਪ੍ਰਤੀਕ ਕੌਰ ਨੇ ਪਹਿਲਾ, ਇਸ਼ੀਕਾ ਨੇ ਦੂਜਾ ਅਤੇ ਹਰਨੂਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਫੋਆਇਲ ਮੁਕਾਬਲੇ ਵਿੱਚ ਕੀਰਤਿਕਾ ਬੇਲਵਾਲ ਨੇ ਪਹਿਲਾ, ਜਪਲੀਨ ਕੌਰ ਨੇ ਦੂਜਾ ਅਤੇ ਨਿਹਾਰਿਕਾ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਦੇ ਸੈਬਰ ਮੁਕਾਬਲੇ ਵਿੱਚ ਗੁਰਕੀਰਤ ਸਿੰਘ ਨੇ ਪਹਿਲਾ, ਰੋਹਨਪ੍ਰੀਤ ਸਿੰਘ ਨੇ ਦੂਜਾ, ਯੁਵਰਾਜ ਸਿੰਘ ਨੇ ਤੀਜਾ ਅਤੇ ਪਾਰਥ ਜੱਗੀ ਨੇ ਚੌਥਾ ਸਥਾਨ ਹਾਸਲ ਕੀਤਾ। ਅੰਡਰ-21 ਲੜਕੀਆਂ ਦੇ ਸੈਬਰ ਮੁਕਾਬਲੇ ਵਿੱਚ ਮਿਲਨਪ੍ਰੀਤ ਕੌਰ ਨੇ ਪਹਿਲਾ, ਪਲਕ ਨੇ ਦੂਜਾ, ਅਵਰੀਨ ਕੌਰ ਬੈਂਸ ਨੇ ਤੀਜਾ ਅਤੇ ਜਪਨੀਤ ਕੌਰ ਨੇ ਚੌਥਾ ਸਥਾਨ ਹਾਸਲ ਕੀਤਾ।

ਇਸ ਮੌਕੇ ਫੈਂਸਿੰਗ ਕੋਚ ਅਰਜੁਨ, ਉਦੈਵੀਰ ਸਿੰਘ, ਅਮਿਤ ਸ਼ਰਮਾ, ਕੀਰਤੀ, ਵੈਰਾਗੀ ਵੈਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਜਗਦੀਸ਼ ਸਿੰਘ ਬਾਵਾ, ਧਰਮਿੰਦਰ ਸਰਾਓ, ਗੌਰਵ ਛਾਬੜਾ ਸਮੇਤ ਹੋਰ ਪਤਵੰਤੇ ਅਤੇ ਖੇਡ ਪ੍ਰੇਮੀ ਹਾਜ਼ਰ ਸਨ।

## ਵਿਕਾਸ ਤੇ ਤਰੱਕੀ ਦਾ ਨਵਾਂ ਅਧਿਆਏ ਲਿਖ ਰਿਹਾ ਪੰਜਾਬ:ਮੁੱਖ ਮੰਤਰੀ



**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਦਾ ਇਤਿਹਾਸ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ, ਕੁਰਬਾਨੀਆਂ ਦੇਣ ਅਤੇ ਯੋਗਦਾਨ ਪਾਉਣ ਦਾ ਰਿਹਾ ਹੈ ਅਤੇ ਅੱਜ ਵੀ ਇਸ ਮਹਾਨ ਵਿਰਾਸਤ ਰਾਹੀਂ ਪੰਜਾਬ, ਦੇਸ਼ ਪ੍ਰਤੀ ਨਿਰੰਤਰ ਯੋਗਦਾਨ ਪਾ ਰਿਹਾ ਹੈ।

ਪੰਜਾਬ ਕਲਾ ਭਵਨ ਵਿਖੇ ਅੱਜ ਤਿੰਨ ਜਿਲਦਾਂ ਅਤੇ 1,980 ਸਫਿਆਂ ਦੀ ਕਿਤਾਬ 'ਪੰਜਾਬ ਦਾ ਇਤਿਹਾਸ' ਨੂੰ ਜਾਰੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀ ਧਰਤੀ ਨੂੰ ਦਸਤਾਵੇਜ਼ਾਂ ਦੇ ਰੂਪ ਵਿੱਚ ਪੇਸ਼ ਕਰਨਾ, ਜਿਸ ਨੇ ਸਦੀਆਂ ਦੀਆਂ ਜਿੱਤਾਂ, ਉਥਲ-ਪੁਥਲ ਅਤੇ ਤਬਦੀਲੀਆਂ ਦੇਖੀਆਂ ਹਨ, ਇੱਕ ਵੱਡੀ ਜ਼ਿੰਮੇਵਾਰੀ ਸੀ। ਭਗਵੰਤ ਸਿੰਘ ਮਾਨ ਨੇ ਆਜ਼ਾਦੀ ਸੰਘਰਸ਼ ਵਿੱਚ ਪੰਜਾਬ ਦੇ ਲਾਮਿਸਾਲ ਰੋਲ ਅਤੇ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਇਸ ਦੇ ਨਿਰੰਤਰ ਯੋਗਦਾਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਚੌਲ ਪੰਜਾਬੀਆਂ ਦੀ ਮੁੱਖ ਖੁਰਾਕ ਨਾ ਹੋਣ ਦੇ ਬਾਵਜੂਦ, ਇਹ ਸੂਬਾ ਇਸ ਸਾਲ ਫਿਰ ਤੋਂ ਕੌਮੀ ਅਨਾਜ ਭੰਡਾਰ ਵਿੱਚ ਰਿਕਾਰਡ 180 ਲੱਖ ਮੀਟ੍ਰਿਕ ਟਨ ਝੋਨੇ ਦਾ ਯੋਗਦਾਨ ਪਾਉਣ ਲਈ ਤਿਆਰ ਹੈ।

ਕਿਤਾਬ ਜਾਰੀ ਕਰਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਹਮੇਸ਼ਾ ਕਲਾ, ਸੱਭਿਆਚਾਰ ਅਤੇ ਸਾਹਿਤ ਦਾ ਅਨਮੋਲ ਖਜ਼ਾਨਾ ਰਿਹਾ ਹੈ। ਅਨਾਦਿ ਕਾਲ ਤੋਂ ਹੀ ਇਹ ਧਰਤੀ ਸੱਭਿਅਤਾ ਅਤੇ ਸੱਭਿਆਚਾਰ ਦੀ ਵਿਲੱਖਣ ਮਿਸਾਲ ਰਹੀ ਹੈ ਅਤੇ ਮਿਹਨਤੀ ਤੇ ਬਹਾਦਰ ਪੰਜਾਬੀ ਇੱਥੇ ਇਤਿਹਾਸ ਦੇ ਅਣਗਿਣਤ ਪੰਨਿਆਂ ਦੇ ਗਵਾਹ ਰਹੇ ਹਨ। ਇਸ ਮਹਾਨ ਵਿਰਾਸਤ ਨੂੰ ਸੰਭਾਲਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਮੁੱਖ ਮੰਤਰੀ ਨੇ ਕਿਹਾ, ਸਿਰਫ ਉਹੀ ਕੌਮਾਂ ਜਿਊਂਦੀਆਂ ਰਹਿੰਦੀਆਂ ਹਨ, ਜੋ ਆਪਣੇ ਸੱਭਿਆਚਾਰ ਨੂੰ ਸੰਭਾਲਦੀਆਂ ਹਨ, ਜਦੋਂ ਕਿ ਆਪਣੇ ਮਹਾਨ ਅਤੀਤ ਨੂੰ ਅਣਗੌਲਿਆ ਕਰਨ ਵਾਲੀਆਂ ਕੌਮਾਂ ਹੌਲੀ-ਹੌਲੀ ਆਪਣੀ ਪਛਾਣ ਗੁਆ ਲੈਂਦੀਆਂ ਹਨ। ਇਸੇ ਲਈ ਸੂਬਾ ਸਰਕਾਰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨੌਜਵਾਨ ਪੀੜ੍ਹੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜ ਕੇ ਰੱਖਣ ਲਈ ਠੋਸ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ, ਪੰਜਾਬੀਆਂ ਨੂੰ ਮਹਾਨ ਸਿੱਖ ਗੁਰੂ ਸਾਹਿਬਾਨ ਤੋਂ ਕੁਰਬਾਨੀ ਅਤੇ ਬਹਾਦਰੀ ਦੀ ਮਹਾਨ ਵਿਰਾਸਤ ਮਿਲੀ ਹੈ। ਉਨ੍ਹਾਂ ਨੇ ਸਾਨੂੰ ਜ਼ੁਲਮ, ਧੱਕੇਸ਼ਾਹੀ ਅਤੇ ਅਨਿਆਂ ਵਿਰੁੱਧ ਲੜਨਾ ਸਿਖਾਇਆ। ਇਹ ਜਜ਼ਬਾ ਪੰਜਾਬੀ ਸੁਭਾਅ ਦਾ ਅਟੁੱਟ ਅੰਗ ਰਿਹਾ ਹੈ।

ਭਾਰਤ ਦੀ ਆਜ਼ਾਦੀ ਦੀ ਲੜਾਈ ਦੌਰਾਨ ਪੰਜਾਬੀਆਂ ਦੁਆਰਾ ਦਿੱਤੀਆਂ ਗਈਆਂ ਲਾਸਾਨੀ ਕੁਰਬਾਨੀਆਂ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੌਮੀ ਆਜ਼ਾਦੀ ਅੰਦੋਲਨ ਵਿੱਚ ਪੰਜਾਬ ਅਤੇ ਇਸ ਦੇ ਲੋਕਾਂ ਦਾ ਯੋਗਦਾਨ ਅਸਾਧਾਰਨ ਸੀ। ਉਨ੍ਹਾਂ ਕਿਹਾ, ਦੇਸ਼ ਦੀ ਆਬਾਦੀ ਦਾ ਮਹਿਜ਼ 2 ਫੀਸਦੀ ਹੋਣ ਦੇ ਬਾਵਜੂਦ ਭਾਰਤ ਦੇ ਆਜ਼ਾਦੀ ਸੰਘਰਸ਼ ਵਿੱਚ 90 ਫੀਸਦੀ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਦੁਆਰਾ ਦਿੱਤੀਆਂ ਗਈਆਂ ਸਨ। ਆਜ਼ਾਦੀ ਦੀ ਲੜਾਈ ਨਾਲ ਜੁੜੇ ਵੱਡੇ ਅੰਦੋਲਨਾਂ ਦੀ ਅਗਵਾਈ ਬਹਾਦਰ ਪੰਜਾਬੀਆਂ ਨੇ ਕੀਤੀ ਸੀ।

ਮੁੱਖ ਮੰਤਰੀ ਨੇ ਕਿਹਾ, ਆਜ਼ਾਦੀ ਤੋਂ ਬਾਅਦ ਵੀ ਪੰਜਾਬੀ ਦੇਸ਼ ਦੇ ਵਿਕਾਸ ਦੇ ਕੇਂਦਰ ਵਿੱਚ ਰਹੇ ਹਨ। ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਤੋਂ ਲੈ ਕੇ ਇਸ ਦੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਤੱਕ, ਪੰਜਾਬੀਆਂ ਨੇ ਹਮੇਸ਼ਾ ਸਮਰਪਣ ਅਤੇ ਦਲੇਰੀ ਨਾਲ ਆਪਣੀ ਭੂਮਿਕਾ ਨਿਭਾਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਨਾ ਸਿਰਫ਼ ਦੇਸ਼ ਦਾ ਅੰਨਦਾਤਾ ਹੈ, ਸਗੋਂ ਇਸ ਨੇ ਕਈ ਨਾਮਵਰ ਉੱਦਮੀ ਅਤੇ ਉਦਯੋਗਪਤੀ ਵੀ ਪੈਦਾ ਕੀਤੇ ਹਨ, ਜਿਨ੍ਹਾਂ ਨੇ ਭਾਰਤ ਅਤੇ ਪੰਜਾਬ ਦੀ ਆਧੁਨਿਕ ਅਰਥਵਿਵਸਥਾ ਨੂੰ ਘੜਨ ਵਿੱਚ ਸ਼ਾਨਦਾਰ ਸੇਵਾਵਾਂ ਦਿੱਤੀਆਂ ਹਨ।
ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮਿਹਨਤੀ ਅਤੇ ਦ੍ਰਿੜ੍ਹ ਜਜ਼ਬੇ ਵਾਲੇ ਕਿਸਾਨਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

## ਖੇਡਾਂ ਵਤਨ ਪੰਜਾਬ ਦੀਆਂ ਸੀਜਨ -4 'ਚ ਜ਼ਿਲ੍ਹਾ ਪੱਧਰੀ ਸਾਫਟਬਾਲ ਦੇ ਮੁਕਾਬਲੇ ਕਰਵਾਏ ਗਏ



**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਅਤੇ ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਦੇ ਤਾਲਮੇਲ ਨਾਲ ਖੇਡਾਂ ਵਤਨ ਪੰਜਾਬ ਦੀਆਂ ਸ਼ੀਜਨ-4 ਪੋਲੋ ਗਰਾਊਂਡ, ਪਟਿਆਲਾ ਵਿਖੇ ਕਰਵਾਈਆਂ ਜਾ ਰਹੀਆਂ ਹਨ।ਸਾਫਟਬਾਲ ਟੂਰਨਾਮੈਂਟ ਕਨਵੀਨਰ ਗੌਰਵ ਵਿਰਦੀ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਅੰਡਰ 14/17/21 ਲੜਕੇ ਤੇ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ। ਇਸ ਟੂਰਨਾਮੈਂਟ ਵਿੱਚ ਲਗਭਗ 450 ਖਿਡਾਰੀਆਂ ਨੇ ਹਿੱਸਾ ਲਿਆ। ਅੱਜ ਦੇ ਹੋਏ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਸਸਸਸ ਭਾਂਖਰ ਸਕੂਲ ਨੇ ਪਹਿਲਾ, ਸਸਸਸ ਸ਼ੁਤਰਾਣਾ ਸਕੂਲ ਨੇ ਦੂਜਾ, ਆਦਰਸ਼ ਪਬਲਿਕ ਸਕੂਲ ਨੇ ਤੀਜਾ, ਅੰਡਰ-17 ਲੜਕਿਆਂ ਵਿੱਚ ਸਸਸਸ ਸ਼ੁਤਰਾਣਾ ਨੇ ਪਹਿਲਾ,ਜਸਦੇਵ ਪਬਲਿਕ ਸਕੂਲ ਨੇ ਦੂਜਾ,ਸਸਸਸ ਭਾਂਖਰ ਸਕੂਲ ਨੇ ਤੀਜਾ ਸਥਾਨ,ਅੰਡਰ-21 ਦੇ ਵਿੱਚ ਸਸਸਸ ਭਾਂਖਰ ਸਕੂਲ ਨੇ ਪਹਿਲਾ,ਸਸਸਸ ਸ਼ੁਤਰਾਣਾ ਨੇ ਦੂਜਾ,ਕੋਲੀ ਕਲੱਬ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਹਰੀਸ਼ ਸਿੰਘ ਰਾਵਤ,ਪਵਿੱਤਰ ਸਿੰਘ,ਇੰਦਰਜੀਤ ਕੌਰ, ਜਸਪ੍ਰੀਤ ਕੌਰ,ਹਰਿੰਦਰ ਸਿੰਘ, ਗੁਰਪ੍ਰੀਤ ਸਿੰਘ ਬਾਜਵਾ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਨਸ਼ਾ-ਮੁਕਤ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਯੂਨੀਵਰਸਿਟੀ ਵਿਖੇ 'ਵਾਕ ਫੌਰ ਨਸ਼ਾ ਮੁਕਤ ਯੁਵਾ' ਦਾ ਆਯੋਜਨ




**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਜਵਾਨਾਂ ਨੂੰ ਨਸ਼ੇ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਨਸ਼ਾ ਮੁਕਤ ਸਮਾਜ ਲਈ ਸਮੂਹਿਕ ਪ੍ਰਯਾਸਾਂ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਅੱਜ ਪੰਜਾਬ ਯੂਨੀਵਰਸਿਟੀ ਦੇ ਗਾਂਧੀ ਭਵਨ ਵਿਖੇ 'ਵਾਕ ਫੌਰ ਨਸ਼ਾ ਮੁਕਤ ਯੁਵਾ' ਦਾ ਆਯੋਜਨ ਕੀਤਾ ਗਿਆ। ਇਸ ਵਿੱਚ 350 ਤੋਂ ਅਧਿਕ ਪ੍ਰਤੀਭਾਗੀਆਂ ਨੇ ਹਿੱਸਾ ਲਿਆ।

ਇਹ ਪ੍ਰੋਗਰਾਮ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ 'ਮੇਰਾ ਯੁਵਾ ਭਾਰਤ ਚੰਡੀਗੜ੍ਹ' ਵੱਲੋਂ 'ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ' ਥੀਮ ਦੇ ਤਹਿਤ '100 ਹਫ਼ਤਿਆਂ ਦੇ ਨਸ਼ਾ-ਮੁਕਤ ਯੁਵਾ ਅਭਿਯਾਨ' ਦੇ ਤਹਿਤ ਆਯੋਜਿਤ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਵਾਰਮ-ਅੱਪ ਐਕਸਰਸਾਇਜ਼, ਜ਼ੁੰਬਾ ਅਤੇ ਤਾਲਬੱਧ ਯੋਗ ਨਾਲ ਹੋਈ। ਇਸ ਤੋਂ ਬਾਅਦ ਗਵਰਨਮੈਂਟ ਕਾਲਜ ਆਵ ? ਐਜੂਕੇਸ਼ਨ, ਸੈਕਟਰ-20 ਦੇ 'ਮੇਰਾ ਯੁਵਾ ਭਾਰਤ- ਐੱਨਐੱਸਐੱਸ' ਵਲੰਟੀਅਰਾਂ ਨੇ ਨੁੱਕੜ ਨਾਟਕ ਪ੍ਰਸਤੁਤ ਕਰਕੇ ਨਸ਼ੇ ਦੇ ਦੁਸ਼ਪ੍ਰਭਾਵਾਂ ਅਤੇ ਨਸ਼ਾ ਮੁਕਤ ਸਮਾਜ ਬਣਾਉਣ ਵਿੱਚ ਨੌਜਵਾਨਾਂ ਦੀ ਭੂਮਿਕਾ ਬਾਰੇ ਦੱਸਿਆ। 'ਮੇਰਾ ਯੁਵਾ ਭਾਰਤ ਚੰਡੀਗੜ੍ਹ' ਦੇ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀ ਵਿਨੈ ਕੁਮਾਰ ਨੇ ਸਾਰੇ ਪ੍ਰਤੀਭਾਗੀਆਂ ਨੂੰ 'ਨਸ਼ਾ ਮੁਕਤ ਯੁਵਾ' ਦੀ ਸਹੁੰ ਚੁਕਾਈ। ਪ੍ਰਤੀਭਾਗੀਆਂ ਨੇ ਨਸ਼ੇ ਤੋਂ ਦੂਰ ਰਹਿਣ ਅਤੇ ਦੂਸਰਿਆਂ ਨੂੰ ਵੀ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ।

ਪੰਜਾਬ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋਫੈਸਰ (ਡਾ.) ਮੀਨਾਕਸ਼ੀ ਗੋਇਲ ਮੁੱਖ ਮਹਿਮਾਨ ਸਨ ਅਤੇ ਉਨ੍ਹਾਂ ਨੇ ਇਸ ਵਾਕ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਚੰਡੀਗੜ੍ਹ ਪ੍ਰਸ਼ਾਸਨ ਦੇ ਸਟੇਟ ਐੱਨਐੱਸਐੱਸ ਅਫ਼ਸਰ ਡਾ. ਨੇਮੀ ਚੰਦ ਗੋਲੀਆ ਵਿਸ਼ਿਸ਼ਟ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। 'ਮੇਰਾ ਯੁਵਾ ਭਾਰਤ' ਦੇ ਯੂ.ਟੀ. ਡਾਇਰੈਕਟਰ ਸ਼੍ਰੀ ਸ਼ਿਵਧਨ ਸ਼ਰਮਾ ਨੇ ਮਹਿਮਾਨਾਂ ਅਤੇ ਪ੍ਰਤੀਭਾਗੀਆਂ ਦਾ ਸੁਆਗਤ ਕੀਤਾ, ਜਦਕਿ ਪੰਜਾਬ ਯੂਨੀਵਰਸਿਟੀ ਦੇ ਐੱਨਐੱਸਐੱਸ ਪ੍ਰੋਗਰਾਮ ਕੋਆਰਡੀਨੇਟਰ ਡਾ. ਅਨੁਪਮ ਬਹਿਰੀ ਨੇ ਧੰਨਵਾਦ ਪ੍ਰਸਤਾਵ ਰੱਖਿਆ। ਵਾਕ ਤੋਂ ਬਾਅਦ ਪ੍ਰਤੀਭਾਗੀਆਂ ਨੇ ਨਸ਼ਾ ਮੁਕਤ ਸਮਾਜ ਪ੍ਰਤੀ ਆਪਣੀ ਪ੍ਰਤੀਬੱਧਤਾ ਦੇ ਪ੍ਰਤੀਕ ਦੇ ਰੂਪ ਵਿੱਚ 'ਸਿਗਨੇਚਰ ਵਾਲ' 'ਤੇ ਹਸਤਾਖਰ ਕੀਤੇ। ਇਸ ਤੋਂ ਬਾਅਦ ਸਰਟੀਫਿਕੇਟ ਅਤੇ ਰਿਫਰੈਸ਼ਮੈਂਟ ਵੰਡੀ ਗਈ।

## ਸਰਹੱਦ ਪਾਰਲੇ ਹਥਿਆਰ ਅਤੇ ਵਿਸ.ਫੋਟਕ ਤਸਕਰੀ ਨੈੱਟਵਰਕ ਦਾ ਪਰਦਾ.ਫਾਸ਼; ਇੱਕ ਏਕੇ-47 ਰਾਈ.ਫਲ, ਦੋ ਹੈਂਡ ਗ੍ਰਨੇਡਾਂ ਸਮੇਤ ਇੱਕ ਵਿਅਕਤੀ ਕਾਬੂ

**➢ ਵਿਦੇਸ਼ੀ ਤਸਕਰਾਂ ਦੇ ਇਸ਼ਾਰੇ 'ਤੇ .ਗੈਰ-ਕਾਨੂੰਨੀ ਹਥਿਆਰਾਂ ਦੀ .ਖਰੀਦ-.ਫਰੋ.ਖਤ ਕਰ ਰਿਹਾ ਸੀ ਗ੍ਰਿਫਤਾਰ ਕੀਤਾ ਦੋਸ਼ੀ: ਡੀਜੀਪੀ ਗੌਰਵ ਯਾਦਵ ➢ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਅਗਲੇਰੀ ਜਾਂਚ ਜਾਰੀ: ਆਈਜੀਪੀ ਗੁਰਪ੍ਰੀਤ ਭੁੱਲਰ**



**ਅੰਮ੍ਰਿਤਸਰ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਵਿਅਕਤੀ ਨੂੰ ਇੱਕ ਏਕੇ-47 ਅਸਾਲਟ ਰਾਈਫਲ (ਮੈਗਜ਼ੀਨ ਅਤੇ ਨੌਂ ਜਿੰਦਾ ਕਾਰਤੂਸਾਂ ਸਮੇਤ) ਅਤੇ ਦੋ ਹੈਂਡ ਗ੍ਰਨੇਡਾਂ ਨਾਲ ਗ੍ਰਿਫਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਅਤੇ ਵਿਸਫੋਟਕ ਸਪਲਾਈ ਕਰਨ ਵਾਲੇ ਇੱਕ ਨੈੱਟਵਰਕ ਦਾ ਪਰਦਾਫ਼ਾਸ਼ ਕੀਤਾ ਹੈ। ਇਹ ਜਾਣਕਾਰੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਨਵਜੋਤ ਸਿੰਘ (28) ਵਜੋਂ ਹੋਈ ਹੈ, ਜੋ ਪੇਸ਼ੇ ਤੋਂ ਟਰੱਕ ਡਰਾਈਵਰ ਹੈ ਅਤੇ ਤਰਨ ਤਾਰਨ ਦੇ ਪਿੰਡ ਚੀਮਾ ਦਾ ਰਹਿਣ ਵਾਲਾ ਹੈ। ਹਥਿਆਰਾਂ ਅਤੇ ਵਿਸਫੋਟਕਾਂ ਦੀ ਬਰਾਮਦਗੀ ਤੋਂ ਇਲਾਵਾ ਪੁਲਿਸ ਟੀਮਾਂ ਨੇ ਦੋਸ਼ੀ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸ ਦੀ ਵਰਤੋਂ ਉਹ ਖੇਪਾਂ ਸਪਲਾਈ ਕਰਨ ਲਈ ਕਰਦਾ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜਿਆ ਹੋਇਆ ਸੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਖ਼ਰੀਦ-ਫ਼ਰੋਖਤ ਵਿੱਚ ਸ਼ਾਮਲ ਸੀ। ਉਨ੍ਹਾਂ ਦੱਸਿਆ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਇਤਲਾਹ 'ਤੇ ਕਾਰਵਾਈ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਦੀਆਂ ਵਿਸ਼ੇਸ਼ ਟੀਮਾਂ ਨੇ ਵਿਸ਼ੇਸ਼ ਮੁਹਿੰਮ ਚਲਾਈ ਅਤੇ ਮੋਟਰਸਾਈਕਲ 'ਤੇ ਜਾ ਰਹੇ ਮੁਲਜ਼ਮ ਨੂੰ ਰੋਕ ਕੇ ਹਿਰਾਸਤ ਵਿੱਚ ਲੈ ਲਿਆ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਪੁਲਿਸ ਟੀਮਾਂ ਨੇ ਮੈਗਜ਼ੀਨ ਅਤੇ ਜ਼ਿੰਦਾ ਕਾਰਤੂਸਾਂ ਸਮੇਤ ਇੱਕ ਏਕੇ-47 ਅਸਾਲਟ ਰਾਈਫਲ ਅਤੇ ਦੋ ਜ਼ਿੰਦਾ ਹੈਂਡ ਗ੍ਰਨੇਡ ਬਰਾਮਦ ਕੀਤੇ ਹਨ।

ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਇਹ ਕਾਰਵਾਈ ਐਸ.ਪੀ. (ਜਾਂਚ) ਰਮਨਦੀਪ ਸਿੰਘ, ਡੀ.ਐਸ.ਪੀ. ਗੁਰਿੰਦਰਪਾਲ ਸਿੰਘ ਨਾਗਰਾ ਅਤੇ ਡੀ.ਐਸ.ਪੀ. ਅਟਾਰੀ ਯਾਦਵਿੰਦਰ ਸਿੰਘ ਦੀ ਨਿਗਰਾਨੀ ਹੇਠ ਅੰਜਾਮ ਦਿੱਤੀ ਗਈ। ਇਸ ਸਬੰਧ ਵਿੱਚ ਐਫ.ਆਈ.ਆਰ. ਨੰਬਰ 425, ਮਿਤੀ 30-09-2026 ਨੂੰ ਅਸਲਾ ਐਕਟ ਦੀ ਧਾਰਾ 25(8) ਅਤੇ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਅਤੇ 5 ਤਹਿਤ ਅੰਮ੍ਰਿਤਸਰ ਦਿਹਾਤੀ ਦੇ ਥਾਣਾ ਘਰਿੰਡਾ ਵਿਖੇ ਕੇਸ ਦਰਜ ਕੀਤਾ ਗਿਆ ਹੈ।

# ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ: ਹਰਚੰਦ ਸਿੰਘ ਬਰਸਟ

**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦੀ ਅਨਾਜ ਮੰਡੀ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਝੋਨੇ ਦੀ ਸਰਕਾਰੀ ਖਰੀਦ ਦੀ ਰਸਮੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਮੰਡੀ ਪਹੁੰਚਣ 'ਤੇ ਆੜ੍ਹਤੀ ਐਸੋਸੀਏਸ਼ਨ ਅਤੇ ਕਿਸਾਨਾਂ ਵੱਲੋਂ ਸ. ਬਰਸਟ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸ. ਬਰਸਟ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਮੰਡੀ ਵਿੱਚ ਫਸਲ ਦੀ ਆਮਦ ਅਤੇ ਖਰੀਦ ਪ੍ਰਬੰਧਾਂ ਸਬੰਧੀ ਗੱਲਬਾਤ ਕੀਤੀ।

ਸ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਝੋਨੇ ਦੀ ਫਸਲ ਦੇ ਖਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਚੇਅਰਮੈਨ ਨੇ ਦੱਸਿਆ ਕਿ ਸੂਬੇ ਭਰ ਵਿੱਚ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਮੰਡੀਆਂ ਵਿੱਚ ਸਾਫ਼-ਸਫ਼ਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ ਅਤੇ ਬੈਠਣ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਸੂਬੇ ਭਰ ਵਿੱਚ ਝੋਨੇ ਦੀ ਸੁਚਾਰੂ ਖਰੀਦ ਲਈ ਕੁੱਲ 1886 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ, ਸੀਜ਼ਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਲੋੜ ਅਨੁਸਾਰ ਆਰਜ਼ੀ ਖਰੀਦ ਕੇਂਦਰ ਵੀ ਘੋਸ਼ਿਤ ਕੀਤੇ ਜਾਣਗੇ। ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦੇ ਤੁਰੰਤ ਨਿਪਟਾਰੇ ਲਈ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਗਿਆ ਹੈ।

ਸ. ਬਰਸਟ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫ਼ਸਲ ਨੂੰ ਸੁਕਾ ਕੇ ਮੰਡੀ ਵਿੱਚ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਵਿਕਰੀ ਸਮੇਂ ਉਹਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਪੱਧਰ ਦੇ ਉੱਚ ਅਧਿਕਾਰੀਆਂ ਵੱਲੋਂ ਵੀ ਸੂਬੇ ਦੀਆਂ ਮੰਡੀਆਂ ਦਾ ਦੌਰਾ ਕਰਕੇ ਜ਼ਮੀਨੀ ਪੱਧਰ 'ਤੇ ਖਰੀਦ ਪ੍ਰਬੰਧਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਝੋਨੇ ਦੇ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕਿਸਾਨਾਂ ਨੂੰ ਫਸਲ ਵੇਚਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਹ ਖੁਸ਼ੀ-ਖੁਸ਼ੀ ਆਪਣੀ ਫਸਲ ਵੇਚ ਕੇ ਜਲਦ ਤੋਂ ਜਲਦ ਆਪਣੇ ਘਰ ਜਾ ਸਕਣ। ਇਸ ਮੌਕੇ ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀ.ਵਾਈਸ ਪ੍ਰਧਾਨ ਅਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀ.ਸਤਵਿੰਦਰ ਸਿੰਘ ਸੈਣੀ, ਜ਼ਿਲ੍ਹਾ ਮੰਡੀ ਅਫਸਰ ਅਸਲਮ ਮਹੁੰਮਦ, ਹਰਿੰਦਰ ਸਿੰਘ ਧਬਲਾਨ, ਜਨਰਲ ਸਕੱਤਰ ਨਰੇਸ਼ ਮਿੱਤਲ ਭੋਲਾ, ਆੜ੍ਹਤੀ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੇ ਜਨਰਲ ਸਕੱਤਰ ਦੀਪਕ ਬੰਸਲ ਡਕਾਲਾ, ਅਸ਼ੋਕ ਕੁਮਾਰ ਮੋਢੀ, ਚਰਨ ਦਾਸ ਗੋਇਲ, ਖਰਦਮਨ ਰਾਏ ਗੁਪਤਾ, ਹਰਦੇਵ ਸਿੰਘ ਨੰਦਪੁਰਕੇਸ਼ੋ, ਗੁਰਨਾਮ ਸਿੰਘ ਲਚਕਾਣੀ, ਵਿਜੇ ਗਰਗ, ਦਰਬਾਰਾ ਸਿੰਘ ਜਾਹਲਾਂ, ਦਵਿੰਦਰ ਕੁਮਾਰ ਬੱਗਾ, ਪਰਮਜੀਤ ਸਿੰਘ ਮਿਰਜ਼ਾਪੁਰ, ਰਣਧੀਰ ਨਲੀਨਾ, ਵਿਸ਼ਵ ਗੋਇਲ ਕਾਕੂ, ਰਾਕੇਸ਼ ਸਿੰਗਲਾ, ਮਹੇਸ਼ ਗੋਇਲ, ਕਰਮ ਚੰਦ ਬੰਸਲ, ਸੋਹਨ ਲਾਲ ਕਾਂਸਲ, ਸ਼ਿਵ ਮੰਦਿਰ ਕਮੇਟੀ ਦੇ ਚੇਅਰਮੈਨ ਕਮਲ ਗੋਇਲ, ਸ਼ਿਵ ਮੰਦਿਰ ਕਮੇਟੀ ਦੇ ਪ੍ਰਧਾਨ ਸੁਰੇਸ਼ ਬੰਸਲ ਡਕਾਲਾ, ਸੰਜੀਵਨ ਮਿੱਤਲ, ਮਾਧਵ ਸਿੰਗਲਾ, ਬਲਰਾਮ ਬੰਸਲ, ਕਰਨ ਬੰਸਲ, ਓਮ ਪ੍ਰਕਾਸ਼ ਟੌਹੜਾ, ਜਤਿੰਦਰ ਕੁਮਾਰ ਟੀਨੂ, ਤੀਰਥ ਬੰਸਲ, ਰਾਕੇਸ਼ ਭਾਨਰਾ, ਰਾਜ ਕੁਮਾਰ ਜਿੰਦਲ, ਸਰੂਪ ਚੰਦ ਭਾਨਰਾ, ਕਰਮ ਚੰਦ, ਰੋਹਿਤ ਗੋਇਲ, ਦੀਪਕ ਜਿੰਦਲ, ਸ਼ਾਂਤੀ ਸਰੂਪ ਕੰਨੂ, ਪ੍ਰੇਮ ਚੰਦ, ਹੈਪੀ ਗੋਇਲ, ਅਨਿਲ ਗੋਇਲ, ਸ਼ੈਂਪੀ ਡਕਾਲਾ, ਭੀਮ ਚੰਦ ਡਕਾਲਾ, ਰਿੰਕੂ ਬੰਸਲ, ਕੁਲਦੀਪ ਸਿੰਘ ਕੌਰਜੀਵਾਲ, ਬਲਰਾਮ ਬੰਸਲ, ਭੋਲਾ ਭਾਨਰਾ, ਪਰਗਟ ਸਿੰਘ ਜਾਹਲਾਂ, ਗੌਰਵ ਨੀਨੇ ਗੁਪਤਾ, ਜਿੰਦਰ ਸਿੰਘ ਪਾਲਾ ਟੌਹੜਾ, ਰਜਿੰਦਰ ਸਿੰਘ ਮਾਨ, ਨਰਿੰਦਰ ਲੱਟ, ਅਸ਼ੋਕ ਕੁਮਾਰ, ਜੌਲੀ ਗਰਗ, ਦਿਨੇਸ਼, ਗੁਰਪ੍ਰੀਤ ਰਾਏ, ਰਾਣਾ ਰਾਏ, ਸੁਰਮਖ ਸਿੰਘ, ਜਗਦੀਸ਼ ਚੰਦ, ਕੁਲਵਿੰਦਰ ਸਿੰਘ ਮਾਜਰੀਕਾਲੀਆਂ, ਗੁਰਵਿੰਦਰ ਸਿੰਘ ਕੌਰਜੀਵਾਲ, ਐਚ.ਐਸ ਰਟੌਲ, ਨਾਹਰ ਸੀਬੜੋ ਵੀ ਮੌਜੂਦ ਰਹੇ।

# ਖੇਡ ਵਿਭਾਗ ਪਟਿਆਲਾ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਗਈਆ



**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ ਸਮੈਸ਼ਿੰਗ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਨਸਿੰਗ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਸ੍. ਉਪਕਾਰ ਸਿੰਘ ਵਿਰਕ ਜਨਰਲ ਸੈਕਟਰੀ ਖੋ-ਖੋ ਫੈਡਰੇਸ਼ਨ ਆਫ ਇੰਡੀਆ, ਜੈ ਗੋਪਾਲ ਸ਼ਰਮਾ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ. ਐਸ. ਪਟਿਆਲਾ, ਕਿਸ਼ੋਰ ਕੁਮਾਰ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ.ਐਸ. ਪਟਿਆਲਾ, ਸੁਰਿੰਦਰ ਸਿੰਘ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ.ਐਸ. ਪਟਿਆਲਾ, ਹਰਬੰਸ ਸਿੰਘ ਰਿਟਾਇਰਡ ਪੰਜਾਬ ਪੁਲਿਸ ਅਤੇ ਅੰਤਰਰਾਸ਼ਟਰੀ ਕੋਚ ਰੈਫਰੀ, ਸ੍ਰਮਿਤੀ ਪਰਵਿੰਦਰ ਕੌਰ ਸੀ.ਆਰ.ਪੀ.ਐਫ ਸੈਕੰਡ ਇਨ ਕਮਾਂਡੈਂਟ ਅੰਤਰਰਾਸ਼ਟਰੀ ਖਿਡਾਰੀ ਨੇ ਵੀ ਸ਼ਿਰਕਤ ਕੀਤੀ। ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕਿਆਂ ਵਿੱਚ ਨਾਭਾ ਏ ਦੀ ਟੀਮ ਨੇ ਘਨੌਰ ਦੀ ਟੀਮ ਨੂੰ 2-1 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਅੰਡਰ-17 ਲੜਕਿਆਂ ਵਿੱਚ ਰਾਜਪੁਰਾ ਦੀ ਟੀਮ ਨੇ ਨਾਭਾ ਏ ਦੀ ਟੀਮ ਨੂੰ 2-0 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਖੋ-ਖੋ ਅੰਡਰ-14 ਲੜਕੀਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਦਿਹਾਤੀ ਅਤੇ ਘਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-14 ਲੜਕਿਆਂ ਵਿੱਚ ਪਾਤੜਾਂ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਦਿਹਾਤੀ ਦੀ ਟੀਮ ਨੇ ਦੂਸਰਾ ਸਥਾਨ, ਘਨੌਰ ਅਤੇ ਸਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਘਨੌਰ ਦੀ ਟੀਮ ਨੇ ਦੂਸਰਾ ਸਥਾਨ, ਪਾਤੜਾਂ ਅਤੇ ਸਮਾਣਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਸਰਾ ਸਥਾਨ, ਸਨੌਰ ਅਤੇ ਘਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਫੁੱਟਬਾਲ ਅੰਡਰ-17 ਲੜਕਿਆਂ ਵਿੱਚ ਆਰਮੀ ਫੁੱਟਬਾਲ ਕਲੱਬ ਦੀ ਟੀਮ ਨੇ ਅਜ਼ਾਦਵਰ ਦੀ ਟੀਮ ਨੂੰ 2-0 ਦੇ ਫਰਕ ਨਾਲ ਹਰਾਇਆ। ਆਜ਼ਾਦ ਫੁੱਟਬਾਲ ਕਲੱਬ ਦੀ ਟੀਮ ਨੂੰ ਬਹਾਦਰਗੜ੍ਹ ਦੀ ਟੀਮ ਨੇ 4-2 ਨਾਲ ਹਰਾਇਆ। ਬਾਸਕਟਬਾਲ ਅੰਡਰ-17 ਲੜਕਿਆਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਕੂਲ ਪਟਿਆਲਾ ਦੀ ਟੀਮ ਨੇ ਜੀਈਐਮਐਸ ਪਟਿਆਲਾ ਦੀ ਟੀਮ ਨੂੰ 18-7 ਦੇ ਫਰਕ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਪੋਲੋ ਬੀ ਦੀ ਟੀਮ ਨੇ ਗੁਰੂਕੁਲ ਗਲੋਬਲ ਸਕੂਲ ਦੀ ਟੀਮ ਨੂੰ 25-12 ਦੇ ਫਰਕ ਨਾਲ ਹਰਾਇਆ। ਮਲਟੀ ਏ ਦੀ ਟੀਮ ਨੇ ਗਰੰਮਿੰਟ ਸੀਨੀਅਰ ਸੈਕੰਡਰੀ ਸਕੂਲ ਬੀਬੀਪੁਰ ਨੂੰ 21-10 ਦੇ ਫਰਕ ਨਾਲ ਹਰਾ ਕੇ ਜਿੱਤ ਹਾਸਲ ਕੀਤੀ। ਅੰਡਰ-21 ਲੜਕਿਆਂ ਵਿੱਚ ਮਲਟੀਪਰਪਸ ਸਕੂਲ ਪਟਿਆਲਾ ਦੀ ਟੀਮ ਨੇ ਪੋਲੋ ਬੀ ਦੀ ਟੀਮ ਨੂੰ 81-69 ਦੇ ਫਰਕ ਨਾਲ ਹਰਾਇਆ।

# 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਨੌਧਰਾਣੀ 'ਚ ਘਰ-ਘਰ ਪਹੁੰਚੇ ਵਿਧਾਇਕ ਡਾ. ਜਮੀਲ ਉਰ ਰਹਿਮਾਨ

**ਮਲੇਰਕੋਟਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਤੋਂ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਵੱਲੋਂ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਪਿੰਡ ਨੌਧਰਾਣੀ ਵਿਖੇ ਡੋਰ-ਟੂ-ਡੋਰ ਜਨ ਸੰਪਰਕ ਮੁਹਿੰਮ ਦੀ ਸ਼ੁਰੂਆਤ ਬੂਥ ਨੰਬਰ 191 ਅਤੇ 192 ਤੋਂ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਪਾਰਟੀ ਵਰਕਰਾਂ ਨਾਲ ਘਰ-ਘਰ ਜਾ ਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਪਹਿਲਕਦਮੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਸੰਵਾਦ ਕਾਇਮ ਕਰਨਾ ਅਤੇ ਉਨ੍ਹਾਂ ਤੱਕ ਸਰਕਾਰ ਦੀਆਂ ਨੀਤੀਆਂ ਅਤੇ ਜਨਤਕ ਸਹੂਲਤਾਂ ਸਬੰਧੀ ਜਾਣਕਾਰੀ ਪਹੁੰਚਾਉਣਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਅਤੇ ਲੋਕ ਸਹੂਲਤਾਂ ਨਾਲ ਸਬੰਧਤ ਵੱਖ-ਵੱਖ ਖੇਤਰਾਂ ਵਿੱਚ ਕੰਮ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਲੋਕਾਂ ਤੱਕ ਸਿੱਧੀ ਪਹੁੰਚ ਬਣਾਉਣਾ ਲੋਕਤੰਤਰ ਦੀ ਮਜ਼ਬੂਤੀ ਲਈ ਅਹਿਮ ਹੈ।

# ਖੇਡਾਂ ਵਤਨ ਪੰਜਾਬ ਦੀਆਂ ਸੀਜਨ/4 'ਚ ਜ਼ਿਲ੍ਹਾ ਪੱਧਰੀ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਗਏ

**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅਤੇ ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਦੇ ਤਾਲਮੇਲ ਨਾਲ ਪੋਲੋ ਗਰਾਊਂਡ ਪਟਿਆਲਾ ਵਿਖੇ ਜ਼ਿਲਾ ਪੱਧਰੀ ਲੜਕੇ ਤੇ ਲੜਕੀਆਂ ਦੇ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਗਏ।ਬਾਸਕਟਬਾਲ ਟੂਰਨਾਮੈਂਟ ਕਨਵੀਨਰ ਰਮਨੀਕ ਅਹੂਜਾ ਕੋਚ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਅੰਡਰ 14/17/21 ਲੜਕੇ ਤੇ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ।ਅੱਜ ਦੇ ਹੋਏ ਮੁਕਾਬਲਿਆਂ ਵਿੱਚੋ ਅੰਡਰ-21 ਲੜਕਿਆਂ ਦਾ ਫਾਈਨਲ ਮੈਚ ਪੀਆਈਐਸ ਪੋਲੋ ਅਤੇ ਪੋਲੋ-ਏ ਕਲੱਬ ਵਿਚਕਾਰ ਖੇਡਿਆ ਗਿਆ।

ਜਿਸ ਵਿੱਚ ਪੀਆਈਐਸ ਪੋਲੋ ਨੇ ਪਹਿਲਾ ਸਥਾਨ,ਪੋਲੋ-ਏ ਕਲੱਬ ਨੇ ਦੂਸਰਾ ਸਥਾਨ, ਮਲਟੀਪਰਪਜ਼ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਗੁਰਮੀਤ ਸਿੰਘ ਕੋਚ, ਜਸਪ੍ਰੀਤ ਕੌਰ ਕੋਚ,ਗੁਰਸ਼ਰਨ ਸਿੰਘ ਕੋਚ,ਬਜਰੰਗ ਕੋਚ, ਰਜਨੀਸ਼ ਕੋਚ,ਇੰਦੂ ਬਾਲਾ, ਅਮਨਦੀਪ ਕੌਰ,ਵਰਿੰਦਰ ਕੌਰ, ਲਖਵਿੰਦਰ ਕੌਰ,ਪਰਮਜੀਤ ਕੌਰ, ਹਰੀਸ਼ ਸਿੰਘ ਰਾਵਤ,ਗੁਰਪ੍ਰੀਤ ਸਿੰਘ ਬਾਜਵਾ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਤਹਿਤ ਮਹਾਤਮਾ ਗਾਂਧੀ ਜਯੰਤੀ ਮੌਕੇ ਸ਼ੁਰੂ ਕੀਤੀ ਵਿਸ਼ੇਸ਼ ਸਫਾਈ ਮੁਹਿੰਮ 4 ਅਕਤੂਬਰ ਨੂੰ ਵੀ ਜਾਰੀ

**ਪਟਿਆਲਾ, 9 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**




ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਸਵੱਛਤਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਪਟਿਆਲਾ ਸ਼ਹਿਰ ਨੂੰ ਹੋਰ ਸਾਫ-ਸੁਥਰਾ, ਸੁੰਦਰ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਤਹਿਤ ਅਰੰਭੀ ਤਿੰਨ ਰੋਜ਼ਾ ਮੈਗਾ ਸਫਾਈ ਅਭਿਆਨ 4 ਅਕਤੂਬਰ ਨੂੰ ਵੀ 159ਵੀਂ ਸਫਾਈ ਡਰਾਈਵ ਤਹਿਤ ਜਾਰੀ ਰਹੇਗਾ।

ਮੁਹਿੰਮ ਦੇ ਮੈਂਬਰਾਂ ਨੇ ਦੱਸਿਆ ਕਿ ਹੋਟਲ ਢਿੱਲੋਂ ਰੈਜ਼ੀਡੈਂਸੀ ਦੇ ਸਾਹਮਣੇ, ਮਿੰਨੀ ਸਕੱਤਰੇਤ ਰੋਡ ਸਥਿਤ ਲੰਮੇ ਸਮੇਂ ਤੋਂ ਅਣਗੌਲਿਆ ਪਿਆ ਪਾਰਕ ਗੋਦ ਲੈ ਕੇ ਉਸ ਨੂੰ ਮੁੜ ਸਾਫ-ਸੁਥਰਾ, ਸੁੰਦਰ ਅਤੇ ਲੋਕਾਂ ਲਈ ਵਰਤੋਂਯੋਗ ਬਣਾਉਣ ਦਾ ਕੰਮ ਹੱਥ ਵਿੱਚ ਲਿਆ ਗਿਆ ਹੈ। ਇਸ ਦੌਰਾਨ ਸਫਾਈ ਦੇ ਨਾਲ-ਨਾਲ ਹਰਿਆਵਲ ਵਧਾਉਣ, ਪਾਰਕ ਦੀ ਸੰਭਾਲ ਅਤੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸੁੰਦਰ ਬਣਾਉਣ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪਹਿਲੇ ਤੇ ਦੂਜੇ ਦਿਨ ਦੀ ਸਫਾਈ ਮੁਹਿੰਮ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਸ਼ਹਿਰ ਵਾਸੀਆਂ, ਸਮਾਜ ਸੇਵੀਆਂ ਅਤੇ ਵਲੰਟੀਅਰਾਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਹੱਥਾਂ ਵਿੱਚ ਝਾੜੂ ਅਤੇ ਸਫਾਈ ਸਮੱਗਰੀ ਫੜ ਕੇ ਲੋਕਾਂ ਨੇ ਇਹ ਸੁਨੇਹਾ ਦਿੱਤਾ ਕਿ ਸ਼ਹਿਰ ਦੀ ਸਫਾਈ ਸਿਰਫ਼ ਕਿਸੇ ਇੱਕ ਵਿਭਾਗ ਜਾਂ ਸੰਸਥਾ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਵੱਲੋਂ ਪਟਿਆਲਾ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਚਾਰ ਅਕਤੂਬਰ ਨੂੰ ਹੋਣ ਵਾਲੀ ਸਫਾਈ ਡਰਾਈਵ ਵਿੱਚ ਪਰਿਵਾਰ ਸਮੇਤ ਵੱਧ-ਚੜ੍ਹ ਕੇ ਸ਼ਾਮਲ ਹੋਣ।

ਮੁਹਿੰਮ ਦੇ ਮੈਂਬਰਾਂ ਨੇ ਕਿਹਾ ਕਿ ਸਾਫ ਪਾਰਕ, ਹਰਾ-ਭਰਾ ਸ਼ਹਿਰ ਅਤੇ ਬਿਹਤਰ ਭਵਿੱਖ ਦੇ ਸੰਕਲਪ ਨੂੰ ਸਾਕਾਰ ਕਰਨ ਲਈ ਹਰ ਪਟਿਆਲਵੀ ਦੀ ਭਾਗੀਦਾਰੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਭਿਆਨ ਦਾ ਮਕਸਦ ਸਿਰਫ਼ ਕੂੜਾ-ਕਰਕਟ ਹਟਾਉਣਾ ਹੀ ਨਹੀਂ, ਸਗੋਂ ਲੋਕਾਂ ਵਿੱਚ ਆਪਣੇ ਸ਼ਹਿਰ, ਪਾਰਕਾਂ ਅਤੇ ਜਨਤਕ ਥਾਵਾਂ ਪ੍ਰਤੀ ਜ਼ਿੰਮੇਵਾਰੀ ਅਤੇ ਸਾਂਝੀ ਮਾਲਕੀ ਦੀ ਭਾਵਨਾ ਪੈਦਾ ਕਰਨਾ ਵੀ ਹੈ।

# ਛੱਤਬੀੜ ਜੂ ਵਿੱਚ ਬਰਡ ਵਾਕ, ਟ੍ਰਾਈਸਿਟੀ ਦੇ ਫੋਟੋਗ੍ਰਾਫਰਾਂ ਨੇ ਕੁਦਰਤ ਨੂੰ ਕੈਮਰਿਆਂ 'ਚ ਕੀਤਾ ਕੈਦ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਸਰਕਾਰ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਮਨਾਏ ਜਾ ਰਹੇ ਵਾਈਲਡਲਾਈਫ ਵੀਕ-2026 ਤਹਿਤ ਸ਼ਨੀਵਾਰ ਨੂੰ ਛੱਤਬੀੜ ਜੂ ਵਿੱਚ ਵਿਸ਼ੇਸ਼ ਬਰਡ ਵਾਕ ਅਤੇ ਮਾਰਨਿੰਗ ਫੋਟੋ ਵਾਕ ਕਰਵਾਈ ਗਈ। ਛੱਤਬੀੜ ਜੂ ਅਥਾਰਟੀ ਅਤੇ ਸੋਸ਼ਲ ਸਬਸਟੈਂਸ ਦੇ ਸਹਿਯੋਗ ਨਾਲ ਹੋਏ ਇਸ ਪ੍ਰੋਗਰਾਮ ਵਿੱਚ ਚੰਡੀਗੜ੍ਹ, ਪੰਚਕੂਲਾ ਅਤੇ ਮੋਹਾਲੀ ਤੋਂ ਵੱਡੀ ਗਿਣਤੀ ਵਿੱਚ ਵਾਈਲਡਲਾਈਫ ਫੋਟੋਗ੍ਰਾਫਰਾਂ, ਆਰਟ ਫੋਟੋਗ੍ਰਾਫਰਾਂ ਅਤੇ ਕੁਦਰਤ ਪ੍ਰੇਮੀਆਂ ਨੇ ਸ਼ਮੂਲੀਅਤ ਕੀਤੀ। ਸਵੇਰ ਦੇ ਸ਼ਾਂਤ ਅਤੇ ਸੁਹਾਵਣੇ ਮਾਹੌਲ ਵਿੱਚ ਹੋਈ ਇਸ ਬਰਡ ਵਾਕ ਦੌਰਾਨ ਫੋਟੋਗ੍ਰਾਫਰਾਂ ਨੇ ਛੱਤਬੀੜ ਜੂ ਵਿੱਚ ਮੌਜੂਦ ਵੱਖ-ਵੱਖ ਕਿਸਮਾਂ ਦੇ ਪੰਛੀਆਂ ਦੀਆਂ ਗਤੀਵਿਧੀਆਂ ਨੂੰ ਆਪਣੇ ਕੈਮਰਿਆਂ ਵਿੱਚ ਕੈਦ ਕੀਤਾ। ਇਸ ਤੋਂ ਇਲਾਵਾ ਦੁਰਲੱਭ ਜੰਗਲੀ ਜੀਵਾਂ, ਕੁਦਰਤੀ ਦ੍ਰਿਸ਼ਾਂ ਅਤੇ ਜੈਵ ਵਿਭਿੰਨਤਾ ਦੀਆਂ ਖੂਬਸੂਰਤ ਝਲਕੀਆਂ ਵੀ ਫੋਟੋਗ੍ਰਾਫੀ ਦਾ ਕੇਂਦਰ ਰਹੀਆਂ।

ਸੋਸ਼ਲ ਸਬਸਟੈਂਸ ਦੇ ਅਰੁਣ ਭਾਟੀਆ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਫੋਟੋਗ੍ਰਾਫੀ ਅਤੇ ਡਾਕੂਮੈਂਟੇਸ਼ਨ ਰਾਹੀਂ ਕੁਦਰਤ ਅਤੇ ਜੰਗਲੀ ਜੀਵਾਂ ਦੀ ਸੰਭਾਲ ਲਈ ਲਗਾਤਾਰ ਕੰਮ ਕਰ ਰਹੀ ਹੈ। ਟ੍ਰਾਈਸਿਟੀ ਫੋਟੋ ਆਰਟ ਸੋਸਾਇਟੀ (ਤਪਸ) ਦੇ ਮੈਂਟਰ ਦੀਪ ਭਾਟੀਆ ਨੇ ਦੱਸਿਆ ਕਿ ਤਪਸ ਪਿਛਲੇ 10 ਸਾਲਾਂ ਤੋਂ ਖੇਤਰ ਵਿੱਚ ਕਲਾਤਮਕ ਫੋਟੋਗ੍ਰਾਫੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਕੁਦਰਤ ਅਤੇ ਜੰਗਲੀ ਜੀਵਨ ਨਾਲ ਜੋੜਨ ਲਈ ਯਤਨਸ਼ੀਲ ਹੈ।

ਇਸ ਮੌਕੇ ਛੱਤਬੀੜ ਜੂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ। ਉਨ੍ਹਾਂ ਵੱਲੋਂ ਭਾਗੀਦਾਰ ਸੰਸਥਾਵਾਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਫੋਟੋਗ੍ਰਾਫਰਾਂ ਦੀ ਮੰਗ 'ਤੇ ਜੂ ਅਧਿਕਾਰੀਆਂ ਨੇ ਦੱਸਿਆ ਕਿ ਵਾਈਲਡਲਾਈਫ ਅਤੇ ਆਰਟ ਫੋਟੋਗ੍ਰਾਫੀ ਨਾਲ ਜੁੜੇ ਕਲਾਕਾਰਾਂ ਲਈ ਕੈਮਰਾ ਫੀਸ ਵਜੋਂ ਲਈ ਜਾਣ ਵਾਲੀ ?500 ਦੀ ਫੀਸ ਮੁਆਫ਼ ਕੀਤੀ ਜਾਵੇਗੀ।

ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੇ ਪੰਛੀਆਂ ਨੂੰ ਉਨ੍ਹਾਂ ਦੇ ਕੁਦਰਤੀ ਆਵਾਸ ਵਿੱਚ ਦੇਖਣ ਦੇ ਨਾਲ ਉਨ੍ਹਾਂ ਦੇ ਵਿਹਾਰ, ਆਵਾਜ਼ਾਂ, ਉਡਾਣ ਅਤੇ ਭੋਜਨ ਦੀ ਭਾਲ ਵਰਗੀਆਂ ਗਤੀਵਿਧੀਆਂ ਨੂੰ ਨੇੜਿਓਂ ਸਮਝਿਆ। ਆਯੋਜਕਾਂ ਅਨੁਸਾਰ ਅਜਿਹੇ ਪ੍ਰੋਗਰਾਮਾਂ ਦਾ ਉਦੇਸ਼ ਲੋਕਾਂ, ਖਾਸ ਕਰਕੇ ਨੌਜਵਾਨਾਂ ਅਤੇ ਕੁਦਰਤ ਪ੍ਰੇਮੀਆਂ ਵਿੱਚ ਪੰਛੀ ਨਿਰੀਖਣ, ਜੈਵ ਵਿਭਿੰਨਤਾ ਦੀ ਸੰਭਾਲ ਅਤੇ ਕੁਦਰਤੀ ਆਵਾਸਾਂ ਦੀ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ।

ਉਨ੍ਹਾਂ ਕਿਹਾ ਕਿ ਪੰਛੀ ਕਿਸੇ ਵੀ ਵਾਤਾਵਰਣ ਪ੍ਰਣਾਲੀ ਦੀ ਸਿਹਤ ਦੇ ਮਹੱਤਵਪੂਰਨ ਸੰਕੇਤਕ ਹੁੰਦੇ ਹਨ। ਇਸ ਲਈ ਕੁਦਰਤ ਨਾਲ ਸਿੱਧਾ ਜੁੜਨ ਵਾਲੀਆਂ ਅਜਿਹੀਆਂ ਗਤੀਵਿਧੀਆਂ ਲੋਕਾਂ ਵਿੱਚ ਜੰਗਲੀ ਜੀਵਾਂ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

# ਲੁਧਿਆਣਾ ਦੇ ਸਨਅਤਕਾਰਾਂ ਖ਼ਿਲਾਫ਼ ਦਰਜ FIR ਤੁਰੰਤ ਵਾਪਸ ਲਵੇ ਸਰਕਾਰ : ਅਨਿਲ ਸਰੀਨ

**ਲੁਧਿਆਣਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ ਲੁਧਿਆਣਾ ਦੇ ਉਦਯੋਗਪਤੀਆਂ ਅਤੇ ਵਪਾਰੀਆਂ ਵੱਲੋਂ ਲੰਬੇ ਬਿਜਲੀ ਕੱਟਾਂ ਖ਼ਿਲਾਫ਼ ਕੀਤੇ ਰੋਸ ਪ੍ਰਦਰਸ਼ਨ ਦੌਰਾਨ ਦਰਜ ਕੀਤੀ ਗਈ ਐੱਫਆਈਆਰ ਦੀ ਨਿਖੇਧੀ ਕਰਦਿਆਂ ਇਸਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ 8 ਤੋਂ 10 ਘੰਟਿਆਂ ਦੇ ਬਿਜਲੀ ਕੱਟਾਂ ਕਾਰਨ ਸਨਅਤਕਾਰਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ 24 ਘੰਟੇ ਸਸਤੀ ਬਿਜਲੀ ਦੇਣ ਦੇ ਵਾਅਦੇ ਕਰਨ ਵਾਲੀ 'ਆਪ' ਸਰਕਾਰ ਹੁਣ ਪ੍ਰਦਰਸ਼ਨ ਕਰ ਰਹੇ ਉਦਯੋਗਪਤੀਆਂ ਅਤੇ ਵਪਾਰੀਆਂ ਦੀ ਆਵਾਜ਼ ਦਬਾਉਣ ਲਈ ਮਾਮਲੇ ਦਰਜ ਕਰ ਰਹੀ ਹੈ।

ਅਨਿਲ ਸਰੀਨ ਨੇ ਕਿਹਾ ਕਿ ਪੰਜਾਬ ਭਾਜਪਾ ਉਦਯੋਗਪਤੀਆਂ ਅਤੇ ਵਪਾਰੀਆਂ ਦੇ ਨਾਲ ਖੜ੍ਹੀ ਹੈ।

# ਰਾਜ ਪੱਧਰੀ ਖੇਡਾਂ-2026 ਦੌਰਾਨ ਗੇਮਾਂ ਦੇ ਟਰਾਇਲ 10 ਅਕਤੂਬਰ ਤੱਕ

**ਪਟਿਆਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਪੰਜਾਬ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ 4 ਤਹਿਤ ਪੋਲੋ ਗਰਾਊਂਡ ਪਟਿਆਲਾ ਵਿਖੇ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ 29 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਜ਼ਿਲ੍ਹਾ ਖੇਡ ਅਫ਼ਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬੇਸਬਾਲ, ਸਾਈਕਲਿੰਗ, ਕਰਾਟੇ, ਵੂਸ਼ੂ, ਰਗਬੀ, ਤਾਈਕਵਾਂਡੋ ਅਤੇ ਜਿਮਨਾਸਟਿਕ ਗੇਮ ਦੀ ਰਾਜ ਪੱਧਰੀ ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਅਤੇ ਖਿਡਾਰਨਾਂ ਦੀ ਚੋਣ ਟਰਾਇਲਾਂ ਦੇ ਅਧਾਰ ਉੱਤੇ ਕੀਤੀ ਜਾਵੇਗੀ। ਇਹਨਾਂ ਗੇਮਾਂ ਦੇ ਟਰਾਇਲ ਕਰਵਾਉਣ ਬਾਰੇ ਦੱਸਦਿਆਂ ਨਵਜੋਤ ਸਿੰਘ ਧਾਲੀਵਾਲ ਨੇ ਕਿਹਾ ਕਿ ਜਿਮਨਾਸਟਿਕ ਦੇ ਟਰਾਇਲ 4 ਤੇ 9 ਅਕਤੂਬਰ ਨੂੰ ਪੋਲੋ ਗਰਾਊਂਡ, ਵਿਖੇ ਬਲਜੀਤ ਸਿੰਘ, ਜਿਮਨਾਸਟਿਕ ਕੋਚ ਦੀ ਅਗਵਾਈ ਹੇਠ, ਬੇਸਬਾਲ ਦੇ ਪੋਲੋ ਗਰਾਊਂਡ, ਵਿਖੇ 05 ਤੋਂ 06 ਅਕਤੂਬਰ ਨੂੰ ਗੌਰਵ ਵਿਰਦੀ, ਡੀ.ਪੀ.ਈ. ਦੀ ਦੇਖਰੇਖ ਹੇਠ ਅਤੇ ਇਸੇ ਦਿਨਾਂ ਦੌਰਾਨ ਸਾਈਕਲਿੰਗ ਦੇ ਪੰਜਾਬੀ ਯੂਨੀਵਰਸਿਟੀ ਵਿਖੇ ਸਤਵਿੰਦਰ ਸਿੰਘ, ਸਾਈਕਲਿੰਗ ਕੋਚ ਦੀ ਦੇਖ ਰੇਖ ਹੇਠ ਹੋਣਗੇ। ਇਸੇ ਤਰ੍ਹਾਂ ਕਰਾਟੇ ਦੇ ਟਰਾਇਲ ਰਿੰਕ ਹਾਲ 'ਚ ਰਾਜੇਸ਼ ਕੁਮਾਰ, ਡੀ.ਪੀ.ਈ ਇੰਚਾਰਜ ਦੀ ਨਿਗਰਾਨੀ ਹੇਠ 9 ਅਕਤੂਬਰ ਨੂੰ ਹੋਣਗੇ। ਵੂਸ਼ੂ ਦੇ ਟਰਾਇਲ 6 ਨੂੰ ਜੂਡੋ ਹਾਲ, ਪੋਲੋ ਗਰਾਊਂਡ 'ਚ ਵਿਸ਼ਾਲ ਕੁਮਾਰ, ਡੀ.ਪੀ.ਈ ਵੱਲੋਂ, ਰਗਬੀ ਦੇ 5 ਤੋਂ 6 ਅਕਤੂਬਰ ਨੂੰ ਹਾਕੀ ਗਰਾਊਂਡ, ਪੋਲੋ ਗਰਾਊਂਡ ਵਿਖੇ ਪਰਮਿੰਦਰ ਸਿੰਘ, ਵਾਲੀਬਾਲ ਕੋਚ ਦੀ ਨਿਗਰਾਨੀ ਹੇਠ ਅਤੇ ਇਸੇ ਤਰ੍ਹਾਂ ਹੀ ਤਾਈਕਵਾਂਡੋ ਖੇਡ ਦੇ ਟਰਾਇਲ 10 ਅਕਤੂਬਰ ਨੂੰ ਮੋਹਿਤ ਕੁਮਾਰ ਡੀ.ਪੀ.ਈ. ਦੀ ਨਿਗਰਾਨੀ ਹੇਠ ਰਿੰਕ ਹਾਲ ਵਿਖੇ ਕਰਵਾਏ ਜਾਣਗੇ।

ਜ਼ਿਲ੍ਹਾ ਖੇਡ ਅਫ਼ਸਰ ਨੇ ਹੋਰ ਦੱਸਿਆ ਕਿ ਇਸ ਤੋਂ ਇਲਾਵਾ ਕੈਯਾਕਿੰਗ ਐਂਡ ਕਨੋਇੰਗ, ਘੋੜਸਵਾਰੀ ਅਤੇ ਰੋਇੰਗ ਗੇਮ ਦੀ ਸਿੱਧੀ ਐਂਟਰੀ ਮਿਤੀ 6 ਅਕਤੂਬਰ ਨੂੰ ਰਿੰਕ ਹਾਲ, ਦਫ਼ਤਰ ਜ਼ਿਲ੍ਹਾ ਖੇਡ ਅਫ਼ਸਰ, ਪਟਿਆਲਾ ਵਿਖੇ ਲਈ ਜਾਵੇਗੀ। ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ/ਖਿਡਾਰਨਾਂ ਉਪਰ ਦੱਸੀਆਂ ਮਿਤੀਆਂ ਨੂੰ ਸਵੇਰੇ 8 ਵਜੇ ਨਿਸ਼ਚਿਤ ਸਥਾਨ ਉੱਤੇ ਰਿਪੋਰਟ ਕਰਨਗੇ ਅਤੇ ਆਪਣੇ ਨਾਲ ਖੇਡਾਂ ਦੇ ਅਸਲ ਦਸਤਾਵੇਜ਼ ਅਤੇ ਅਧਾਰ ਕਾਰਡ ਵਗੈਰਾ ਨਾਲ ਲੈ ਕੇ ਆਉਣਾ ਯਕੀਨੀ ਬਣਾਉਣਗੇ।

# ਵਾਰਡ ਨੰਬਰ 12 ਰਵਿਦਾਸ ਨਗਰ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੀਟਿੰਗ ਆਯੋਜਿਤ



**ਮਲੇਰਕੋਟਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਰਡ ਨੰਬਰ 12, ਰਵਿਦਾਸ ਨਗਰ, ਮਾਲੇਰਕੋਟਲਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਗੁਰਦੇਵ ਸਿੰਘ ਸੰਗਾਲਾ, ਆਰਗੇਨਾਈਜ਼ਿੰਗ ਸਕੱਤਰ ਜ਼ੋਨਲ-3, ਐਡਵੋਕੇਟ ਜ਼ੁਲਫਕਾਰ ਅਲੀ, ਐਡਵੋਕੇਟ ਗੁਰਮੁੱਖ ਸਿੰਘ ਟਿਵਾਣਾ ਅਤੇ ਹੋਰ ਬੁਲਾਰਿਆਂ ਵੱਲੋਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀਆਂ ਨੀਤੀਆਂ ਅਤੇ ਪਾਰਟੀ ਦੇ ਵਿਚਾਰਾਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ ਗਈ।

ਆਗੂਆਂ ਵੱਲੋਂ ਕਿਹਾ ਗਿਆ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਲੋਕਾਂ ਨਾਲ ਸੰਪਰਕ ਦਾ ਸਿਲਸਿਲਾ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਐਡਵੋਕੇਟ ਜ਼ੁਲਫਕਾਰ ਅਲੀ ਨੇ ਦਾਅਵਾ ਕਰਦਿਆਂ ਕਿਹਾ ਕਿ ਆਉਣ ਵਾਲੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੀ ਪਾਰਟੀ ਭਾਰੀ ਬਹੁਮਤ ਨਾਲ ਆਪਣੀ ਸਰਕਾਰ ਬਣਾਏਗੀ। ਉਹਨਾਂ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਤੋਂ ਅੱਕ ਚੁੱਕਿਆ ਹੈ। ਮੀਟਿੰਗ ਦੌਰਾਨ ਹਾਜ਼ਰੀਨ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਸਹਿਯੋਗ ਕਰਨ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਦੇਣ ਦਾ ਭਰੋਸਾ ਵੀ ਦਿਵਾਇਆ ਗਿਆ। ਇਸ ਮੌਕੇ ਰੂਹਾਨ ਅਲੀ ਖਾਨ ਯੂਥ ਪ੍ਰਧਾਨ ਬਲਾਕ ਮਾਲੇਰਕੋਟਲਾ, ਮਨੀ ਮੁਹੰਮਦਗੜ੍ਹ ਜ਼ਿਲ੍ਹਾ ਸੋਸ਼ਲ ਮੀਡੀਆ ਇੰਚਾਰਜ, ਪਰਸ਼ੋਤਮ ਲਾਲ, ਸੋਹਨ ਲਾਲ, ਡਾ. ਮਨਜੀਤ ਲਾਲ, ਸੁਰਿੰਦਰ ਕੁਮਾਰ, ਕੁਲਦੀਪ ਸਿੰਘ, ਲੱਖਾ ਸਿੰਘ ਅਤੇ ਅਸ਼ੋਕ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਰਥਕ ਅਤੇ ਸ਼ਹਿਰ ਨਿਵਾਸੀ ਹਾਜ਼ਰ ਸਨ। ਆਖਿਰ ਵਿੱਚ ਆਗੂਆਂ ਵੱਲੋਂ ਮੀਟਿੰਗ ਵਿੱਚ ਪਹੁੰਚੇ ਹਾਜ਼ਰੀਨ ਦਾ ਧੰਨਵਾਦ ਵੀ ਕੀਤਾ ਗਿਆ।

# ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਮਾਲੇਰਕੋਟਲਾ 'ਚ ਰਾਜ ਪੱਧਰੀ ਖੇਡ ਮੁਕਾਬਲੇ ਅੱਜ ਤੋਂ

**ਮਲੇਰਕੋਟਲਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਮਾਲੇਰਕੋਟਲਾ ਜ਼ਿਲ੍ਹੇ ਨਾਲ ਸਬੰਧਤ ਖਿਡਾਰੀਆਂ ਲਈ ਰਾਜ ਪੱਧਰੀ ਖੇਡ ਮੁਕਾਬਲੇ 10 ਅਕਤੂਬਰ ਤੋਂ 23 ਨਵੰਬਰ 2026 ਤੱਕ ਕਰਵਾਏ ਜਾਣਗੇ। ਇਹ ਮੁਕਾਬਲੇ ਵੱਖ-ਵੱਖ ਉਮਰ ਵਰਗਾਂ ਅਤੇ ਖੇਡ ਕੈਟਾਗਰੀਆਂ ਵਿੱਚ ਕਰਵਾਏ ਜਾਣਗੇ।

ਜ਼ਿਲ੍ਹਾ ਖੇਡ ਅਫ਼ਸਰ ਮਾਲੇਰਕੋਟਲਾ ਕੁਲਦੀਪ ਸਿੰਘ ਚੁਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਪੱਧਰੀ ਖੇਡਾਂ ਵਿੱਚ ਕੁੱਲ 29 ਖੇਡਾਂ ਦੇ ਮੁਕਾਬਲੇ ਹੋਣਗੇ। ਜਿਨ੍ਹਾਂ ਖੇਡਾਂ ਦੇ ਮੁਕਾਬਲੇ ਜ਼ਿਲ੍ਹਾ ਪੱਧਰ 'ਤੇ ਨਹੀਂ ਕਰਵਾਏ ਗਏ, ਉਨ੍ਹਾਂ ਖੇਡਾਂ ਲਈ ਜ਼ਿਲ੍ਹਾ ਟੀਮਾਂ ਦੀ ਚੋਣ ਵਾਸਤੇ 9 ਅਕਤੂਬਰ 2026 ਨੂੰ ਟਰਾਇਲ ਕਰਵਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਟਰਾਇਲਾਂ ਵਿੱਚ ਐਥਲੈਟਿਕਸ, ਬਾਸਕਟਬਾਲ, ਪਾਵਰਲਿਫਟਿੰਗ, ਬੈਡਮਿੰਟਨ ਸਮੇਤ ਹੋਰ ਖੇਡਾਂ ਦੇ ਖਿਡਾਰੀ ਭਾਗ ਲੈ ਸਕਣਗੇ। ਚੋਣ ਟਰਾਇਲਾਂ ਵਿੱਚ ਯੋਗ ਪਾਏ ਜਾਣ ਵਾਲੇ ਖਿਡਾਰੀ ਜ਼ਿਲ੍ਹਾ ਮਾਲੇਰਕੋਟਲਾ ਦੀ ਨੁਮਾਇੰਦਗੀ ਕਰਦਿਆਂ ਰਾਜ ਪੱਧਰੀ ਖੇਡਾਂ ਵਿੱਚ ਹਿੱਸਾ ਲੈਣਗੇ।

ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ 6 ਅਕਤੂਬਰ 2026 ਨੂੰ ਵੀ ਕੁਝ ਉਹਨਾਂ ਖੇਡਾਂ ਲਈ ਟਰਾਇਲ ਕਰਵਾਏ ਗਏ।, ਜਿਨ੍ਹਾਂ ਦੇ ਮੁਕਾਬਲੇ ਜ਼ਿਲ੍ਹਾ ਪੱਧਰ 'ਤੇ ਨਹੀਂ ਹੋ ਸਕੇ। ਇਨ੍ਹਾਂ ਵਿੱਚ ਬੇਸਬਾਲ, ਸਾਈਕਲਿੰਗ, ਰੋਇੰਗ, ਕੈਨੋਇੰਗ, ਘੋੜਸਵਾਰੀ, ਕਰਾਟੇ, ਰਗਬੀ, ਤਾਈਕਵਾਂਡੋ ਅਤੇ ਜਿਮਨਾਸਟਿਕਸ ਆਦਿ ਖੇਡਾਂ ਸ਼ਾਮਲ ਹਨ।

ਉਨ੍ਹਾਂ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਮਿਤੀ ਅਤੇ ਸਮੇਂ ਅਨੁਸਾਰ ਲੋੜੀਂਦੇ ਦਸਤਾਵੇਜ਼ਾਂ ਸਮੇਤ ਟਰਾਇਲ ਸਥਾਨ 'ਤੇ ਪਹੁੰਚਣ। ਵਧੇਰੇ ਜਾਣਕਾਰੀ ਲਈ ਮੁਹੰਮਦ ਹਬੀਬ, ਬਾਕਸਿੰਗ ਕੋਚ (ਮੋਬਾਇਲ: 97792-00152) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਕਣਕ ਦੇ ਭਾਅ 'ਚ 25 ਰੁਪਏ ਦਾ ਵਾਧਾ ਅਨੰਦਾਤੇ ਨਾਲ ਕੋਝਾ ਮਜਾਕ ਕਰਾਰ

**ਮਾਛੀਵਾੜਾ ਸਾਹਿਬ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕੇਂਦਰ ਸਰਕਾਰ ਨੇ ਕਣਕ ਦੇ ਭਾਅ ਵਿੱਚ 25 ਰੁਪਏ ਦਾ ਮਾਮੂਲੀ ਵਾਧਾ ਕਰਕੇ ਲੋਕਾਂ ਦਾ ਢਿੱਡ ਭਰਨ ਵਾਲੇ ਅੰਨਦਾਤੇ ਨਾਲ ਕੋਝਾ ਮਜ਼ਾਕ ਕੀਤਾ ਹੈ। ਇਹ ਗੱਲ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਨਿੱਕਾ ਸਿੰਘ ਖੇੜਾ , ਕਾਮਰੇਡ ਪ੍ਰਕਾਸ਼ ਸਿੰਘ ਉਧੋਵਾਲ ਅਤੇ ਹਰਦੇਵ ਸਿੰਘ ਬਾਗ ਨੇ ਕਹੀ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਦਾ ਕਿਸਾਨੀ ਪ੍ਰਤੀ ਰਵਈਆ ਦਰਸਾ ਰਿਹਾ ਹੈ ਕਿ ਜਿੱਥੇ ਕੇਂਦਰ ਸਰਕਾਰ ਦਿੱਲੀ ਅੰਦੋਲਨ ਵਿੱਚ ਹੋਈ ਆਪਣੀ ਹਾਰ ਦੀ ਨਮੋਸ਼ੀ ਵਿੱਚ ਹੈ, ਉੱਥੇ ਹੀ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਲਈ ਕਿਸਾਨ ਜਥੇਬੰਦੀਆਂ ਦਾ ਦਬਾਅ ਸਵੀਕਾਰ ਕਰ ਰਹੀ ਹੈ ਇਸ ਦੀ ਤਾਜ਼ਾ ਮਿਸਾਲ ਆਉਣ ਵਾਲੀ ਕਣਕ ਦੀ ਫਸਲ ਦੇ ਭਾਅ ਵਿੱਚ ਨਿਗੁਣਾ 25 ਰੁਪਏ ਦਾ ਵਾਧਾ ਕਰਕੇ ਆਪਣੀ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਹੈ। ਉਹਨਾਂ ਇਸ ਵਾਧੇ ਨੂੰ ਮੁੱਢੋਂ ਹੀ ਰੱਦ ਕਰਦਿਆਂ ਲਗਾਤਾਰ ਵੱਧ ਰਹੀ ਮਹਿੰਗਾਈ ਨੂੰ ਦੇਖਦਿਆਂ ਘੱਟੋ ਘੱਟ 1000 ਰੁਪਏ ਪ੍ਰਤੀ ਕੁਇੰਟਲ ਵਾਧਾ ਕਰਨ ਲਈ ਕੇਂਦਰ ਸਰਕਾਰ ਨੂੰ ਵੱਡਾ ਦਿਲ ਦਿਖਾਉਣ ਲਈ ਕਿਹਾ।

ਕਿਸਾਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਇੱਕ ਪਾਸੇ ਝੋਨੇ ਦੀ ਪਰਾਲੀ ਸਾੜਨ ਨੂੰ ਲੈ ਕੇ ਨਾਦਰਸ਼ਾਹੀ ਫਰਮਾਨ ਦੂਜੇ ਪਾਸੇ ਕਣਕ ਦੀ ਫਸਲ ਦਾ ਭਾਅ ਵਧਾਉਣ ਵਿੱਚ ਕਿਸਾਨ ਵਿਰੋਧੀ ਰਵਈਆ ਕਿਸਾਨਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾ ਰਿਹਾ ਹੈ।

ਖਾਦਾਂ ਦਵਾਈਆਂ ਤੇ ਸਪਰੇਅ, ਡੀਜ਼ਲ ਤੇ ਲੇਬਰ ਆਦਿ ਦੇ ਰੇਟ 'ਚ ਪਿਛਲੇ ਸਾਲ ਨਾਲੋਂ ਜੋ ਵਾਧਾ ਹੋਇਆ ਹੈ ,ਉਹ ਸਰਕਾਰ ਵੱਲੋਂ ਕਣਕ ਤੇ ਹੋਰ ਫਸਲਾਂ ਦੀ ਐਲਾਨੀ ਗਈ ਐਮਐਸਪੀ ਤੋਂ ਕਈ ਗੁਣਾ ਜਿਆਦਾ ਹੈ। ਇਸ ਲਈ ਪਿਛਲੇ ਸਾਲ ਨਾਲੋਂ ਇਸ ਸਾਲ ਕਿਸਾਨ ਦੀ ਜੋ ਕਣਕ ਨੂੰ ਪੈਦਾ ਕਰਨ ਉੱਪਰ ਲਾਗਤ ਆਉਣੀ ਹੈ ਉਸ ਹਿਸਾਬ ਨਾਲ ਕਿਸਾਨ ਨੂੰ ਕਈ ਹਜ਼ਾਰ ਰੁਪਏ ਪੱਲੇ ਤੋਂ ਖਰਚ ਕਰਕੇ ਕਣਕ ਨੂੰ ਪੈਦਾ ਕਰਨਾ ਪਵੇਗਾ। ਇਸ ਲਈ ਇਹ ਕਣਕ ਦੇ ਰੇਟ 'ਚ ਜੋ ਕੇਂਦਰ ਵੱਲੋਂ 25 ਰੁਪਏ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ ਇਹ ਦੇਸ਼ ਦੇ ਕਿਸਾਨਾਂ ਦੇ ਜਖਮਾਂ ਉੱਪਰ ਲੂਣ ਛਿੜਕਣ ਦੇ ਬਰਾਬਰ ਹੈ ਤੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਇਹ ਕੋਝਾ ਮਜ਼ਾਕ ਕੀਤਾ ਗਿਆ ਹੈ , ਕੁੱਲ ਹਿੰਦ ਕਿਸਾਨ ਸਭ੍ਹਾ ਕੇਂਦਰ ਸਰਕਾਰ ਵੱਲੋਂ ਐਲਾਣੀ ਗਈ ਇਸ ਐਮਐਸਪੀ ਨੂੰ ਮੁੱਢ ਤੋਂ ਹੀ ਰੱਦ ਕਰਦੀ ਹੈ ਅਤੇ ਅਸੀਂ ਮੰਗ ਕਰਦੇ ਹਾਂ ਕਿ ਕੇਂਦਰ ਸਰਕਾਰ ਡਾਕਟਰ ਸਵਾਮੀ ਨਾਥਨ ਕਮਿਸ਼ਨ ਦੇ ਅਨੁਸਾਰ ਸਾਰੀਆਂ ਫਸਲਾਂ ਦੀ ਐਮਐਸਪੀ ਦਾ ਐਲਾਨ ਕਰੇ । ਇਸ ਮੌਕੇ ਚਤਰ ਸਿੰਘ ਲੁਬਾਨਗੜ੍ਹ, ਬਾਬੂ ਸਿੰਘ ਝਰੌਂਦੀ, ਅਸ਼ੋਕ ਖੇੜਾ, ਬਲਜੀਤ ਸਿੰਘ ਜ਼ੁਲਫਗੜ੍ਹ, ਬਲਕਾਰ ਸਿੰਘ ਅਤੇ ਲਾਲੀ ਬੂਲੇਵਾਲ ਆਦਿ ਹਾਜ਼ਰ ਸਨ।

# ਮਹਾਤਮਾ ਗਾਂਧੀ ਦੇ ਜਨਮ ਦਿਵਸ ਮੌਕੇ ਕਾਂਗਰਸ ਵੱਲੋਂ ਸ਼ਰਧਾਂਜਲੀ; ਨਸ਼ਿਆਂ ਖ਼ਿਲਾਫ਼ ਲੋਕਾਂ ਨੂੰ ਇਕਜੁੱਟ ਹੋ ਕੇ ਅੰਦੋਲਨ ਦਾ ਹਿਸਾ ਬਣਨ ਦੀ ਲੋੜ : ਪਵਨ ਦੀਵਾਨ

**ਲੁਧਿਆਣਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਪਾਰਟੀ ਵੱਲੋਂ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦਾ 157ਵਾਂ ਜਨਮ ਦਿਵਸ ਸਰਾਭਾ ਨਗਰ, ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਪੰਜਾਬ ਕਾਂਗਰਸ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਮਹਾਤਮਾ ਗਾਂਧੀ ਜੀ ਦੀ ਤਸਵੀਰ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਪਵਨ ਦੀਵਾਨ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਦੇਸ਼ ਅਤੇ ਖਾਸ ਕਰਕੇ ਪੰਜਾਬ ਨੂੰ ਨਸ਼ਿਆਂ ਤੋਂ ਆਜ਼ਾਦੀ ਦੀ ਸਖ਼ਤ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਆਜ਼ਾਦੀ ਦੇ ਸੰਘਰਸ਼ ਦੌਰਾਨ ਅੰਗਰੇਜ਼ ਹਕੂਮਤ ਦੀਆਂ ਗੋਲੀਆਂ ਭਾਰਤ ਵਾਸੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਸਨ, ਉਸੇ ਤਰ੍ਹਾਂ ਅੱਜ ਨਸ਼ਿਆਂ ਦਾ ਜਾਲ ਅਤੇ ਨਸ਼ੀਲੀਆਂ ਗੋਲੀਆਂ ਸਾਡੇ ਬੇਕਸੂਰ ਨੌਜਵਾਨਾਂ ਦੀਆਂ ਜ਼ਿੰਦਗੀਆਂ ਨੂੰ ਬਰਬਾਦ ਕਰ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਜੀ ਨੇ ਸੱਚ, ਅਹਿੰਸਾ ਅਤੇ ਲੋਕਾਂ ਦੀ ਏਕਤਾ ਦੇ ਬਲ 'ਤੇ ਦੇਸ਼ ਨੂੰ ਆਜ਼ਾਦੀ ਦੀ ਲੜਾਈ ਵਿੱਚ ਅੱਗੇ ਵਧਾਇਆ। ਇਸੇ ਤਰ੍ਹਾਂ ਪੰਜਾਬ ਨੂੰ ਨਸ਼ਿਆਂ ਦੀ ਅਲਾਮਤ ਤੋਂ ਮੁਕਤ ਕਰਵਾਉਣ ਲਈ ਸਰਕਾਰ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਅਤੇ ਆਮ ਲੋਕਾਂ ਨੂੰ ਇਕਜੁੱਟ ਹੋ ਕੇ ਨਸ਼ਿਆਂ ਖ਼ਿਲਾਫ਼ ਮੁਹਿੰਮ ਦਾ ਹਿੱਸਾ ਬਣਨਾ ਪਵੇਗਾ।

ਦੀਵਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਮੂਹਿਕ ਯਤਨਾਂ ਵਿੱਚ ਯੋਗਦਾਨ ਪਾਉਣ। ਇਸ ਮੌਕੇ ਪਾਰਟੀ ਵਰਕਰਾਂ ਵੱਲੋਂ ਪਵਨ ਦੀਵਾਨ ਨੂੰ ਚਰਖਾ ਭੇਟ ਕੀਤਾ ਗਿਆ ਅਤੇ ਮਹਾਤਮਾ ਗਾਂਧੀ ਜੀ ਦੇ ਸਾਦਗੀ, ਸਵਦੇਸ਼ੀ ਅਤੇ ਆਤਮਨਿਰਭਰਤਾ ਦੇ ਸੰਦੇਸ਼ ਨੂੰ ਯਾਦ ਕੀਤਾ ਗਿਆ। ਇਸ ਮੌਕੇ ਰਵਿੰਦਰ ਸਾਹਨੀ, ਗੁਰਨਾਮ ਸਿੰਘ ਕਲੇਰ, ਦੀਪਕ ਹੰਸ, ਬਲਜੀਤ ਸਿੰਘ ਆਹੂਜਾ, ਰਾਕੇਸ਼ ਕੁਮਾਰ ਤਿਵਾੜੀ, ਕਿਰਪਾਲ ਸਿੰਘ ਸਾਹੜਾ, ਰਜੀਵ ਦੀਵਾਕਰ, ਕੇਵਲ ਪਾਹਵਾ, ਸੰਜੀਵ, ਸੰਜੇ ਕੁਮਾਰ, ਗੁਲਾਬ ਸਿੰਘ ਦੀਵਾਨ, ਵਿਕਰਮ ਚੌਹਾਨ, ਨਿਵੇਸ਼ ਵਾਸਨ, ਮਨੂ ਚੌਧਰੀ, ਸੰਦੀਪ ਅਰੋੜਾ, ਸੁਨੀਲ ਕੁਮਾਰ, ਹਰਭਗਤ ਗਰੇਵਾਲ ਅਤੇ ਰਾਜੀਵ ਕਪੂਰ ਸਮੇਤ ਹੋਰ ਪਾਰਟੀ ਵਰਕਰ ਹਾਜ਼ਰ ਸਨ।

# ਸਰਹੱਦੀ ਪੁੜਾਂ 'ਚ ਪਿਸਦੀ ਸ਼ਰਧਾ

ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪੂਰੀ ਜ਼ਿੰਦਗੀ ਮਨੁੱਖਤਾ ਦੇ ਲੇਖੇ ਲਾ ਦਿੱਤੀ। 'ਸੱਚਾ ਸੌਦਾ ਕਰਨ ਵਾਲੇ' ਅਤੇ ਸਾਂਝੀਵਾਲਤਾ ਦਾ ਸੁਨੇਹਾ ਲੈ ਕੇ ਕਈ ਉਦਾਸੀਆਂ ਕਰਨ ਵਾਲੇ ਇਸ ਫਕੀਰ ਦੀ ਯਾਦ 'ਚ ਕਈ ਥਾਵਾਂ 'ਤੇ ਗੁਰਦੁਆਰਿਆਂ ਦੀ ਉਸਾਰੀ ਹੋਈ। 1947 ਦੀ ਭਾਰਤ-ਪਾਕਿ ਵੰਡ ਹੋਈ ਤਾਂ ਦੇਸ਼ ਦੋ ਹਿੱਸਿਆਂ 'ਚ ਵੰਡਿਆ ਗਿਆ ਅਤੇ ਇਸ ਦੇ ਨਾਲ ਹੀ ਬਾਬਾ ਨਾਨਕ ਦੀ ਯਾਦ 'ਚ ਉਸਾਰੇ ਦੋ ਇਤਿਹਾਸਕ ਗੁਰਦੁਆਰਾ ਸਾਹਿਬ 'ਚ ਸਰਹੱਦਨੁਮਾ ਲਕੀਰ ਖਿੱਚ ਦਿੱਤੀ ਗਈ। ਸ੍ਰੀ ਕਰਤਾਰਪੁਰ ਸਾਹਿਬ ਗੁਰਦੁਆਰਾ ਪਾਕਿਸਤਾਨ ਦੇ ਹਿੱਸੇ ਆਇਆ ਅਤੇ ਡੇਰਾ ਬਾਬਾ ਨਾਨਕ ਸਥਿਤ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਭਾਰਤ ਦੇ ਹਿੱਸੇ। ਪੰਜਾਬ ਦੇ ਕੈਬਨਿਟ ਮੰਤਰੀ ਨਵਜੋਤ ਸਿੰਘ ਸਿੱਧੂ ਵੱਲੋਂ ਪਾਕਿਸਤਾਨੀ ਫੌਜ ਦੇ ਮੁਖੀ ਕਮਰ ਜਾਵੇਦ ਬਾਜਵਾ ਨਾਲ ਗਲਵਕੜੀ ਪਾਏ ਜਾਣ ਤੋਂ ਬਾਅਦ ਦੇਸ਼ ਵਿਚਾਲੇ ਉੱਠੇ ਸਿਆਸੀ ਤੂਫਾਨ ਕਾਰਨ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਦਾ ਸਵਾਲ ਇਕ ਵਾਰ ਮੁੜ ਤੋਂ ਸੁਰਖੀਆਂ 'ਚ ਆ ਗਿਆ। ਕਰਤਾਰਪੁਰ ਸਾਹਿਬ ਦੇ ਲਾਂਘੇ ਸਬੰਧੀ ਵੱਖ-ਵੱਖ ਪਹਿਲੂਆਂ 'ਤੇ ਪੇਸ਼ ਹੈ 'ਪੰਜਾਬੀ ਜਾਗਰਣ' ਵੱਲੋਂ ਅਕਾਸ਼ ਤੇ ਮਹਿੰਦਰ ਸਿੰਘ ਅਰਲੀਭੰਨ ਦੀ ਖਾਸ ਰਿਪੋਰਟ :



## ਭਾਰਤ-ਪਾਕਿ ਵੰਡ ਨੇ ਵੰਡੇ ਬਾਬੇ ਨਾਨਕ ਦੇ ਗੁਰਦੁਆਰੇ

ਭਾਰਤ-ਪਾਕਿਸਤਾਨ ਦੀ ਵੰਡ ਪਿੱਛੋਂ ਬਾਬਾ ਨਾਨਕ ਦੀ ਯਾਦ 'ਚ ਉਸਾਰੇ ਗਏ ਦੋ ਗੁਰਦੁਆਰੇ ਵੀ ਵੰਡ ਦਿੱਤੇ ਗਏ। ਇਤਿਹਾਸਕ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਡੇਰਾ ਭਾਰਤ ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਹਿੱਸੇ ਆਇਆ। ਸ੍ਰੀ ਕਰਤਾਰਪੁਰ ਸਾਹਿਬ ਗੁਰਦੁਆਰਾ ਦੇ ਖੁੱਲ੍ਹੇ ਦਰਸ਼ਨ ਲਈ ਨਾਨਕ ਨਾਮ ਲੇਵਾ ਸੰਗਤ ਪਿਛਲੇ ਕਰੀਬ 71 ਸਾਲ ਤੋਂ ਤਰਸ ਰਹੀ ਹੈ।

17 ਅਗਸਤ ਨੂੰ ਪਾਕਿਸਤਾਨ ਦੇ ਨਵੇਂ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਸਹੁੰ ਚੁੱਕ ਸਮਾਗਮ ਦੌਰਾਨ ਭਾਰਤੀ ਪੰਜਾਬ ਦੇ ਕੈਬਨਿਟ ਮੰਤਰੀ ਨਵਜੋਤ ਸਿੱਧੂ ਵੱਲੋਂ ਪਾਕਿਸਤਾਨੀ ਫੌਜ ਦੇ ਮੁਖੀ ਕਮਰ ਜਾਵੇਦ ਬਾਜਵਾ ਨਾਲ ਗਲਵਕੜੀ ਪਾਉਣ ਦਾ ਮਾਮਲਾ ਰਾਤੋ-ਰਾਤ ਦੇਸ਼ ਭਰ 'ਚ ਸੁਰਖੀਆਂ 'ਚ ਛਾ ਗਿਆ। ਇਸ ਮੁੱਦੇ 'ਤੇ ਕਈ ਲੋਕਾਂ ਵੱਲੋਂ ਨਵਜੋਤ ਸਿੱਧੂ ਨੂੰ ਦੇਸ਼ ਵਿਰੋਧੀ ਕਰਾਰ ਦਿੱਤਾ ਗਿਆ। ਜਿਥੇ ਭਾਜਪਾ ਵੱਲੋਂ ਸਿੱਧੂ 'ਤੇ ਚਹੁੰ ਤਰਫ਼ੋਂ ਹਮਲੇ ਕੀਤੇ ਗਏ, ਉਥੇ ਹੀ ਆਪਣੀ ਹੀ ਸਰਕਾਰ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਬਾਜਵਾ ਨੂੰ ਸਿੱਧੂ ਵੱਲੋਂ ਗਲਵਕੜੀ ਪਾਉਣਾ ਗਲਤ ਦੱਸਿਆ। ਅਕਾਲੀ ਦਲ ਵੱਲੋਂ ਖਾਸ ਕਰ ਹਰਸਿਮਰਤ ਕੌਰ ਬਾਦਲ ਵੱਲੋਂ ਸਿੱਧੂ 'ਤੇ ਤਿੱਖੇ ਹਮਲੇ ਕੀਤੇ ਗਏ। ਜੱਫੀ ਪਾ ਕੇ ਬੁਰੀ ਤਰ੍ਹਾਂ ਕੁੜਿੱਕੀ 'ਚ ਫਸੇ ਸਿੱਧੂ ਨੇ ਇਹ ਕਹਿ ਕੇ ਸਿੱਖ ਵਰਗ ਦੀਆਂ ਭਾਵਨਾਵਾਂ ਨੂੰ ਕੈਸ਼ ਕਰਨ ਦੀ ਕੋਸ਼ਿਸ਼ ਕੀਤੀ ਕਿ ਬਾਜਵਾ ਨੇ ਉਸ ਨੂੰ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦਾ ਭਰੋਸਾ ਦਿੱਤਾ, ਜਿਸ ਕਾਰਨ ਉਹ ਸ਼ੁਕਰਾਨੇ ਵਜੋਂ ਖੁਦ ਨੂੰ ਬਾਜਵਾ ਨੂੰ ਗਲਵਕੜੀ ਪਾਉਣ ਤੋਂ ਨਹੀਂ ਰੋਕ ਸਕੇ। ਕੁਝ ਹੱਦ ਤਕ ਸਿੱਖ ਸੰਗਤ ਦਾ ਗੁੱਸਾ ਸ਼ਾਂਤ ਹੋਇਆ ਪਰ ਸਿੱਧੂ ਦੇ ਬਿਆਨ ਤੋਂ ਬਾਅਦ ਪਾਕਿਸਤਾਨ ਦੀ ਤਰਫੋਂ ਜਿਸ ਤਰ੍ਹਾਂ ਬਦਲਵੇਂ ਬਿਆਨ ਆਏ ਉਸ ਨਾਲ ਸਿੱਧੂ ਦੀਆਂ ਮੁਸ਼ਕਿਲਾਂ ਘੱਟ ਨਹੀਂ ਹੋਈਆਂ। ਸਿੱਧੂ ਵੱਲੋਂ ਵਿਦੇਸ਼ ਮਤਰੀ ਸੁਸ਼ਮਾ ਸਵਰਾਜ ਨਾਲ ਮੁਲਾਕਾਤ ਕਰ ਕੇ ਭਾਰਤ ਸਰਕਾਰ ਦੀ ਤਰਫੋਂ ਸਾਰਥਕ ਕਦਮ ਚੁੱਕਣ ਦੀ ਅਪੀਲ ਕੀਤੀ ਗਈ। ਭਾਰਤ ਸਰਕਾਰ ਦਾ ਰੁੱਖ ਕੀ ਹੁੰਦਾ ਹੈ ਇਹ ਅਜੇ ਪੂਰੀ ਤਰ੍ਹਾਂ ਸਾਫ਼ ਨਹੀਂ ਹੈ।

### ਸੁਰੱਖਿਆ ਕਾਰਨ ਵੀ ਲਾਂਘਾ ਖੋਲ੍ਹਣ 'ਚ ਅੜਿੱਕਾ

ਲਾਂਘਾ ਖੋਲ੍ਹਣ 'ਚ ਸੱਭ ਤੋਂ ਵੱਡਾ ਅੜਿੱਕਾ ਸੁਰੱਖਿਆ ਕਾਰਨਾਂ ਨੂੰ ਸਮਝਿਆ ਜਾ ਰਿਹਾ ਹੈ ਕਿਉਂਕਿ ਕੌਮਾਂਤਰੀ ਸਰਹੱਦ ਤੋਂ 40 ਕਿਲੋਮੀਟਰ ਦੂਰ ਤਿਬੜੀ ਛਾਉਣੀ ਸਥਿਤ ਹੈ। ਪਠਾਨਕੋਟ ਦਾ ਅਸਲਾ ਭੰਡਾਰ ਵੀ ਦੂਰ ਨਹੀਂ ਅਤੇ ਗੁਰਦਾਸਪੁਰ ਦੇ ਦੀਨਾਨਗਰ ਅਤੇ ਪਠਾਨਕੋਟ ਦੇ ਏਅਰ ਫੋਰਸ ਸਟੇਸ਼ਨ 'ਤੇ ਪਹਿਲਾਂ ਹੀ ਪਾਕਿਸਤਾਨੀ ਅੱਤਵਾਦੀਆਂ ਵੱਲੋਂ ਦੋ ਵੱਡੇ ਅੱਤਵਾਦੀ ਹਮਲੇ ਹੋ ਚੁੱਕੇ ਹਨ। ਇਸ ਦੇ ਬਾਵਜੂਦ ਭਾਰਤੀ ਫੌਜ ਦੇ ਬਹੁਤੇ ਅਧਿਕਾਰੀ ਸੁਰੱਖਿਆ ਨੂੰ ਕੋਈ ਕਾਰਨ ਨਹੀਂ ਮੰਨਦੇ ਕਿਉਂਕਿ ਉਨ੍ਹਾਂ ਅਨੁਸਾਰ ਭਾਰਤੀ ਫੌਜ ਅਤੇ ਬੀਐੱਸਐੱਫ ਪੂਰੀ ਤਰ੍ਹਾਂ ਮੁਸਤੈਦ ਅਤੇ ਸਮਰੱਥ ਹੈ। ਸਿੱਖ ਸੰਗਤ ਨੂੰ ਇਕ ਵਾਰ ਫਿਰ ਤੋਂ ਆਸ ਦੀ ਕਿਰਨ ਦਿਖਾਈ ਦੇ ਰਹੀ ਹੈ ਅਤੇ ਜੇਕਰ ਦੋਵੇਂ ਸਰਕਾਰਾਂ ਗੰਭੀਰਤਾ ਨਾਲ ਵਿਚਾਰ ਕਰਨ ਤਾਂ ਲਾਂਘਾ ਖੋਲ੍ਹ ਕੇ ਉਹ ਸਿੱਖ ਸੰਗਤ ਦੀ 7 ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰ ਸਕਦੀਆਂ ਹਨ।

### 1521 'ਚ ਰੱਖਿਆ ਸ੍ਰੀ ਗੁਰਦੁਆਰਾ ਕਰਤਾਰਪੁਰ ਸਾਹਿਬ ਦਾ ਨੀਂਹ ਪੱਥਰ

ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਨੀਂਹ ਪੱਥਰ ਸਾਲ 1521 ਨੂੰ ਰੱਖਿਆ ਗਿਆ ਸੀ। ਇਸ ਇਤਿਹਾਸਕ ਗੁਰੂਧਾਮ ਦੀਆਂ ਤਿੰਨ ਮੰਜ਼ਿਲਾਂ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਉਸਾਰੀ ਕਰਵਾਏ ਗਏ ਗੁਰਦੁਆਰਾ ਸਾਹਿਬ ਰਾਵੀ ਦਰਿਆ ਦੀ ਭੇਟ ਚੜ੍ਹਨ ਤੋਂ ਬਾਅਦ ਇਸ ਗੁਰਦੁਆਰਾ ਸਾਹਿਬ ਦੀ ਉਸਾਰੀ ਮਹਾਰਾਜਾ ਭੁਪਿੰਦਰ ਸਿੰਘ ਪਟਿਆਲਾ ਵੱਲੋਂ ਕਰਵਾ ਕੇ ਨਵੀਂ ਦਿੱਖ ਦਿੱਤੀ ਗਈ। ਗੁਰੂ ਨਾਨਕ ਸਾਹਿਬ ਨੇ ਆਪਣੀਆਂ ਚਾਰ ਉਦਾਸੀਆਂ ਤੋਂ ਬਾਅਦ 1952 ਈਸਵੀ ਵਿਚ ਸ੍ਰੀ ਕਰਤਾਰਪੁਰ ਸਾਹਿਬ ਆ ਕੇ ਆਪਣਾ ਪੱਕਾ ਵਾਸਾ ਕਰ ਲਿਆ ਅਤੇ ਇਥੇ ਰਹਿ ਕੇ ਖੇਤੀ ਕਰਨੀ ਸ਼ੁਰੂ ਕਰ ਦਿੱਤੀ ਅਤੇ ਕਰਤਾਰਪੁਰ ਸਾਹਿਬ ਸ਼ਹਿਰ ਵਸਾਇਆ। ਗੁਰੂ ਨਾਨਕ ਦੇਵ ਜੀ ਨੇ ਇਥੇ ਸਭ ਧਰਮਾਂ ਦੇ ਲੋਕਾਂ ਲਈ ਧਰਮਸ਼ਾਲਾ ਬਣਾਈ। ਗੁਰੂ ਸਾਹਿਬ ਵੱਲੋਂ ਇੱਥੇ ਜ਼ਿੰਦਗੀ ਦਾ ਕਾਫ਼ੀ ਸਮਾਂ ਬਿਤਾਉਣ ਕਾਰਨ ਇਹ ਅਸਥਾਨ ਸਿੱਖ ਧਰਮ ਦਾ ਪ੍ਰਚਾਰ ਕੇਂਦਰ ਬਣਿਆ।



ਸਰਹੱਦ 'ਤੇ ਲੱਗਾ ਕਰਤਾਰਪੁਰ ਸਾਹਿਬ ਨੂੰ ਜਾਣ ਵਾਲਾ ਬੋਰਡ।

### ਪਾਕਿਸਤਾਨ 'ਚ 4 ਦਿਹਾੜੇ ਮਨਾਉਣ ਜਾਂਦੇ ਨੇ ਸ਼ਰਧਾਲੂ

ਭਾਰਤ ਵਸਦੇ ਸ਼ਰਧਾਲੂ ਪਾਕਿਸਤਾਨ 'ਚ ਸਥਿਤ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਪਾਸਪੋਰਟ ਤੇ ਵੀਜ਼ਾ ਪ੍ਰਾਪਤ ਕਰ ਕੇ 4 ਵਾਰ ਵਿਸਾਖੀ, ਸ਼ਹੀਦੀ ਦਿਹਾੜਾ ਸ੍ਰੀ ਗੁਰੂ ਅਰਜਨ ਦੇਵ ਜੀ, ਬਰਸੀ ਮਹਾਰਾਜਾ ਰਣਜੀਤ ਸਿੰਘ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਉਣ ਲਈ ਜਾਂਦੇ ਹਨ। ਜਦਕਿ ਫਿਰ ਵੀ ਬਹੁ ਗਿਣਤੀ ਸੰਗਤਾਂ ਕਾਗਜ਼ੀ ਕਾਰਵਾਈ ਤੋਂ ਬਾਅਦ ਅਤੇ ਕਾਗਜ਼ੀ ਕਾਰਵਾਈ ਦੀ ਉਲਝਣ ਕਾਰਨ ਦਰਸ਼ਨ ਦੀਦਾਰ ਕਰਨ ਤੋਂ ਵਾਂਝੀਆਂ ਰਹਿ ਜਾਂਦੀਆਂ ਹਨ।


ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੀ ਤਸਵੀਰ।

### ਬਾਬਾ ਅਜਿੱਤੇ ਰੰਧਾਵਾ ਵੱਲੋਂ ਦਿੱਤੀ ਜ਼ਮੀਨ 'ਤੇ ਵਸਿਆ ਡੇਰਾ ਬਾਬਾ ਨਾਨਕ

ਸ੍ਰੀ ਗੁਰੂ ਨਾਨਕ ਦੇਵ ਜੀ ਦੀ 76ਵੀਂ ਪੀੜ੍ਹੀ ਦੇ ਬਾਬਾ ਸੁਖਦੀਪ ਸਿੰਘ ਨੇ ਦੱਸਿਆ ਕਿ ਡੇਰਾ ਬਾਬਾ ਨਾਨਕ ਸਥਿਤ ਬਾਬਾ ਅਜਿੱਤੇ ਰੰਧਾਵਾ ਦੇ ਖੂਹ 'ਤੇ ਸ੍ਰੀਗੁਰੂ ਨਾਨਕ ਦੇਵ ਜੀ ਕਰਤਾਰਪੁਰ ਸਾਹਿਬ ਤੋਂ ਮੱਝੀਆਂ ਚਾਰਨ ਲਈ ਆਉਂਦੇ ਸਨ। ਉਥੇ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਬਾਬਾ ਅਜਿੱਤੇ ਰੰਧਾਵਾ ਗੋਸ਼ਟੀ ਕਰਦੇ ਸਨ। ਬਾਬਾ ਅਜਿੱਤੇ ਰੰਧਾਵਾ ਜੋ ਪਿੰਡ ਪੱਖੋ ਕੇ ਰੰਧਾਵਾ ਦੇ ਵਾਸੀ ਸਨ, ਨੇ ਗੁਰੂ ਨਾਨਕ ਦੇਵ ਜੀ ਨੂੰ ਡੇਰਾ ਬਾਬਾ ਨਾਨਕ ਵਸਾਉਣ ਲਈ 526 ਕਨਾਲ ਜ਼ਮੀਨ ਦਿੱਤੀ ਸੀ, ਜਿਸ ਨੂੰ ਬਾਬੇ ਨਾਨਕ ਦੇ ਪੋਤਰੇ ਧਰਮ ਚੰਦ ਪੁੱਤਰ ਬਾਬਾ ਲਖਮੀ ਦਾਸ ਵੱਲੋਂ ਡੇਰਾ ਬਾਬਾ ਨਾਨਕ ਦੇ ਵਜੋਂ ਵਸਾਇਆ ਗਿਆ। ਇਸ ਤੋਂ ਇਲਾਵਾ ਡੇਰਾ ਬਾਬਾ ਨਾਨਕ ਵਿਖੇ ਬਾਬਾ ਅਜਿੱਤੇ ਰੰਧਾਵਾ ਦੇ ਪੁਰਾਤਨ ਖੂਹ 'ਤੇ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਬਸਤਰ ਚੋਲਾ ਸਾਹਿਬ, ਜੋ ਬੇਦੀ ਕਾਬਲੀ ਮੱਲ ਵੱਲੋਂ ਕਾਬਲ ਕੰਧਾਰ ਅਫਗਾਨਿਸਤਾਨ ਤੋਂ ਲਿਆਂਦਾ ਸੀ, ਇਸ ਸਮੇਂ ਵੀ ਗੁਰਦੁਆਰਾ ਚੋਲਾ ਸਾਹਿਬ ਵਿਖੇ ਬਿਰਾਜਮਾਨ ਹੈ। ਇਥੇ ਹਰ ਸਾਲ 4,5,6 ਮਾਰਚ ਨੂੰ ਜੋੜ ਮੇਲਾ ਲੱਗਦਾ ਹੈ।




### ਦਰਸ਼ਨ ਅਭਿਲਾਖੀ ਸੰਸਥਾ ਕਰਦੀ ਆ ਰਹੀ ਹੈ ਅਰਦਾਸ

ਇਸ ਲਾਂਘੇ ਨੂੰ ਖੋਲ੍ਹਣ ਲਈ ਕਰਤਾਰਪੁਰ ਦਰਸ਼ਨ ਅਭਿਲਾਖੀ ਸੰਸਥਾ 13 ਅਪ੍ਰੈਲ 2001 ਤੋਂ ਹੁਣ ਤਕ ਮੱਸਿਆ ਦੇ ਦਿਹਾੜੇ 'ਤੇ ਖੁੱਲ੍ਹੇ ਦਰਸ਼ਨ ਦੀਦਾਰੇ ਲਈ ਸੰਗਤ ਸਮੇਤ ਅਰਦਾਸ ਕਰਦੀ ਆ ਰਹੀ ਹੈ। ਭਾਵੇਂ ਇਸ ਕਾਰਜ ਦੀ ਸ਼ੁਰੂਆਤ ਮਰਹੂਮ ਕੁਲਦੀਪ ਸਿੰਘ ਵਡਾਲਾ ਅਤੇ ਸੰਸਥਾ ਦੇ ਜਰਨਲ ਸਕੱਤਰ ਗੁਰਿੰਦਰ ਸਿੰਘ ਬਾਜਵਾ ਵੱਲੋਂ ਕੀਤੀ ਗਈ ਪਰ ਅਰਦਾਸ ਬੇਨਤੀ ਦੇ ਮਹੀਨਾਵਾਰ ਇਸ ਕਾਰਜ ਨੂੰ ਹੋਰ ਸੰਗਤਾਂ ਹਰ ਮੱਸਿਆ 'ਤੇ ਨਿਰੰਤਰ ਕਰਦੀਆਂ ਆ ਰਹੀਆਂ ਹਨ। ਇਸ ਤੋਂ ਇਲਾਵਾ ਸੰਗਰਾਂਦ ਅਤੇ ਹੋਰਨਾਂ ਦਿਹਾੜਿਆਂ 'ਤੇ ਵੀ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਖੁੱਲ੍ਹੇ ਦਰਸ਼ਨ ਦੀਦਾਰਿਆਂ ਲਈ ਸਮੂਹਿਕ ਰੂਪ 'ਚ ਅਰਦਾਸ ਬੇਨਤੀ ਕਰਦੀਆਂ ਆ ਰਹੀਆਂ ਹਨ।

### ਦਰਸ਼ਨ ਕਰ ਕੇ ਭਾਵੁਕ ਹੋ ਜਾਂਦੀਆਂ ਨੇ ਸੰਗਤਾਂ

ਦਰਸ਼ਨ ਸਥੱਲ ਡੇਰਾ ਬਾਬਾ ਨਾਨਕ ਵਿਖੇ ਅਕਸਰ ਸੰਗਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਕੇ ਭਾਵੁਕ ਹੋ ਜਾਂਦੀਆਂ ਹਨ। ਸਿੱਖ ਸੰਗਤ ਲਈ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਸੰਭਵ ਨਾ ਹੋਣ ਕਰ ਕੇ ਸੰਗਤ ਇਸ ਸਥਾਨ 'ਤੇ ਬੈਠ ਕੇ ਜਾਪ ਕਰ ਕੇ ਗੁਰੂ ਘਰ ਦੀ ਖੁਸ਼ੀ ਪ੍ਰਾਪਤ ਕਰਦੀਆਂ ਹਨ। ਸੋਹਣ ਸਿੰਘ ਪਟਿਆਲਾ, ਤਲਵਿੰਦਰ ਸਿੰਘ ਬੁੱਟਰ, ਅਜੇਪਾਲ ਸਿੰਘ ਸੰਧੂ, ਭਾਈ ਬਲਦੇਵ ਸਿੰਘ ਸਾਹਪੁਰ, ਧਰਮਿੰਦਰਜੀਤ ਸਿੰਘ ਕੰਗ ਆਦਿ ਨੇ ਕਿਹਾ ਕਿ ਉਨ੍ਹਾਂ ਵੱਲੋਂ ਦੂਰਬੀਨ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰ ਕੇ ਆਪਣੇ ਮਨ 'ਚ ਗੁਰੂ ਪ੍ਰਤੀ ਪਿਆਰ ਦੀ ਭਾਵਨਾ ਨੂੰ ਪੂਰਾ ਕੀਤਾ ਜਾਂਦਾ ਹੈ।

### ਜ਼ਿੰਦਗੀ ਦੇ ਆਖ਼ਰੀ ਸਾਢੇ 17 ਸਾਲ ਕਰਤਾਰਪੁਰ ਬਿਤਾਏ

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਜਿਨ੍ਹਾਂ ਨੂੰ ਬਾਬਾ ਨਾਨਕ ਤੇ ਨਾਨਕਸ਼ਾਹ ਦੇ ਨਾਂ ਨਾਲ ਵੀ ਯਾਦ ਕੀਤਾ ਜਾਂਦਾ ਹੈ, ਦਾ ਜਨਮ ਕਤਕ ਦੀ ਪੂਰਨਮਾਸ਼ੀ 1469 ਨੂੰ ਨਨਕਾਣਾ ਸਾਹਿਬ ਪਾਕਿਸਤਾਨ 'ਚ ਰਾਏ ਭੋਇ ਦੀ ਤਲਵੰਡੀ ਪਿਤਾ ਕਲਿਆਣ ਦਾਸ (ਕਾਲੂ) ਮਹਿਤਾ ਜੋ ਪਟਵਾਰੀ ਸਨ ਅਤੇ ਮਾਂ ਤ੍ਰਿਪਤਾ ਦੀ ਕੁੱਖੋਂ ਹੋਇਆ ਸੀ। ਉਨ੍ਹਾਂ ਨੇ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਆਪਣੀ ਜ਼ਿੰਦਗੀ ਦੇ ਆਖਿਰੀ 17 ਸਾਲ 5 ਮਹੀਨੇ 9 ਦਿਨ ਬਿਤਾਏ। ਉਨ੍ਹਾਂ ਸ੍ਰੀ ਕਰਤਾਰਪੁਰ ਸਾਹਿਬ ਦੀ ਧਰਤੀ 'ਤੇ 22 ਸਤੰਬਰ 1539 ਨੂੰ ਜੋਤੀ ਜੋਤ ਸਮਾਉਣ ਤੋਂ ਪਹਿਲਾ ਭਾਈ ਲਹਿਣੇ ਨੂੰ ਸ੍ਰੀ ਗੁਰੂ ਅੰਗਦ ਦੇਵ ਜੀ ਬਣਾ ਕੇ ਸਿੱਖਾਂ ਦੇ ਦੂਜੇ ਗੁਰੂ ਵਜੋਂ ਗੁਰਗੱਦੀ ਸੌਂਪੀ। ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਲਾਹੌਰ ਦੇ ਸੇਠ ਕਰੋੜੀ ਮੱਲ ਦੇ ਪੁੱਤਰ ਦੂਨੀ ਚੰਦ ਨੇ ਜ਼ਮੀਨ ਅਤੇ ਖੂਹ ਭੇਟ ਕੀਤਾ ਸੀ।

### ਦੋ ਭਰਾਵਾਂ ਦਾ ਪਿਆਰ ਦੇਖ ਬਾਬੇ ਨਾਨਕ ਨੇ ਵਸਾਇਆ ਸੀ ਕਰਤਾਰਪੁਰ ਸਾਹਿਬ

ਰੂਹਾਨੀਅਤ ਦਾ ਪ੍ਰਚਾਰ ਕਰਦੇ ਹੋਏ ਲੰਮੀਆਂ ਉਦਾਸੀਆਂ ਤੋਂ ਬਾਅਦ ਸ੍ਰੀ ਗੁਰੂ ਨਾਨਕ ਦੇਵ ਜੀ ਜਦੋਂ ਰਾਵੀ ਨਦੀ ਕੰਢੇ ਵਸੇ ਪਿੰਡ ਦੋਦਾ ਦੀ ਧਰਤੀ 'ਤੇ ਆਏ ਤਾਂ ਦੋਦਾ ਪਿੰਡ ਦੇ ਬਾਹਰ ਦੋ ਭਰਾ ਆਪਣੇ ਖੇਤਾਂ ਵਿਚ ਦਾਣਿਆਂ ਦਾ ਬੋਹਲ ਇਕੱਠਾ ਕਰ ਰਹੇ ਸਨ। ਵੱਡਾ ਭਰਾ ਘਰ ਖਾਣਾ ਖਾਣ ਗਿਆ ਤਾਂ ਛੋਟੇ ਨੇ ਸੋਚਿਆ ਕਿ ਵੱਡੇ ਭਰਾ ਦਾ ਪਰਿਵਾਰ ਵੱਡਾ ਹੈ, ਉਹ ਕਿਸ ਤਰ੍ਹਾਂ ਗੁਜਾਰਾ ਕਰੇਗਾ? ਇਹ ਸੋਚ ਕੇ ਛੋਟੇ ਨੇ ਆਪਣੇ ਬੋਹਲ ਤੋਂ ਦਾਣੇ ਚੁੱਕ ਕੇ ਵੱਡੇ ਦੇ ਬੋਹਲ ਵਿਚ ਪਾ ਦਿੱਤੇ। ਇਸ ਤੋਂ ਬਾਅਦ ਜਦੋਂ ਵੱਡਾ ਭਰਾ ਖਾਣਾ ਖਾ ਕੇ ਆਇਆ ਤਾਂ ਛੋਟਾ ਭਰਾ ਘਰ ਰੋਟੀ ਖਾਣ ਚਲਾ ਗਿਆ। ਇਸ ਦੌਰਾਨ ਵੱਡੇ ਭਰਾ ਦੇ ਮਨ ਵਿਚ ਆਇਆ ਕਿ ਛੋਟੇ ਭਰਾ ਦੇ ਛੋਟੇ-ਛੋਟੇ ਬੱਚੇ ਹਨ। ਉਸ ਲਈ ਗੁਜ਼ਾਰਾ ਕਰਨਾ ਔਖਾ ਹੋਊ ਤਾਂ ਉਸ ਨੇ ਵੀ ਆਪਣੇ ਬੋਹਲ ਤੋਂ ਦਾਣੇ ਕੱਢ ਕੇ ਛੋਟੇ ਦੇ ਬੋਹਲ ਵਿਚ ਪਾ ਦਿੱਤੇ। ਇਸ ਘਟਨਾ ਨੂੰ ਬਾਬਾ ਨਾਨਕ ਦੇਖ ਰਹੇ ਸਨ, ਜਿਨ੍ਹਾਂ ਨੇ ਆਪਣੇ ਸਾਥੀ ਭਾਈ ਮਰਦਾਨਾ ਨੂੰ ਕਿਹਾ 'ਮਰਦਾਨਿਆ ਇਥੇ ਵੱਸਦਾ ਏ ਕਰਤਾਰ।' ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣਾ ਡੇਰਾ ਸ੍ਰੀ ਕਰਤਾਰਪੁਰ ਸਾਹਿਬ 'ਚ ਲਾ ਲਿਆ। ਪਿੰਡ ਦੋਦਾ ਕਰਤਾਰਪੁਰ ਨੇੜੇ ਸਥਿਤ ਹੈ। ਸ੍ਰੀ ਕਰਤਾਰਪੁਰ ਸਾਹਿਬ ਤਹਿਸੀਲ ਸ਼ਕਰਗੜ੍ਹ ਜ਼ਿਲ੍ਹਾ ਨਾਰੋਵਾਲ ਲਹਿੰਦੇ ਪੰਜਾਬ ਪਾਕਿਸਤਾਨ ਨੂੰ 'ਕਰਤਾਰਪੁਰ ਰਾਵੀ' ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ।

## ਮੁੱਦਾ ਕੀ ਸੀ ਤੇ ਕੀ ਬਣਾ ਕੇ ਰੱਖ ਦਿੱਤਾ


ਜਸਵਿੰਦਰ ਸਿੰਘ ਐਡਵੋਕੇਟ
ਮੋਬਾਈਲ : 98148-98802

ਕੀ ਮਾਮਲਾ ਕਰਤਾਰਪੁਰ ਲਾਂਘੇ ਦਾ ਹੈ ਜਾਂ ਮਾਮਲਾ ਨਵਜੋਤ ਸਿੰਘ ਵੱਲੋਂ ਕਰਤਾਰਪੁਰ ਲਾਂਘੇ ਦਾ ਸੁਨੇਹਾ ਲਿਆਉਣ ਦਾ ਹੈ? ਬੁਨਿਆਦੀ ਸਵਾਲ ਇਹ ਹੋਣਾ ਚਾਹੀਦਾ ਹੈ ਕਿ ਮਾਮਲਾ ਕਰਤਾਰਪੁਰ ਦਾ ਲਾਂਘਾ ਮਿਲੇ ਪਰ ਜਿਵੇਂ ਕਿਸੇ ਭੁੱਖੇ ਨੂੰ ਪੁੱਛੋ ਦੋ ਤੇ ਦੋ ਕਿੰਨੇ ਹਨ, ਉਹ ਕਹੇਗਾ ਚਾਰ ਰੋਟੀਆਂ ਕਿਉਂਕਿ ਉਹ ਭੁੱਖਾ ਹੈ ਇਹੀ ਹਾਲ ਸਾਡੇ ਸਿਆਸੀ ਲੀਡਰਾਂ ਦਾ ਹੋ ਗਿਆ ਹੈ।ਮਾਮਲਾ ਤਾਂ ਇਹ ਸੀ ਕਰਤਾਪੁਰ ਦਾ ਲਾਂਘਾ ਸਿੱਖਾਂ ਦੀ ਭਾਵਨਾ ਨਾਲ ਜੁੜਿਆ ਹੋਇਆ ਹੈ। 1947 ਤੋਂ ਬਾਅਦ ਹਰ ਸਿੱਖ ਜਦੋਂ ਅਰਦਾਸ ਕਰਦਾ ਹੈ ਉਹ ਆਪਣੇ ਗੁਰਦੁਆਰਾ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਦੀ ਗੱਲ ਕਰਦਾ ਹੈ। ਹਾਲਾਂਕਿ ਪਾਕਿਸਤਾਨ 'ਚ ਰਹਿ ਗਏ ਗੁਦੁਆਰਾ ਸਾਹਿਬਾਨ ਦਾ ਪ੍ਰਬੰਧ ਕਾਨੂੰਨ ਮੁਤਾਬਕ ਸਾਡੇ ਸਿੱਖ ਭਰਾ ਹੀ ਕਰ ਰਹੇ ਹਨ।

ਸਿੱਖਾਂ ਦੀਆਂ ਭਾਵਨਾਵਾਂ ਨੂੰ ਅਣਗੌਲਿਆਂ ਕਰਦਿਆਂ ਇਸ ਮਾਮਲੇ ਨੂੰ ਸਿਆਸੀ ਰੰਗਤ ਦਿੰਦਿਆਂ ਸਾਰਾ ਧਿਆਨ ਸਿੱਧੂ ਦੀ ਬਾਜਵੇ ਨਾਲ ਜੱਫੀ 'ਤੇ ਕੇਂਦਰਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵੈਸੇ ਤਾਂ ਪੰਜਾਬੀ ਭਾਵੇਂ ਚੜ੍ਹਦੇ ਪੰਜਾਬ ਦਾ ਹੋਵੇ ਜਾਂ ਲਹਿੰਦੇ ਪੰਜਾਬ ਦਾ ਜੱਫੀ ਪਾ ਕੇ ਮਿਲਣਾ ਸਾਡੇ ਸਭਿਆਚਾਰ ਦਾ ਹਿੱਸਾ ਹੈ। ਜਿਹੜਾ ਕਿ ਹੱਥ ਮਿਲਾ ਕੇ ਮਿਲਣ ਦੇ ਸਭਿਆਚਾਰ ਤੋਂ ਕਿਤੇ ਵੀ ਵੱਖਰਾ ਨਹੀਂ ਹੈ।

ਸਿੱਖ ਆਪਣੇ ਗੁਰੂ ਦੇ ਨਾਂ 'ਤੇ ਇੰਨਾ ਭਾਵੁਕ ਹੁੰਦਾ ਹੈ ਉਹ ਆਪਣਾ ਬੰਦ-ਬੰਦ ਕਟਾਉਣ, ਖੋਪਰ ਲੁਹਾਉਣ, ਚਰਖੜੀਆਂ 'ਤੇ ਚੜ੍ਹਨਾ ਸਹਿਜ ਨਾਲ ਹੀ ਕਰ ਵਿਚਰਦਾ ਹੈ।ਸੁਨੇਹਾ ਪੱਗ ਵਾਲਾ ਨਵਜੋਤ ਸਿੰਘ ਸਿੱਧੂ ਲੈ ਕੇ ਆਇਆ ਹੈ ਜਾਂ ਜਿਨ੍ਹਾਂ ਨੇ ਆਪਣੇ ਆਪ ਨੂੰ ਪੰਥ ਦਾ ਠੇਕੇਦਾਰ ਥਾਪ ਰੱਖਿਆ ਉਨ੍ਹਾਂ ਦੀ ਪਾਰਟੀ ਜਾਂ ਫਿਰ ਕੋਈ ਹੋਰ, ਤਕਲੀਫ ਕਿਸ ਗੱਲ ਦੀ ਹੈ?

ਸੁਨੇਹਾ ਕੌਣ ਲਿਆਇਆ, ਕਿੱਦਾਂ ਲਿਆਇਆ, ਕਿਸ ਦੇ ਕਹਿਣ 'ਤੇ ਲਿਆਇਆ, ਆਪਣੇ ਅਖਤਿਆਰ 'ਚ ਲਿਅਇਆ ਜਾਂ ਆਪਣੇ ਅਖਤਿਆਰ ਤੋਂ ਬਾਹਰ ਲਿਆਇਆ ਹੈ। ਇਹ ਸਭ ਕੁਝ ਛੱਡ ਦੇਈਏ।ਕਰਤਾਰਪੁਰ ਸਾਹਿਬ ਸਿੱਖਾਂ ਲਈ ਅਹਿਮ ਅਸਥਾਨ ਰੱਖਦਾ ਹੈ।

*"ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ॥"*

ਸਿੱਖ ਕੌਮ ਲਈ ਉਸ ਦਾ ਹਰੇਕ ਗੁਰਦੁਆਰਾ ਸਾਹਿਬ ਅਕਾਲੀ ਗਿਆਨ, ਵਿਚਾਰ ਧਾਰਾ ਤੇ ਸਿੱਖੀ ਸਿਧਾਂਤਾਂ ਨੂੰ ਲੈ ਕੇ ਆਪਣੇ ਜੀਵਨ ਨੂੰ ਰੁਸ਼ਨਾਉਣ ਲਈ ਸਦਾ ਹੀ ਤਤਪਰ ਰਿਹਾ ਹੈ। ਕਰਤਾਰਪੁਰ ਸਾਹਿਬ ਨੂੰ ਗੁਰੂ ਨਾਨਕ ਸਾਹਿਬ ਜੀ ਨੇ ਸੰਸਾਰ ਕਰਤੇ ਦੇ ਨਾਂ 'ਤੇ ਆਪ ਵਸਾਇਆ ਹੈ।ਸਿੱਖ ਲਈ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਗੁਰਦੁਆਰਾ ਸਾਹਿਬ ਬਹੁਤ ਮੱਹਤਤਾ ਰੱਖਦਾ ਹੈ।ਗੁਰੂ ਸਾਹਿਬ ਆਪਣੀ ਹਰ ਪ੍ਰਚਾਰ ਫੇਰੀ ਤੋਂ ਬਾਅਦ ਸ੍ਰੀ ਕਰਤਾਰਪੁਰ ਸਾਹਿਬ ਆ ਕੇ ਰਹਿੰਦੇ ਸਨ। ਗੁਰੂ ਸਾਹਿਬ ਜੀ ਨੇ ਹੱਥੀਂ ਕਿਰਤ ਸ਼ੁਰੂ ਤੋਂ ਹੀ ਕੀਤੀ ਪਰ ਆਪਣੇ ਜ਼ਿੰਦਗੀ ਦਾ ਬਹੁਤਾ ਸਮਾਂ ਇਥੇ ਹੀ ਗੁਜਾਰਿਆ। ਸ੍ਰੀ ਕਰਤਾਰਪੁਰ ਸਾਹਿਬ ਕਿਰਤੀ ਸਿੱਖ ਲਈ ਵੱਡੇ ਪ੍ਰੇਰਨਾ ਸਰੋਤ ਦੇ ਨਾਲ ਨਾਲ ਮਾਣ ਮਹਿਸੂਸ ਕਰਵਾਉਣ ਵਾਲਾ ਹੈ। ਕਿਰਤ ਤੋਂ ਭਗੌੜੇ ਹੋ ਚੁੱਕੇ ਵਿਹਲੜਾਂ ਨੂੰ ਮਿਹਨਤੀ ਬਣਨ ਲਈ ਮਾਰਗ ਦਰਸ਼ਨ ਵੀ ਕਰਦਾ ਹੈ।

ਮੇਰੀ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ, ਸੂਬਾ ਸਰਕਾਰਾਂ, ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਬੇਨਤੀ ਹੈ ਕਿ ਸਾਡੀ ਭਾਵਨਾ ਨਾਲ ਖਿਲਵਾੜ ਨਾ ਕਰੋ। ਰਸਤੇ ਦੀ ਮੰਗ ਨੂੰ ਸਾਰਥਕਤਾ ਦਾ ਜਾਮਾ ਪਹਿਨਾਓ ਤੇ ਆਸੀਸਾਂ ਦੇ ਪਾਤਰ ਬਣੋ।

## ਡੇਰਾ ਬਾਬਾ ਨਾਨਕ 'ਚ ਦਰਸ਼ਨ ਸਥਲ ਦੀ ਉਸਾਰੀ

ਦਰਸ਼ਨ ਸਥਲ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੀ ਉਸਾਰੀ ਬਾਬਾ ਗੁਰਚਰਨ ਸਿੰਘ ਬੇਦੀ, ਬਾਬਾ ਜਗਦੀਪ ਸਿੰਘ ਬੇਦੀ ਮੈਮੋਰੀਅਲ ਚੈਰੀਟੇਬਲ ਹਸਪਤਾਲ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 17ਵੇਂ ਅੰਸ਼ ਦੇ ਬਾਬਾ ਸੁਖਦੀਪ ਸਿੰਘ ਬੇਦੀ ਵੱਲੋਂ 6 ਮਈ 2008 ਨੂੰ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਕਰਵਾਈ ਗਈ। ਇਸ ਨੂੰ ਬੀਐੱਸਐੱਫ ਦੀ ਉਸ ਸਮੇਂ 153 ਬਟਾਲੀਅਨ ਦੇ ਸਪੁਰਦ ਕੀਤਾ ਗਿਆ ਸੀ। ਉਸ ਮੌਕੇ 'ਤੇ ਬੀਐੱਸਐੱਫ ਦੇ ਆਈਜੀ ਹਿੰਮਤ ਸਿੰਘ, ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਗ੍ਰੰਥੀ ਗੋਬਿੰਦ ਸਿੰਘ ਤੋਂ ਇਲਾਵਾ ਪਾਕਿਸਤਾਨ ਦੇ ਰੇਂਜਰ ਵੀ ਮੌਜੂਦ ਸਨ। ਬਾਬਾ ਸੁਖਦੀਪ ਸਿੰਘ ਬੇਦੀ ਨੇ ਦੱਸਿਆ ਕਿ ਦਰਸ਼ਨ ਸਥੱਲ ਵਿਖੇ ਰੋਜ਼ਾਨਾ ਨਾਨਕ ਨਾਮ ਲੇਵਾ ਸੰਗਤਾਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦੂਰਬੀਨ ਨਾਲ ਦਰਸ਼ਨ ਕਰਨ ਆਉਂਦੀਆਂ ਹਨ। ਇਸ ਸਥੱਲ 'ਤੇ ਪਿਛਲੇ ਸਮੇਂ ਤੋਂ 20 ਦੇ ਕਰੀਬ ਦੂਰਬੀਨਾਂ ਲਾਈਆਂ ਜਾ ਚੁੱਕੀਆਂ ਹਨ। ਇਸ ਦਰਸ਼ਨ ਸਥੱਲ 'ਤੇ ਵੀਆਈਪੀ ਰੂਮ, ਕੰਟੀਨ, ਵਿਸ਼ਰਾਮ ਘਰ, ਪਖਾਨੇ, ਬਾਥਰੂਮ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ। ਪਾਕਿ 'ਚ ਸਥਿਤ ਲਾਹੌਰ ਤੋਂ ਇਹ ਅਸਥਾਨ ਤਕਰੀਬਨ 120 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ ਅਤੇ ਵੀਜ਼ਾ ਪਾਸਪੋਰਟ ਨਾਲ ਪਹੁੰਚਣ ਲਈ ਕਰੀਬ 4 ਘੰਟੇ ਦਾ ਸਮਾਂ ਲੱਗਦਾ ਹੈ, ਜਦਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਭਾਰਤ-ਪਾਕਿਸਤਾਨ ਸਰਹੱਦ ਤੋਂ ਭਾਰਤ ਵਾਲੇ ਪਾਸਿਓਂ ਸਿਰਫ 4 ਕਿਲੋਮੀਟਰ ਦੀ ਦੂਰੀ' ਤੇ ਸਥਿਤ ਹੈ। ਜਦਕਿ ਇਸ ਲਾਂਘੇ ਤੋਂ ਸ੍ਰੀ ਕਰਤਾਰਪੁਰ ਸਾਹਿਬ ਪੈਦਲ ਜਾਣ ਲਈ ਰਾਵੀ ਦਰਿਆ ਅਤੇ ਵੇਈਂ ਨਦੀ ਪਾਰ ਕਰ ਕੇ ਜਾਣਾ ਪਵੇਗਾ।


ਬਾਬਾ ਸੁਖਦੀਪ ਸਿੰਘ ਬੇਦੀ।


ਦੂਰਬੀਨ ਨਾਲ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਦੀਆਂ ਹੋਈਆਂ ਸੰਗਤਾਂ।

### ਲਾਂਘਾ ਖੁੱਲ੍ਹਣ 'ਤੇ ਵਰਤੀ ਜਾਵੇਗੀ ਚੌਕਸੀ : ਡੀਆਈਜੀ



ਬੀਐੱਸਐੱਫ ਦੇ ਸੈਕਟਰ ਗੁਰਦਾਸਪੁਰ ਦੇ ਡੀਆਈਜੀ ਰਾਜੇਸ਼ ਸ਼ਰਮਾ ਨੇ ਕਿਹਾ ਕਿ ਜੇਕਰ ਭਾਰਤ ਪਾਕਿਸਤਾਨ ਦੋਵਾਂ ਦੇਸ਼ਾਂ ਵਿਚਾਲੇ ਲਾਂਘਾ ਖੋਲ੍ਹਣ ਲਈ ਕੋਈ ਸਹਿਮਤੀ ਬਣਦੀ ਹੈ ਤਾਂ ਬੀਐੱਸੈੱਫ ਦੇਸ਼ ਦੀ ਸੁਰੱਖਿਆ 'ਤੇ ਕੋਈ ਆਂਚ ਨਹੀਂ ਆਉਣ ਦੇਵੇਗੀ ਤੇ ਪੂਰੀ ਚੌਕਸੀ ਵਰਤ ਕੇ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਦਰਸ਼ਨ ਸਥੱਲ ਤੋਂ ਸੈਂਕੜੇ ਸੰਗਤਾਂ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਦੀਆਂ ਹਨ।

### ਡੇਰਾ ਬਾਬਾ ਨਾਨਕ ਨੂੰ ਦਿੱਤੀ ਜਾਵੇਗੀ ਨਵੀਂ ਦਿੱਖ



ਸਹਿਕਾਰਤਾ ਤੇ ਜੇਲ੍ਹ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਭਾਗਾਂ ਵਾਲੇ ਹਨ, ਜਿਨ੍ਹਾਂ ਦੀ ਨਗਰੀ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ 550ਵੇਂ ਪ੍ਰਕਾਸ਼ ਪੁਰਬ ਸਬੰਧੀ ਡੇਰਾ ਬਾਬਾ ਨਾਨਕ ਨੂੰ ਨਵੀਂ ਦਿੱਖ ਦੇਣ ਲਈ 159 ਕਰੋੜ ਰੁਪਏ ਦਾ ਅਨੁਮਾਨ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ 'ਚ ਭਾਈ ਬਾਲਾ ਤੇ ਭਾਈ ਮਰਦਾਨਾ ਦੀ ਯਾਦ 'ਚ ਗੇਟ ਤੇ ਬਾਬਾ ਬੁੱਢਾ ਸਾਹਿਬ ਯਾਦਗਰੀ ਮਾਰਗ ਦੀ ਉਸਾਰੀ ਕੀਤੀ ਜਾਵੇਗੀ।

### ਮੋਦੀ ਸਰਕਾਰ ਦੇ ਫ਼ੈਸਲੇ ਦੀ ਉਡੀਕ : ਬਾਜਵਾ



ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦੇ ਜਨਰਲ ਸਕੱਤਰ ਗੁਰਿੰਦਰ ਸਿੰਘ ਬਾਜਵਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਕਿਸਤਾਨ ਦੇ ਲਾਂਘਾ ਖੋਲ੍ਹਣ ਦੇ ਹਾਂ ਪੱਖੀ ਵਤੀਰੇ ਤੋਂ ਬਾਅਦ ਵੀ ਭਾਰਤ ਸਰਕਾਰ ਨੇ ਚੁੱਪੀ ਵੱਟੀ ਹੋਈ ਹੈ ਅਤੇ

### ਸ਼੍ਰੋਮਣੀ ਕਮੇਟੀ ਸਰਕਾਰਾਂ ਨਾਲ ਕਰੇਗੀ ਤਾਲਮੇਲ : ਲੌਂਗੋਵਾਲ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਡੇਰਾ ਬਾਬਾ ਨਾਨਕ ਸਥਿਤ ਕੌਮਾਂਤਰੀ ਸਰਹੱਦ 'ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਬਿਨਾਂ ਵੀਜ਼ਾ ਤੇ ਪਾਸਪੋਰਟ ਦੇ ਲਾਂਘਾ ਖੋਲ੍ਹਣ ਸਬੰਧੀ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿਖਤੀ ਤੌਰ 'ਤੇ ਜਾਣੂ ਕਰਵਾ ਚੁੱਕੀ ਹੈ ਅਤੇ ਲਾਂਘੇ ਨੂੰ ਖੋਲ੍ਹਣ ਲਈ ਕਿਹਾ ਹੈ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਸ਼੍ਰੋਮਣੀ

## ਸੰਗਤ ਦੇ ਹੁੰਗਾਰੇ ਨੇ ਛੇੜੀ ਲਾਂਘੇ ਦੀ ਲਹਿਰ


—ਬੀਐੱਸ ਗੁਰਾਇਆ

ਮੇਰਾ ਪਿੰਡ ਅਲਾਵਲਪੁਰ ਹੈ, ਜੋ ਕਿ ਸਰਹੱਦ 'ਤੇ ਸਥਿਤ ਹੈ। ਹਾਲਾਂਕਿ ਕਰਤਾਰਪੁਰ ਸਾਹਿਬ ਤੋਂ 9 ਕਿਲੋਮੀਟਰ ਹੱਟਵਾਂ ਹੈ ਪਰ 1971 ਦੀ ਜੰਗ ਤੋਂ ਪਹਿਲਾਂ ਮੇਰੇ ਪਿੰਡ ਤੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਪੰਜ ਮੰਜਲੀ ਗੁੰਬਦ ਨਜ਼ਰ ਆਉਂਦਾ ਹੁੰਦਾ ਸੀ। ਮੇਰੇ ਨਾਨਕੇ ਵੀ ਕਰਤਾਰਪੁਰ ਲਾਗੇ ਦੇ ਸਨ। ਮੇਰੀ ਮਾਂ ਬੜੇ ਮਾਣ ਨਾਲ ਕਿਹਾ ਕਰਦੀ ਸੀ ਕਿ ਉਨ੍ਹਾਂ ਮਹਾਰਾਜਾ ਪਟਿਆਲਾ ਦੀਆਂ ਰਾਣੀਆਂ (ਕੈਪਟਨ ਅਮਰਿੰਦਰ ਸਿੰਘ ਦੀਆਂ ਦਾਦੀਆਂ) ਨਾਲ 1928-30 ਵਿਚ ਕਰਤਾਰਪੁਰ ਦੀ ਹੋਈ ਕਾਰਸੇਵਾ ਵਿਚ ਹਿੱਸਾ ਲਿਆ ਸੀ। ਲਗਪਗ ਉਨ੍ਹਾਂ ਦਿਨਾਂ 'ਚ ਦਰਿਆ ਰਾਵੀ 'ਤੇ ਪੁਲ ਬਣਿਆ ਸੀ, ਜਿਸ ਬਾਬਤ ਇਲਾਕੇ ਵਿਚ ਕਈ ਦੰਦ ਕਥਾਵਾਂ ਮਸ਼ਹੂਰ ਸਨ।

1994 ਵਿਚ ਪਾਕਿਸਤਾਨ ਗੁਰਧਾਮਾਂ ਦੀ ਯਾਤਰਾ ਵਿਚ ਕਰੀਬ 3000 ਸ਼ਰਧਾਲੂ ਸ਼ਾਮਲ ਹੋਏ ਸਨ, ਜਥੇ ਦੀ ਅਗਵਾਈ ਮਨਜੀਤ ਸਿੰਘ ਕਲਕੱਤਾ ਸਕੱਤਰ ਸ਼੍ਰੋਮਣੀ ਕਮੇਟੀ ਨੇ ਕੀਤੀ ਸੀ। ਉਸ ਸਮੇਂ ਮੈਨੂੰ ਵੀ ਜਥੇ ਨਾਲ ਜਾਣ ਦਾ ਸੁਭਾਗ ਪ੍ਰਾਪਤ ਹੋਇਆ ਸੀ। ਉਸ ਵੇਲੇ ਮੈਂ ਈਐੱਸਆਈ ਵਿਚ ਬਤੌਰ ਮੈਨੇਜਰ ਬਟਾਲਾ ਵਿਖੇ ਡਿਊਟੀ ਨਿਭਾਅ ਰਿਹਾ ਸਾਂ।

ਅਟਾਰੀ ਤੋਂ ਦੁਪਿਹਰ ਦੀ ਚੱਲੀ ਰੇਲ ਅਗਲੀ ਸਵੇਰ 4 ਵਜੇ ਪੰਜਾ ਸਾਹਿਬ ਪਹੁੰਚੀ। ਵੈਸਾਖੀ (14 ਅਪ੍ਰੈਲ 1994) ਨੂੰ ਬੇਨਜ਼ੀਰ ਭੁੱਟੋ ਸਰਕਾਰ ਦੇ ਵਜ਼ੀਰ ਫਤਹਿ ਮੁਹੰਮਦ ਹਸਨੀ (ਬਲੋਚ) ਤੇ ਓਕਾਫ ਬੋਰਡ ਦੇ ਉਚ ਅਧਿਕਾਰੀ ਪੰਜਾ ਸਾਹਿਬ ਵਿਖੇ ਪਹੁੰਚੇ। ਹਸਨੀ ਜਦੋਂ ਸੰਗਤ ਨੂੰ ਸੰਬੋਧਨ ਕਰ ਰਿਹਾ ਸੀ ਤਾਂ ਉਸ ਨੂੰ ਕੋਈ ਵੀ ਸੁਣਨ ਨੂੰ ਤਿਆਰ ਨਹੀਂ ਸੀ। ਜ਼ਿਆਦਾਤਰ ਸੰਗਤ ਖੜ੍ਹੀ ਸੀ। ਮੈਂ ਕਲਕੱਤਾ ਸਾਬ ਨੂੰ ਸਚੇਤ ਦਿੱਤਾ ਕਿ ਤੂੰ ਬਿਠਾ ਕੇ ਵੇਖ ਲੈ ਜੇ ਕੋਈ ਬਹਿੰਦਾ ਹੈ ਤਾਂ। ਮੈਂ ਵਜ਼ੀਰ ਨੂੰ ਬੇਨਤੀ ਕਰ ਕੇ ਮਾਈਕ ਆਪਣੇ ਹੱਥ ਲਿਆ ਤੇ ਸੰਗਤ ਨੂੰ ਵਜ਼ੀਰ ਦੀ ਅਹਿਮੀਅਤ ਬਾਰੇ ਦੱਸਿਆ। ਸੰਗਤ ਬਹਿ ਗਈ ਤੇ ਬੜੇ ਪਿਆਰ ਸਤਿਕਾਰ ਨਾਲ ਪਾਕਿਸਤਾਨੀ ਵਜੀਰ ਦੀ ਗੱਲ ਸੁਣੀ।

ਇਸ ਦੀਵਾਨ ਤੋਂ ਬਾਅਦ ਗੁਰਦੁਆਰਾ ਸਾਹਿਬ ਵੱਲੋਂ ਪਾਕਿਸਤਾਨੀ ਅਧਿਕਾਰੀਆਂ ਅਤੇ ਜਥੇ ਦੇ ਮੁਖੀਆਂ ਲਈ ਚਾਹ ਪਾਣੀ ਦਾ ਇੰਤਜਾਮ ਕੀਤਾ ਹੋਇਆ ਸੀ। ਪਾਕਿਸਤਾਨੀ ਅਫਸਰਾਂ ਦੇ ਕਹਿਣ 'ਤੇ ਮੈਨੂੰ ਵੀ ਸ਼ਾਮਲ ਕਰ ਲਿਆ ਗਿਆ। ਮੈਂ ਉਸ ਅਫਸਰ ਦਾ ਨਾਂ ਭੁੱਲ ਚੁੱਕਾ ਹਾਂ ਜਿਸ ਨੇ ਸ੍ਰੀ ਕਰਤਾਰਪੁਰ ਬਾਰੇ ਬਹੁਤ ਦਿਲਚਸਪੀ ਦਿਖਾਈ। ਚਾਹ ਪਾਣੀ ਮੌਕੇ ਖੁੱਲ੍ਹੀਆਂ ਵਿਚਾਰਾਂ ਹੋ ਰਹੀਆਂ ਸਨ, ਕੀ ਸਿੱਖਾਂ ਦੇ ਪਾਕਿਸਤਾਨ ਨਾਲ ਸੰਬੰਧ ਕਿਵੇਂ ਬੇਹਤਰ ਹੋਣ। ਇਸ ਦੌਰਾਨ ਸਿੱਖ ਜਥੇ 'ਚੋਂ ਇਕ ਜਣੇ ਨੇ ਟਿੱਪਣੀ ਕਰਦਿਆਂ ਕਿਹਾ ਕਿ ਹੁਣ ਸਿੱਖਾਂ ਨੂੰ ਸਮਝ ਆ ਗਈ ਹੈ ਕਿ ਹਕੂਮਤ ਕੁਝ ਹੋਰ ਹੁੰਦੀ ਹੈ ਹੈ ਕਿ ਔਰੰਗਜੇਬ ਤੇ ਆਮ ਮੁਸਲਮਾਨ ਵਿਚ ਕੀ ਫਰਕ ਹੁੰਦਾ ਹੈ। ਉਥੇ ਵਿਚਾਰ ਪ੍ਰਗਟ ਕਰਦਿਆਂ ਮੈਂ ਦੱਸਿਆ ਕਿ ਸਮਾਜਿਕ ਪੱਧਰ 'ਤੇ ਸਿੱਖ ਹਿੰਦੂਆਂ ਦੇ ਬਹੁਤ ਨੇੜੇ ਹਨ। ਇਸ ਮੌਕੇ ਮੈਂ ਸੁਝਾਅ ਦਿੱਤਾ ਕਿ ਸ੍ਰੀ ਗੁਰੂ ਨਾਨਕ ਪਾਤਸ਼ਾਹ ਦੀ ਮੁਸਲਮਾਨਾ ਕਬਰ ਹੈ ਉਹ ਵੀ ਸਿੱਖਾਂ ਨੂੰ ਵਿਖਾਇਆ ਕਰੋ। ਜਿਵੇ ਹੀ ਅਸਾਂ ਇਹ ਸੁਝਾਅ ਦਿਤਾ ਤਾਂ ਪਾਕਿਸਤਾਨੀ ਟੀਮ ਸੁਣ ਕੇ ਅਚੰਭੇ ਵਿਚ ਪੈ ਗਈ ਕਿ ਬਾਬੇ ਦੀ ਕਬਰ ਵੀ ਹੈਗੀ ਆ ਅਤੇ ਉਹ ਵੀ ਪਾਕਿਸਤਾਨ ਵਿਚ, ਉਨ੍ਹਾਂ ਸਾਡੇ ਕੋਲੋਂ ਸਾਰੀ ਤਫਸੀਲ ਹਾਸਲ ਕੀਤੀ। ਪਾਕਿਸਤਾਨੀਆਂ ਦੇ ਤਾਂ ਇਕ ਤਰਾਂ ਨਾਲ ਕੰਨ ਖੜ੍ਹੇ ਹੋ ਗਏ।

ਪਾਕਿਸਤਾਨ ਨੇ 1995 ਤੇ 1997 ਵਿਚ ਸ੍ਰੀ ਕਰਤਾਰਪੁਰ ਸਾਹਿਬ ਦੀ ਕਾਰਸੇਵਾ ਕਰਵਾਈ ਪਰ ਪੰਜ ਮੰਜ਼ਿਲਾ ਗੁੰਬਦ ਨੂੰ ਤਿੰਨ ਮੰਜ਼ਿਲਾ ਕਰ ਦਿੱਤਾ ਗਿਆ। ਇਸ ਤੋਂ ਬਾਅਦ ਜਦੋਂ ਵੀ ਜਥਾ ਪਾਕਿਸਤਾਨ ਜਾਂਦਾ ਤਾਂ ਪਾਕਿ ਸਰਕਾਰ ਇਹੋ ਐਲਾਨ ਕਰਦੀ ਕਿ ਪਾਕਿ ਸਰਕਾਰ ਲਾਂਘਾ ਖੋਲ੍ਹਣ 'ਤੇ ਵਿਚਾਰ ਕਰ ਰਹੀ ਹੈ। ਅਜਿਹੀ ਇਕ ਖਬਰ 1999 ਵਿਚ ਡੇਰਾ ਬਾਬਾ ਨਾਨਕ ਦੇ ਸੋਹਣ ਸਿੰਘ ਖਾਸਾਂਵਾਲੀ ਨੇ ਲਾਈ ਪਰ ਕੋਈ ਵੀ ਸਿੱਖ ਲੀਡਰ ਇਸ ਪਾਸੇ ਧਿਆਨ ਨਹੀ ਸੀ ਦੇ ਰਿਹਾ।

ਫਿਰ 4 ਦਸੰਬਰ ਸੰਨ 2000 ਨੂੰ ਅਜੀਤ ਅਖਬਾਰ ਦੇ ਧਰਮ ਤੇ ਵਿਰਸਾ ਸਪਲੀਮੈਂਟ ਵਿਚ ਹਰਪਾਲ ਸਿੰਘ ਭੁੱਲਰ ਫਿਰੋਜ਼ਪੁਰ ਦਾ ਲੇਖ ਛੱਪਿਆ, ਜਿਸ ਨੇ ਸਾਫ ਇਸ਼ਾਰਾ ਦਿੱਤਾ ਕਿ ਪਾਕਿਸਤਾਨ ਕਰਤਾਰਪੁਰ ਸਾਹਿਬ ਨੂੰ ਨਿਰਾ ਖੋਲ ਹੀ ਨਹੀ ਰਿਹਾ, ਲਾਂਘਾ ਵੀ ਦੇ ਸਕਦਾ ਹੈ। ਕੋਈ ਵੀ ਇਸ ਅੰਦੋਲਨ ਵਿਚ ਪੈਰ ਪਾਉਣ ਨੂੰ ਤਿਆਰ ਨਹੀਂ ਸੀ। 'ਅਕਾਲ ਪੁਰਖ ਕੀ ਫੌਜ' ਅੰਮ੍ਰਿਤਸਰ ਜੱਥੇ ਨੇ ਪਹਿਲਾਂ ਤਾਂ ਹਾਮੀ ਭਰੀ ਪਰ ਬਾਅਦ ਵਿਚ ਕੰਮਾਂ ਤੋਂ ਡਰਦਾ ਹੈ, ਮੈਂ ਵੀ ਹੱਦ ਦਰਜੇ ਦਾ ਡਰਪੋਕ ਸੀ। ਫਰਵਰੀ 2001 ਵਿਚ ਅਕਾਲ ਤਖਤ ਸਾਹਿਬ ਤੇ ਕੋਈ ਬਾਦਲ ਵਿਰੋਧੀ ਇਕੱਠ ਹੋਇਆ ਸੀ। ਅਸੀਂ ਉਥੇ ਪੁੱਜ ਕੇ ਲੀਡਰਾਂ ਨਾਲ ਗੱਲ ਕਰਨੀ ਚਾਹੀ ਪਰ ਕਿਤੇ ਦਾਲ ਨਾ ਗਲੀ। ਜਦੋਂ ਅਸੀ ਜੋੜਾ ਘਰ ਪਹੁੰਚੇ ਤਾਂ ਜਥੇਦਾਰ ਕੁਲਦੀਪ ਸਿੰਘ ਵਡਾਲਾ ਨਾਲ ਮੇਲ ਹੋ ਗਿਆ। ਜਦ ਉਨ੍ਹਾਂ ਨੂੰ ਬੇਨਤੀ ਕੀਤੀ ਤਾਂ ਉਨ੍ਹਾਂ ਸਾਨੂੰ ਜਲੰਧਰ ਆ ਕੇ ਮਿਲਣ ਲਈ ਕਿਹਾ। ਜਲੰਧਰ ਮਿਲਣ ਉਪਰੰਤ ਉਨ੍ਹਾਂ ਕਿਹਾ ਕਿ ਇਹ ਫੈਸਲਾ ਲੈਣ ਲਈ ਜਥੇ ਦੇ ਬਾਕੀ ਮੈਂਬਰਾਂ ਨਾਲ ਵੀ ਸਲਾਹ ਕਰਨੀ ਹੋਵੇਗੀ। ਸਾਨੂੰ ਕਹਿਣ ਲੱਗੇ ਕਿ ਤੁਸੀ 28 ਫਰਵਰੀ ਨੂੰ ਬੁਰਜ ਸਾਹਿਬ ਧਾਰੀਵਾਲ ਪਹੁੰਚੋ। ਵਡਾਲਾ ਸਾਹਿਬ ਨੇ ਤਾਂ ਬੁਰਜ ਸਾਹਿਬ ਇਕ ਤਰ੍ਹਾਂ ਨਾਲ ਨਾਂਹ ਕਰ ਦਿੱਤੀ ਪਰ ਨਾਲ ਹੀ ਸਾਨੂੰ ਮੌਕਾ ਬਖਸ਼ ਦਿੱਤਾ ਕਿ ਸੰਗਤ ਨਾਲ ਵੀ ਗੱਲ ਕਰ ਲਓ। ਅਸੀ ਜਿਵੇਂ ਸੰਗਤ ਨੂੰ ਖਬਰ ਸੁਣਾਈ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੁੱਲ੍ਹਣ ਦੀ ਸੰਭਾਵਨਾ ਬਣੀ ਹੈ ਤਾਂ ਸੰਗਤ ਨੇ ਸਾਨੂੰ ਹੱਥਾਂ 'ਚ ਚੁੱਕ ਲਿਆ। ਸੰਗਤ ਦਾ ਅਜਿਹਾ ਜਵਾਬ ਵੇਖ ਵਡਾਲਾ ਸਾਹਿਬ ਬਾਗੋ ਬਾਗ ਹੋ ਗਏ ਤੇ ਸ੍ਰੀ ਕਰਤਾਰਪੁਰ ਲਈ ਅੰਦੋਲਨ ਵਾਸਤੇ ਤਿਆਰ ਹੋ ਗਏ।

30 ਮਾਰਚ 2001 ਨੂੰ ਫਿਰ ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦਾ ਗਠਨ ਕੀਤਾ ਤੇ 14 ਅਪ੍ਰੈਲ 2001 ਨੂੰ ਡੇਰਾ ਬਾਬਾ ਨਾਨਕ ਇਕੱਠ ਕਰ ਕੇ ਪਹਿਲੀ ਅਰਦਾਸ ਕੀਤੀ ਗਈ। ਉਸ ਦਿਨ ਅਕਾਲ ਪੁਰਖ ਕੀ ਫੌਜ ਜਥੇ ਨੇ ਵੀ ਅਰਦਾਸ ਕੀਤੀ। ਸੁੱਤੇ ਪਏ ਕਸਬੇ ਵਿਚ ਜੋਸ਼ ਠਾਠਾਂ ਮਾਰ ਰਿਹਾ ਸੀ। 'ਸੇਵਕ ਕਉ ਸੇਵਾ ਬਨਿ ਆਈ' ਦੇ ਮਹਾਵਾਕ ਅਨੁਸਾਰ ਉਸ ਤੋਂ ਬਾਅਦ ਅਰਦਾਸਾਂ ਦਾ ਸਿਲਸਿਲਾ ਵਡਾਲਾ ਸਾਹਿਬ ਨੇ ਆਖਰੀ

# ਗੁਰੂਗ੍ਰਾਮ ਵਿੱਚ 'ਜੀ.ਵੀ.ਪੀ. ਮੁਕਤ ਅਭਿਆਨ' ਦੀ ਸ਼ੁਰੂਆਤ, 10 ਦਿਨਾਂ ਵਿੱਚ 21 ਕਚਰਾ ਸੰਵੇਦਨਸ਼ੀਲ ਬਿੰਦੂਆਂ ਨੂੰ ਸਾਫ਼ ਕਰਨ ਦਾ ਟੀਚਾ

## ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ ਸਥਿਤ ਜੀ.ਵੀ.ਪੀ. ਮੁਕਤ ਸਥਲ ਦਾ ਕੀਤਾ ਨਿਰੀਖਣ, 11 ਅਕਤੂਬਰ ਤੱਕ ਚੱਲੇਗੀ ਵਿਸ਼ੇਸ਼ ਮੁਹਿੰਮ, ਨਾਗਰਿਕਾਂ ਨੂੰ ਸਰਗਰਮ ਭਾਗੀਦਾਰੀ ਦੀ ਅਪੀਲ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ 17 ਸਤੰਬਰ ਤੋਂ ਚੱਲ ਰਹੀ ਸੇਵਾ ਸੰਕਲਪ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ ਸਵੱਛਤਾ ਹੀ ਸੇਵਾ 2026 ਤਹਿਤ ਨਗਰ ਨਿਗਮ ਗੁਰੂਗ੍ਰਾਮ ਵੱਲੋਂ 'ਜੀ.ਵੀ.ਪੀ. ਮੁਕਤ ਮੁਹਿੰਮ' ਦੀ ਸ਼ੁਰੂਆਤ ਗੁਰੂਗ੍ਰਾਮ ਤੋਂ ਕੀਤੀ ਗਈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ 'ਤੇ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਨਗਰ ਨਿਗਮ ਗੁਰੂਗ੍ਰਾਮ ਵੱਲੋਂ ਵਿਕਸਿਤ ਕੀਤੇ ਗਏ ਜੀ.ਵੀ.ਪੀ. ਮੁਕਤ ਸਥਲ ਦਾ ਨਿਰੀਖਣ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ।

**ਮੁੱਖ ਮੰਤਰੀ ਨੇ ਦਿੱਤਾ ਸਵੱਛਤਾ ਵਿੱਚ ਜਨ ਭਾਗੀਦਾਰੀ ਦਾ ਸੰਦੇਸ਼**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਦੇਸ਼ ਵਿੱਚ ਸਵੱਛਤਾ ਨੂੰ ਸਿਰਫ਼ ਸਰਕਾਰੀ ਪ੍ਰਬੰਧ ਤੱਕ ਸੀਮਤ ਨਾ ਰੱਖਦਿਆਂ ਨਾਗਰਿਕਾਂ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਪ੍ਰਬੰਧ ਅਤੇ ਸਹੂਲਤਾਂ ਉਪਲਬਧ ਕਰਵਾ ਸਕਦੀ ਹੈ ਅਤੇ ਆਧੁਨਿਕ ਤਕਨੀਕ ਤੇ ਸਾਧਨਾਂ ਦੀ ਵਰਤੋਂ ਕਰ ਸਕਦੀ ਹੈ, ਪਰ ਘਰਾਂ ਅਤੇ ਸੰਸਥਾਵਾਂ ਤੋਂ ਨਿਕਲਣ ਵਾਲੇ ਕਚਰੇ ਨੂੰ ਵੱਖ-ਵੱਖ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਰਕਾਰੀ ਪ੍ਰਬੰਧ, ਆਧੁਨਿਕ ਤਕਨੀਕ ਅਤੇ ਜਨਤਾ ਦੀ ਭਾਗੀਦਾਰੀ ਨੂੰ ਸਵੱਛਤਾ ਮੁਹਿੰਮ ਦੇ ਤਿੰਨ ਅਹਿਮ ਪੱਖਾਂ ਵਜੋਂ ਦੱਸਿਆ ਅਤੇ ਕਿਹਾ ਕਿ ਇਸ ਦਾ ਉਦੇਸ਼ ਸਵੱਛਤਾ ਮੁਹਿੰਮ ਨੂੰ ਜਨ ਭਾਗੀਦਾਰੀ ਰਾਹੀਂ ਇੱਕ ਵਿਆਪਕ ਨਾਗਰਿਕ ਮੁਹਿੰਮ ਦਾ ਰੂਪ ਦੇਣਾ ਹੈ।

**ਕਚਰਾ ਵੱਖ-ਵੱਖ ਰੱਖੋ, ਖੁੱਲ੍ਹੇ ਵਿੱਚ ਨਾ ਸੁੱਟੋ**

ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਖੁੱਲ੍ਹੇ ਵਿੱਚ ਕਚਰਾ ਨਾ ਸੁੱਟੋ, ਘਰ ਵਿੱਚ ਕਚਰੇ ਨੂੰ ਅੱਡ-ਅੱਡ ਰੱਖੋ ਅਤੇ ਸਿਰਫ਼ ਅਧਿਕਾਰਤ ਕਚਰਾ-ਵਾਹਨ ਨੂੰ ਹੀ ਕਚਰਾ ਦਿਓ। ਜੀ.ਵੀ.ਪੀ. ਮੁਕਤ ਮੁਹਿੰਮ ਦਾ ਉਦੇਸ਼ ਸਿਰਫ਼ ਇੱਕ ਵਾਰ ਸਫ਼ਾਈ ਕਰਨਾ ਨਹੀਂ, ਸਗੋਂ ਚਿੰਨ੍ਹਿਤ ਥਾਵਾਂ 'ਤੇ ਦੁਬਾਰਾ ਕਚਰਾ ਜਮ੍ਹਾ ਨਾ ਹੋਵੇ, ਇਸ ਲਈ ਨਾਗਰਿਕਾਂ ਵਿੱਚ ਜ਼ਿੰਮੇਵਾਰ ਵਿਵਹਾਰ ਨੂੰ ਉਤਸ਼ਾਹਿਤ ਕਰਨਾ ਵੀ ਹੈ।

**10 ਦਿਨ, 21 ਕਚਰਾ ਸੰਵੇਦਨਸ਼ੀਲ ਬਿੰਦੂ ਅਤੇ ਇੱਕ ਸਾਫ਼-ਸੁਥਰਾ ਗੁਰੂਗ੍ਰਾਮ**

ਨਗਰ ਨਿਗਮ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਅਨੁਸਾਰ ਜੀ.ਵੀ.ਪੀ. ਮੁਕਤ ਮੁਹਿੰਮ 11 ਅਕਤੂਬਰ ਤੱਕ ਚੱਲੇਗੀ। ਮੁਹਿੰਮ ਤਹਿਤ ਸ਼ਹਿਰ ਦੇ ਚਿੰਨ੍ਹਿਤ 21 ਗਾਰਬੇਜ ਵਰਨੇਬਲ ਪੁਆਇੰਟਸ (ਜੀ.ਵੀ.ਪੀ.) 'ਤੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾ ਕੇ ਉਨ੍ਹਾਂ ਨੂੰ ਸਾਫ਼ ਅਤੇ ਬਿਹਤਰ ਜਨਤਕ ਸਥਲਾਂ ਵਿੱਚ ਬਦਲਣ ਦਾ ਕੰਮ ਕੀਤਾ ਜਾਵੇਗਾ। ਮੁਹਿੰਮ ਦਾ ਸੰਦੇਸ਼ 10 ਦਿਨ - 21 ਕਚਰਾ ਬਿੰਦੂ - ਇੱਕ ਗੁਰੂਗ੍ਰਾਮ ਹੈ। ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਵੀ ਮੁਹਿੰਮ ਨਾਲ ਜੁੜਨ ਅਤੇ ਆਪਣੇ ਖੇਤਰ ਦੇ ਜੀ.ਵੀ.ਪੀ. ਨੂੰ ਸਾਫ਼ ਰੱਖਣ ਵਿੱਚ ਸ਼੍ਰਮਦਾਨ ਅਤੇ ਸਹਿਯੋਗ ਕਰਨ ਲਈ ਸੱਦਾ ਦਿੱਤਾ।

**ਵੱਖ-ਵੱਖ ਖੇਤਰਾਂ ਵਿੱਚ ਚੱਲੇਗੀ ਵਿਸ਼ੇਸ਼ ਸਫ਼ਾਈ ਮੁਹਿੰਮ**

ਮੁਹਿੰਮ ਪ੍ਰੋਗਰਾਮ ਅਨੁਸਾਰ 9 ਅਕਤੂਬਰ ਨੂੰ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਅਤੇ ਸਰਹੋਲ ਵਿੱਚ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਤੋਂ ਬਾਅਦ ਟਿਕਰੀ ਅਤੇ ਸੈਕਟਰ 18, ਅਰਬਾਨਾ ਮਾਲ ਅਤੇ ਸੁਭਾਸ਼ ਚੌਕ, 9 ਅਕਤੂਬਰ ਨੂੰ ਪੇਸ ਸਿਟੀ-1 ਅਤੇ ਗਊਸ਼ਾਲਾ ਮੈਦਾਨ, ਜਦੋਂ ਕਿ ਪੇਸ ਸਿਟੀ ਅਤੇ ਸਿੰਘਾ ਚੌਕ ਵਿੱਚ ਵਿਸ਼ੇਸ਼ ਸਫ਼ਾਈ ਗਤੀਵਿਧੀਆਂ ਪ੍ਰਸਤਾਵਿਤ ਹਨ। ਇਸੇ ਤਰ੍ਹਾਂ 7 ਤੋਂ 11 ਅਕਤੂਬਰ ਤੱਕ ਕ੍ਰਿਸ਼ਨਾ ਕਲੋਨੀ, ਮੇਗਾਪੋਲਿਸ ਮਾਲ ਦੇ ਕੋਲ, ਇੰਡੀਅਨ ਗੈਸ ਦੇ ਕੋਲ, ਘਾਟਾ, ਬੰਜਾਰਾ ਮਾਰਕੀਟ, ਸੈਕਟਰ 37, ਮੁਹੰਮਦ ਹੇੜੀ ਰੋਡ, ਦੌਲਤਾਬਾਦ ਰੋਡ, ਸੈਕਟਰ 39 ਅਤੇ ਉੱਲਾਵਾਸ ਸਮੇਤ ਹੋਰ ਚਿੰਨ੍ਹਿਤ ਥਾਵਾਂ 'ਤੇ ਮੁਹਿੰਮ ਚਲਾਈ ਜਾਵੇਗੀ।

**ਕਚਰਾ ਬਿੰਦੂ ਨੂੰ ਸੋਹਣਾ ਬਿੰਦੂ ਬਣਾਉਣ ਵਿੱਚ ਸਾਥ ਦਿਓ**

ਨਗਰ ਨਿਗਮ ਗੁਰੂਗ੍ਰਾਮ ਵੱਲੋਂ ਆਰ.ਡਬਲਯੂ.ਏ., ਦੁਕਾਨਦਾਰਾਂ, ਸਕੂਲਾਂ, ਨੌਜਵਾਨਾਂ ਅਤੇ ਸਥਾਨਕ ਨਾਗਰਿਕਾਂ ਨੂੰ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ ਗਈ ਹੈ। ਨਾਗਰਿਕ ਆਪਣੇ ਖੇਤਰ ਦੀ ਮੁਹਿੰਮ ਵਿੱਚ ਪਹੁੰਚ ਕੇ ਸ਼੍ਰਮਦਾਨ ਕਰਨ ਅਤੇ ਸਵੱਛਤਾ ਦੇ ਸੰਦੇਸ਼ ਨੂੰ ਅੱਗੇ ਵਧਾਉਣ ਵਿੱਚ ਸਹਿਯੋਗ ਕਰਨ। ਮੁਹਿੰਮ ਦਾ ਮੂਲ ਸੰਦੇਸ਼ ਕਚਰਾ ਬਿੰਦੂ ਨੂੰ ਸੋਹਣਾ ਬਿੰਦੂ ਬਣਾਉਣਾ ਅਤੇ ਸਵੱਛਤਾ ਨੂੰ ਨਾਗਰਿਕ ਆਦਤ ਦਾ ਹਿੱਸਾ ਬਣਾਉਣਾ ਹੈ। ਪ੍ਰੋਗਰਾਮ ਵਿੱਚ ਨੁੱਕੜ ਨਾਟਕ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਰਾਹੀਂ ਸਵੱਛਤਾ ਬਣਾਈ ਰੱਖਣ ਅਤੇ ਕਚਰਾ ਅੱਡ-ਅੱਡ ਕਰਨ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਦੇ ਨਾਲ ਮੌਜੂਦ ਸਾਰੇ ਲੋਕਾਂ ਨੇ ਸਵੱਛਤਾ ਦੀ ਸਹੁੰ ਚੁੱਕੀ।

# ਹਰਿਆਣਾ ਦੀਆਂ ਸੜਕਾਂ ਨੂੰ ਹੋਰ ਬਿਹਤਰ, ਸੁਰੱਖਿਅਤ ਤੇ ਸੁਗਮ ਬਣਾਉਣ ਬਾਰੇ ਰਾਸ਼ਟਰੀ ਚਿੰਤਨ ਸ਼ਿਵਿਰ ਵਿੱਚ ਹੋਵੇਗਾ ਮੰਥਨ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਸੜਕਾਂ ਨੂੰ ਹੋਰ ਬਿਹਤਰ, ਸੁਰੱਖਿਅਤ ਅਤੇ ਸੁਗਮ ਬਣਾਉਣ ਅਤੇ ਸੜਕ ਨਿਰਮਾਣ ਵਿੱਚ ਆਧੁਨਿਕ ਤਕਨੀਕ ਦੀ ਪ੍ਰਭਾਵੀ ਵਰਤੋਂ ਨੂੰ ਲੈ ਕੇ ਰਾਸ਼ਟਰੀ ਪੱਧਰ 'ਤੇ ਮੰਥਨ ਹੋਵੇਗਾ। ਹਰਿਆਣਾ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਗੁਜਰਾਤ ਦੇ ਏਕਤਾ ਨਗਰ, ਨਰਮਦਾ ਵਿੱਚ ਆਯੋਜਿਤ ਰਾਸ਼ਟਰੀ ਚਿੰਤਨ ਕੈਂਪ ਵਿੱਚ ਸ਼ਾਮਲ ਹੋਣਗੇ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਵੱਲੋਂ ਆਯੋਜਿਤ ਇਸ ਕੈਂਪ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ੍ਰੀ ਨਿਤਿਨ ਗਡਕਰੀ ਦੀ ਮੌਜੂਦਗੀ ਵਿੱਚ ਵੱਖ-ਵੱਖ ਰਾਜਾਂ ਦੇ ਸੜਕ ਅਤੇ ਰਾਜਮਾਰਗ ਵਿਭਾਗਾਂ ਦੇ ਮੰਤਰੀ ਅਤੇ ਸੀਨੀਅਰ ਅਧਿਕਾਰੀ ਹਿੱਸਾ ਲੈਣਗੇ।

ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਚਿੰਤਨ ਕੈਂਪ ਵਿੱਚ ਵੱਖ-ਵੱਖ ਰਾਜਾਂ ਵਿੱਚ ਸੜਕ ਨਿਰਮਾਣ ਅਤੇ ਰੱਖ-ਰਖਾਅ ਦੇ ਖੇਤਰ ਵਿੱਚ ਅਪਣਾਈਆਂ ਜਾ ਰਹੀਆਂ ਨਵੀਆਂ ਤਕਨੀਕਾਂ, ਆਧੁਨਿਕ ਕਾਰਜ-ਪ੍ਰਣਾਲੀਆਂ ਅਤੇ ਸਫਲ ਪ੍ਰਯੋਗਾਂ 'ਤੇ ਚਰਚਾ ਕੀਤੀ ਜਾਵੇਗੀ। ਹਰਿਆਣਾ ਦੀਆਂ ਸੜਕ ਪ੍ਰੋਜੈਕਟਾਂ ਨਾਲ ਜੁੜੇ ਤਜ਼ਰਬਿਆਂ ਅਤੇ ਪ੍ਰੋਜੈਕਟਾਂ ਨੂੰ ਲਾਗੂ ਕਰਨ ਦੌਰਾਨ ਸਾਹਮਣੇ ਆਉਣ ਵਾਲੀਆਂ ਚੁਣੌਤੀਆਂ ਨੂੰ ਵੀ ਸਾਂਝਾ ਕੀਤਾ ਜਾਵੇਗਾ। ਇਸ ਦੇ ਨਾਲ ਹੀ, ਹੋਰ ਰਾਜਾਂ ਵਿੱਚ ਅਪਣਾਈਆਂ ਜਾ ਰਹੀਆਂ ਆਧੁਨਿਕ ਤਕਨੀਕਾਂ ਅਤੇ ਬਿਹਤਰ ਕਾਰਜ-ਪ੍ਰਣਾਲੀਆਂ ਦੀ ਜਾਣਕਾਰੀ ਲਈ ਜਾਵੇਗੀ, ਤਾਂ ਜੋ ਹਰਿਆਣਾ ਦੀਆਂ ਜ਼ਰੂਰਤਾਂ ਦੇ ਅਨੁਕੂਲ ਉਪਯੋਗੀ ਬਦਲਾਂ 'ਤੇ ਵਿਚਾਰ ਕੀਤਾ ਜਾ ਸਕੇ।

ਮੰਤਰੀ ਨੇ ਦੱਸਿਆ ਕਿ ਸ਼ਿਵਿਰ ਵਿੱਚ ਪ੍ਰਧਾਨ ਮੰਤਰੀ ਗਤੀ ਸ਼ਕਤੀ ਦੇ ਮਾਧਿਅਮ ਨਾਲ ਸੜਕ ਅਤੇ ਹੋਰ ਬੁਨਿਆਦੀ ਢਾਂਚੇ ਦੀ ਸੁਮੇਲ ਯੋਜਨਾ, ਵੱਖ-ਵੱਖ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਜਿਹੇ ਵਿਸ਼ਿਆਂ 'ਤੇ ਚਰਚਾ ਹੋਵੇਗੀ। ਆਮ ਲੋਕਾਂ ਦੀ ਸਹੂਲਤ ਲਈ ਸੜਕ ਪ੍ਰੋਜੈਕਟਾਂ ਦੀ ਪ੍ਰਕਿਰਿਆ ਨੂੰ ਸਰਲ ਅਤੇ ਤੇਜ਼ ਕਰਨ, ਜ਼ਮੀਨ ਪ੍ਰਾਪਤੀ, ਜ਼ਮੀਨ ਰਾਸ਼ੀ ਦੀ ਬਿਹਤਰ ਵਰਤੋਂ, ਪ੍ਰੋਜੈਕਟਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਮਾਡਲ ਸਮਝੌਤਿਆਂ ਅਤੇ ਸੁਰੱਖਿਅਤ ਰਾਜਮਾਰਗਾਂ ਨਾਲ ਜੁੜੇ ਵਿਸ਼ੇ ਵੀ ਚਰਚਾ ਦੇ ਕੇਂਦਰ ਵਿੱਚ ਰਹਿਣਗੇ।

ਉਨ੍ਹਾਂ ਕਿਹਾ ਕਿ ਸੜਕ ਨਿਰਮਾਣ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ, ਕੰਮਾਂ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਅਤੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਦੇ ਉਪਾਵਾਂ 'ਤੇ ਵੀ ਰਾਜਾਂ ਦੇ ਤਜ਼ਰਬੇ ਸਾਂਝੇ ਕੀਤੇ ਜਾਣਗੇ। ਕੇਂਦਰ ਅਤੇ ਰਾਜਾਂ ਵਿਚਕਾਰ ਬਿਹਤਰ ਤਾਲਮੇਲ ਦੇ ਮਾਧਿਅਮ ਨਾਲ ਸੜਕ ਪ੍ਰੋਜੈਕਟਾਂ ਨੂੰ ਗਤੀ ਦੇਣ ਦੇ ਉਪਾਵਾਂ 'ਤੇ ਵੀ ਵਿਚਾਰ-ਵਟਾਂਦਰਾ ਹੋਵੇਗਾ।

ਸ੍ਰੀ ਰਣਬੀਰ ਗੰਗਵਾ ਦੇ ਨਾਲ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਵੀ ਚਿੰਤਨ ਕੈਂਪ ਵਿੱਚ ਭਾਗ ਲੈਣਗੇ। ਅਧਿਕਾਰੀ ਹਰਿਆਣਾ ਵਿੱਚ ਸੜਕ ਪ੍ਰੋਜੈਕਟਾਂ ਨੂੰ ਲਾਗੂ ਕਰਨ ਨਾਲ ਜੁੜੇ ਤਜ਼ਰਬੇ ਸਾਂਝੇ ਕਰਨ ਦੇ ਨਾਲ-ਨਾਲ ਸੜਕ ਨਿਰਮਾਣ ਅਤੇ ਰੱਖ-ਰਖਾਅ ਵਿੱਚ ਵਰਤੀਆਂ ਜਾ ਰਹੀਆਂ ਨਵੀਆਂ ਤਕਨੀਕਾਂ ਅਤੇ ਆਧੁਨਿਕ ਕਾਰਜ-ਪ੍ਰਣਾਲੀਆਂ ਦੀ ਜਾਣਕਾਰੀ ਪ੍ਰਾਪਤ ਕਰਨਗੇ।

ਸ੍ਰੀ ਗੰਗਵਾ ਨੇ ਕਿਹਾ ਕਿ ਸੜਕਾਂ ਦਾ ਸਿੱਧਾ ਸਬੰਧ ਆਮ ਲੋਕਾਂ ਦੇ ਰੋਜ਼ਾਨਾ ਆਉਣ-ਜਾਣ ਨਾਲ ਹੈ। ਇਸ ਲਈ ਸੜਕਾਂ ਬਿਹਤਰ, ਸੁਰੱਖਿਅਤ ਅਤੇ ਸੁਗਮ ਹੋਣ ਅਤੇ ਲੋਕਾਂ ਨੂੰ ਆਉਣ-ਜਾਣ ਵਿੱਚ ਘੱਟ ਤੋਂ ਘੱਟ ਪ੍ਰੇਸ਼ਾਨੀ ਹੋਵੇ, ਇਸ ਲਈ ਨਵੀਆਂ ਤਕਨੀਕਾਂ ਅਤੇ ਬਿਹਤਰ ਬਦਲਾਂ 'ਤੇ ਨਿਰੰਤਰ ਵਿਚਾਰ ਕੀਤਾ ਜਾਣਾ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਚਿੰਤਨ ਕੈਂਪ ਵਿੱਚ ਸਾਹਮਣੇ ਆਉਣ ਵਾਲੇ ਤਜ਼ਰਬਿਆਂ ਅਤੇ ਤਕਨੀਕੀ ਜਾਣਕਾਰੀ ਦਾ ਹਰਿਆਣਾ ਦੀਆਂ ਜ਼ਰੂਰਤਾਂ ਦੇ ਅਨੁਕੂਲ ਅਧਿਐਨ ਕੀਤਾ ਜਾਵੇਗਾ ਅਤੇ ਪ੍ਰਦੇਸ਼ ਲਈ ਉਪਯੋਗੀ ਬਦਲਾਂ ਨੂੰ ਅਪਣਾਉਣ ਦੀਆਂ ਸੰਭਾਵਨਾਵਾਂ 'ਤੇ ਅੱਗੇ ਵਿਚਾਰ ਕੀਤਾ ਜਾਵੇਗਾ।

# ਸਵੱਛਤਾ ਸਾਡੀ ਸਮੂਹਿਕ ਜ਼ਿੰਮੇਵਾਰੀ, ਵਾਤਾਵਰਣ ਸੰਭਾਲ ਲਈ ਲਗਾਓ ਵੱਧ ਤੋਂ ਵੱਧ ਪੌਦੇ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਜਨਤਕ ਉਪਕ੍ਰਮ ਬਿਊਰੋ ਦੇ ਚੇਅਰਮੈਨ ਸ੍ਰੀ ਮੋਹਨ ਲਾਲ ਬੜੌਲੀ ਨੇ ਗਾਂਧੀ ਜਯੰਤੀ ਦੇ ਮੌਕੇ 'ਤੇ ਸੋਨੀਪਤ ਵਿੱਚ ਸੈਕਟਰ-15 ਸਥਿਤ ਆਪਣੇ ਨਿਵਾਸ 'ਤੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਭਾਰਤ ਰਤਨ ਅਤੇ ਪੂਰਬੀ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਪੁਸ਼ਪਾਂਜਲੀ ਅਰਪਿਤ ਕੀਤੀ।

ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਸੱਚ, ਅਹਿੰਸਾ ਅਤੇ ਸਵੱਛਤਾ ਦਾ ਸੰਦੇਸ਼ ਦਿੱਤਾ, ਜਦੋਂ ਕਿ ਲਾਲ ਬਹਾਦੁਰ ਸ਼ਾਸਤਰੀ ਨੇ ਸਾਦਗੀ, ਇਮਾਨਦਾਰੀ ਅਤੇ ਰਾਸ਼ਟਰ ਸੇਵਾ ਦੇ ਆਦਰਸ਼ ਪੇਸ਼ ਕੀਤੇ। ਦੋਵਾਂ ਮਹਾਂਪੁਰਖਾਂ ਦਾ ਜੀਵਨ ਦੇਸ਼ਵਾਸੀਆਂ ਲਈ ਸਦਾ ਪ੍ਰੇਰਨਾਦਾਇਕ ਰਹੇਗਾ। ਇਸ ਤੋਂ ਬਾਅਦ ਸ੍ਰੀ ਮੋਹਨ ਲਾਲ ਬੜੌਲੀ ਨੇ ਸੈਕਟਰ-14 ਸਥਿਤ ਗਾਂਧੀ ਚੌਕ 'ਤੇ ਸਵੱਛਤਾ ਮੁਹਿੰਮ ਵਿੱਚ ਭਾਗ ਲਿਆ। ਨਗਰ ਨਿਗਮ ਮੇਅਰ ਸ੍ਰੀ ਰਾਜੀਵ ਜੈਨ ਵੀ ਉਨ੍ਹਾਂ ਦੇ ਨਾਲ ਰਹੇ।

ਸ੍ਰੀ ਬੜੌਲੀ ਨੇ ਕਿਹਾ ਕਿ ਸਵੱਛਤਾ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਾਡੀ ਸਾਰਿਆਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਸਾਰੇ ਨਾਗਰਿਕ ਮਿਲ ਕੇ ਸੋਨੀਪਤ ਨੂੰ ਸਾਫ਼ ਅਤੇ ਸੋਹਣਾ ਬਣਾਉਣ ਵਿੱਚ ਆਪਣਾ ਯੋਗਦਾਨ ਦੇਣ।

ਇਸ ਤੋਂ ਉਪਰੰਤ ਸ੍ਰੀ ਬੜੌਲੀ ਨੇ ਪਿੰਡ ਹੁੱਲਾਹੇੜੀ ਸਥਿਤ ਸ਼ਹੀਦ ਸਮਾਰਕ ਪਾਰਕ ਵਿੱਚ ਮਿਆਜ਼ਾਕੀ ਅੰਬ ਦਾ ਪੌਦਾ ਲਗਾਇਆ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਸੰਭਾਲ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ ਖਾਸ ਕਰਕੇ ਨਾਰਗੁੰਡੀ ਵਰਗੇ ਔਸ਼ਧੀ ਪੌਦੇ ਲਗਾਉਣ ਦੀ ਅਪੀਲ ਕੀਤੀ।

# ਖਾਦੀ ਸਵਦੇਸ਼ੀ, ਸਾਦਗੀ ਅਤੇ ਆਤਮਨਿਰਭਰਤਾ ਦੀ ਵਿਚਾਰਧਾਰਾ ਦਾ ਪ੍ਰਤੀਕ : ਮੋਹਨ ਲਾਲ ਬੜੌਲੀ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਜਨਤਕ ਉਪਕ੍ਰਮ ਬਿਊਰੋ ਦੇ ਚੇਅਰਮੈਨ ਸ੍ਰੀ ਮੋਹਨ ਲਾਲ ਬੜੌਲੀ ਨੇ ਅੱਜ ਗੋਹਾਣਾ ਵਿੱਚ ਮਹਾਤਮਾ ਗਾਂਧੀ ਜੀ ਦੀ ਜਯੰਤੀ ਦੇ ਮੌਕੇ 'ਤੇ ਸੇਵਾ ਸੰਕਲਪ ਮੁਹਿੰਮ ਤਹਿਤ ਖਾਦੀ ਦਾ ਕੱਪੜਾ ਖਰੀਦ ਕੇ ਸਵਦੇਸ਼ੀ ਅਤੇ ਆਤਮਨਿਰਭਰਤਾ ਦੇ ਸੰਕਲਪ ਨੂੰ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ। ਸ੍ਰੀ ਮੋਹਨ ਲਾਲ ਬੜੌਲੀ ਨੇ ਕਿਹਾ ਕਿ ਖਾਦੀ ਸਿਰਫ਼ ਇੱਕ ਕੱਪੜਾ ਨਹੀਂ, ਸਗੋਂ ਸਵਦੇਸ਼ੀ, ਸਾਦਗੀ ਅਤੇ ਆਤਮਨਿਰਭਰਤਾ ਦੀ ਉਸ ਵਿਚਾਰਧਾਰਾ ਦਾ ਪ੍ਰਤੀਕ ਹੈ, ਜਿਸ ਨੂੰ ਮਹਾਤਮਾ ਗਾਂਧੀ ਜੀ ਨੇ ਘਰ-ਘਰ ਤੱਕ ਪਹੁੰਚਾਇਆ। ਖਾਦੀ ਨੂੰ ਅਪਣਾਉਣਾ ਸਾਡੇ ਸਥਾਨਕ ਕਾਰੀਗਰਾਂ ਅਤੇ ਬੁਣਕਰਾਂ ਦੀ ਮਿਹਨਤ ਨੂੰ ਸਨਮਾਨ ਦੇਣ ਦੇ ਨਾਲ-ਨਾਲ ਸਵਦੇਸ਼ੀ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਦਾ ਵੀ ਜ਼ਰੀਆ ਹੈ।

ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਵੱਧ ਤੋਂ ਵੱਧ ਸਵਦੇਸ਼ੀ ਉਤਪਾਦਾਂ ਨੂੰ ਅਪਣਾਉਣ ਅਤੇ ਸਥਾਨਕ ਕਾਰੀਗਰਾਂ ਤੇ ਬੁਣਕਰਾਂ ਦੁਆਰਾ ਤਿਆਰ ਉਤਪਾਦਾਂ ਨੂੰ ਪਹਿਲ ਦੇਣ, ਤਾਂ ਜੋ ਉਨ੍ਹਾਂ ਦੀ ਮਿਹਨਤ ਨੂੰ ਸਨਮਾਨ ਮਿਲ ਸਕੇ ਅਤੇ ਆਤਮਨਿਰਭਰਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

# ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਵਿਚ ਲੱਗਣ ਜਾ ਰਹੀ ਜ਼ਿਲ੍ਹੇ ਦੀ ਪਹਿਲੀ ਐਮ.ਆਰ.ਆਈ. ਮਸ਼ੀਨ, ਵਿਧਾਇਕ ਨੇ ਕੰਮ ਦੀ ਕਰਵਾਈ ਸ਼ੁਰੂਆਤ



**ਫਾਜ਼ਿਲਕਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਲੋਕਾਂ ਲਈ ਇੱਕ ਹੋਰ ਵੱਡੀ ਖੁਸ਼ਖਬਰੀ ਹੈ। ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਵਿਚ ਜ਼ਿਲ੍ਹੇ ਦੀ ਪਹਿਲੀ ਐਮ.ਆਰ.ਆਈ. ਮਸ਼ੀਨ ਲੱਗਣ ਜਾ ਰਹੀ ਹੈ, ਜਿਸ ਦਾ ਕੰਮ ਅੱਜ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਸ਼ੁਰੂ ਕਰਵਾਇਆ ਗਿਆ।

ਇਸ ਮੌਕੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਮਾਨ ਸਰਕਾਰ ਦੌਰਾਨ ਹੀ ਫਾਜ਼ਿਲਕਾ ਵਿਚ ਸਿਹਤ ਸਹੂਲਤਾਂ ਵਿਚ ਬਹੁਤ ਵੱਡਾ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਪਹਿਲਾਂ ਫਾਜ਼ਿਲਕਾ ਦੇ ਲੋਕਾਂ ਨੂੰ ਐਮ.ਆਰ.ਆਈ. ਕਰਵਾਉਣ ਲਈ ਬਠਿੰਡਾ, ਫਰੀਦਕੋਟ ਜਾਂ ਲੁਧਿਆਣਾ ਜਾਣਾ ਪੈਂਦਾ ਸੀ ਅਤੇ ਹਜ਼ਾਰਾਂ ਰੁਪਏ ਖਰਚ ਕਰਨੇ ਪੈਂਦੇ ਸਨ, ਪਰ ਹੁਣ ਇਹ ਸਹੂਲਤ ਸਰਕਾਰੀ ਹਸਪਤਾਲ ਵਿਚ ਹੀ ਬਿਲਕੁਲ ਮੁਫਤ ਮਿਲੇਗੀ।

ਉਹਨਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਹਰ ਪੰਜਾਬੀ ਨੂੰ ਚੰਗੀ ਅਤੇ ਮੁਫਤ ਸਿਹਤ ਸਹੂਲਤ ਉਸਦੇ ਆਪਣੇ ਜ਼ਿਲ੍ਹੇ ਵਿਚ ਹੀ ਮਿਲੇ। ਇਸੇ ਤਹਿਤ ਫਾਜ਼ਿਲਕਾ ਹਸਪਤਾਲ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ।

ਵਿਧਾਇਕ ਸਵਨਾ ਨੇ ਕਿਹਾ ਕਿ ਇਸ ਮਸ਼ੀਨ ਦੇ ਲੱਗਣ ਨਾਲ ਨਾ ਸਿਰਫ ਫਾਜ਼ਿਲਕਾ ਬਲਕਿ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਵੀ ਵੱਡਾ ਲਾਭ ਹੋਵੇਗਾ।

ਇਸ ਮੌਕੇ ਐਸ.ਐਮ.ਓ., ਹਸਪਤਾਲ ਦਾ ਸਟਾਫ ਅਤੇ ਪਾਰਟੀ ਦੇ ਐਮ.ਸੀ ਸਾਹਿਬ ਤੇ ਵੱਖ ਵੱਖ ਵਾਰਡਾ ਦੇ ਵਾਰਡ ਇੰਚਾਰਜ ਤੇ ਵਰਕਰ ਵੀ ਹਾਜ਼ਰ ਸਨ।

# ਗਾਂਧੀ ਜਯੰਤੀ ਮੌਕੇ ਸਵੱਛਤਾ ਅਤੇ ਜਾਗਰੂਕਤਾ ਮੁਹਿੰਮ ਦਾ ਆਯੋਜਨ

**ਬਠਿੰਡਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਗਾਂਧੀ ਜਯੰਤੀ ਮੌਕੇ ਅੱਜ ਨਗਰ ਨਿਗਮ ਬਠਿੰਡਾ ਵੱਲੋਂ 'ਸਵੱਛਤਾ ਹੀ ਸੇਵਾ-2026' ਮੁਹਿੰਮ ਤਹਿਤ ਸਫ਼ਾਈ ਅਤੇ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਨਿਗਮ ਕਮਿਸ਼ਨਰ ਮੈਡਮ ਲਵਜੀਤ ਕਲਸੀ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਸਾਫ਼-ਸੁਥਰੇ ਵਾਤਾਵਰਣ, ਸਫ਼ਾਈ ਪ੍ਰਤੀ ਜ਼ਿੰਮੇਵਾਰੀ, ਸਿਹਤਮੰਦ ਜੀਵਨ-ਸ਼ੈਲੀ ਅਤੇ ਕੂੜੇ ਦੇ ਸੁਚੱਜੇ ਪ੍ਰਬੰਧਨ ਪ੍ਰਤੀ ਜਾਗਰੂਕ ਕਰਨਾ ਹੈ।

ਉਹਨਾਂ ਦੱਸਿਆ ਕਿ ਮੁਹਿੰਮ ਤਹਿਤ ਸਥਾਨਕ ਲਾਰਡ ਰਾਮਾ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਕਲੀਨ-ਅੱਪ ਡਰਾਈਵ ਅਤੇ ਸਵੱਛਤਾ ਰੈਲੀ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਸਫ਼ਾਈ ਗਤੀਵਿਧੀਆਂ ਵਿੱਚ ਹਿੱਸਾ ਲੈਂਦਿਆਂ ਸਾਫ਼-ਸੁਥਰੇ ਸਮਾਜ ਦਾ ਸੰਦੇਸ਼ ਦਿੱਤਾ। ਰੈਲੀ ਰਾਹੀਂ ਲੋਕਾਂ ਨੂੰ ਨਿੱਜੀ ਸਫ਼ਾਈ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ, ਕੂੜੇ ਨੂੰ ਸਹੀ ਢੰਗ ਨਾਲ ਨਿਪਟਾਉਣ ਅਤੇ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।

ਕਮਿਸ਼ਨਰ ਨਗਰ ਨਿਗਮ ਮੈਡਮ ਲਵਜੀਤ ਕਲਸੀ ਕਿਹਾ ਕਿ ਮੁਹਿੰਮ ਦੌਰਾਨ 'ਏਕ ਪੇੜ ਮਾਂ ਕੇ ਨਾਮ' ਤਹਿਤ ਪੌਦੇ ਲਗਾਉਣ ਦੀ ਗਤੀਵਿਧੀ ਵੀ ਕਰਵਾਈ ਗਈ ਹੈ। ਇਸ ਪਹਿਲ ਰਾਹੀਂ ਲੋਕਾਂ ਅਤੇ ਵਿਦਿਆਰਥੀਆਂ ਨੂੰ ਆਪਣੀਆਂ ਮਾਵਾਂ ਦੇ ਸਨਮਾਨ ਵਿੱਚ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

ਇਸ ਮੌਕੇ ਇਹ ਸੰਦੇਸ਼ ਦਿੱਤਾ ਗਿਆ ਕਿ ਹਰ ਇੱਕ ਲਗਾਇਆ ਗਿਆ ਪੌਦਾ ਨਾ ਸਿਰਫ਼ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਂਦਾ ਹੈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।

ਇਸ ਸਵੱਛਤਾ ਮੁਹਿੰਮ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਨਗਰ ਨਿਗਮ ਦੀ ਟੀਮ ਅਤੇ ਹੋਰ ਭਾਗੀਦਾਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਗਤੀਵਿਧੀਆਂ ਨੇ ਸਵੱਛਤਾ, ਵਾਤਾਵਰਣ ਪ੍ਰਤੀ ਜ਼ਿੰਮੇਵਾਰੀ, ਲੋਕ ਭਾਗੀਦਾਰੀ ਅਤੇ ਟਿਕਾਊ ਜੀਵਨ-ਸ਼ੈਲੀ ਦਾ ਮਜ਼ਬੂਤ ਸੰਦੇਸ਼ ਦਿੱਤਾ।

ਇਸ ਮੌਕੇ ਸੀ.ਐਸ.ਆਈ. ਸੰਦੀਪ ਕਟਾਰੀਆ ਸਮੂਹ ਐਸ.ਬੀ.ਐਮ. ਅਤੇ ਨਗਰ ਨਿਗਮ ਟੀਮ ਦੇ ਮੈਂਬਰ ਆਦਿ ਹਾਜ਼ਰ ਸਨ, ਜਿਨ੍ਹਾਂ ਦੀ ਅਗਵਾਈ ਅਤੇ ਸਹਿਯੋਗ ਨਾਲ ਸਵੱਛਤਾ ਗਤੀਵਿਧੀਆਂ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ।

# ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਲੋਕ ਮਿਲਣੀ, ਲੋਕਾਂ ਵੱਲੋਂ ਭਰਵਾਂ ਹੁੰਗਾਰਾ



**ਫਾਜ਼ਿਲਕਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਅੱਜ ਆਪਣੇ ਹਲਕੇ ਦੇ ਪਿੰਡ ਮੁਹਾਰ ਜਮਸ਼ੇਰ, ਮੁਹਾਰ ਖੀਵਾ, ਮੁਹਾਰ ਸੋਨਾ, ਮੌਜ਼ਾਮ ਤੇ ਨਾਵਾ ਮੌਜ਼ਾਮ, ਨਵੀਂ ਬਸਤੀ ਸਲੇਮਸ਼ਾਹ, ਸਲੇਮਸ਼ਾਹ ਅਤੇ ਨਵਾਂ ਸਲੇਮਸ਼ਾਹ ਵਿਖੇ ਲੋਕ ਮਿਲਣੀ ਕੀਤੀ ਗਈ।ਇਸ ਦੌਰਾਨ ਪਿੰਡਾਂ ਵਿਚ ਵੱਡੀ ਗਿਣਤੀ ਵਿਚ ਆਮ ਲੋਕ ਇਕੱਠੇ ਹੋਏ ਅਤੇ ਵਿਧਾਇਕ ਸਵਨਾ ਨੂੰ ਆਪਣਾ ਸਮਰਥਨ ਦਿੱਤਾ। ਲੋਕਾਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਵਿਧਾਇਕ ਸਵਨਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਬਹੁਤ ਖੁਸ਼ ਹਨ।ਵਿਧਾਇਕ ਸਵਨਾ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ ਤੇ ਹੀ ਕਈ ਮਸਲਿਆਂ ਦੇ ਹੱਲ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਹਨਾਂ ਕਿਹਾ ਕਿ ਫਾਜ਼ਿਲਕਾ ਹਲਕੇ ਦੇ ਲੋਕ ਮੇਰਾ ਪਰਿਵਾਰ ਹਨ ਅਤੇ ਉਹਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਮੇਰੀ ਪਹਿਲੀ ਜ਼ਿੰਮੇਵਾਰੀ ਹੈ। ਉਹਨਾਂ ਕਿਹਾ ਕਿ ਮਾਨ ਸਰਕਾਰ ਲੋਕਾਂ ਦੀਆਂ ਉਮੀਦਾਂ ਤੇ ਖਰੀ ਉੱਤਰ ਰਹੀ ਹੈ।ਇਸ ਮੌਕੇ ਤੇ ਮੌਜੂਦ ਪਿੰਡ ਦੇ ਸਰਪੰਚ ਤੇ ਪੰਚ, ਮੈਂਬਰ ਤੇ ਵੱਖ ਵੱਖ ਅਹੁਦੇਦਾਰ ਸਨ।

# ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਫਾਜ਼ਿਲਕਾ ਹਲਕੇ ਵਿਚ ਕਰੋੜਾਂ ਦੇ ਵਿਕਾਸ ਕਾਰਜ ਲੋਕਾਂ ਨੂੰ ਸਮਰਪਿਤ

**ਫਾਜ਼ਿਲਕਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਅੱਜ ਫਾਜ਼ਿਲਕਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਵਿਕਾਸ ਕਾਰਜਾਂ ਦੀ ਝੜੀ ਲਗਾਈ ਗਈ।ਅੱਜ ਪਿੰਡ ਮੁਹਾਰ ਜਮਸ਼ੇਰ, ਮੁਹਾਰ ਸੋਨਾ ਤੇ ਨਵਾਂ ਮੌਜ਼ੂਮ ਵਿਖੇ ਨਵੀਆਂ ਬਣੀਆਂ ਗਲੀਆਂ ਅਤੇ ਨਾਲੀਆਂ ਦਾ ਉਦਘਾਟਨ ਵਿਧਾਇਕ ਸਵਨਾ ਵੱਲੋਂ ਕੀਤਾ ਗਿਆ, ਜਿਸ ਨਾਲ ਪਿੰਡ ਵਾਸੀਆਂ ਨੂੰ ਲੰਬੇ ਸਮੇਂ ਤੋਂ ਆ ਰਹੀ ਦਿੱਕਤ ਤੋਂ ਰਾਹਤ ਮਿਲੇਗੀ।ਇਸੇ ਤਰ੍ਹਾਂ ਪਿੰਡ ਮੁਹਾਰ ਖੀਵਾ ਵਿਖੇ ਨਵੀਆਂ ਬਣੀਆਂ ਇੰਟਰਲਾਕ ਸੜਕਾਂ, ਗਲੀਆਂ ਅਤੇ ਨਾਲੀਆਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਪਿੰਡ ਵਾਸੀਆਂ ਨੇ ਇਸ ਲਈ ਵਿਧਾਇਕ ਦਾ ਧੰਨਵਾਦ ਕੀਤਾ।ਪਿੰਡ ਮੁਹਾਰ ਸੋਨਾ ਵਿਖੇ ਵੀ ਨਵੀਆਂ ਬਣੀਆਂ ਗਲੀਆਂ ਅਤੇ ਨਾਲੀਆਂ ਦਾ ਉਦਘਾਟਨ ਕੀਤਾ ਗਿਆ, ਜਿਸ ਨਾਲ ਪਿੰਡ ਦੀ ਨੁਹਾਰ ਬਦਲ ਗਈ ਹੈ।

ਇਸ ਤੋਂ ਇਲਾਵਾ ਪਿੰਡ ਨਵੀਂ ਬਸਤੀ ਸਲੇਮਸ਼ਾਹ ਵਿਖੇ ਵਿਧਾਇਕ ਸਵਨਾ ਵੱਲੋਂ ਨਵਾਂ ਪਾਰਕ ਬਣਾਉਣ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਹ ਪਾਰਕ ਬੱਚਿਆਂ ਅਤੇ ਬਜ਼ੁਰਗਾਂ ਲਈ ਖੇਡਣ ਅਤੇ ਸੈਰ ਕਰਨ ਲਈ ਤਿਆਰ ਕੀਤਾ ਜਾਵੇਗਾ।ਇਸ ਮੌਕੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਮਾਨ ਸਰਕਾਰ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਫਾਜ਼ਿਲਕਾ ਹਲਕੇ ਦੇ ਹਰ ਪਿੰਡ ਦਾ ਵਿਕਾਸ ਬਿਨਾਂ ਕਿਸੇ ਭੇਦਭਾਵ ਤੋਂ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਮੌਜੂਦ ਪਿੰਡ ਦੇ ਸਰਪੰਚ ਤੇ ਪੰਚ, ਮੈਂਬਰ ਤੇ ਵੱਖ ਵੱਖ ਅਹੁਦੇਦਾਰ ਸਨ।

# ਹਸਪਤਾਲ ਤੇ ਬੀਮਾ ਕੰਪਨੀ ਨੂੰ 1.20 ਲੱਖ ਰੁਪਏ ਰਿਫੰਡ ਕਰਨ ਦੇ ਹੁਕਮ

**ਫਰੀਦਾਬਾਦ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਰੀਦਾਬਾਦ ਦੇ ਜ਼ਿਲ੍ਹਾ ਖ਼ਪਤਕਾਰ ਵਿਵਾਦ ਨਿਵਾਰਣ ਕਮਿਸ਼ਨ ਨੇ ਮੈਡੀਚੈਕ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਇੱਕ ਡਾਕਟਰ ਅਤੇ ਇੱਕ ਬੀਮਾ ਕੰਪਨੀ ਨੂੰ ਹੁਕਮ ਦਿੱਤੇ ਹਨ ਕਿ ਉਹ ਆਈਵੀਐੱਫ (ਯ੦ਠ) ਇਲਾਜ ਤੋਂ ਬਾਅਦ ਗਰਭਵਤੀ ਨਾ ਹੋਣ ਵਾਲੀ ਇੱਕ ਮਹਿਲਾ ਨੂੰ ਸੰਯੁਕਤ ਰੂਪ ਵਿੱਚ 1.20 ਲੱਖ ਰੁਪਏ ਰਿਫੰਡ ਕਰਨ। ਕਮਿਸ਼ਨ ਨੇ ਵਿਆਜ, ਮੁਆਵਜ਼ਾ ਅਤੇ ਮੁਕੱਦਮੇ ਦਾ ਖ਼ਰਚਾ ਦੇਣ ਦੇ ਵੀ ਨਿਰਦੇਸ਼ ਦਿੱਤੇ ਹਨ।

ਹਸਪਤਾਲ, ਡਾਕਟਰ ਅਤੇ ਸ਼ਿਕਾਇਤਕਰਤਾ ਦਾ ਪੱਖ ਸੁਣਨ ਤੋਂ ਬਾਅਦ ਕਮਿਸ਼ਨ ਨੇ ਮਹਿਲਾ ਦੀ ਸ਼ਿਕਾਇਤ ਨੂੰ ਸਵੀਕਾਰ ਕਰ ਲਿਆ, ਜਿਸ ਨਾਲ ਉਸ ਮਹਿਲਾ ਨੂੰ ਰਾਹਤ ਮਿਲੀ ਹੈ ਜਿਸ ਨੇ ਬਿਨਾਂ ਕਿਸੇ ਨਤੀਜੇ ਦੇ ਫਰਟੀਲਿਟੀ ਇਲਾਜ 'ਤੇ ਲੱਖਾਂ ਰੁਪਏ ਖਰਚ ਕੀਤੇ ਸਨ।

ਮਹਿਲਾ ਨੂੰ ਸ਼ਿਕਾਇਤ ਦਾਇਰ ਕਰਨ ਦੀ ਮਿਤੀ ਤੋਂ ਲੈ ਕੇ ਅਦਾਇਗੀ ਤੱਕ ਪ੍ਰਤੀ ਸਾਲ 6 ਫ਼ੀਸਦੀ ਸਾਧਾਰਨ ਵਿਆਜ ਦੇ ਨਾਲ 1.20 ਲੱਖ ਰੁਪਏ ਮਿਲਣੇ ਚਾਹੀਦੇ ਹਨ। ਕਮਿਸ਼ਨ ਨੇ ਮਾਨਸਿਕ ਪਰੇਸ਼ਾਨੀ ਅਤੇ ਪੀੜ ਲਈ 5,500 ਰੁਪਏ ਅਤੇ ਮੁਕੱਦਮੇ ਦੇ ਖ਼ਰਚੇ ਵਜੋਂ 5,500 ਰੁਪਏ ਦੇਣ ਦੇ ਵੀ ਨਿਰਦੇਸ਼ ਦਿੱਤੇ ਹਨ।

ਕੇਸ ਅਨੁਸਾਰ, ਮਹਿਲਾ ਨੇ ਅਗਸਤ 2021 ਵਿੱਚ ਆਈਵੀਐੱਫ (ਯ੦ਠ) ਇਲਾਜ ਲਈ ਮੈਡੀਚੈਕ ਸੁਪਰ ਸਪੈਸ਼ਲਿਟੀ ਹਸਪਤਾਲ ਨਾਲ ਸੰਪਰਕ ਕੀਤਾ ਸੀ। ਹਸਪਤਾਲ ਨੇ 1.50 ਲੱਖ ਰੁਪਏ ਦੀ ਮੰਗ ਕੀਤੀ ਸੀ। ਉਸਦਾ ਕਹਿਣਾ ਹੈ ਕਿ ਉਸ ਨੇ ਇਲਾਜ 'ਤੇ ਲਗਪਗ 1.41 ਲੱਖ ਰੁਪਏ ਅਤੇ ਦਵਾਈਆਂ 'ਤੇ ਹੋਰ 29,529 ਰੁਪਏ ਖਰਚ ਕੀਤੇ, ਜੋ ਕਿ ਕੁੱਲ ਮਿਲਾ ਕੇ ਲਗਪਗ 1.70 ਲੱਖ ਰੁਪਏ ਬਣਦੇ ਹਨ। ਇਸ ਇਲਾਜ ਨਾਲ ਗਰਭ ਅਵਸਥਾ ਨਹੀਂ ਹੋਈ।

ਉਸ ਨੇ ਦੱਸਿਆ ਕਿ ਜਦੋਂ ਉਹ ਅਕਤੂਬਰ 2021 ਵਿੱਚ ਦੁਬਾਰਾ ਹਸਪਤਾਲ ਗਈ, ਤਾਂ ਆਈਵੀਐੱਫ (ਯ੦ਠ) ਪ੍ਰਕਿਰਿਆ ਨੂੰ ਦੁਹਰਾਉਣ ਲਈ ਹੋਰ 1.50 ਲੱਖ ਰੁਪਏ ਦੀ ਮੰਗ ਕੀਤੀ ਗਈ। ਉਸ ਨੇ ਇਸ ਤੋਂ ਇਨਕਾਰ ਕਰ ਦਿੱਤਾ ਅਤੇ 9 ਨਵੰਬਰ 2021 ਨੂੰ ਡਾਕਟਰ ਨੂੰ ਕਾਨੂੰਨੀ ਨੋਟਿਸ ਭੇਜ ਦਿੱਤਾ। ਵਿਵਾਦ ਹੱਲ ਨਾ ਹੋਣ 'ਤੇ ਉਸ ਨੇ ਖ਼ਪਤਕਾਰ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ।

ਸੁਣਵਾਈ ਦੌਰਾਨ ਹਸਪਤਾਲ ਅਤੇ ਡਾਕਟਰ ਨੇ ਸ਼ਿਕਾਇਤ ਦਾ ਵਿਰੋਧ ਕੀਤਾ। ਉਨ੍ਹਾਂ ਦਲੀਲ ਦਿੱਤੀ ਕਿ ਮਰੀਜ਼ ਅਤੇ ਉਸ ਦੇ ਪਤੀ ਨੂੰ ਪ੍ਰਕਿਰਿਆ, ਇਸ ਦੇ ਜੋਖਮਾਂ ਅਤੇ ਲਾਭਾਂ ਬਾਰੇ ਪੂਰੀ ਤਰ੍ਹਾਂ ਸੂਚਿਤ ਕੀਤਾ ਗਿਆ ਸੀ ਅਤੇ ਉਨ੍ਹਾਂ ਨੇ ਸਹਿਮਤੀ ਫਾਰਮ 'ਤੇ ਦਸਤਖ਼ਤ ਕੀਤੇ ਸਨ। ਉਨ੍ਹਾਂ ਕਿਹਾ ਕਿ ਗਰਭ ਅਵਸਥਾ ਦੀ ਕੋਈ ਗਰੰਟੀ ਨਹੀਂ ਦਿੱਤੀ ਗਈ ਸੀ। ਉਨ੍ਹਾਂ ਇਹ ਵੀ ਦਲੀਲ ਦਿੱਤੀ ਕਿ ਆਈਵੀਐੱਫ (ਯ੦ਠ) ਵਿੱਚ ਅਜਿਹੀ ਗਰੰਟੀ ਕਾਨੂੰਨੀ ਤੌਰ 'ਤੇ ਸੰਭਵ ਨਹੀਂ ਹੈ, ਕਿਉਂਕਿ ਨਤੀਜੇ ਕਈ ਡਾਕਟਰੀ ਕਾਰਕਾਂ 'ਤੇ ਨਿਰਭਰ ਕਰਦੇ ਹਨ ਅਤੇ ਉਨ੍ਹਾਂ ਨੇ ਸ਼ਿਕਾਇਤ ਨੂੰ ਖਾਰਜ ਕਰਨ ਦੀ ਮੰਗ ਕੀਤੀ। ਦੋਵਾਂ ਪੱਖਾਂ ਨੂੰ ਵਿਚਾਰਨ ਤੋਂ ਬਾਅਦ ਕਮਿਸ਼ਨ ਨੇ ਸ਼ਿਕਾਇਤ ਨੂੰ ਸਵੀਕਾਰ ਕਰ ਲਿਆ ਅਤੇ ਹੁਕਮ ਪਾਸ ਕਰ ਦਿੱਤੇ।

ਇਹ ਹੁਕਮ ਫਰੀਦਾਬਾਦ ਅਤੇ ਗੁਰੂਗ੍ਰਾਮ ਦੇ ਉਨ੍ਹਾਂ ਜੋੜਿਆਂ ਲਈ ਅਹਿਮ ਹੈ ਜੋ ਸਹਾਇਕ ਪ੍ਰਜਨਨ (assisted reproduction) 'ਤੇ ਭਾਰੀ ਰਕਮ ਖਰਚ ਕਰਦੇ ਹਨ, ਜਿੱਥੇ ਸਫ਼ਲਤਾ ਕਦੇ ਵੀ ਨਿਸ਼ਚਿਤ ਨਹੀਂ ਹੁੰਦੀ। ਇਹ ਦਰਸਾਉਂਦਾ ਹੈ ਕਿ ਮਰੀਜ਼ ਫਰਟੀਲਿਟੀ ਇਲਾਜ ਦੇ ਵਿਵਾਦਾਂ ਨੂੰ ਲੈ ਕੇ ਜ਼ਿਲ੍ਹਾ ਖ਼ਪਤਕਾਰ ਕਮਿਸ਼ਨ ਕੋਲ ਜਾ ਸਕਦੇ ਹਨ ਅਤੇ ਡਾਕਟਰਾਂ ਤੇ ਹਸਪਤਾਲਾਂ ਨੂੰ ਉਨ੍ਹਾਂ ਵੱਲੋਂ ਵਸੂਲੇ ਜਾਣ ਵਾਲੇ ਪੈਸਿਆਂ ਦਾ ਹਿਸਾਬ ਦੇਣ ਲਈ ਕਿਹਾ ਜਾ ਸਕਦਾ ਹੈ।

# ਕੌਮੀ ਪ੍ਰਧਾਨ ਵੱਲੋਂ ਵੈਸ਼ ਸਮਾਜ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਜੀਂਦ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਗਰੋਹਾ ਧਾਮ ਵੈਸ਼ਯ ਸਮਾਜ ਦੇ ਕੌਮੀ ਕਾਰਜਕਾਰੀ ਪ੍ਰਧਾਨ ਅਤੇ ਹਰਿਆਣਾ ਪ੍ਰਦੇਸ਼ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਬਜਰੰਗ ਗਰਗ ਨੇ ਇੱਥੇ ਵੈਸ਼ ਸਮਾਜ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਮੀਟਿੰਗ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਜਰੰਗ ਗਰਗ ਨੇ ਕਿਹਾ ਕਿ ਵੈਸ਼ਯ ਸਮਾਜ ਨੇ ਵਪਾਰ ਅਤੇ ਉਦਯੋਗ ਦੇ ਖੇਤਰਾਂ ਵਿੱਚ ਵਿਸ਼ਵ ਪੱਧਰ 'ਤੇ ਅਹਿਮ ਯੋਗਦਾਨ ਪਾਇਆ ਹੈ। ਇਸ ਲਈ ਸਰਕਾਰ ਨੂੰ ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਨੀਆਂ ਚਾਹੀਦੀਆਂ ਹਨ ਅਤੇ ਛੋਟੇ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨ ਲਈ ਕਦਮ ਚੁੱਕਣੇ ਚਾਹੀਦੇ ਹਨ। ਵਪਾਰ ਅਤੇ ਉਦਯੋਗ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ, ਵੈਸ਼ਯ ਸਮਾਜ ਨੇ ਸਿੱਖਿਆ, ਡਾਕਟਰੀ ਦੇਖਭਾਲ ਅਤੇ ਸਮਾਜਿਕ ਤੇ ਧਾਰਮਿਕ ਗਤੀਵਿਧੀਆਂ ਵਿੱਚ ਵੀ ਅਹਿਮ ਯੋਗਦਾਨ ਦਿੱਤਾ ਹੈ। ਸਰਕਾਰ ਨੂੰ ਅਗਰੋਹਾ ਧਾਮ ਦੇ ਟਿੱਲਿਆਂ 'ਤੇ ਰੁਕੇ ਹੋਏ ਖੁਦਾਈ ਦੇ ਕੰਮ ਨੂੰ ਤੁਰੰਤ ਮੁੜ ਸ਼ੁਰੂ ਕਰਨਾ ਚਾਹੀਦਾ ਹੈ। ਮਹਾਰਾਜਾ ਅਗਰਸੈਨ ਦੇ ਨਾਂ 'ਤੇ 30 ਕਰੋੜ ਰੁਪਏ ਦੀ ਲਾਗਤ ਨਾਲ ਦੋ ਅਜਾਇਬ ਘਰ ਬਣਾਏ ਜਾ ਰਹੇ ਹਨ। ਇਸ ਤੋਂ ਇਲਾਵਾ ਅਗਰੋਹਾ ਧਾਮ 'ਚ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਡਾ ਆਡੀਟੋਰੀਅਮ ਵੀ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 29 ਅਕਤੂਬਰ ਨੂੰ ਸ਼ਰਦ ਪੂਰਨਿਮਾ ਮੌਕੇ ਅਗਰੋਹਾ ਧਾਮ 'ਚ ਕੌਮੀ ਪੱਧਰ ਦਾ ਮੇਲਾ ਲਾਇਆ ਜਾਵੇਗਾ, ਜਿਸ ਵਿੱਚ ਦੇਸ਼ ਅਤੇ ਰਾਜ ਭਰ ਤੋਂ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਣਗੇ। ਇਸ ਮੌਕੇ ਸੂਬਾਈ ਬੁਲਾਰੇ ਰਾਜਕੁਮਾਰ ਗੋਇਲ, ਸੂਬਾ ਜਨਰਲ ਸਕੱਤਰ ਰਾਮਵਿਲਾਸ ਮਿੱਤਲ, ਅਗਰੋਹਾ ਵਿਕਾਸ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਈਸ਼ਵਰ ਗੋਇਲ, ਸਾਵਰ ਗਰਗ, ਜੈ ਕੁਮਾਰ ਜੈਨ, ਜੈ ਭਗਵਾਨ ਮਿੱਤਲ, ਸਤੀਸ਼ ਜਿੰਦਲ, ਮਹੇਸ਼ ਸਿੰਗਲ, ਮਯੰਕ ਗਰਗ, ਸੀਯਾਰਾਮ ਗੋਇਲ, ਅਸ਼ੋਕ ਕੁਮਾਰ ਜੈਨ, ਯੂਥ ਪ੍ਰਧਾਨ ਨੀਰਜ ਗੋਇਲ, ਮਨਿਸ ਗੋਇਲ, ਮਹੇਸ਼ ਸਿੰਗਲਾ ਆਦਿ ਹਾਜ਼ਰ ਸਨ।

# ਝੋਨੇ ਦੀ ਖ਼ਰੀਦ ਨਾ ਹੋਣ ਕਾਰਨ ਕਿਸਾਨ ਪ੍ਰੇਸ਼ਾਨ

**ਯਮੁਨਾਨਗਰ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਵੇਚਣ 'ਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫ਼ਸਲ ਦੀ ਖਰੀਦ ਹੋਣ ਕਾਰਨ ਅੱਜ ਕਿਸਾਨਾਂ ਤੇ ਇਨੈਲੋ ਆਗੂਆਂ ਵੱਲੋਂ ਸਥਾਨਕ ਅਨਾਜ ਮੰਡੀ ਵਿੱਚ ਹਰਿਆਣਾ ਸਰਕਾਰ ਖ਼ਿਲਾਫ਼ ਜ਼ੋਰਦਾਰ ਮੁਜ਼ਾਹਰਾ ਕੀਤਾ ਗਿਆ। ਇਸ ਦੌਰਾਨ ਇਨੈਲੋ ਆਗੂਆਂ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਕਿਸਾਨਾਂ ਨੂੰ ਖਰੀਦ ਲਈ ਮੰਡੀਆਂ ਵਿੱਚ ਰਾਤਾਂ ਕੱਟਣੀਆਂ ਪੈ ਰਹੀਆਂ ਹਨ। ਸਰਕਾਰੀ ਅਧਿਕਾਰੀ ਪੋਰਟਲ ਅਪਡੇਟ ਨਾ ਹੋਣ ਦਾ ਬਹਾਨਾ ਬਣਾ ਕੇ ਕਿਸਾਨਾਂ ਨੂੰ ਬੇਲੋੜਾ ਪ੍ਰੇਸ਼ਾਨ ਕਰ ਰਹੇ ਹਨ। ਝੋਨੇ ਦੀ ਚੁਕਾਈ ਰੁਕੀ ਹੋਈ ਹੈ ਕਿਉਂਕਿ 50 ਫ਼ੀਸਦ ਕਿਸਾਨਾਂ ਦੇ ਪੋਰਟਲ ਅਪਡੇਟ ਨਹੀਂ ਕੀਤੇ ਗਏ ਹਨ। ਇੰਡੀਅਨ ਨੈਸ਼ਨਲ ਲੋਕਦਲ ਦੇ ਸੂਬਾ ਜਨਰਲ ਸਕੱਤਰ ਮਹੀਪਾਲ ਭਗਵਾਨਗੜ੍ਹ ਅਤੇ ਜ਼ਿਲ੍ਹਾ ਪ੍ਰਧਾਨ ਰੋਸ਼ਨ ਲਾਲ ਨੇ ਕਿਹਾ ਕਿ ਹਾਲਾਂਕਿ ਸਰਕਾਰ ਦਾਅਵਾ ਕਰਦੀ ਹੈ ਕਿ ਮੰਡੀ ਵਿੱਚ ਫ਼ਸਲ ਪਹੁੰਚਣ ਦੇ 72 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਭੁਗਤਾਨ ਪਹੁੰਚ ਜਾਵੇਗਾ, ਪਰ ਅਸਲੀਅਤ ਇਸ ਦੇ ਉਲਟ ਹੈ।

ਜੇਕਰ ਚੁਕਾਈ ਅਤੇ ਪੋਰਟਲ ਅਪਡੇਟ ਸਮੇਂ ਸਿਰ ਨਹੀਂ ਹੁੰਦੇ ਤਾਂ ਖਰੀਦ ਪ੍ਰਕਿਰਿਆ ਅੱਗੇ ਨਹੀਂ ਵਧ ਸਕਦੀ ਅਤੇ ਜੇਕਰ ਖਰੀਦ ਵਿੱਚ ਹੀ ਕਈ ਦਿਨਾਂ ਦੀ ਦੇਰੀ ਹੋ ਜਾਂਦੀ ਹੈ ਤਾਂ 72 ਘੰਟਿਆਂ ਦੇ ਅੰਦਰ ਭੁਗਤਾਨ ਕਿਵੇਂ ਕੀਤਾ ਜਾ ਸਕਦਾ ਹੈ? 72 ਘੰਟਿਆਂ ਵਿੱਚ ਭੁਗਤਾਨ ਕਰਨ ਦੇ ਸਮੇਂ ਬਾਰੇ ਸਰਕਾਰ ਦਾ ਦਾਅਵਾ ਪੂਰੀ ਤਰ੍ਹਾਂ ਖੋਖਲਾ ਸਾਬਤ ਹੋ ਰਿਹਾ ਹੈ। ਇੰਡੀਅਨ ਨੈਸ਼ਨਲ ਲੋਕਦਲ ਦੇ ਅਹੁਦੇਦਾਰਾਂ ਨੇ ਅਨਾਜ ਮੰਡੀ ਦਾ ਦੌਰਾ ਕੀਤਾ ਅਤੇ ਝੋਨੇ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ।

ਇਸ ਮੌਕੇ ਜ਼ਾਹਿਦ ਖਾਨ, ਮੁਲਾਜ਼ਮ ਵਿੰਗ ਦੇ ਪ੍ਰਧਾਨ ਹਰੀਨਾਰਾਇਣ ਸ਼ਰਮਾ, ਹਲਕਾ ਪ੍ਰਧਾਨ ਮਾਨਿਕ ਸਿੰਗਲਾ, ਸਕੱਤਰ ਗੁਰਦਿਆਲ, ਸਰਵਪ੍ਰਿਯਾ ਜਠਲਾਨਾ, ਦੇਵੀ ਦਿਆਲ ਲੇਦੀ, ਭੂਰਾ ਸਰਪੰਚ, ਮਾਰੂਫ ਸਰਪੰਚ, ਦਫ਼ਤਰ ਇੰਚਾਰਜ ਸੁਰੇਸ਼ ਸ਼ਰਮਾ, ਅਰਜੁਨ ਸੁਢੈਲ ਅਤੇ ਸੀਨੀਅਰ ਆਗੂ ਮੰਗਤਰਾਮ ਸੈਣੀ, ਮਾਂਗੇ ਰਾਮ ਗੁੰਦਿਆਨੀ, ਸੁਭਾਸ਼ ਖੁਰਦਬਨ, ਜਗਦੀਸ਼ ਮਾਨ, ਬਿੱਟੂ ਤਿਆਗੀ, ਆਸ਼ਿਕ ਰਾਣਾ ਅਤੇ ਨੂਰ ਮੁਹੰਮਦ ਸਮੇਤ ਕਿਸਾਨ ਅਤੇ ਪਾਰਟੀ ਵਰਕਰ ਮੌਜੂਦ ਸਨ।

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਨਰਾਇਣਗੜ੍ਹ ਅਨਾਜ ਮੰਡੀ ਦਾ ਦੌਰਾ ਕਰ ਕੇ ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਕਿਸਾਨਾਂ ਨੂੰ ਮੰਡੀ ਵਿੱਚ ਕੋਈ ਸਮੱਸਿਆ ਨਾ ਆਵੇ ਅਤੇ ਖਰੀਦ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਚੱਲੇ।

# ਐੱਸ ਡੀ ਐੱਮ ਵੱਲੋਂ ਰਤੀਆ ਸ਼ਹਿਰ ਦਾ ਦੌਰਾ

**ਰਤੀਆ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਤੀਆ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ, ਸੜਕਾਂ ਦੀ ਸਥਿਤੀ ਅਤੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਜਨਤਕ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਐੱਸ ਡੀ ਐੱਮ ਸੁਰਿੰਦਰ ਸਿੰਘ ਨੇ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਦਾ ਦੌਰਾ ਕੀਤਾ ਹੈ। ਇਸ ਦੌਰਾਨ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਆਮ ਲੋਕਾਂ ਦੀਆਂ ਸਹੂਲਤਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ।

ਐੱਸ ਡੀ ਐੱਮ ਨੇ ਕਿਹਾ ਕਿ ਸ਼ਹਿਰ ਦੀ ਸਾਫ਼-ਸਫ਼ਾਈ, ਜਨਤਕ ਥਾਵਾਂ ਦੀ ਸੰਭਾਲ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਅਹਿਮ ਜ਼ਿੰਮੇਵਾਰੀ ਹੈ। ਨਿਰੀਖਣ ਦੌਰਾਨ ਐੱਸ ਡੀ ਐੱਮ ਨੇ ਸ਼ਹਿਰ ਦੀਆਂ ਅਹਿਮ ਥਾਵਾਂ 'ਤੇ ਸਫ਼ਾਈ ਪ੍ਰਬੰਧਾਂ ਬਾਰੇ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਵਿੱਚ ਨਿਯਮਤ ਤੌਰ 'ਤੇ ਸਾਫ਼-ਸਫ਼ਾਈ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਲੋਕਾਂ ਨੂੰ ਗੰਦਗੀ ਅਤੇ ਕੂੜੇ-ਕਰਕਟ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

# ਸੰਗਤ ਨੇ ਰਾਸ਼ਟਰਪਤੀ ਦੇ ਨਾਂ ਮੰਗ ਪੱਤਰ ਸੌਂਪਿਆ

**ਸ਼ਾਹਬਾਦ ਮਾਰਕੰਡਾ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੀ ਸਿੱਖ ਸੰਗਤ ਨੇ ਅੱਜ ਰੋਸ ਪ੍ਰਦਰਸ਼ਨ ਕਰਦਿਆਂ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ ਵਿਚ ਬੰਦ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਅਪੀਲ ਕੀਤੀ ਹੈ। ਸੰਗਤ ਕੁਰੂਕਸ਼ੇਤਰ ਦੇ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਇਕੱਤਰ ਹੋਈ ਅਤੇ ਅਰਦਾਸ ਕਰਨ ਮਗਰੋਂ ਡਿਪਟੀ ਕਮਿਸ਼ਨਰ ਦਫਤਰ ਪੁੱਜੀ। ਸੰਗਤ ਨੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਣ ਦੀ ਮੰਗ ਕੀਤੀ ਪਰ ਉਨ੍ਹਾਂ ਦੇ ਕਿਸੇ ਜ਼ਰੂਰੀ ਮੀਟਿੰਗ ਵਿਚ ਰੁੱਝੇ ਹੋਣ ਕਾਰਨ ਸੰਗਤ ਨੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਦੇ ਨਾਂ ਸੀ ਟੀ ਐੱਮ ਅਸ਼ਵਨੀ ਕੁਮਾਰ ਨੂੰ ਮੰਗ ਪੱਤਰ ਸੌਂਪਿਆ।

ਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਮੇਜਰ ਸਿੰਘ ਤੇ ਗੁਰਨਾਮ ਸਿੰਘ ਲਾਡੀ ਡਬਰੀ ਨੇ ਕਿਹਾ ਕਿ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ। ਇਸ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਦੀ ਮੰਗ ਹੈ ਕਿ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਰੋਸ ਪ੍ਰਗਟ ਕਰਦਿਆਂ ਹਰਕੀਰਤ ਸਿੰਘ ਨੇ ਕਿਹਾ ਕਿ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਬਹੁਤ ਬਿਮਾਰ ਹਨ ਪਰ ਉਨ੍ਹਾਂ ਨੂੰ ਮਿਲਣ ਲਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਵੀ ਨਹੀਂ ਦਿੱਤੀ ਜਾ ਰਹੀ।

# ਓਐੱਸਡੀ ਰਾਜਬੀਰ ਸਿੰਘ ਘੁੰਮਣ ਸੀਬੀਆਈ ਜਾਂਚ 'ਚ ਸ਼ਾਮਲ ਹੋਣ ਲਈ ਤਿਆਰ; ਪਰ ਸੰਮਨ ਮਿਲਣ 'ਤੇ: ਭਗਵੰਤ ਮਾਨ

ਚੰਡੀਗੜ੍ਹ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਸੀਬੀਆਈ (329) ਦੀ ਜਾਂਚ ਵਿੱਚ ਸ਼ਾਮਲ ਹੋਣ ਲਈ ਤਿਆਰ ਹਨ, ਬਸ਼ਰਤੇ ਉਨ੍ਹਾਂ ਨੂੰ ਸੰਮਨ ਪ੍ਰਾਪਤ ਹੋਣ।

ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਮਾਨ ਨੇ ਬੀਤੇ ਦਿਨ ਉਨ੍ਹਾਂ ਦੇ ਓਐੱਸਡੀ ਦੇ ਸੀਬੀਆਈ ਸਾਹਮਣੇ ਪੇਸ਼ ਨਾ ਹੋਣ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਨ੍ਹਾਂ ਨੂੰ ਅਜੇ ਸੰਮਨ ਤਾਮੀਲ ਹੀ ਨਹੀਂ ਕਰਵਾਏ ਗਏ ਸਨ। ਜ਼ਿਕਰਯੋਗ ਹੈ ਕਿ ਸੀਬੀਆਈ ਵੱਲੋਂ ਦਰਜ ਕੀਤੇ ਗਏ ਮਾਮਲੇ ਵਿੱਚ ਨਾਮਜ਼ਦ ਘੁੰਮਣ ਨੂੰ ਕੱਲ੍ਹ ਦੁਪਹਿਰ ਬਾਅਦ ਇੱਥੇ ਸੀਬੀਆਈ ਦਫ਼ਤਰ ਸੱਦਿਆ ਗਿਆ ਸੀ, ਪਰ ਉਹ ਉੱਥੇ ਨਹੀਂ ਪਹੁੰਚੇ ਸਨ।



ਆਪਣੇ ਕੈਂਪ ਦਫ਼ਤਰ 'ਤੇ ਸੀਬੀਆਈ ਦੇ ਛਾਪੇ ਬਾਰੇ ਪੁੱਛੇ ਜਾਣ 'ਤੇ ਮਾਨ ਨੇ ਉੱਤਰ ਦਿੰਦਿਆਂ ਕਿਹਾ ਕਿ ਇਹ ਭਾਜਪਾ ਵੱਲੋਂ ਪੰਜਾਬ ਵਿੱਚ ਆਪਣੀ ਚੋਣ ਮੁਹਿੰਮ ਸ਼ੁਰੂ ਕਰਨ ਦਾ ਬਿਆਨ ਹੈ। ਉਨ੍ਹਾਂ ਕਿਹਾ, ਪੱਛਮੀ ਬੰਗਾਲ ਚੋਣਾਂ ਤੋਂ ਮਹਿਜ਼ ਤਿੰਨ ਮਹੀਨੇ ਪਹਿਲਾਂ ਈਡੀ ਨੇ ਮਮਤਾ ਬੈਨਰਜੀ ਦੇ ਕਰੀਬੀਆਂ 'ਤੇ ਛਾਪੇਮਾਰੀ ਕੀਤੀ ਸੀ। ਦਿੱਲੀ ਵਿੱਚ ਵੀ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਨੂੰ ਝੂਠੇ ਕੇਸਾਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ। ਛੱਤੀਸਗੜ੍ਹ ਅਤੇ ਹਰਿਆਣਾ ਵਿੱਚ ਵੀ ਇਹੋ ਸਕ੍ਰਿਪਟ ਦੁਹਰਾਈ ਗਈ ਸੀ।

ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਸੀਬੀਆਈ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ 'ਤੇ ਐੱਫਆਈਆਰ ) ਦਰਜ ਕੀਤੀ ਹੈ, ਤਾਂ ਮਾਨ ਨੇ ਪਲਟਵਾਂ ਸਵਾਲ ਕੀਤਾ, ਕੀ ਤੁਸੀਂ ਨਹੀਂ ਜਾਣਦੇ ਕਿ ਅਦਾਲਤਾਂ ਕਿਵੇਂ ਕੰਮ ਕਰਦੀਆਂ ਹਨ? ਇਹ ਸਭ ਪਲਾਨਿੰਗ ਨਾਲ ਤਿਆਰ ਕੀਤਾ ਗਿਆ ਅਤੇ ਫਿਰ ਅਮਲ ਵਿੱਚ ਲਿਆਂਦਾ ਗਿਆ।

ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਤੋਂ ਇਲਾਵਾ ਹੋਰ ਕੋਈ ਅਜਿਹੀ ਪਾਰਟੀ ਨਹੀਂ ਹੈ ਜਿਸ ਨੇ ਭ੍ਰਿਸ਼ਟਾਚਾਰ ਖ਼ਤਮ ਕਰਨ ਲਈ ਕੰਮ ਕੀਤਾ ਹੋਵੇ। ਉਨ੍ਹਾਂ ਕਿਹਾ, ਅਸੀਂ ਸਰਕਾਰ ਵਿੱਚ ਪਾਰਦਰਸ਼ਤਾ ਲਿਆਉਣ ਲਈ ਸਾਰੇ ਸਿਸਟਮ ਆਨਲਾਈਨ ਕੀਤੇ ਹਨ। 'ਆਪ' ਦੇ ਆਗੂ ਅਤੇ ਵਰਕਰ ਸਿਆਸੀ ਪਰਿਵਾਰਾਂ ਤੋਂ ਨਹੀਂ ਹਨ, ਇਸ ਲਈ ਸਾਨੂੰ ਇਹ ਸਮਝ ਨਹੀਂ ਆਉਂਦੀ ਕਿ ਆਪਣਾ ਕਾਰੋਬਾਰ ਸਰਕਾਰੀ ਨੀਤੀਆਂ ਨਾਲ ਕਿਵੇਂ ਸੈੱਟ ਕਰਨਾ ਹੈ। ਲਗਾਏ ਗਏ ਸਾਰੇ ਦੋਸ਼ ਬਿਲਕੁਲ ਬੇਬੁਨਿਆਦ ਹਨ।

# ਪੰਜਾਬ ਨਿਵੇਸ਼ਕਾਂ ਲਈ ਬਣੇਗਾ ਮੁੱਖ ਤਰਜੀਹ, ਸਾਰੀਆਂ ਮਨਜ਼ੂਰੀਆਂ ਸਿੰਗਲ ਵਿੰਡੋ ਰਾਹੀਂ: ਮੁੱਖ ਮੰਤਰੀ

ਚੰਡੀਗੜ੍ਹ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਾਰੋਬਾਰ ਵਿੱਚ ਸੌਖ, ਪਾਰਦਰਸ਼ਤਾ ਅਤੇ ਰੋਜ਼ਗਾਰ ਪੈਦਾ ਕਰਨ 'ਤੇ ਨਵੇਂ ਸਿਰਿਓਂ ਧਿਆਨ ਕੇਂਦਰਿਤ ਕਰਦਿਆਂ ਪੰਜਾਬ ਨਿਵੇਸ਼ਕਾਂ ਲਈ ਤਰਜੀਹੀ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਸ ਦਿਸ਼ਾ ਵਿੱਚ ਚੰਡੀਗੜ੍ਹ ਵਿਖੇ 'ਹੁਨਰ ਪੰਜਾਬ' ਅਤੇ 'ਫਾਸਟ-ਟ੍ਰੈਕ ਪੰਜਾਬ' ਪੋਰਟਲ ਲਾਂਚ ਕੀਤੇ। ਉਨ੍ਹਾਂ ਕਿਹਾ ਕਿ ਇਹ ਨਵੇਂ ਪੋਰਟਲ 45 ਦਿਨਾਂ ਦੇ ਅੰਦਰ ਸਿੰਗਲ ਵਿੰਡੋ ਰਾਹੀਂ ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਯਕੀਨੀ ਬਣਾਉਣਗੇ, ਨਿਵੇਸ਼ਕਾਂ ਨੂੰ ਵਿੱਤੀ ਉਤਸ਼ਾਹ ਦੀ ਪਾਰਦਰਸ਼ੀ ਢੰਗ ਨਾਲ ਟਰੈਕਿੰਗ ਕਰਨ



ਦੇ ਯੋਗ ਬਣਾਉਣਗੇ ਅਤੇ ਉਦਯੋਗਾਂ ਨੂੰ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੋੜਨਗੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ 2022 ਤੋਂ ਲੈ ਕੇ ਹੁਣ ਤੱਕ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ, ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਦੀ ਪਹਿਲਕਦਮੀ ਸੂਬੇ ਦੇ ਨੌਜਵਾਨਾਂ ਲਈ ਪੰਜਾਬ ਦੇ ਅੰਦਰ ਹੀ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਮੁੜ 'ਰੰਗਲਾ ਪੰਜਾਬ' ਨੂੰ ਮੁੜ ਸਿਰਜਣਾ ਹੈ।

ਸੋਸ਼ਲ ਮੀਡੀਆ ਐਕਸ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ। ਨਿਵੇਸ਼ਕਾਂ ਦੇ ਇਸ ਭਰੋਸੇ ਨੂੰ ਬਣਾਈ ਰੱਖਣ ਲਈ ਅਸੀਂ ਅੱਜ ਦੋ ਪ੍ਰਮੁੱਖ ਪੋਰਟਲ ਲਾਂਚ ਕੀਤੇ ਹਨ। 'ਹੁਨਰ ਪੰਜਾਬ' ਪੋਰਟਲ ਸੂਬੇ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਉਦਯੋਗਾਂ ਨੂੰ ਹੁਨਰਮੰਦ ਕਾਮੇ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਨਿਵੇਸ਼ਕਾਂ ਨੂੰ ਉਪਲਬਧ ਸਹੂਲਤਾਂ ਅਤੇ ਵਿੱਤੀ ਰਿਆਇਤਾਂ ਬਾਰੇ ਪਾਰਦਰਸ਼ੀ ਜਾਣਕਾਰੀ ਪ੍ਰਦਾਨ ਕਰਨ ਲਈ 'ਫਾਸਟ-ਟ੍ਰੈਕ ਪੰਜਾਬ' ਦਾ 'ਫਾਈਨੈਂਸ਼ੀਅਲ ਇਨਸੈਂਟਿਵਜ਼ ਮੌਡਿਊਲ' (ਪਾਸਬੁੱਕ) ਲਾਂਚ ਕੀਤਾ ਗਿਆ ਹੈ। ਸਾਡਾ ਟੀਚਾ ਪੰਜਾਬ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਪਣੇ ਸੂਬੇ ਵਿੱਚ ਰੋਜ਼ਗਾਰ ਦੇਣਾ ਅਤੇ ਪੰਜਾਬ ਨੂੰ ਇਕ ਵਾਰ ਫਿਰ ਖ਼ੁਸ਼ਹਾਲ ਬਣਾਉਣਾ ਹੈ। ਇਨਕਲਾਬ ਜ਼ਿੰਦਾਬਾਦ।

ਪੋਰਟਲ ਲਾਂਚ ਕਰਨ ਤੋਂ ਬਾਅਦ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਨਰ ਪੰਜਾਬ ਅਤੇ ਫਾਸਟ-ਟ੍ਰੈਕ ਪੰਜਾਬ ਦੀ ਸ਼ੁਰੂਆਤ ਪੰਜਾਬ ਦੇ ਉਦਯੋਗ ਅਤੇ ਨੌਜਵਾਨਾਂ ਲਈ ਮਹੱਤਵਪੂਰਨ ਕਦਮ ਹੈ। 'ਹੁਨਰ ਪੰਜਾਬ' ਉਦਯੋਗ ਅਤੇ ਹੁਨਰਮੰਦ ਨੌਜਵਾਨਾਂ ਵਿਚਕਾਰ ਪਾੜੇ ਨੂੰ ਪੂਰਾ ਕਰੇਗਾ ਅਤੇ ਸੂਬੇ ਦੇ ਅੰਦਰ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇਗਾ।

ਮੁੱਖ ਮੰਤਰੀ ਨੇ ਨੋਟ ਕੀਤਾ, ਹੁਨਰ ਪੰਜਾਬ ਪੋਰਟਲ 'ਤੇ ਪਹਿਲਾਂ ਹੀ ਲਗਪਗ 1,750 ਸੰਸਥਾਵਾਂ ਰਜਿਸਟਰਡ ਹੋ ਚੁੱਕੀਆਂ ਹਨ ਅਤੇ ਉਦਯੋਗਿਕ ਖੇਤਰ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਸਥਾਨਕ ਹੁਨਰਮੰਦ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਵੇਗੀ। ਕੰਪਨੀਆਂ ਹੁਣ ਇਸ ਪਲੇਟਫਾਰਮ ਰਾਹੀਂ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੁੜ ਸਕਣਗੀਆਂ ਅਤੇ ਉਨ੍ਹਾਂ ਨੂੰ ਨੌਕਰੀ 'ਤੇ ਰੱਖ ਸਕਣਗੀਆਂ।

ਉਨ੍ਹਾਂ ਕਿਹਾ, ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਅਤੇ ਸਰਕਾਰੀ ਕੰਮਕਾਜ ਵਿੱਚ ਵਧੇਰੇ ਪਾਰਦਰਸ਼ਤਾ ਲਿਆਉਣ ਲਈ ਸਾਰੇ ਵਿਭਾਗਾਂ ਵਿੱਚ ਈ-ਆਫਿਸ ਅਤੇ ਆਨਲਾਈਨ ਪ੍ਰਣਾਲੀਆਂ ਲਾਗੂ ਕਰ ਦਿੱਤੀਆਂ ਹਨ। ਇਹ ਪ੍ਰਣਾਲੀਆਂ ਬੇਲੋੜੀ ਦੇਰੀ ਨੂੰ ਘਟਾ ਰਹੀਆਂ ਹਨ ਅਤੇ ਸਰਕਾਰੀ ਪ੍ਰਕਿਰਿਆਵਾਂ ਨੂੰ ਵਧੇਰੇ ਜਵਾਬਦੇਹ ਬਣਾ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਨੇ ਪਿਛਲੇ ਚਾਰ ਸਾਲਾਂ ਵਿੱਚ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਇਹ ਪੰਜਾਬ ਵਿੱਚ ਨਿਵੇਸ਼ਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

# ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਰਾਜਘਾਟ ਜਾ ਰਹੇ ਕਾਂਗਰਸੀ ਵਰਕਰਾਂ ਨੇ ਬੈਰੀਕੇਡ ਤੋੜੇ

ਨਵੀਂ ਦਿੱਲੀ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਥਿਤ ਵੋਟ ਚੋਰੀ ਅਤੇ ਵੋਟਰ ਸੂਚੀਆਂ ਵਿੱਚ ਬੇਨਿਯਮੀਆਂ ਦੇ ਵਿਰੋਧ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ 'ਇੰਡੀਆ' (9©491) ਗੱਠਜੋੜ ਦੇ ਵਿਰੋਧੀ ਨੇਤਾਵਾਂ ਅਤੇ ਕਾਂਗਰਸੀ ਵਰਕਰਾਂ ਨੇ ਬੁੱਧਵਾਰ ਨੂੰ ਰਾਜਧਾਨੀ ਦਿੱਲੀ ਵਿੱਚ ਜ਼ਬਰਦਸਤ ਪ੍ਰਦਰਸ਼ਨ ਕੀਤਾ। ਕਨਾਟ ਪਲੇਸ ਵਿਖੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਵੱਲੋਂ ਬੁਲਾਈ ਗਈ ਦੁਪਹਿਰ ਦੇ ਖਾਣੇ ਦੀ ਮੀਟਿੰਗ ਤੋਂ ਬਾਅਦ ਜਿਵੇਂ ਹੀ ਵਿਰੋਧੀ ਧਿਰ ਦੇ ਸੰਸਦ ਮੈਂਬਰ ਬੱਸਾਂ ਵਿੱਚ ਸਵਾਰ ਹੋ ਕੇ ਰਾਜਘਾਟ ਵੱਲ ਵਧੇ, ਤਾਂ ਮਾਹੌਲ ਤਣਾਅਪੂਰਨ ਹੋ ਗਿਆ। ਇਸ ਦੌਰਾਨ ਪ੍ਰਦਰਸ਼ਨ ਕਰ ਰਹੇ ਕਾਂਗਰਸੀ ਵਰਕਰਾਂ ਨੇ ਪੁਲਿਸ ਦੁਆਰਾ ਲਗਾਏ ਗਏ ਬੈਰੀਕੇਡ ਤੋੜ ਕੇ ਭਾਜਪਾ ਦਫ਼ਤਰ ਵੱਲ ਵਧਣ ਦੀ ਕੋਸ਼ਿਸ਼ ਕੀਤੀ, ਜਿਸ ਤੋਂ ਬਾਅਦ ਇਲਾਕੇ ਵਿੱਚ ਸੁਰੱਖਿਆ ਬਲ ਤਾਇਨਾਤ ਕਰ ਦਿੱਤੇ ਗਏ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ, ਟੀ.ਐੱਮ.ਸੀ. ਸੰਸਦ ਮੈਂਬਰ ਅਭਿਸ਼ੇਕ ਬੈਨਰਜੀ ਅਤੇ ਹੋਰ ਪ੍ਰਮੁੱਖ ਨੇਤਾਵਾਂ ਦੀ ਅਗਵਾਈ ਹੇਠ ਕਰੀਬ 300 ਵਿਰੋਧੀ ਮੈਂਬਰ ਸ਼ਾਂਤੀਪੂਰਨ ਪ੍ਰਦਰਸ਼ਨ ਲਈ ਬਾਹਰ ਨਿਕਲੇ ਸਨ। ਰਾਹੁਲ ਗਾਂਧੀ ਨੇ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ ਮਿਲ ਕੇ ਸੰਵਿਧਾਨ ਅਤੇ ਲੋਕਤੰਤਰ 'ਤੇ ਹਮਲਾ ਕਰ ਰਹੇ ਹਨ ਅਤੇ ਵਿਰੋਧੀ ਧਿਰ ਦੀ ਆਵਾਜ਼ ਨੂੰ ਦਬਾਉਣ ਲਈ ਪੁਲਿਸ ਵੱਲੋਂ ਸੰਸਦ ਮੈਂਬਰਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੋ ਦਿਨਾਂ ਤੋਂ ਉਨ੍ਹਾਂ ਨੂੰ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ ਤੋਂ ਰੋਕਿਆ ਜਾ ਰਿਹਾ ਹੈ।

ਦੂਜੇ ਪਾਸੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਕਿਹਾ ਕਿ ਵਿਰੋਧੀ ਧਿਰ ਬਾਪੂ ਦੀ ਸਮਾਧੀ 'ਤੇ ਬੈਠ ਕੇ ਪ੍ਰਾਰਥਨਾ ਕਰਨ ਜਾ ਰਹੀ ਸੀ ਤਾਂ ਜੋ ਸਰਕਾਰ ਨੂੰ ਸੰਵਿਧਾਨਕ ਅਧਿਕਾਰਾਂ ਅਤੇ ਵੋਟ ਪਾਉਣ ਦੇ ਅਧਿਕਾਰ ਦੀ ਰੱਖਿਆ ਕਰਨ ਦੀ ਸਮਝ ਆਵੇ। ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਚੋਣ ਕਮਿਸ਼ਨ ਦਫ਼ਤਰ, ਜੰਤਰ-ਮੰਤਰ ਅਤੇ ਰਾਜਘਾਟ ਦੇ ਆਸ-ਪਾਸ ਭਾਰੀ ਪੁਲਿਸ ਬਲ, ਰੈਪਿਡ ਐਕਸ਼ਨ ਫੋਰਸ ਅਤੇ ਦੰਗਾ ਵਿਰੋਧੀ ਵਾਹਨ ਤਾਇਨਾਤ ਕਰਕੇ ਇਲਾਕੇ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਕਾਂਗਰਸੀ ਆਗੂਆਂ ਨੇ ਸਾਫ਼ ਕੀਤਾ ਹੈ ਕਿ ਜਦੋਂ ਤੱਕ ਮੁੱਖ ਚੋਣ ਕਮਿਸ਼ਨਰ ਆਪਣੇ ਅਹੁਦੇ ਤੋਂ ਅਸਤੀਫ਼ਾ ਨਹੀਂ ਦਿੰਦੇ, ਇਹ ਅੰਦੋਲਨ ਦੇਸ਼ ਭਰ ਵਿੱਚ ਲਗਾਤਾਰ ਜਾਰੀ ਰਹੇਗਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਰੈਲੀ ਨੇ ਮਲਵਈ ਸਿਆਸਤ ਦੇ ਸਮੀਕਰਨ ਬਦਲੇ



ਪਟਿਆਲਾ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਕਾਲੀ ਦਲ ਵਾਰਸ ਪੰਜਾਬ ਦੇ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਦੀ ਅਗਵਾਈ ਵਿਚ ਪਟਿਆਲਾ ਦਿਹਾਤੀ ਹਲਕੇ ਦੀ ਹੋਈ 'ਪੰਥਕ ਇਕੱਤਰਤਾ' ਦੇ ਨਾਮ ਤੇ ਰੈਲੀ ਵਿਚ ਵਹੀਰਾਂ ਘਤ ਕੇ ਹਜ਼ਾਰਾਂ ਪੰਜਾਬੀ ਪੁੱਜੇ, ਰੈਲੀ ਵਿਚ ਵਿਧਾਨ ਸਭਾ ਚੋਣਾ ਵਿਚ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਦੇ ਨਾਲ ਨਾਲ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਜ਼ਾਦ ਕਰਾਉਣ ਦਾ ਐਲਾਨ ਕੀਤਾ ਗਿਆ। ਇਸ ਰੈਲੀ ਵਿਚ ਬੋਲਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਬਹਿਰੀਨ ਵਾਲੀ ਬੀਬੀ ਮਾਮਲੇ ਵਿਚ ਆਪਣੇ ਆਪ ਗੁਨਾਹ ਕਰਨ ਵਾਲੇ ਤੇ ਆਪ ਹੀ ਜਾਂਚ ਕਮੇਟੀ ਬਣਾਉਣ ਵਾਲੇ ਤੇ ਆਪ ਹੀ ਆਪਣੇ ਆਪ ਨੂੰ ਦੋਸ਼ ਮੁਕਤ ਕਰਨ ਵਾਲੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਤੁਰੰਤ ਅਸਤੀਫ਼ਾ ਦੇਣਾ ਪਵੇਗਾ।

ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਵਿਚ ਝੂਠੇ ਮੁਕਾਬਲਿਆਂ, ਨਸ਼ਿਆਂ ਨਾਲ ਮਰਦੇ ਮਾਵਾਂ ਦੇ ਪੁੱਤ, ਗੈਂਗਸਟਰਾਂ ਵੱਲੋਂ ਮੰਗੀਆਂ ਜਾਂਦੀਆਂ ਫਿਰੌਤੀਆਂ ਪੰਜਾਬ ਦੀ 'ਆਪ ਸਰਕਾਰ' ਵੱਲੋਂ ਠੱਲ੍ਹ ਪਾਉਣ ਦੀ ਬਜਾਇ ਸਗੋਂ ਪੰਜਾਬ ਨੂੰ ਲੁੱਟਣ ਲਈ ਕੰਮ ਕਰਨਾ ਲਗਾਤਾਰ ਜਾਰੀ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਥ ਨੇ ਸਿੱਖਾਂ ਨੂੰ ਸਿੱਖ ਸਿਧਾਂਤਾਂ ਅਨੁਸਾਰ ਰਸਤੇ ਦਿਖਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਥਾਪਨਾ ਕੀਤੀ ਸੀ ਪਰ ਅੱਜ ਉਹ ਸੱਤਾ ਦੇ ਲਾਲਚ ਵਿਚ ਸਿੱਖ ਸਿਧਾਂਤਾਂ ਤੋਂ ਭਟਕ ਚੁੱਕਿਆ ਹੈ ਇਸ ਕਰਕੇ ਸਮੁੱਚੇ ਪੰਥ ਨੂੰ ਅੱਜ ਅਜਿਹੀ ਪਾਰਟੀ ਦੀ ਲੋੜ ਹੈ ਜੋ ਪੰਜਾਬ, ਪੰਜਾਬੀਅਤ ਤੇ ਸਿੱਖ ਮਸਲਿਆਂ ਦਾ ਹੱਲ ਕਰ ਸਕੇ। ਜਿਸ ਲਈ ਵਾਰਸ ਪੰਜਾਬ ਦੇ ਜਥੇਬੰਦੀ ਨੇ ਆਪਣਾ ਵਜੂਦ ਬਣਾਇਆ ਹੈ, ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਹਮ ਖ਼ਿਆਲੀ ਪਾਰਟੀ ਨਾਲ ਸਮਝੌਤਾ ਕਰਨ ਲਈ ਉਨ੍ਹਾਂ ਦੇ ਰਸਤੇ ਖੁੱਲ੍ਹੇ ਹਨ। ਇਸ ਵੇਲੇ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਕੁਝ ਅਜਿਹੀਆਂ ਪੰਥ ਵਿਰੋਧੀ ਤਾਕਤਾਂ ਦੇ ਕਬਜ਼ੇ ਵਿਚ ਹੈ ਜਿਸ ਨੂੰ ਅਜ਼ਾਦ ਕਰਾਉਣਾ ਹੁਣ ਪੰਥ ਦੀ ਜ਼ਿੰਮੇਵਾਰੀ ਬਣਦੀ ਹੈ, ਸਾਡਾ ਧਿਆਨ ਬੇਸ਼ੱਕ ਵਿਧਾਨ ਸਭਾ ਚੋਣਾਂ ਵੱਲ ਜ਼ਿਆਦਾ ਹੈ ਪਰ ਸ਼੍ਰੋਮਣੀ ਕਮੇਟੀ ਵਿਚ ਹੋ ਰਹੀਆਂ ਆਪ ਹੁਦਰੀਆਂ ਨੂੰ ਠੱਲ੍ਹ ਪਾਉਣ ਲਈ ਉਹ ਹਰ ਤਰ੍ਹਾਂ ਦਾ ਕਦਮ ਚੁੱਕਣ ਲਈ ਤਿਆਰ ਹਨ।

# ਹੁਣ ਸਿੱਧੇ ਲਾਭਪਾਤਰੀਆਂ ਦੇ ਖਾਤਿਅ 'ਚ ਜਾਂਦੀ ਹੈ ਸਰਕਾਰੀ ਸਹਾਇਤਾ : ਪ੍ਰਧਾਨ ਮੰਤਰੀ ਮੋਦੀ

ਨਵੀਂ ਦਿੱਲੀ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੰਡੀਆ ਮੋਬਾਈਲ ਕਾਂਗਰਸ ਦੇ 10ਵੇਂ ਐਡੀਸ਼ਨ ਵਿਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਅੱਜ, 9 ਅਕਤੂਬਰ, ਭਾਰਤ ਲਈ ਇਕ ਖ਼ਾਸ ਦਿਨ ਹੈ ਕਿਉਂਕਿ ਅਸੀਂ ਇਸ ਦਿਨ ਨੂੰ ਭਾਰਤੀ ਹਵਾਈ ਸੈਨਾ ਦਿਵਸ ਵਜੋਂ ਮਨਾਉਂਦੇ ਹਾਂ। ਮੈਂ ਦੇਸ਼ ਵਾਸੀਆਂ ਨੂੰ ਹਵਾਈ ਸੈਨਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਾ ਹਾਂ। ਕੱਲ੍ਹ, ਮੈਂ ਸਰਕਾਰ ਦੇ ਮੁਖੀ ਵਜੋਂ 25 ਸਾਲ ਪੂਰੇ ਕੀਤੇ। ਮੈਂ ਭਾਰਤ ਦੇ ਹਰ ਨਾਗਰਿਕ ਅਤੇ ਦੋਸਤ ਦਾ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਲਈ ਧੰਨਵਾਦ ਕਰਦਾ ਹਾਂ।



ਉਨ੍ਹਾਂ ਕਿਹਾ, ਅੱਜ, ਸੈਂਕੜੇ ਸਰਕਾਰੀ ਸੇਵਾਵਾਂ ਮੋਬਾਈਲ ਫੋਨਾਂ 'ਤੇ ਉਪਲਬਧ ਹਨ। ਸਰਕਾਰੀ ਸਹਾਇਤਾ ਹੁਣ ਸਿੱਧੇ ਲਾਭਪਾਤਰੀਆਂ ਦੇ ਖਾਤਿਆਂ ਵਿਚ ਜਾਂਦੀ ਹੈ। ਡਾਇਰੈਕਟ ਬੈਨੀਫਿਟ ਟ੍ਰਾਂਸਫਰ ਰਾਹੀਂ, 50 ਲੱਖ ਕਰੋੜ ਰੁਪਏ ਦੀ ਰਕਮ ਲਾਭਪਾਤਰੀਆਂ ਦੇ ਮੋਬਾਈਲ ਫੋਨਾਂ ਨਾਲ ਜੁੜੇ ਬੈਂਕ ਖਾਤਿਆਂ ਵਿਚ ਪਹੁੰਚ ਗਈ। ਇਸ ਦੇ ਨਤੀਜੇ ਵਜੋਂ ਲਗਭਗ 5 ਲੱਖ ਕਰੋੜ ਰੁਪਏ ਦੀ ਬਚਤ ਹੋਈ।

ਇਹ ਕੋਈ ਛੋਟਾ ਅੰਕੜਾ ਨਹੀਂ ਹੈ; ਪੰਜ ਲੱਖ ਕਰੋੜ ਰੁਪਏ ਡਿੱਗਣ ਤੋਂ ਰੋਕੇ ਗਏ। ਹੁਣ ਮੈਨੂੰ ਦੱਸੋ, ਕੀ ਮੈਂ ਸਹੀ ਕੰਮ ਕਰਾਂਗਾ ਜਾਂ ਨਹੀਂ? ਭਾਵੇਂ ਉਹ ਕਿੰਨਾ ਵੀ ਰੌਲਾ ਪਾਉਣ ਜਾਂ ਚੀਕਣ।

# ਪੰਜਾਬ ਅਤੇ ਪੰਜਾਬੀਆਂ ਦੇ ਭਲੇ ਲਈ ਅਕਾਲੀ ਦਲ ਨੂੰ ਸੱਤਾ ਵਿੱਚ ਲਿਆਓ : ਸੁਖਬੀਰ ਸਿੰਘ ਬਾਦਲ



ਲਹਿਰਾਗਾਗਾ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਲਹਿਰਾਗਾਗਾ ਵਿਖੇ ਨਗਰ ਕੌਂਸਲ ਦੀ ਸਾਬਕਾ ਪ੍ਰਧਾਨ ਬਲਵਿੰਦਰ ਕੌਰ ਦੇ ਘਰ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧੇ।

ਸੀ.ਬੀ.ਆਈ. ਦੀ ਕਾਰਵਾਈ ਦਾ ਜ਼ਿਕਰ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਦਾਅਵਾ ਕੀਤਾ ਕਿ ਸੀ.ਬੀ.ਆਈ. ਦੇ ਡਰ ਕਾਰਨ ਮੁੱਖ ਮੰਤਰੀ ਭਗਵੰਤ ਮਾਨ, ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੇ ਰਿਸ਼ਤੇਦਾਰ ਵੀ ਭੱਜ ਗਏ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਵਲੋਂ ਲੋਕਾਂ ਸਾਹਮਣੇ ਵੱਖ-ਵੱਖ ਦਾਅਵੇ ਕੀਤੇ ਜਾਂਦੇ ਹਨ, ਪਰ ਜਦੋਂ ਜਾਂਚ ਏਜੰਸੀਆਂ ਦੀ ਕਾਰਵਾਈ ਦੀ ਗੱਲ ਆਉਂਦੀ ਹੈ ਤਾਂ ਉਨ੍ਹਾਂ ਦਾ ਰਵੱਈਆ ਬਦਲ ਜਾਂਦਾ ਹੈ। ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕਥਿਤ ਕਲੀਨ ਚਿੱਟ ਦੇ ਮੁੱਦੇ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਨੂੰ ਲੋਕਾਂ ਸਾਹਮਣੇ ਆਪਣੀ ਕਾਰਗੁਜ਼ਾਰੀ ਅਤੇ ਜਾਂਚ ਨਾਲ ਸੰਬੰਧਿਤ ਮਾਮਲਿਆਂ ਬਾਰੇ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਭਾਜਪਾ ਦਾ ਬਚਾਅ ਕਰਦਿਆਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਕਰਾਰ ਦਿੱਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਪੰਜਾਬੀਆਂ ਦੇ ਭਲੇ ਲਈ ਅਕਾਲੀ ਦਲ (ਬਾਦਲ) ਨੂੰ ਸੱਤਾ ਵਿਚ ਲਿਆਓ।

# ਗੁਰਦੁਆਰਾ ਆਲਮਗੀਰ ਘਟਨਾ 'ਤੇ ਜਥੇਦਾਰ ਗੜਗੱਜ ਵੱਲੋਂ ਗੁਰੂ ਘਰਾਂ ਨੇੜੇ ਨਜਾਇਜ਼ ਕਬਜ਼ਿਆਂ ਖ਼ਿਲਾਫ਼ ਕਾਰਵਾਈ ਦੇ ਆਦੇਸ਼

ਅੰਮ੍ਰਿਤਸਰ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲੁਧਿਆਣਾ ਜ਼ਿਲ੍ਹੇ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਦੇ ਲੰਗਰ ਹਾਲ 'ਤੇ ਕੁਝ ਲੋਕਾਂ ਵੱਲੋਂ ਇੱਟਾਂ-ਰੋੜਿਆਂ ਨਾਲ ਕੀਤੇ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਮੁਲਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।



ਉਨ੍ਹਾਂ ਦੱਸਿਆ ਕਿ ਗੁਰਦੁਆਰਾ ਪ੍ਰਬੰਧਕਾਂ, ਸਥਾਨਕ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਸਿੱਖ ਆਗੂਆਂ ਨੇ ਮੁਲਜ਼ਮਾਂ ਨੂੰ ਜੇਲ੍ਹ ਭਿਜਵਾ ਕੇ ਕਬਜ਼ੇ ਖਾਲੀ ਕਰਵਾ ਦਿੱਤੇ ਹਨ, ਪਰ ਇਸ ਘਟਨਾ ਪਿੱਛੇ ਕੰਮ ਕਰਦੀ ਮਾਨਸਿਕਤਾ ਪੰਜਾਬ ਦੀ ਭਾਈਚਾਰਕ ਸਾਂਝ ਲਈ ਚਿੰਤਾਜਨਕ ਹੈ। ਸੂਬਾ ਸਰਕਾਰ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੋਈ ਵੀ ਬਾਹਰੀ ਵਿਅਕਤੀ ਗ਼ੈਰ-ਕਾਨੂੰਨੀ ਕਬਜ਼ੇ ਨਾ ਕਰੇ। ਉਨ੍ਹਾਂ ਇਸ ਨੂੰ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਵੱਡੀ ਅਣਗਹਿਲੀ ਕਰਾਰ ਦਿੱਤਾ। ਜਥੇਦਾਰ ਗੜਗੱਜ ਨੇ ਸ਼੍ਰੋਮਣੀ ਕਮੇਟੀ ਪਾਸੋਂ ਸਮੁੱਚੀ ਰਿਪੋਰਟ ਮੰਗਦਿਆਂ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਅਤੇ ਪੁਲੀਸ ਕਮਿਸ਼ਨਰ ਨੂੰ ਪੱਤਰ ਲਿਖ ਕੇ ਸਖ਼ਤ ਕਾਰਵਾਈ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ ਹਨ। ਨਾਲ ਹੀ, ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨਾਲ ਲਿਖਾਪੜ੍ਹੀ ਕਰਕੇ ਇਤਿਹਾਸਕ ਗੁਰੂ ਘਰਾਂ ਨੇੜੇ ਨਜਾਇਜ਼ ਕਬਜ਼ੇ ਰੋਕਣ ਲਈ ਕਿਹਾ ਹੈ।

ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਤੋਂ ਹਰ ਲੋੜਵੰਦ ਨੂੰ ਲੰਗਰ ਛਕਾਇਆ ਜਾਂਦਾ ਹੈ, ਪਰ ਜੇਕਰ ਕੋਈ ਧਾੜਵੀ ਬਣ ਕੇ ਹਮਲਾ ਕਰੇਗਾ ਤਾਂ ਸਿੱਖ ਇਸ ਨੂੰ ਬਰਦਾਸ਼ਤ ਨਹੀਂ ਕਰਨਗੇ। ਇਸ ਤੋਂ ਇਲਾਵਾ, ਉਨ੍ਹਾਂ ਘਟਨਾ ਨਾਲ ਜੋੜ ਕੇ 19 (ਏ-ਆਈ) ਰਾਹੀਂ ਨਕਲੀ ਤਸਵੀਰਾਂ ਵਾਇਰਲ ਕਰਨ 'ਤੇ ਚਿੰਤਾ ਜਤਾਈ ਅਤੇ ਮਾਹੌਲ ਖਰਾਬ ਹੋਣ ਤੋਂ ਬਚਣ ਲਈ ਤਕਨਾਲੋਜੀ ਦੀ ਸਕਾਰਾਤਮਕ ਵਰਤੋਂ ਕਰਨ ਦੀ ਅਪੀਲ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਦੇ ਲੰਗਰ ਹਾਲ 'ਚ ਵਾਪਰੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਕੇ ਲੰਗਰ ਦੀ ਸੇਵਾ ਵਾਲੀ ਥਾਂ ਨੂੰ ਨਿਸ਼ਾਨਾ ਬਣਾਉਣਾ ਬੇਹੱਦ ਗੰਭੀਰ ਮਾਮਲਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਗੁਰਦੁਆਰਾ ਸਾਹਿਬ ਸੰਗਤ ਲਈ ਆਸਥਾ ਤੇ ਬਰਾਬਰੀ ਦਾ ਕੇਂਦਰ ਹਨ। ਧਾਮੀ ਨੇ ਹਲਕਾ ਮੈਂਬਰ ਤੇ ਮੈਨੇਜਰ ਨੂੰ ਨਿਰਦੇਸ਼ ਦੇਣ ਦੇ ਨਾਲ-ਨਾਲ ਪੁਲੀਸ ਪ੍ਰਸ਼ਾਸਨ ਕੋਲੋਂ ਮਾਮਲੇ ਦੀ ਨਿਰਪੱਖ ਜਾਂਚ ਅਤੇ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

# ਸੋਸ਼ਲ ਮੀਡੀਆ ਇਨਫਲੂਐਂਸਰ 'ਮੈਡ ਸੰਧੂ' ਕਤਲ ਕਾਂਡ 'ਚ ਵੱਡੀ ਸਫ਼ਲਤਾ: 6 ਜਣੇ ਕੀਤੇ ਗ੍ਰਿਫ਼ਤਾਰ



ਅੰਮ੍ਰਿਤਸਰ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਗੁਜਰਾਤ ਪੁਲਿਸ ਨਾਲ ਚਲਾਏ ਗਏ ਇੱਕ ਸਾਂਝੇ ਆਪ੍ਰੇਸ਼ਨ ਦੌਰਾਨ ਮਸ਼ਹੂਰ ਸੋਸ਼ਲ ਮੀਡੀਆ ਪ੍ਰਭਾਵਕ (ਇਨਫਲੂਐਂਸਰ) ਮਧੂਸੂਦਨ ਸਿੰਘ ਉਰਫ਼ 'ਮੈਡ ਸੰਧੂ' ਦੇ ਸਨਸਨੀਖੇਜ਼ ਕਤਲ ਕੇਸ ਦੀ ਗੁੱਥੀ ਸੁਲਝਾਉਂਦਿਆਂ ਮੁੱਖ ਸ਼ੂਟਰ ਸਮੇਤ 6 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜ਼ਿਕਰਯੋਗ ਹੈ ਕਿ 3 ਅਕਤੂਬਰ, 2026 ਦੀ ਸ਼ਾਮ ਨੂੰ ਅੰਮ੍ਰਿਤਸਰ ਦੇ ਲੋਹਾਰਕਾ ਰੋਡ 'ਤੇ ਮੈਡ ਸੰਧੂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਭੁਪਿੰਦਰ ਸਿੰਘ ਦੀ ਸ਼ਿਕਾਇਤ 'ਤੇ ਥਾਣਾ ਛਾਉਣੀ ਅੰਮ੍ਰਿਤਸਰ ਵਿਖੇ ਬੀ.ਐੱਨ.ਐੱਸ. ਦੀਆਂ ਸਬੰਧਤ ਧਾਰਾਵਾਂ ਅਤੇ ਅਸਲਾ ਐਕਟ ਤਹਿਤ ਮੁਕੱਦਮਾ ਨੰਬਰ 186 ਦਰਜ ਕੀਤਾ ਗਿਆ ਸੀ। ਤਕਨੀਕੀ ਜਾਂਚ, ਮਨੁੱਖੀ ਖੁਫ਼ੀਆ ਤੰਤਰ ਅਤੇ ਲਗਾਤਾਰ ਖੋਜ ਤੋਂ ਬਾਅਦ ਪੁਲਿਸ ਟੀਮ ਨੇ ਗੁਜਰਾਤ ਪੁਲਿਸ ਦੇ ਸਹਿਯੋਗ ਨਾਲ ਮੁੱਖ ਦੋਸ਼ੀ ਅਤੇ ਸ਼ੂਟਰ ਪਰਮਿੰਦਰ ਉਰਫ਼ ਕਾਕਾ (ਵਾਸੀ ਲੋਹੀਆਂ ਖਾਸ, ਜਲੰਧਰ) ਸਮੇਤ ਛੇ ਮੁਲਜ਼ਮਾਂ ਨੂੰ ਟਰੇਸ ਕਰਕੇ ਕਾਬੂ ਕੀਤਾ। ਗ੍ਰਿਫ਼ਤਾਰ ਕੀਤੇ ਗਏ ਹੋਰ ਮੁਲਜ਼ਮਾਂ ਵਿੱਚ ਅਮਨਦੀਪ ਸਿੰਘ (ਤਾਸ਼ਪੁਰ, ਕਪੂਰਥਲਾ), ਪਰਮਵੀਰ ਸਿੰਘ (ਲੋਹੀਆਂ ਖਾਸ, ਜਲੰਧਰ), ਬਲਜਿੰਦਰ ਸਿੰਘ ਉਰਫ਼ ਲਾਲੀ (ਦਲਾਵਰਪੁਰ, ਤਰਨਤਾਰਨ), ਬਲਰਾਜ ਸਿੰਘ ਉਰਫ਼ ਬੰਟੀ ਅਤੇ ਵਿਕਾਸ ਸਿੰਘ (ਦੋਵੇਂ ਵਾਸੀ ਖਲਚੀਆ, ਅੰਮ੍ਰਿਤਸਰ ਦਿਹਾਤੀ) ਸ਼ਾਮਲ ਹਨ।

ਅੰਮ੍ਰਿਤਸਰ ਪੁਲਿਸ ਦੀ ਇੱਕ ਵਿਸ਼ੇਸ਼ ਟੀਮ ਮੁੱਖ ਸ਼ੂਟਰ ਪਰਮਿੰਦਰ ਉਰਫ਼ ਕਾਕਾ ਨੂੰ ਰਸਮੀ ਤੌਰ 'ਤੇ ਹਿਰਾਸਤ 'ਚ ਲੈਣ ਲਈ ਹਵਾਈ ਰਸਤੇ ਗੁਜਰਾਤ ਰਵਾਨਾ ਹੋ ਚੁੱਕੀ ਹੈ। ਲੋੜੀਂਦੀਆਂ ਕਾਨੂੰਨੀ ਰਸਮਾਂ ਪੂਰੀਆਂ ਕਰਨ ਤੋਂ ਬਾਅਦ ਦੋਸ਼ੀ ਨੂੰ ਡੂੰਘਾਈ ਨਾਲ ਪੁੱਛਗਿੱਛ ਲਈ ਅੰਮ੍ਰਿਤਸਰ ਲਿਆਂਦਾ ਜਾਵੇਗਾ। ਮੁਢਲੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਮੁਲਜ਼ਮਾਂ ਨੇ ਇਹ ਕਤਲ ਤਰਨਤਾਰਨ ਦੇ ਗੈਂਗਸਟਰ ਜੱਗਾ ਗੈਂਗ ਦੇ ਇਸ਼ਾਰੇ 'ਤੇ ਕੀਤਾ ਸੀ। ਪੁਲਿਸ ਅਨੁਸਾਰ ਘਟਨਾ ਨਾਲ ਜੁੜੇ ਬਾਕੀ ਚਿਹਰਿਆਂ ਅਤੇ ਵਾਰਦਾਤ ਦੇ ਪਿੱਛੇ ਦੀ ਪੂਰੀ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਲਈ ਅੱਗੇ ਦੀ ਜਾਂਚ ਜਾਰੀ ਹੈ।

# ਨਵੀਂ ਲੀਡਰਸ਼ਿਪ ਨਾਲ 2027 'ਚ ਵਾਪਸੀ ਦੇ ਦਾਅਵੇ ਨਾਲ ਮੈਦਾਨ 'ਚ ਉੱਤਰੀ ਪੰਜਾਬ ਕਾਂਗਰਸ

ਅੰਮ੍ਰਿਤਸਰ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨੇ ਵੀਰਵਾਰ ਨੂੰ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਦੋਵਾਂ ਆਗੂਆਂ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਫੇਰੀ ਦਾ ਮੁੱਖ ਮਕਸਦ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਇੱਕਜੁੱਟਤਾ ਦਾ ਸੁਨੇਹਾ ਦੇਣਾ ਸੀ। ਇਸ ਮੌਕੇ ਵੱਖ-ਵੱਖ ਹਲਕਿਆਂ ਤੋਂ ਕਈ ਸੀਨੀਅਰ ਆਗੂ, ਮੌਜੂਦਾ ਤੇ ਸਾਬਕਾ ਵਿਧਾਇਕ, ਸਾਬਕਾ ਮੰਤਰੀ ਅਤੇ ਪਾਰਟੀ ਵਰਕਰ ਉਨ੍ਹਾਂ ਦੇ ਨਾਲ ਸਨ।



ਹਾਲਾਂਕਿ, ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਇਸ ਮੌਕੇ ਗੈਰ-ਹਾਜ਼ਰ ਰਹੇ, ਕਿਉਂਕਿ ਉਹ ਦਿੱਲੀ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਸਨ।

ਇਸ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਅਤੇ ਸਚਿਨ ਪਾਇਲਟ ਵੀਰਵਾਰ ਸਵੇਰੇ ਇੱਥੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚੇ। ਇਸ ਮੌਕੇ ਪਾਰਟੀ ਅੰਦਰ ਤਾਕਤ ਅਤੇ ਏਕਤਾ ਦੇ ਪ੍ਰਦਰਸ਼ਨ ਵਜੋਂ ਉਨ੍ਹਾਂ ਦਾ ਸਵਾਗਤ ਕਰਨ ਲਈ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਇਕੱਠੇ ਹੋਏ।

ਹਵਾਈ ਅੱਡੇ 'ਤੇ ਕਾਂਗਰਸੀ ਵਰਕਰਾਂ ਦਾ ਇੱਕ ਉਤਸ਼ਾਹੀ ਇਕੱਠ ਦੇਖਣ ਨੂੰ ਮਿਲਿਆ, ਜਿਸ ਵਿੱਚ ਪਾਰਟੀ ਸਮਰਥਕ ਵੱਡੀ ਗਿਣਤੀ ਵਿੱਚ ਪਹੁੰਚੇ ਅਤੇ ਢੋਲ ਦੀਆਂ ਥਾਪਾਂ ਅਤੇ ਨਾਅਰੇਬਾਜ਼ੀ ਦੇ ਨਾਲ ਪਰਗਟ ਸਿੰਘ ਦਾ ਸਵਾਗਤ ਕੀਤਾ। ਕਈ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਵੀ ਆਪਣੇ ਸਮਰਥਕਾਂ ਸਮੇਤ ਹਵਾਈ ਅੱਡੇ 'ਤੇ ਪਹੁੰਚੇ।

ਇਸ ਤੋਂ ਬਾਅਦ ਦਰਬਾਰ ਸਾਹਿਬ ਨਤਮਸਤਕ ਹੋਣ ਸਮੇਂ ਪਰਗਟ ਸਿੰਘ ਨੇ ਇੱਥੇ ਪੁੱਜੇ ਕਾਂਗਰਸੀ ਵਰਕਰਾਂ ਅਤੇ ਪ੍ਰਸ਼ੰਸਕਾਂ ਦਾ ਧੰਨਵਾਦ ਕੀਤਾ। ਭਾਵੇਂ ਉਨ੍ਹਾਂ ਨੇ ਆਖਿਆ ਸੀ ਕਿ ਉਹ ਇੱਕ ਨਿਮਾਣੇ ਸਿੱਖ ਵਜੋਂ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣਗੇ ਪਰ ਫਿਰ ਵੀ ਕਈ ਕਾਂਗਰਸੀ ਆਗੂ ਤੇ ਵਰਕਰ ਇੱਥੇ ਪਹਿਲਾਂ ਹੀ ਪੁੱਜੇ ਹੋਏ ਸਨ। ਜ਼ਿਕਰਯੋਗ ਹੈ ਕਿ ਹਵਾਈ ਅੱਡੇ ਤੋਂ ਸਚਿਨ ਪਾਇਲਟ ਨੇ ਕਾਰ ਨੂੰ ਡਰਾਈਵ ਕੀਤਾ, ਜਿਸ ਵਿੱਚ ਪ੍ਰਗਟ ਸਿੰਘ ਬੈਠੇ ਹੋਏ ਸਨ। ਉਹ ਦੋਵੇਂ ਹੀ ਇਕੱਠੇ ਹਰਿਮੰਦਰ ਸਾਹਿਬ ਪੁੱਜੇ।

ਸਵਾਗਤ ਕਰਨ ਲਈ ਪੁੱਜੇ ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਨੇ ਆਖਿਆ ਕਿ ਪਰਗਟ ਸਿੰਘ ਵੱਲੋਂ ਆਖਿਆ ਗਿਆ ਸੀ ਕਿ ਉਹ ਨਿਮਾਣੇ ਸਿੱਖ ਵੱਜੋਂ ਸ੍ਰੀ ਹਰਿਮੰਦਰ ਸਾਹਿਬ ਜਾਣਾ ਚਾਹੁੰਦੇ ਹਨ ਅਤੇ ਇਸੇ ਕਾਰਨ ਹਵਾਈ ਅੱਡੇ ਵਿਖੇ ਹੀ ਵਧੇਰੇ ਜੋਸ਼ ਤੇ ਢੋਲ ਢਮੱਕੇ ਨਾਲ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਸਾਬਕਾ ਵਿਧਾਇਕ ਰਾਜਕੁਮਾਰ ਵੇਰਕਾ ਨੇ ਆਖਿਆ ਕਿ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਸਮੁੱਚੀ ਕਾਂਗਰਸ ਇੱਕਜੁੱਟ ਹੋਵੇਗੀ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਚੰਗੇ ਨਤੀਜੇ ਸਾਹਮਣੇ ਆਉਣਗੇ। ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਆਖਿਆ ਕਿ ਪ੍ਰਗਟ ਸਿੰਘ ਇਕ ਚੰਗੇ ਇਨਸਾਨ ਹਨ ਅਤੇ ਚੰਗੇ ਖਿਡਾਰੀ ਰਹੇ ਹਨ। ਉਹ ਇੱਕ ਚੰਗੇ ਟੀਮ ਆਗੂ ਵੀ ਹਨ ਅਤੇ ਉਹ ਸਾਰੀ ਟੀਮ ਨੂੰ ਨਾਲ ਲੈ ਕੇ ਚੱਲਣ ਦੀ ਸਮਰੱਥਾ ਰੱਖਦੇ ਹਨ।

ਨਸ਼ੇ ਤੇ ਭ੍ਰਿਸ਼ਟਾਚਾਰ ਮੁੱਖ ਚੁਣੌਤੀਆਂ

ਸਚਿਨ ਪਾਇਲਟਸਚਿਨ ਪਾਇਲਟ ਨੇ ਆਸ ਪ੍ਰਗਟਾਈ ਕਿ ਆਉਣ ਵਾਲੇ ਸਾਲ ਪੰਜਾਬ ਅਤੇ ਨੌਜਵਾਨ ਪੀੜ੍ਹੀ ਲਈ ਬਿਹਤਰ ਭਵਿੱਖ ਲੈ ਕੇ ਆਉਣਗੇ। ਉਨ੍ਹਾਂ ਨਸ਼ਾਖੋਰੀ ਅਤੇ ਭ੍ਰਿਸ਼ਟਾਚਾਰ ਨੂੰ ਸੂਬੇ ਦੀਆਂ ਪ੍ਰਮੁੱਖ ਚੁਣੌਤੀਆਂ ਕਰਾਰ ਦਿੰਦਿਆਂ ਪੰਜਾਬ ਦੀ ਖੁਸ਼ਹਾਲੀ ਬਹਾਲ ਕਰਨ ਅਤੇ ਵਿਕਾਸ ਨੂੰ ਤੇਜ਼ ਕਰਨ ਲਈ ਸਾਂਝੇ ਯਤਨਾਂ ਦਾ ਸੱਦਾ ਦਿੱਤਾ।

ਪਾਇਲਟ ਨੇ ਕਿਹਾ ਕਿ ਕਾਂਗਰਸ ਨੇ ਪ੍ਰਗਟ ਸਿੰਘ ਨੂੰ ਸੂਬਾ ਇਕਾਈ ਦੀ ਅਗਵਾਈ ਦੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਉਨ੍ਹਾਂ ਨੂੰ ਭਰੋਸਾ ਹੈ ਕਿ ਰਾਹੁਲ ਗਾਂਧੀ ਦੀ ਅਗਵਾਈ ਹੇਠ ਸਾਰੇ ਜ਼ਿਲ੍ਹਿਆਂ ਤੇ ਹਲਕਿਆਂ ਦੇ ਆਗੂ ਮਿਲ ਕੇ ਕੰਮ ਕਰਨਗੇ। ਦੇਸ਼ 'ਚ ਪੰਜਾਬ ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਸੂਬਾ ਨਾ ਸਿਰਫ਼ ਕਾਂਗਰਸ ਲਈ ਸਗੋਂ ਪੂਰੇ ਦੇਸ਼ ਲਈ ਅਹਿਮ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਇੱਕਜੁੱਟ ਹੋ ਕੇ ਲੜੇਗੀ ਅਤੇ ਬਹੁਮਤ ਹਾਸਲ ਕਰਕੇ ਪੰਜਾਬ ਵਿੱਚ ਸਰਕਾਰ ਬਣਾਏਗੀ।

# ਕੇਂਦਰ ਵੱਲੋਂ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦਾ ਵਿਰੋਧ

ਨਵੀਂ ਦਿੱਲੀ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰ ਨੇ ਮੌਤ ਦੀ ਸਜ਼ਾ ਕੱਟ ਰਹੇ ਕੈਦੀ ਬਲਵੰਤ ਸਿੰਘ ਰਾਜੋਆਣਾ ਵੱਲੋਂ 1995 ਦੇ ਬੇਅੰਤ ਸਿੰਘ ਕਤਲ ਕੇਸ ਵਿੱਚ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਲਈ ਦਾਖ਼ਲ ਕੀਤੀ ਗਈ ਅਰਜ਼ੀ ਦਾ ਵਿਰੋਧ ਕੀਤਾ ਹੈ।



30 ਸਾਲਾਂ ਤੋਂ ਵੱਧ ਸਮੇਂ ਤੋਂ ਹਿਰਾਸਤ ਵਿੱਚ ਚੱਲੇ ਆ ਰਹੇ ਰਾਜੋਆਣਾ ਨੇ 2012 ਤੋਂ ਰਾਸ਼ਟਰਪਤੀ ਕੋਲ ਲੰਬਿਤ ਪਈ ਰਹਿਮ ਦੀ ਅਪੀਲ 'ਤੇ ਫੈਸਲਾ ਲੈਣ ਵਿੱਚ ਹੋ ਰਹੀ ਦੇਰੀ ਨੂੰ ਲੈ ਕੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਕੇਂਦਰ ਵੱਲੋਂ ਪੇਸ਼ ਹੋਏ ਵਧੀਕ ਸੌਲਿਸਟਰ ਜਨਰਲ ਕੇ.ਐੱਮ. ਨਟਰਾਜ ਨੇ ਜਸਟਿਸ ਵਿਕਰਮ ਨਾਥ ਦੀ ਅਗਵਾਈ ਵਾਲੇ ਬੈਂਚ ਨੂੰ ਦੱਸਿਆ ਕਿ ਕੇਂਦਰ ਨੂੰ ਇਸ ਮੰਗ 'ਤੇ ਇਤਰਾਜ਼ ਹੈ ਅਤੇ ਸੂਬੇ ਵਿੱਚ ਸਥਿਤੀ ਨੂੰ ਦੇਖਦਿਆਂ ਕੋਈ ਵੀ ਫ਼ੈਸਲਾ ਲੈਣਾ ਅਨੁਕੂਲ ਨਹੀਂ ਹੋਵੇਗਾ।

ਅਰਜ਼ੀ ਪ੍ਰਤੀ ਕੇਂਦਰ ਦੇ ਵਿਰੋਧ ਨੂੰ ਦੇਖਦਿਆਂ ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਅਪਰੇਸ਼ ਕੁਮਾਰ ਸਿੰਘ ਵਾਲੇ ਬੈਂਚ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਗੁਣਵੱਤਾ (ਮੈਰਿਟ) 'ਤੇ ਸੁਣਵਾਈ ਜਾਰੀ ਰੱਖੇਗਾ। ਨਟਰਾਜ ਵੱਲੋਂ ਕੇਸ ਦੀ ਤਿਆਰੀ ਲਈ ਸਮਾਂ ਮੰਗਣ ਤੋਂ ਬਾਅਦ ਅਦਾਲਤ ਨੇ ਇਸ ਮਾਮਲੇ ਦੀ ਸੁਣਵਾਈ 29 ਅਕਤੂਬਰ ਲਈ ਤੈਅ ਕਰ ਦਿੱਤੀ। ਬੱਬਰ ਖਾਲਸਾ ਨਾਲ ਜੁੜੇ ਰਾਜੋਆਣਾ ਨੂੰ ਤਤਕਾਲੀ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਵਿੱਚ ਉਸ ਦੀ ਭੂਮਿਕਾ ਲਈ ਦੋਸ਼ੀ ਪਾਇਆ ਗਿਆ ਸੀ। ਬੇਅੰਤ ਸਿੰਘ ਨੂੰ 31 ਅਗਸਤ, 1995 ਨੂੰ ਚੰਡੀਗੜ੍ਹ ਵਿੱਚ ਪੰਜਾਬ ਅਤੇ ਹਰਿਆਣਾ ਸਿਵਲ ਸਕੱਤਰੇਤ ਦੇ ਬਾਹਰ ਇੱਕ ਮਨੁੱਖੀ ਬੰਬ ਧਮਾਕੇ ਵਿੱਚ ਮਾਰ ਦਿੱਤਾ ਗਿਆ ਸੀ। ਇਸ ਧਮਾਕੇ ਵਿੱਚ ਦਿਲਾਵਰ ਸਿੰਘ ਅਤੇ 17 ਹੋਰ ਵਿਅਕਤੀ ਵੀ ਮਾਰੇ ਗਏ ਸਨ।

ਇੱਕ ਵਿਸ਼ੇਸ਼ ਅਦਾਲਤ ਨੇ ਜੁਲਾਈ 2007 ਵਿੱਚ ਰਾਜੋਆਣਾ ਨੂੰ ਮੌਤ ਦੀ ਸਜ਼ਾ ਸੁਣਾਈ ਸੀ ਜਿਸ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 2010 ਵਿੱਚ ਬਰਕਰਾਰ ਰੱਖਿਆ ਸੀ।

ਉਸਦੀ ਫਾਂਸੀ 31 ਮਾਰਚ, 2012 ਲਈ ਤੈਅ ਕੀਤੀ ਗਈ ਸੀ, ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਸਦੀ ਤਰਫ਼ੋਂ ਦਇਆ ਪਟੀਸ਼ਨ ਦਾਖ਼ਲ ਕਰਨ ਤੋਂ ਬਾਅਦ ਇਸ 'ਤੇ ਰੋਕ ਲਾ ਦਿੱਤੀ ਗਈ ਸੀ। ਸਾਲ 2019 ਵਿੱਚ ਕੇਂਦਰੀ ਗ੍ਰਹਿ ਮੰਤਰਾਲੇ ਨੇ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨਾਲ ਜੁੜੇ ਉਪਰਾਲਿਆਂ ਦੇ ਹਿੱਸੇ ਵਜੋਂ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਘਟਾਉਣ ਦੇ ਫ਼ੈਸਲੇ ਦਾ ਐਲਾਨ ਕੀਤਾ ਸੀ।

# ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2026 ਦੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਦਾ ਐਲਾਨਸ ਵੱਖ ਵੱਖ ਵੰਨਗੀਆਂ ਦੀਆਂ 10 ਸਰਵੋਤਮ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣਗੇ ਪੁਰਸਕਾਰ

ਪਟਿਆਲਾ, 9 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਚੋਣ ਕਮਿਸ਼ਨ ਵੱਲੋਂ ਡਵੀਜ਼ਨਲ ਕਮਿਸ਼ਨਰ ਪਟਿਆਲਾ ਸ੍ਰੀ ਵਿਨੈ ਬੁਬਲਾਨੀ ਦੀ ਛੁੱਟੀ ਦੌਰਾਨ ਪਟਿਆਲਾ ਜ਼ਿਲ੍ਹੇ ਲਈ ਇਲੈਕਟੋਰਲ ਰੋਲ ਆਬਜ਼ਰਵਰ ਨਿਯੁਕਤ ਕੀਤੇ ਗਏ ਰੱਖਿਆ ਸੇਵਾਵਾਂ ਭਲਾਈ ਵਿਭਾਗ, ਪੰਜਾਬ ਦੇ ਪ੍ਰਮੁੱਖ ਸਕੱਤਰ ਸ੍ਰੀ ਸੁਮੇਰ ਸਿੰਘ ਗੁਰਜਰ ਨੇ ਅੱਜ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਅਤੇ ਜ਼ਿਲ੍ਹੇ ਦੇ ਸਾਰੇ ਅੱਠ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਨਾਲ ਬੈਠਕ ਕਰਕੇ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਮੌਕੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਵੀ ਮੌਜੂਦ ਸਨ।

ਬੈਠਕ ਦੌਰਾਨ ਸ੍ਰੀ ਗੁਰਜਰ ਨੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਉਨ੍ਹਾਂ ਨੂੰ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਪਟਿਆਲਾ ਜ਼ਿਲ੍ਹੇ ਦੀਆਂ ਅੰਤਿਮ ਵੋਟਰ ਸੂਚੀਆਂ 12 ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ ਅਤੇ ਇਸ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਮੌਕੇ ਸ੍ਰੀ ਸੁਮੇਰ ਸਿੰਘ ਗੁਰਜਰ ਨੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਲਈ ਨਿਰਧਾਰਤ ਸਮਾਂ-ਸਾਰਣੀ ਦੀ ਪਾਲਣਾ ਯਕੀਨੀ ਬਣਾਉਣ ਅਤੇ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ 'ਤੇ ਜ਼ੋਰ ਦਿੱਤਾ।ਉਨ੍ਹਾਂ ਦੱਸਿਆ ਕਿ ਕੋਈ ਵੀ ਯੋਗ ਵੋਟਰ ਅਤੇ ਖਾਸ ਕਰਕੇ ਨੌਜਵਾਨ ਵੋਟਰ, ਵੋਟ ਬਣਨ ਦੇ ਅਧਿਕਾਰ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ ਅਤੇ ਨਾ ਹੀ ਕਿਸੇ ਅਣਅਧਿਕਾਰਤ ਵਿਅਕਤੀ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ ਜਾਵੇ। ਇਸ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ੍ਰੀ ਗੁਰਜਰ ਨੂੰ ਦੱਸਿਆ ਗਿਆ ਕਿ ਸਾਰੇ ਅੱਠ ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਦੀਆਂ ਪੀ.ਡੀ.ਐਫ. ਫਾਈਲਾਂ ਡਾਊਨਲੋਡ ਕਰਨ ਅਤੇ ਛਪਾਈ ਲਈ ਭੇਜਣ ਦੀ ਪ੍ਰਕਿਰਿਆ ਜਾਰੀ ਹੈ। ਅੰਤਿਮ ਪ੍ਰਕਾਸ਼ਨਾ ਉਪਰੰਤ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਫੋਟੋ ਸਮੇਤ ਵੋਟਰ ਸੂਚੀਆਂ ਦੇ ਪੂਰੇ ਸੈੱਟ ਮੁਹੱਈਆ ਕਰਵਾਏ ਜਾਣਗੇ। ਇਸ ਤੋਂ ਇਲਾਵਾ, ਪੋਲਿੰਗ ਸਟੇਸ਼ਨਾਂ, ਈ.ਆਰ.ਓ. ਦਫ਼ਤਰਾਂ, ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਅਤੇ ਮੁੱਖ ਚੋਣ ਅਫ਼ਸਰ ਦੀ ਵੈੱਬਸਾਈਟ 'ਤੇ ਵੋਟਰ ਸੂਚੀਆਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਵੀ ਪ੍ਰਬੰਧ ਕੀਤੇ ਗਏ ਹਨ।

ਬੈਠਕ ਵਿੱਚ ਵੋਟਰ ਸੂਚੀਆਂ ਸਬੰਧੀ ਪ੍ਰਾਪਤ ਸ਼ਿਕਾਇਤਾਂ ਦੇ ਨਿਪਟਾਰੇ, ਅੰਕੜਿਆਂ ਦੇ ਵਿਸ਼ਲੇਸ਼ਣ ਅਤੇ ਨਵੇਂ ਦਰਜ ਹੋਏ ਵੋਟਰਾਂ ਦੇ ਐਪਿਕ ਕਾਰਡਾਂ ਦੀ ਛਪਾਈ ਤੇ ਵੰਡ ਸਬੰਧੀ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਪ੍ਰਾਪਤ ਸ਼ਿਕਾਇਤਾਂ ਦੀ ਜਾਂਚ ਕਰਕੇ ਲੋੜੀਂਦੀ ਕਾਰਵਾਈ ਕੀਤੀ ਗਈ ਹੈ ਅਤੇ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਯਕੀਨੀ ਬਣਾਈ ਜਾਵੇਗੀ।

# ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਪੰਜਾਬ ਪੁਲਿਸ ਵਿੱਚ 10,000 ਨਵੇਂ ਪੁਲਿਸ ਕਰਮਚਾਰੀ ਭਰਤੀ ਕੀਤੇ ਜਾਣਗੇ: ਮੁੱਖ ਮੰਤਰੀ ਭਗਵੰਤ ਮਾਨ



**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਨੀਵਾਰ ਨੂੰ ਪੰਜਾਬ ਪੁਲਿਸ ਵਿੱਚ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ 10,000 ਨਵੀਆਂ ਭਰਤੀਆਂ ਦਾ ਐਲਾਨ ਕੀਤਾ, ਕਿਉਂਕਿ ਉਨ੍ਹਾਂ ਐਲਾਨ ਕੀਤਾ ਕਿ ਸੂਬਾ ਅੰਤਿਮ ਅਤੇ ਫੈਸਲਾਕੁੰਨ 'ਯੁੱਧ ਨਸ਼ੇ ਵਿਰੁੱਧ' ਲੜ ਰਿਹਾ ਹੈ। ਆਪਣੀ ਕਿਸਮ ਦੇ ਪਹਿਲੇ 'ਐਸ.ਐਚ.ਓ. ਮਿਲਨੀ' ਅਤੇ ਮੁਹਿੰਮ ਦੌਰਾਨ ਸ਼ਾਨਦਾਰ ਕੰਮ ਕਰਨ ਵਾਲੇ ਪੁਲਿਸ ਅਧਿਕਾਰੀਆਂ ਨੂੰ ਸਨਮਾਨਿਤ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਨੂੰ ਨਸ਼ਿਆਂ ਵਿਰੁੱਧ ਹਰ ਜਾਇਜ਼ ਕਾਰਵਾਈ ਕਰਨ ਦੀ ਪੂਰੀ ਆਜ਼ਾਦੀ ਹੈ ਅਤੇ ਉਨ੍ਹਾਂ ਨੂੰ ਪਿੰਡਾਂ ਅਤੇ ਕਸਬਿਆਂ ਵਿੱਚ ਜਾਣ, ਲੋਕਾਂ ਨੂੰ ਨਾਲ ਲੈ ਕੇ ਚੱਲਣ ਅਤੇ ਇਸ ਖ਼ਤਰੇ 'ਤੇ ਸਖ਼ਤੀ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ੇ ਵਿਰੁੱਧ' ਹੁਣ ਪੰਜਾਬ ਭਰ ਵਿੱਚ ਇੱਕ ਜਨ ਜਾਗਰੂਕਤਾ ਲਹਿਰ ਬਣ ਗਈ ਹੈ, ਜਦੋਂ ਕਿ ਪੁਲਿਸ ਫੋਰਸ ਨੂੰ ਜਲਦੀ ਹੀ 450 ਏ.ਐਸ.ਆਈ. ਅਤੇ 3,400 ਪੁਲਿਸ ਕਰਮਚਾਰੀ ਮਿਲਣਗੇ। ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ X 'ਤੇ ਕਿਹਾ: ਅੱਜ, ਮਹਾਰਾਜਾ ਰਣਜੀਤ ਸਿੰਘ ਅਕੈਡਮੀ, ਫਿਲੌਰ ਵਿਖੇ ਪੰਜਾਬ ਪੁਲਿਸ ਦੇ ਡੀਜੀਪੀ ਤੋਂ ਲੈ ਕੇ ਐਸਐਚਓ ਤੱਕ ਦੇ ਅਧਿਕਾਰੀਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ। 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ, ਅਸੀਂ ਪੁਲਿਸ ਨੂੰ ਨਸ਼ੇ ਦੇ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਪੂਰੀ ਆਜ਼ਾਦੀ ਦਿੱਤੀ ਹੈ। ਫੋਰਸ ਨੂੰ ਅਤਿ-ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ-ਨਾਲ, ਅਸੀਂ ਬਿਨਾਂ ਕਿਸੇ ਸਿਫ਼ਾਰਸ਼ ਜਾਂ ਪੱਖ ਦੇ 10,000 ਨਵੀਆਂ ਭਰਤੀਆਂ ਵੀ ਕਰਨ ਜਾ ਰਹੇ ਹਾਂ। ਆਓ ਅਸੀਂ ਇਹ ਸੰਕਲਪ ਕਰੀਏ ਕਿ ਅਸੀਂ ਨਾ ਤਾਂ ਰੁਕਾਂਗੇ ਅਤੇ ਨਾ ਹੀ ਝੁਕਾਂਗੇ ਜਦੋਂ ਤੱਕ ਨਸ਼ਿਆਂ ਦੇ ਖ਼ਤਰੇ ਨੂੰ ਪੂਰੀ ਤਰ੍ਹਾਂ ਜੜ੍ਹੋਂ ਨਹੀਂ ਪੁੱਟ ਦਿੱਤਾ ਜਾਂਦਾ। ਅਸੀਂ ਕਿਸੇ ਵੀ ਮਾਂ ਜਾਂ ਭੈਣ ਨੂੰ ਹੰਝੂ ਨਹੀਂ ਵਹਾਉਣ ਦੇਵਾਂਗੇ ਅਤੇ ਨਸ਼ਾ ਮੁਕਤ 'ਰੰਗਲਾ ਪੰਜਾਬ' ਬਣਾਵਾਂਗੇ। ਇਨਕਲਾਬ ਜ਼ਿੰਦਾਬਾਦ।

ਪੁਲਿਸ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਇੱਕ ਇਤਿਹਾਸਕ ਪਹਿਲਕਦਮੀ ਹੈ ਜਿਸ ਰਾਹੀਂ ਮੈਂ, ਪੁਲਿਸ ਡਾਇਰੈਕਟਰ ਜਨਰਲ ਦੇ ਨਾਲ, ਤੁਹਾਡੇ ਕੰਮਕਾਜੀ ਹਾਲਾਤਾਂ ਨੂੰ ਸਮਝਣ, ਤੁਹਾਡੀਆਂ ਚਿੰਤਾਵਾਂ ਸੁਣਨ ਅਤੇ ਤੁਹਾਡੀ ਭਲਾਈ ਲਈ ਉਪਾਅ ਤਿਆਰ ਕਰਨ ਲਈ ਸਿੱਧੇ ਤੌਰ 'ਤੇ ਐਸਐਚਓਜ਼ ਨਾਲ ਜੁੜ ਰਿਹਾ ਹਾਂ। ਵਚਨਬੱਧਤਾ ਅਤੇ ਇਮਾਨਦਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ, ਐਸ.ਐਚ.ਓ. ਕੋਲ ਇੱਕ ਵੱਡੀ ਜ਼ਿੰਮੇਵਾਰੀ ਹੈ ਕਿਉਂਕਿ ਤੁਸੀਂ ਜ਼ਮੀਨੀ ਪੱਧਰ 'ਤੇ ਪੁਲਿਸਿੰਗ ਦਾ ਚਿਹਰਾ ਹੋ। ਲੋਕ ਆਪਣੀਆਂ ਸਮੱਸਿਆਵਾਂ ਲੈ ਕੇ ਤੁਹਾਡੇ ਕੋਲ ਆਉਂਦੇ ਹਨ ਅਤੇ ਨਿਆਂ, ਸੁਰੱਖਿਆ ਅਤੇ ਤੁਰੰਤ ਕਾਰਵਾਈ ਦੀ ਉਮੀਦ ਕਰਦੇ ਹਨ। ਉਨ੍ਹਾਂ ਕਿਹਾ, ਸਾਡੀ ਸਰਕਾਰ ਸਾਡੇ ਪੁਲਿਸ ਕਰਮਚਾਰੀਆਂ ਦੇ ਦਬਾਅ ਅਤੇ ਚੁਣੌਤੀਆਂ ਨੂੰ ਸਮਝਦੀ ਹੈ ਅਤੇ ਤੁਹਾਡੀਆਂ ਅਸਲ ਚਿੰਤਾਵਾਂ ਪ੍ਰਤੀ ਮਨੁੱਖੀ ਪਹੁੰਚ ਅਪਣਾ ਰਹੀ ਹੈ। ਪਰ ਸਮਰਥਨ ਦੇ ਨਾਲ-ਨਾਲ, ਪੰਜਾਬ ਦੇ ਲੋਕ ਹਰੇਕ ਪੁਲਿਸ ਅਧਿਕਾਰੀ ਤੋਂ ਪੇਸ਼ੇਵਰਤਾ, ਇਮਾਨਦਾਰੀ ਅਤੇ ਜਵਾਬਦੇਹੀ ਦੀ ਉਮੀਦ ਕਰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਜਨਤਕ ਸਹਿਯੋਗ ਬਹੁਤ ਜ਼ਰੂਰੀ ਹੈ, ਉਨ੍ਹਾਂ ਕਿਹਾ, ਲੋਕ ਜਾਣਕਾਰੀ ਦੇ ਰਹੇ ਹਨ ਅਤੇ ਪੁਲਿਸ ਨੂੰ ਸਹਿਯੋਗ ਦੇ ਰਹੇ ਹਨ। ਪਰ ਇੱਕ ਵਾਰ ਜਦੋਂ ਜਾਣਕਾਰੀ ਤੁਹਾਡੇ ਤੱਕ ਪਹੁੰਚ ਜਾਂਦੀ ਹੈ, ਤਾਂ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨਾ ਤੁਹਾਡੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਨੇ ਐਸਐਚਓਜ਼ ਨੂੰ ਤਾਕੀਦ ਕੀਤੀ, ਹਰ ਸ਼ਿਕਾਇਤ ਅਤੇ ਕਾਰਵਾਈਯੋਗ ਜਾਣਕਾਰੀ ਦੇ ਹਰੇਕ ਟੁਕੜੇ ਨੂੰ ਗੰਭੀਰਤਾ, ਪੇਸ਼ੇਵਰਤਾ ਅਤੇ ਬਿਨਾਂ ਕਿਸੇ ਡਰ ਜਾਂ ਪੱਖਪਾਤ ਦੇ ਨਜਿੱਠਿਆ ਜਾਣਾ ਚਾਹੀਦਾ ਹੈ। ਜਦੋਂ ਪੰਜਾਬ ਦੇ ਲੋਕਾਂ ਨੂੰ ਨਸ਼ਿਆਂ ਅਤੇ ਅਪਰਾਧ ਤੋਂ ਬਚਾਉਣ ਦੀ ਗੱਲ ਆਉਂਦੀ ਹੈ ਤਾਂ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਪੁਲਿਸ ਦੀ ਕਾਰਜਸ਼ੀਲ ਸਮਰੱਥਾ ਨੂੰ ਮਜ਼ਬੂਤ ??ਕਰ ਰਹੀ ਹੈ, ਉਨ੍ਹਾਂ ਕਿਹਾ, ਅਸੀਂ ਪੁਲਿਸ ਫੋਰਸ ਨੂੰ ਮਜ਼ਬੂਤ ??ਕਰਨ ਲਈ ਸੀਸੀਟੀਵੀ, ਐਂਟੀ-ਡਰੋਨ ਸਿਸਟਮ, ਆਧੁਨਿਕ ਵਾਹਨ ਅਤੇ ਹੋਰ ਉੱਨਤ ਬੁਨਿਆਦੀ ਢਾਂਚਾ ਅਤੇ ਤਕਨਾਲੋਜੀ ਪ੍ਰਦਾਨ ਕਰ ਰਹੇ ਹਾਂ। ਆਧੁਨਿਕ ਪੁਲਿਸਿੰਗ ਜ਼ਰੂਰੀ ਹੈ ਕਿਉਂਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧ ਵਿੱਚ ਸ਼ਾਮਲ ਨੈੱਟਵਰਕ ਤੇਜ਼ੀ ਨਾਲ ਸੂਝਵਾਨ ਹੁੰਦੇ ਜਾ ਰਹੇ ਹਨ।

ਤਕਨਾਲੋਜੀ-ਅਧਾਰਿਤ ਪੁਲਿਸਿੰਗ ਬਾਰੇ ਗੱਲ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਤਕਨਾਲੋਜੀ-ਅਧਾਰਿਤ ਪੁਲਿਸਿੰਗ ਵੱਲ ਵਧ ਰਿਹਾ ਹੈ, ਜਿਸ ਵਿੱਚ ਏਆਈ-ਸਮਰੱਥ ਨਿਗਰਾਨੀ ਪ੍ਰਣਾਲੀਆਂ ਦੀ ਵਰਤੋਂ ਸ਼ਾਮਲ ਹੈ। ਮੁੱਖ ਮੰਤਰੀ ਬਣਨ ਤੋਂ ਪਹਿਲਾਂ ਵੀ, ਜਦੋਂ ਮੈਂ ਸੰਸਦ ਮੈਂਬਰ ਵਜੋਂ ਸੇਵਾ ਨਿਭਾ ਰਿਹਾ ਸੀ, ਮੈਂ ਧੂਰੀ, ਸੁਨਾਮ, ਮਲੇਰਕੋਟਲਾ, ਭਦੌੜ, ਮਹਿਲ ਕਲਾਂ, ਬਰਨਾਲਾ ਅਤੇ ਲਹਿਰਾਗਾਗਾ ਦੇ ਆਲੇ-ਦੁਆਲੇ ਮਹੱਤਵਪੂਰਨ ਥਾਵਾਂ 'ਤੇ ਸੀਸੀਟੀਵੀ ਲਗਾਉਣ ਲਈ ਪਹਿਲ ਕੀਤੀ ਸੀ ਤਾਂ ਜੋ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਸਕੇ। ਮੁੱਖ ਮੰਤਰੀ ਨੇ ਅੱਗੇ ਕਿਹਾ, ਇਹ ਤਕਨਾਲੋਜੀ-ਅਧਾਰਤ ਪਹਿਲਕਦਮੀਆਂ ਮੇਰੇ ਮੁੱਖ ਮੰਤਰੀ ਵਜੋਂ ਪੰਜਾਬ ਦੀ ਸੇਵਾ ਕਰਨ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਵੀ ਜਾਰੀ ਰਹੀਆਂ। ਤਕਨਾਲੋਜੀ ਹੁਣ ਪੁਲਿਸਿੰਗ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੀ ਸਾਡੀ ਰਣਨੀਤੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪੁਲਿਸ ਫੋਰਸ ਨੂੰ ਆਧੁਨਿਕ ਬਣਾਉਣ ਲਈ ਵਿਆਪਕ ਉਪਾਅ ਕੀਤੇ ਹਨ, ਉਨ੍ਹਾਂ ਅੱਗੇ ਕਿਹਾ, ਸੜਕ ਸੁਰੱਖਿਆ ਫੋਰਸ ਵਿਸ਼ੇਸ਼ ਅਤੇ ਤਕਨਾਲੋਜੀ-ਸਮਰੱਥ ਪੁਲਿਸਿੰਗ ਦੀ ਇੱਕ ਪ੍ਰਮੁੱਖ ਉਦਾਹਰਣ ਹੈ। ਇਹ ਸੜਕ ਸੁਰੱਖਿਆ ਅਤੇ ਐਮਰਜੈਂਸੀ ਪ੍ਰਤੀਕਿਰਿਆ ਨੂੰ ਮਜ਼ਬੂਤ ??ਕਰਨ ਲਈ ਬਣਾਈ ਗਈ ਸੀ ਅਤੇ ਫਰਵਰੀ 2024 ਵਿੱਚ ਇਸਦੀ ਸ਼ੁਰੂਆਤ ਤੋਂ ਬਾਅਦ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਮਦਦ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਪੁਲਿਸ ਨਾ ਸਿਰਫ਼ ਅਪਰਾਧ ਨਾਲ ਲੜ ਰਹੀ ਹੈ ਬਲਕਿ ਨੌਜਵਾਨਾਂ ਵਿੱਚ ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਇਸ ਦੇ ਨਾਲ ਹੀ, ਸਾਡੀ ਪੁਲਿਸ ਫੋਰਸ ਰਾਸ਼ਟਰੀ ਸੁਰੱਖਿਆ ਲਈ ਫਰੰਟਲਾਈਨ ਡਿਫੈਂਸ ਵਜੋਂ ਵੀ ਸੇਵਾ ਕਰ ਰਹੀ ਹੈ। ਅਧਿਕਾਰੀਆਂ ਨੂੰ ਰੋਕਥਾਮ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕਰਦੇ ਹੋਏ, ਉਨ੍ਹਾਂ ਕਿਹਾ, ਤੁਹਾਨੂੰ ਵਿਦਿਅਕ ਸੰਸਥਾਵਾਂ ਦਾ ਦੌਰਾ ਕਰਨਾ ਚਾਹੀਦਾ ਹੈ ਅਤੇ ਜਾਗਰੂਕਤਾ ਪ੍ਰੋਗਰਾਮ ਚਲਾਉਣੇ ਚਾਹੀਦੇ ਹਨ ਤਾਂ ਜੋ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਦੇ ਵਿਨਾਸ਼ਕਾਰੀ ਨਤੀਜਿਆਂ ਤੋਂ ਬਚਾਇਆ ਜਾ ਸਕੇ। ਨਸ਼ਿਆਂ ਵਿਰੁੱਧ ਲੜਾਈ ਇੱਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਨ ਨਾਲ ਖਤਮ ਨਹੀਂ ਹੁੰਦੀ। ਸਾਨੂੰ ਉਸ ਵਿਅਕਤੀ ਨੂੰ ਵੀ ਬਚਾਉਣਾ ਪਵੇਗਾ ਜੋ ਨਸ਼ੇ ਵਿੱਚ ਫਸ ਗਿਆ ਹੈ।

ਉਨ੍ਹਾਂ ਕਿਹਾ, ਸਾਡਾ ਧਿਆਨ ਨਸ਼ਾ ਛੁਡਾਊ, ਮੁੜ ਵਸੇਬੇ ਅਤੇ ਹਰ ਨਸ਼ੇ ਪੀੜਤ ਨੂੰ ਨਵੇਂ ਸਿਰੇ ਤੋਂ ਜ਼ਿੰਦਗੀ ਸ਼ੁਰੂ ਕਰਨ ਦਾ ਮੌਕਾ ਦੇਣ 'ਤੇ ਬਰਾਬਰ ਹੈ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਨਸ਼ੇ ਦਾ ਸ਼ਿਕਾਰ ਹੋਇਆ ਵਿਅਕਤੀ ਇੱਕ ਆਮ ਅਤੇ ਲਾਭਕਾਰੀ ਜੀਵਨ ਵਿੱਚ ਵਾਪਸ ਆਉਣ ਦੇ ਯੋਗ ਹੋਵੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਰਾਜ ਸਰਕਾਰ ਐਨਡੀਪੀਐਸ ਐਕਟ ਨੂੰ ਹੋਰ ਸਖ਼ਤ ਬਣਾਉਣ ਲਈ ਕੇਂਦਰ ਸਰਕਾਰ ਨਾਲ ਵੀ ਵਿਚਾਰ-ਵਟਾਂਦਰਾ ਕਰ ਰਹੀ ਹੈ ਤਾਂ ਜੋ ਨਸ਼ਿਆਂ ਦੀ ਤਸਕਰੀ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾ ਸਕੇ।

ਪੁਲਿਸ ਮੁਲਾਜ਼ਮਾਂ ਦੀ ਭਲਾਈ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ, ਸਾਡੇ ਪੁਲਿਸ ਮੁਲਾਜ਼ਮਾਂ ਦੀ ਭਲਾਈ ਸੂਬਾ ਸਰਕਾਰ ਲਈ ਇੱਕ ਤਰਜੀਹ ਬਣੀ ਹੋਈ ਹੈ। ਅਸੀਂ ਕਈ ਕਦਮ ਚੁੱਕੇ ਹਨ, ਜਿਨ੍ਹਾਂ ਵਿੱਚ ਪੁਲਿਸ ਮੁਲਾਜ਼ਮਾਂ ਲਈ ਛੁੱਟੀ ਦੀ ਸਹੂਲਤ ਦੇਣਾ, ਪੈਨਸ਼ਨ ਨਾਲ ਸਬੰਧਤ ਲੰਬਿਤ ਮਾਮਲਿਆਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣਾ ਅਤੇ ਅਪਰਾਧ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਮਾਮਲਿਆਂ ਵਿੱਚ ਪ੍ਰਕਿਰਿਆਵਾਂ ਨੂੰ ਤੇਜ਼ ਕਰਨਾ ਸ਼ਾਮਲ ਹੈ। ਪੁਲਿਸ ਫੋਰਸ ਨੂੰ ਮਜ਼ਬੂਤ ??ਕਰਨ ਬਾਰੇ, ਉਨ੍ਹਾਂ ਕਿਹਾ, ਅਸੀਂ ਸਿੱਧੇ ਤੌਰ 'ਤੇ 450 ਏਐਸਆਈ ਭਰਤੀ ਕਰ ਰਹੇ ਹਾਂ। ਲਗਭਗ 3,400 ਭਰਤੀ ਇਸ ਸਮੇਂ ਸਿਖਲਾਈ ਅਧੀਨ ਹਨ, ਜਦੋਂ ਕਿ ਆਉਣ ਵਾਲੇ ਵਿੱਤੀ ਸਾਲ ਵਿੱਚ 10,000 ਵਾਧੂ ਪੁਲਿਸ ਅਸਾਮੀਆਂ ਦਾ ਇਸ਼ਤਿਹਾਰ ਦੇਣ ਦਾ ਪ੍ਰਸਤਾਵ ਹੈ। ਭਰਤੀ ਇੱਕ ਪਾਰਦਰਸ਼ੀ ਅਤੇ ਪੂਰੀ ਤਰ੍ਹਾਂ ਯੋਗਤਾ-ਅਧਾਰਤ ਪ੍ਰਕਿਰਿਆ ਦੁਆਰਾ ਕੀਤੀ ਜਾ ਰਹੀ ਹੈ। ਅਸੀਂ ਪੁਲਿਸ ਫੋਰਸ ਦਾ ਵਿਸਥਾਰ ਅਤੇ ਆਧੁਨਿਕੀਕਰਨ ਕਰ ਰਹੇ ਹਾਂ ਤਾਂ ਜੋ ਸਾਡੇ ਕਰਮਚਾਰੀਆਂ ਕੋਲ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਲਈ ਲੋੜੀਂਦੀ ਤਾਕਤ ਅਤੇ ਸਰੋਤ ਹੋਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਪੁਲਿਸ ਕੋਲ ਸੇਵਾ ਅਤੇ ਕੁਰਬਾਨੀ ਦੀ ਮਾਣਮੱਤੀ ਵਿਰਾਸਤ ਹੈ ਅਤੇ ਅੱਜ ਇਹ 'ਰੰਗਲਾ ਪੰਜਾਬ' ਬਣਾਉਣ ਵਿੱਚ ਵੱਡਾ ਯੋਗਦਾਨ ਪਾ ਰਹੀ ਹੈ। ਤੁਹਾਨੂੰ ਨਸ਼ਿਆਂ ਵਿਰੁੱਧ ਪੂਰੀ ਤਾਕਤ ਨਾਲ ਲੜਨਾ ਪਵੇਗਾ ਕਿਉਂਕਿ ਇਹ ਵਰਦੀ ਪੰਜਾਬ ਦੇ ਹਰ ਪਰਿਵਾਰ ਦਾ ਵਿਸ਼ਵਾਸ ਰੱਖਦੀ ਹੈ। ਪੁਲਿਸ ਮੁਲਾਜ਼ਮਾਂ ਨੂੰ ਸਪੱਸ਼ਟ ਸੱਦਾ ਦਿੰਦੇ ਹੋਏ ਉਨ੍ਹਾਂ ਕਿਹਾ, ਇਸ ਭਰੋਸੇ ਦੀ ਇਮਾਨਦਾਰੀ, ਹਿੰਮਤ ਅਤੇ ਹਮਦਰਦੀ ਨਾਲ ਰੱਖਿਆ ਕਰੋ। ਇਹ ਯਕੀਨੀ ਬਣਾਓ ਕਿ ਪੰਜਾਬ ਪੁਲਿਸ ਦਾ ਨਾਮ ਨਸ਼ਿਆਂ ਵਿਰੁੱਧ ਜੰਗ ਜਿੱਤਣ ਅਤੇ ਸਾਡੇ ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਕਰਨ ਲਈ ਪੰਜਾਬ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਉੱਕਰਿਆ ਜਾਵੇ। ਮੁੱਖ ਮੰਤਰੀ ਨੇ ਕਿਹਾ, ਮੈਂ ਇੱਥੇ ਪੰਜਾਬ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਰਸਮੀ ਮੁਲਾਕਾਤ ਲਈ ਨਹੀਂ ਆਇਆ ਹਾਂ। ਮੈਂ ਉਨ੍ਹਾਂ ਐਸਐਚਓਜ਼ ਨੂੰ ਮਿਲਣ ਆਇਆ ਹਾਂ ਜੋ ਜ਼ਮੀਨੀ ਪੱਧਰ 'ਤੇ ਕੰਮ ਕਰਦੇ ਹਨ। ਤੁਸੀਂ ਉਹ ਅਧਿਕਾਰੀ ਹੋ ਜੋ ਲੋਕਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਦੇ ਹੋ ਅਤੇ ਹਰ ਰੋਜ਼ ਪੁਲਿਸਿੰਗ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਦੇ ਹੋ। ਇਹ ਲੜਾਈ ਬਹੁਤ ਚੁਣੌਤੀਪੂਰਨ ਹੈ ਕਿਉਂਕਿ ਪੰਜਾਬ ਇੱਕ ਸਰਹੱਦੀ ਸੂਬਾ ਹੈ ਅਤੇ ਅਸੀਂ ਅੰਤਰਰਾਸ਼ਟਰੀ ਸਰਹੱਦ ਪਾਰੋਂ ਆ ਰਹੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਵੀ ਜੰਗ ਲੜ ਰਹੇ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀ ਪਾਕਿਸਤਾਨ ਨਾਲ 553 ਕਿਲੋਮੀਟਰ ਲੰਬੀ ਅੰਤਰਰਾਸ਼ਟਰੀ ਸਰਹੱਦ ਹੈ। ਛੇ ਜ਼ਿਲ੍ਹੇ, ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ, ਫਿਰੋਜ਼ਪੁਰ ਅਤੇ ਫਾਜ਼ਿਲਕਾ, ਪਾਕਿਸਤਾਨ ਨਾਲ ਸਰਹੱਦ ਸਾਂਝੀ ਕਰਦੇ ਹਨ। ਸਾਡਾ ਗੁਆਂਢੀ ਦੇਸ਼ ਡਰੋਨਾਂ ਰਾਹੀਂ ਸਰਹੱਦ ਪਾਰ ਨਸ਼ਿਆਂ ਦੀ ਤਸਕਰੀ ਕਰਨ ਦੀਆਂ ਭਿਆਨਕ ਕੋਸ਼ਿਸ਼ਾਂ ਕਰ ਰਿਹਾ ਹੈ, ਜਿਸਦਾ ਇਰਾਦਾ ਮਿਹਨਤੀ ਅਤੇ ਖੁਸ਼ਹਾਲ ਲੋਕਾਂ ਦੀ ਧਰਤੀ ਪੰਜਾਬ ਨੂੰ ਨੁਕਸਾਨ ਪਹੁੰਚਾਉਣਾ ਹੈ। ਸਾਨੂੰ ਚੌਕਸ ਰਹਿਣਾ ਪਵੇਗਾ ਅਤੇ ਇਨ੍ਹਾਂ ਕੋਸ਼ਿਸ਼ਾਂ ਨੂੰ ਸਫਲ ਹੋਣ ਤੋਂ ਰੋਕਣਾ ਪਵੇਗਾ।

ਨਸ਼ਿਆਂ ਵਿਰੁੱਧ ਕੀਤੀ ਗਈ ਕਾਰਵਾਈ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਪਿਛਲੇ ਸਾਢੇ ਚਾਰ ਸਾਲਾਂ ਵਿੱਚ, ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। ਐਨਡੀਪੀਐਸ ਐਕਟ ਤਹਿਤ 95,644 ਤੋਂ ਵੱਧ ਐਫਆਈਆਰ ਦਰਜ ਕੀਤੀਆਂ ਗਈਆਂ ਹਨ ਅਤੇ ਲਗਭਗ 1,27,821 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। 7,265 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਹੈ। ਯੁੱਧ ਨਸ਼ਿਆਣ ਵਿਰੋਧੀ ਮੁਹਿੰਮ ਦੇ ਹਿੱਸੇ ਵਜੋਂ, ਨਸ਼ਾ ਤਸਕਰਾਂ ਨਾਲ ਸਬੰਧਤ ?375 ਕਰੋੜ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਭਾਗੀਦਾਰੀ ਨਸ਼ਾ ਵਿਰੋਧੀ ਮੁਹਿੰਮ ਦੇ ਇੱਕ ਮਹੱਤਵਪੂਰਨ ਹਿੱਸੇ ਵਜੋਂ ਉਭਰੀ ਹੈ, ਉਨ੍ਹਾਂ ਅੱਗੇ ਕਿਹਾ, ਪਿੰਡ ਰੱਖਿਆ ਕਮੇਟੀਆਂ ਨੇ ਪੁਲਿਸ ਨੂੰ 24,083 ਗੁਪਤ ਜਾਣਕਾਰੀਆਂ ਪ੍ਰਦਾਨ ਕੀਤੀਆਂ ਹਨ। ਇਨ੍ਹਾਂ ਜਾਣਕਾਰੀਆਂ ਦੇ ਆਧਾਰ 'ਤੇ, 4,843 ਐਫਆਈਆਰ ਦਰਜ ਕੀਤੀਆਂ ਗਈਆਂ ਅਤੇ 6,515 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਪੁਲਿਸ 24 ਘੰਟੇ ਜਨਤਕ ਸੇਵਾ ਲਈ ਸਮਰਪਿਤ ਰਹਿੰਦੀ ਹੈ। ਸਰਕਾਰ ਦੀ ਫਰੰਟਲਾਈਨ ਫੋਰਸ ਹੋਣ ਦੇ ਨਾਤੇ, ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟਣਾ ਪੁਲਿਸ ਦਾ ਨੈਤਿਕ ਫਰਜ਼ ਹੈ। ਅਸੀਂ ਨਸ਼ਿਆਂ ਵਿਰੁੱਧ ਇਹ ਲੜਾਈ ਜ਼ਮੀਨੀ ਪੱਧਰ 'ਤੇ ਲੜ ਰਹੇ ਹਾਂ ਅਤੇ ਐਸਐਚਓ ਜੰਗ ਦੇ ਮੈਦਾਨ ਵਿੱਚ ਅਸਲ ਯੋਧੇ ਹਨ, ਸਮਾਜ ਦੇ ਦੁਸ਼ਮਣਾਂ ਵਿਰੁੱਧ ਦਿਨ ਰਾਤ ਲੜ ਰਹੇ ਹਨ।

# ਸਿੱਖਿਆ ਮੰਤਰੀ ਬੈਂਸ ਵੱਲੋਂ ਬੱਢਲ ਲੋਅਰ ਕਮਿਊਨਿਟੀ ਸੈਂਟਰ ਲਈ 10 ਲੱਖ ਦੀ ਗਰਾਂਟ



**ਸ੍ਰੀ ਅਨੰਦਪੁਰ ਸਾਹਿਬ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਬੱਢਲ ਲੋਅਰ ਵਿਖੇ ਕਰਵਾਏ ਗਏ ਇੱਕ ਸਮਾਗਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪਿੰਡ ਦੇ ਕਮਿਊਨਿਟੀ ਸੈਂਟਰ ਲਈ 10 ਲੱਖ ਰੁਪਏ ਦੀ ਗਰਾਂਟ ਭੇਟ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਾਂਝੀਆਂ ਥਾਵਾਂ ਦੇ ਵਿਕਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਗਰਾਂਟ ਮਿਲਣ ਨਾਲ ਕਮਿਊਨਿਟੀ ਸੈਂਟਰ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲਣ ਦੀ ਉਮੀਦ ਹੈ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਦੇ ਨਾਲ-ਨਾਲ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੀ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਕੰਮ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸੜਕਾਂ, ਗਲੀਆਂ, ਨਾਲੀਆਂ, ਪੀਣ ਵਾਲੇ ਪਾਣੀ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਵੱਲ ਵੀ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਲੋਕਾਂ ਨੂੰ ਵੀ ਵਿਕਾਸ ਕਾਰਜਾਂ ਵਿੱਚ ਸਹਿਯੋਗ ਦੇਣ ਅਤੇ ਪਿੰਡਾਂ ਦੀ ਸਾਂਝੀ ਜਾਇਦਾਦ ਦੀ ਸੰਭਾਲ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਇਤੀ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕਮਿਊਨਿਟੀ ਸੈਂਟਰ ਲਈ ਮਿਲੀ ਗਰਾਂਟ ਨਾਲ ਪਿੰਡ ਦੇ ਲੋਕਾਂ ਨੂੰ ਸਾਂਝੇ ਸਮਾਗਮ ਕਰਵਾਉਣ ਲਈ ਵਧੀਆ ਸਹੂਲਤ ਮਿਲੇਗੀ। ਸਮਾਗਮ ਦੌਰਾਨ ਇਲਾਕੇ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਰਪੰਚ ਪ੍ਰਿਤਪਾਲ ਸਿੰਘ ਕੁਨਰ, ਸਰਪੰਚ ਜਰਨੈਲ ਸਿੰਘ ਮੀਵਾਂ, ਸਰਪੰਚ ਅਵਤਾਰ ਸਿੰਘ ਨਿੱਕੂਵਾਲ, ਕਾਕੂ ਭੰਗਲ, ਗੁਰਮੀਤ ਸਿੰਘ, ਕਰਮ ਸਿੰਘ, ਸਰਬਣ ਸਿੰਘ, ਮਨਦੀਪ ਸਿੰਘ, ਗੁਰਮੀਤ ਸਿੰਘ ਬੱਬੀ, ਪ੍ਰਕਾਸ਼ ਸਿੰਘ, ਸਵਰਨ ਸਿੰਘ, ਗਿਆਨ ਸਿੰਘ ਸੁਖੇਵਾਲ, ਅਮਰਨ ਸਿੰਘ, ਜਸਵਿੰਦਰ ਸਿੰਘ, ਰਣਦੀਪ ਸਿੰਘ, ਸਤੀਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਏਸ਼ਿਆਈ ਖੇਡਾਂ ਵਿੱਚ ਸੋਨ ਤਗਮਾ ਜਿੱਤ ਕੇ ਪਰਤੀ ਹਾਕੀ ਖਿਡਾਰਨ ਬਲਜੀਤ ਕੌਰ ਦਾ ਸ਼ਾਨਦਾਰ ਸਵਾਗਤ



**ਤਰਨ ਤਾਰਨ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਏਸ਼ਿਆਈ ਖੇਡਾਂ ਵਿੱਚ ਸੋਨ ਤਗਮਾ ਜਿੱਤ ਕੇ ਪਰਤੀ ਭਾਰਤੀ ਮਹਿਲਾ ਹਾਕੀ ਟੀਮ ਦੀ ਖਿਡਾਰਨ ਬਲਜੀਤ ਕੌਰ ਦਾ ਅੱਜ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ 'ਤੇ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਦੀ ਤਰਫੋਂ ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ, ਕੋਚ ਸ਼ਰਨਜੀਤ ਸਿੰਘ ਤੇ ਦਵਿੰਦਰ ਸਿੰਘ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਬਲਜੀਤ ਕੌਰ ਦੇ ਪਰਿਵਾਰਕ ਮੈਂਬਰ, ਰਿਸ਼ਤੇਦਾਰ, ਖੇਡ ਪ੍ਰੇਮੀ ਅਤੇ ਇਲਾਕਾ ਵਾਸੀ ਵੀ ਵੱਡੀ ਗਿਣਤੀ ਵਿੱਚ ਸਵਾਗਤ ਲਈ ਪਹੁੰਚੇ। ਇਸ ਦੌਰਾਨ ਫੁੱਲਾਂ ਦੀ ਵਰਖਾ ਹੋਈ ਅਤੇ ਢੋਲ ਦੇ ਡਗੇ 'ਤੇ ਭੰਗੜੇ ਵੀ ਪਾਏ ਗਏ।

ਜਾਪਾਨ ਦੇ ਆਈਚੀ ਨਾਗੋਆ ਵਿਖੇ ਹੋਈਆਂ 20ਵੀਆਂ ਏਸ਼ਿਆਈ ਖੇਡਾਂ ਦੇ ਫਾਈਨਲ ਮੁਕਾਬਲੇ ਵਿੱਚ ਚੀਨ ਨੂੰ ਮਾਤ ਦੇ ਕੇ ਚੈਂਪੀਅਨ ਬਣੀ ਭਾਰਤੀ ਮਹਿਲਾ ਹਾਕੀ ਟੀਮ ਵਿੱਚ ਬਲਜੀਤ ਕੌਰ ਪੰਜਾਬ ਦੀ ਇਕਲੌਤੀ ਖਿਡਾਰਨ ਸੀ।

ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਨੇ 'ਇਸ ਮੌਕੇ ਕਿਹਾ ਕਿ ਸਾਡੇ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਜ਼ਿਲ੍ਹਾ ਤਰਨ ਤਾਰਨ ਦੇ ਛੋਟੇ ਜਿਹੇ ਪਿੰਡ ਕੱਕਾ ਕੰਡਿਆਲਾ ਦੀ ਇਸ ਹੋਣਹਾਰ ਧੀ ਬਲਜੀਤ ਕੌਰ ਨੇ ਇਤਿਹਾਸ ਰਚਦਿਆਂ ਆਪਣੇ ਮਾਪਿਆਂ, ਪਿੰਡ, ਜ਼ਿਲ੍ਹੇ, ਸੂਬੇ ਅਤੇ ਦੇਸ਼ ਦਾ ਨਾਂ ਰੋਸ਼ਨ ਕੀਤਾ ਹੈ। ਉਨ੍ਹਾਂ ਹੋਰਨਾਂ ਧੀਆਂ ਨੂੰ ਵੀ ਬਲਜੀਤ ਕੌਰ ਤੋਂ ਪ੍ਰੇਰਨਾ ਲੈ ਕੇ ਖੇਡਾਂ ਦੇ ਖੇਤਰ ਵਿਚ ਅੱਗੇ ਵਧਣ ਦਾ ਸੁਨੇਹਾ ਦਿੱਤਾ।

ਜ਼ਿਕਰਯੋਗ ਹੈ ਕਿ ਭਾਰਤੀ ਮਹਿਲਾ ਹਾਕੀ ਟੀਮ ਨੇ ਏਸ਼ਿਆਈ ਖੇਡਾਂ ਵਿੱਚ 44 ਸਾਲਾਂ ਬਾਅਦ ਸੋਨ ਤਗਮਾ ਜਿੱਤਿਆ ਹੈ। ਇਸ ਤਰ੍ਹਾਂ ਟੀਮ ਨੇ 2028 ਵਿੱਚ ਹੋਣ ਵਾਲੀਆਂ ਲਾਸ ਏਂਜਲਸ ਓਲੰਪਿਕ ਖੇਡਾਂ ਲਈ ਸਿੱਧੀ ਯੋਗਤਾ ਹਾਸਲ ਕਰ ਲਈ ਹੈ।

# ਹਰੇਕ ਮਾਂ ਤੇ ਭੈਣ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਬ੍ਰਾਂਡ ਅੰਬੈਸਡਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਹਰ ਮਾਂ ਅਤੇ ਭੈਣ ਨੂੰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਬ੍ਰਾਂਡ ਅੰਬੈਸਡਰ ਐਲਾਨਦਿਆਂ ਇਸ ਪਹਿਲਕਦਮੀ ਨੂੰ ਆਪਣੀ ਕਿਸਮ ਦਾ ਪਹਿਲਾ ਸਮਾਜਿਕ ਇਨਕਲਾਬ ਕਰਾਰ ਦਿੱਤਾ, ਜੋ ਔਰਤਾਂ ਦੇ ਸਨਮਾਨ ਅਤੇ ਵਿੱਤੀ ਖ਼ੁਦਮੁਖਤਿਆਰੀ ਨੂੰ ਮਜ਼ਬੂਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ 75 ਲੱਖ ਤੋਂ ਵੱਧ ਔਰਤਾਂ ਦੀ ਪਹਿਲਾਂ ਹੀ ਰਜਿਸਟ੍ਰੇਸ਼ਨ ਹੋਣ ਅਤੇ ਸਨਮਾਨ ਰਾਸ਼ੀ ਵਜੋਂ 3,824.87 ਕਰੋੜ ਰੁਪਏ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੇ ਜਾਣ ਦੇ ਨਾਲ ਇਹ ਯੋਜਨਾ ਪੂਰੇ ਪੰਜਾਬ ਵਿੱਚ ਔਰਤਾਂ ਲਈ ਸਤਿਕਾਰ ਅਤੇ ਵਿੱਤੀ ਸ਼ਕਤੀਕਰਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰ ਰਹੀ ਹੈ।

ਇਹ ਮੌਕਾ ਉਸ ਵੇਲੇ ਭਾਵੁਕ ਹੋ ਗਿਆ, ਜਦੋਂ ਇਸ ਯੋਜਨਾ ਦੀ ਲਾਭਪਾਤਰੀ ਗੁਰਮੇਲ ਕੌਰ ਉਰਫ਼ ਮੇਲੋ, ਜੋ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਆਈ ਸੀ, ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੂੰ ਦੇਖਦਿਆਂ ਹੀ ਉਸ ਨੇ ਤੁਰੰਤ ਮੁੱਖ ਮੰਤਰੀ ਨੂੰ ਕਲਾਵੇ ਵਿੱਚ ਲੈ ਲਿਆ ਅਤੇ ਆਸ਼ੀਰਵਾਦ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਆਰ ਤੇ ਸਤਿਕਾਰ ਦੇ ਪ੍ਰਤੀਕ ਵਜੋਂ ਉਸ ਨੂੰ ਤੋਹਫ਼ੇ ਭੇਟ ਕੀਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀਬੀ ਗੁਰਮੇਲ ਕੌਰ ਨੂੰ ਮਿਲ ਕੇ ਉਨ੍ਹਾਂ ਦੀ ਰੂਹ ਨੂੰ ਸਕੂਨ ਮਿਲਿਆ ਹੈ ਅਤੇ ਅਰਦਾਸ ਕੀਤੀ ਕਿ ਵਾਹਿਗੁਰੂ ਬੀਬੀ ਗੁਰਮੇਲ ਕੌਰ ਦੇ ਚਿਹਰੇ 'ਤੇ ਹਮੇਸ਼ਾ ਮੁਸਕਰਾਹਟ ਬਣਾਈ ਰੱਖੇ।

ਇਹ ਦਿਲ ਨੂੰ ਛੂਹ ਲੈਣ ਵਾਲੀ ਵੀਡੀਓ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੂਜਨੀਕ ਮਾਤਾ ਜੀ, ਅੱਜ ਤੁਹਾਨੂੰ ਮਿਲ ਕੇ ਮੇਰੀ ਰੂਹ ਨੂੰ ਸੱਚਾ ਸਕੂਨ ਮਿਲਿਆ ਹੈ। ਵਾਹਿਗੁਰੂ ਤੁਹਾਡੇ ਚਿਹਰੇ 'ਤੇ ਇਹ ਮੁਸਕਰਾਹਟ ਹਮੇਸ਼ਾ ਬਣਾਈ ਰੱਖੇ। ਤੁਹਾਡਾ ਪੁੱਤ ਹਮੇਸ਼ਾ ਪੰਜਾਬ ਦੀ ਸੇਵਾ ਵਿੱਚ ਡਟਿਆ ਰਹੇਗਾ। ਪੰਜਾਬ ਦੀਆਂ ਉਨ੍ਹਾਂ ਸਾਰੀਆਂ ਮਾਵਾਂ ਅਤੇ ਭੈਣਾਂ ਦਾ ਤਹਿ ਦਿਲੋਂ ਧੰਨਵਾਦ, ਜਿਨ੍ਹਾਂ ਨੇ ਸਤਿਕਾਰ ਯੋਜਨਾ ਨੂੰ ਸਫ਼ਲ ਬਣਾਇਆ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀ ਹਰ ਮਾਂ ਅਤੇ ਭੈਣ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਬ੍ਰਾਂਡ ਅੰਬੈਸਡਰ ਹੈ। ਇਹ ਯੋਜਨਾ ਇੱਕ ਸਮਾਜਿਕ ਇਨਕਲਾਬ ਹੈ, ਜੋ ਸਾਡੀਆਂ ਮਾਵਾਂ ਅਤੇ ਧੀਆਂ ਦਾ ਆਤਮ-ਵਿਸ਼ਵਾਸ ਅਤੇ ਆਤਮ-ਸਨਮਾਨ ਵਧਾਏਗੀ।

ਮੁੱਖ ਮੰਤਰੀ ਨੇ ਪਿੰਡ ਆਦਮਪੁਰਾ ਦੀ ਬੀਬੀ ਗੁਰਮੇਲ ਕੌਰ (ਮੇਲੋ) ਦਾ ਸਨਮਾਨ ਕੀਤਾ, ਜੋ ਇਸ ਯੋਜਨਾ ਦੀ ਲਾਂਚਿੰਗ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਕਾਫ਼ੀ ਚਰਚਿਤ ਹੋਈ ਸੀ। ਉਨ੍ਹਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀਬੀ ਗੁਰਮੇਲ ਕੌਰ ਨੂੰ ਮਿਲ ਕੇ ਉਨ੍ਹਾਂ ਦੀ ਰੂਹ ਨੂੰ ਸਕੂਨ ਮਿਲਿਆ ਹੈ। ਉਨ੍ਹਾਂ ਕਿਹਾ, ਤੁਹਾਨੂੰ ਮਿਲ ਕੇ ਮੇਰੀ ਰੂਹ ਨੂੰ ਸਕੂਨ ਮਿਲਿਆ ਹੈ। ਮੈਂ ਅਰਦਾਸ ਕਰਦਾ ਹਾਂ ਕਿ ਵਾਹਿਗੁਰੂ ਤੁਹਾਡੇ ਚਿਹਰੇ 'ਤੇ ਹਮੇਸ਼ਾ ਮੁਸਕਰਾਹਟ ਬਣਾਈ ਰੱਖੇ। ਤੁਹਾਡਾ ਪੁੱਤਰ ਪੰਜਾਬ ਦੀ ਸੇਵਾ ਲਈ ਵਚਨਬੱਧ ਹੈ ਅਤੇ ਉਹ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗਾ।

ਇਸ ਯੋਜਨਾ ਨੂੰ ਵੱਡੀ ਸਫ਼ਲਤਾ ਦਿਵਾਉਣ ਲਈ ਪੰਜਾਬ ਦੀਆਂ ਮਾਵਾਂ ਅਤੇ ਭੈਣਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਪੰਜਾਬ ਦੀਆਂ ਉਨ੍ਹਾਂ ਸਾਰੀਆਂ ਮਾਵਾਂ ਅਤੇ ਭੈਣਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਬਹੁਤ ਵੱਡੀ ਸਫ਼ਲਤਾ ਦਿਵਾਈ ਹੈ। ਹੁਣ ਤੱਕ ਸਤਿਕਾਰ ਰਾਸ਼ੀ ਵਜੋਂ 3,824.87 ਕਰੋੜ ਰੁਪਏ ਸਿੱਧੇ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੇ ਜਾ ਚੁੱਕੇ ਹਨ। ਇਹ ਔਰਤਾਂ ਲਈ ਵਿੱਤੀ ਆਜ਼ਾਦੀ ਦਾ ਰਸਤਾ ਹੈ। ਪੰਜਾਬ ਦੀਆਂ ਲਗਪਗ 97 ਫ਼ੀਸਦੀ ਔਰਤਾਂ ਇਸ ਯੋਜਨਾ ਦਾ ਲਾਭ ਲੈਣ ਲਈ ਯੋਗ ਹਨ। ਸਾਡਾ ਟੀਚਾ ਇੱਕ ਕਰੋੜ ਬੀਬੀਆਂ ਤੱਕ ਸਤਿਕਾਰ ਰਾਸ਼ੀ ਦਾ ਲਾਭ ਪਹੁੰਚਾਉਣਾ ਹੈ।

ਉਨ੍ਹਾਂ ਕਿਹਾ, ਦੇਸ਼ ਵਿੱਚ ਇਹ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ, ਜਿਸ ਤਹਿਤ ਸਾਰੀਆਂ ਯੋਗ ਲਾਭਪਾਤਰੀ ਬੀਬੀਆਂ ਨੂੰ ਸਤਿਕਾਰ ਰਾਸ਼ੀ ਦਿੱਤੀ ਜਾ ਰਹੀ ਹੈ। ਔਰਤਾਂ ਦੇ ਸਨਮਾਨ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹੁਣ ਤੱਕ 75 ਲੱਖ ਤੋਂ ਵੱਧ ਔਰਤਾਂ ਰਜਿਸਟਰਡ ਹੋ ਚੁੱਕੀਆਂ ਹਨ ਅਤੇ ਉਨ੍ਹਾਂ ਦੀ ਬਣਦੀ ਵਿੱਤੀ ਸਹਾਇਤਾ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ। ਮੈਂ ਬਾਕੀ ਰਹਿੰਦੀਆਂ ਸਾਰੀਆਂ ਯੋਗ ਔਰਤਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਇਸ ਯੋਜਨਾ ਦਾ ਲਾਭ ਉਠਾਉਣ। 18 ਸਾਲ ਤੋਂ ਵੱਧ ਉਮਰ ਦੀ ਹਰ ਬੀਬੀ ਨੂੰ ਹੁਣ 1,000 ਰੁਪਏ ਅਤੇ ਐੱਸ.ਸੀ. ਵਰਗ ਦੀਆਂ ਬੀਬੀਆਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਬਾਰੇ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਮੈਸੇਜ ਆ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀਆਂ ਲਗਪਗ 97 ਫ਼ੀਸਦੀ ਬੀਬੀਆਂ ਨੂੰ ਇਸ ਯੋਜਨਾ ਦਾ ਲਾਭ ਮਿਲਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਇਸ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਹਨ। ਇਹ ਪੈਸਾ ਸਿੱਧਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਇਹ ਵਿੱਤੀ ਸਹਾਇਤਾ ਸ਼ਾਇਦ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਉਨ੍ਹਾਂ ਨੂੰ ਆਤਮ-ਸਨਮਾਨ ਜ਼ਰੂਰ ਦੇਵੇਗੀ। ਔਰਤਾਂ ਸਤਿਕਾਰ ਦੀਆਂ ਹੱਕਦਾਰ ਹਨ ਕਿਉਂਕਿ ਉਹ ਖ਼ੁਦ ਜੀਵਨ ਦਾ ਸਰੋਤ ਹਨ। ਸਾਡੀਆਂ ਮਾਵਾਂ ਅਤੇ ਭੈਣਾਂ ਦਾ ਆਸ਼ੀਰਵਾਦ ਸਾਨੂੰ ਦੁਨੀਆ ਦੀ ਹਰ ਚੁਣੌਤੀ ਪਾਰ ਕਰਨ ਵਿੱਚ ਮਦਦ ਕਰ ਸਕਦਾ ਹੈ।

ਉਨ੍ਹਾਂ ਕਿਹਾ, ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਤੇ ਆਰਥਿਕ ਫੈਸਲੇ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਉਨ੍ਹਾਂ ਦੀ ਵਿੱਤੀ ਖ਼ੁਦਮੁਖਤਿਆਰੀ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਪੰਜਾਬ ਸਰਕਾਰ ਔਰਤਾਂ ਦੀ ਭਲਾਈ ਅਤੇ ਸ਼ਕਤੀਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਕੋਈ ਵੀ ਯੋਗ ਲਾਭਪਾਤਰੀ ਬੀਬੀ ਇਸ ਯੋਜਨਾ ਦੇ ਲਾਭਾਂ ਤੋਂ ਵਾਂਝੀ ਨਹੀਂ ਰਹੇਗੀ।

# ਪ੍ਰਧਾਨ ਗਿੱਲ ਦੀ ਅਗਵਾਈ ਵਿੱਚ ਹੋਈ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਮਾਸਿਕ ਇਕੱਤਰਤਾ



**ਮਾਛੀਵਾੜਾ ਸਾਹਿਬ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭ੍ਰਿਸ਼ਟਾਚਾਰ ਵਿਰੋਧੀ ਫਰੰਟ ਇਕਾਈ ਮਾਛੀਵਾੜਾ (ਰਜਿ:) ਦੀ ਮਾਸਿਕ ਇਕੱਤਰਤਾ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ ,ਜਿਸ ਵਿੱਚ ਸ਼ਹਿਰ ਅੰਦਰ ਵੱਖ-ਵੱਖ ਸਮੱਸਿਆਵਾਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਮੀਡੀਆ ਇੰਚਾਰਜ ਸੁਭਾਸ਼ ਨਾਗਪਾਲ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸ਼ਹਿਰ ਅੰਦਰ ਆਮ ਜਨਤਾ ਨੂੰ ਆ ਰਹੀਆਂ ਵੱਖ ਵੱਖ ਸਮੱਸਿਆਵਾਂ ਸਬੰਧੀ ਚਰਚਾ ਕਰਦਿਆਂ ਮਤਾ ਪਾਸ ਕੀਤਾ ਗਿਆ ਕਿ ਝੋਨੇ ਦਾ ਸੀਜ਼ਨ ਹੋਣ ਕਾਰਨ ਸ਼ਹਿਰ ਦੀਆਂ ਮੇਨ ਸੜਕਾਂ ਉੱਤੇ ਟਰੈਕਟਰ ਟਰਾਲੀਆਂ ਦੀ ਆਵਾਜਾਈ ਵਿੱਚ ਚੋਖਾ ਵਾਧਾ ਹੋ ਜਾਂਦਾ ਹੈ। ਅਤੇ ਇਹਨਾਂ ਸੜਕਾਂ ਉੱਤੇ ਖੜੀਆਂ ਦੁਕਾਨਾਂ ਅੱਗੇ ਰੇੜੀਆਂ ਸਮੱਸਿਆਵਾਂ ਦਾ ਕਾਰਨ ਬਣਦੀਆਂ ਹਨ, ਜਿਸ ਕਾਰਨ ਭਾਰੀ ਜਾਮ ਵੀ ਲੱਗ ਜਾਂਦੇ ਹਨ । ਫਰੰਟ ਵੱਲੋਂ ਨਗਰ ਕੌਂਸਲ ਨੂੰ ਪੁਰਜ਼ੋਰ ਸ਼ਬਦਾਂ ਵਿੱਚ ਅਪੀਲ ਕੀਤੀ ਗਈ ਕਿ ਸੜਕਾਂ ਉੱਤੇ ਖੜਦੀਆਂ ਇਹਨਾਂ ਰੇੜੀਆਂ ਨੂੰ ਤੁਰੰਤ ਹਟਾਇਆ ਜਾਵੇ ਤਾਂ ਜੋ ਟਰੈਫਿਕ ਦੀ ਸਮੱਸਿਆ ਨਾ ਆਵੇ ਅਤੇ ਆਵਾਜਾਈ ਸੁਚਾਰੂ ਢੰਗ ਨਾਲ ਚਲਦੀ ਰਹੇ।

ਫਰੰਟ ਵੱਲੋਂ ਇਹ ਵੀ ਮਤਾ ਪਾਸ ਕੀਤਾ ਗਿਆ ਕਿ ਸ਼ਹਿਰ ਵਿੱਚ ਆਮ ਜਨਤਾ ਨੂੰ ਘਰ ਜਾਂ ਦੁਕਾਨਾਂ ਬਣਾਉਣ ਲਈ ਐਨ.ਓ.ਸੀ. ਲੈਣ ਵਿੱਚ ਦਿੱਕਤਾਂ ਆ ਰਹੀਆਂ ਹਨ ਨਗਰ ਕੌਂਸਲ ਨੂੰ ਅਪੀਲ ਕੀਤੀ ਗਈ ਕਿ ਆਮ ਜਨਤਾ ਦੀ ਸਹੂਲਤ ਲਈ ਐਨ.ਓ.ਸੀ. ਤੁਰੰਤ ਜਾਰੀ ਕੀਤੀਆਂ ਜਾਣ। ਇਹ ਵੀ ਮਤਾ ਪਾਸ ਕੀਤਾ ਗਿਆ ਕਿ ਨਵੰਬਰ ਮਹੀਨੇ ਵਿੱਚ ਫਰੰਟ ਵੱਲੋਂ ਆਮ ਇਜਲਾਸ ਸੱਦਿਆ ਜਾਵੇਗਾ ਅਤੇ ਫਰੰਟ ਦੇ ਮੈਂਬਰਾਂ ਦੀ ਨਵੀਂ ਚੋਣ ਕੀਤੀ ਜਾਵੇਗੀ। ਸਾਰੇ ਮਤਿਆਂ ਨੂੰ ਮੀਟਿੰਗ ਵਿੱਚ ਹਾਜ਼ਰ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ।

# ਭਗਵੰਤ ਮਾਨ ਸਰਕਾਰ ਨੇ ਟ੍ਰਿਪਲ ਐੱਚ ਸਕ੍ਰੀਨਿੰਗ ਨੂੰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਹਿਸਾ ਬਣਾਇਆ

# ਯੁੱਧ ਨਸ਼ਿਆਂ ਵਿਰੁੱਧ' ਪੰਜਾਬ ਨੂੰ ਮਜ਼ਬੂਤ, ਸਿਹਤਮੰਦ ਅਤੇ ਖੁਸ਼ਹਾਲ ਬਣਾਉਣ ਵਾਲੀ ਕ੍ਰਾਂਤੀ ਦੀ ਕਰ ਰਿਹੈ ਅਗਵਾਈ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਨਸ਼ਿਆਂ ਦੀ ਵਰਤੋਂ ਅਤੇ ਸੰਚਾਰੀ ਬੀਮਾਰੀਆਂ ਵਿਰੁੱਧ ਚੱਲ ਰਹੀ ਲੜਾਈ ਨੂੰ ਹੋਰ ਤੇਜ਼ ਕਰਨ ਦੇ ਮੱਦੇਨਜ਼ਰ ਸਰਕਾਰੀ ਨਸ਼ਾ ਛੁਡਾਊ ਅਤੇ ਮੁੜ-ਵਸੇਬਾ ਕੇਂਦਰਾਂ ਵਿੱਚ ਜਲਦ ਹੀ ਐੱਚ.ਆਈ.ਵੀ., ਹੈਪੇਟਾਈਟਸ-ਬੀ ਅਤੇ ਹੈਪੇਟਾਈਟਸ-ਸੀ ਦੀ ਜਾਂਚ ਲਈ ਟ੍ਰਿਪਲ ਐੱਚ ਸਕ੍ਰੀਨਿੰਗ ਸ਼ੁਰੂ ਕੀਤੀ ਜਾਵੇਗੀ।

ਇਹ ਫ਼ੈਸਲਾ, ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਦਾ ਹਿੱਸਾ ਹੈ ਅਤੇ ਇਸ ਦਾ ਉਦੇਸ਼ ਨਸ਼ਿਆਂ ਦੀ ਆਦਤ ਨਾਲ ਜੂਝ ਰਹੇ ਲੋਕਾਂ ਨੂੰ ਮਿਆਰੀ ਇਲਾਜ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸੂਬੇ ਵਿੱਚ ਖ਼ੂਨ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਕਰਨਾ ਹੈ। ਐੱਚ.ਆਈ.ਵੀ., ਹੈਪੇਟਾਈਟਸ-ਬੀ ਅਤੇ ਹੈਪੇਟਾਈਟਸ-ਸੀ ਵਰਗੀਆਂ ਵਾਇਰਲ ਇਨਫੈਕਸ਼ਨਜ਼ ਇੱਕੋ ਸੂਈ ਅਤੇ ਸਰਿੰਜਾਂ ਨੂੰ ਵਾਰ-ਵਾਰ ਵਰਤਣ ਕਾਰਨ ਫ਼ੈਲਦੀਆਂ ਹਨ ਅਤੇ ਇਨ੍ਹਾਂ ਬੀਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਇਲਾਜ ਨਸ਼ਿਆਂ ਦੀ ਲਤ ਤੋਂ ਉੱਭਰ ਰਹੇ ਲੋਕਾਂ ਨੂੰ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਪਿਛਲੇ ਕਈ ਸਾਲਾਂ ਤੋਂ ਐੱਚ.ਆਈ.ਵੀ. ਅਤੇ ਹੈਪੇਟਾਈਟਸ ਦੀ ਜਾਂਚ ਲਈ ਲਗਭਗ ਦੋ ਮਹੀਨਿਆਂ ਦੇ ਵਕਫ਼ੇ 'ਤੇ ਕੈਂਪ ਲਗਾਏ ਜਾਂਦੇ ਸਨ। ਇਨ੍ਹਾਂ ਕੈਂਪਾਂ ਰਾਹੀਂ ਜਾਂਚ ਦੀ ਸਹੂਲਤ ਤਾਂ ਮਿਲਦੀ ਸੀ, ਪਰ ਇਹ ਪਤਾ ਲਗਾਉਣ ਅਤੇ ਨਿਗਰਾਨੀ ਕਰਨ ਦੀ ਵਿਵਸਥਾ ਬਹੁਤ ਘੱਟ ਸੀ ਕਿ ਕਿਸ ਨੇ ਜਾਂਚ ਕਰਵਾਈ, ਕੌਣ ਜਾਂਚ ਤੋਂ ਵਾਂਝਾ ਰਹਿ ਗਿਆ ਅਤੇ ਕਿੰਨ੍ਹਾਂ ਵਿਅਕਤੀਆਂ ਨੂੰ ਅੱਗੇ ਡਾਕਟਰੀ ਦੇਖਭਾਲ ਦੀ ਲੋੜ ਹੈ।

ਨਵੀਂ ਪੇਸ਼ਕਦਮੀ ਤਹਿਤ ਜਾਂਚ ਨੂੰ ਸਮੇਂ-ਸਮੇਂ 'ਤੇ ਲਗਾਏ ਜਾਣ ਵਾਲੇ ਕੈਂਪਾਂ ਤੱਕ ਸੀਮਤ ਰੱਖਣ ਦੀ ਬਜਾਏ ਸਿੱਧੇ ਤੌਰ 'ਤੇ ਨਸ਼ਾ ਮੁਕਤੀ ਅਤੇ ਮੁੜ-ਵਸੇਬਾ ਪ੍ਰਕਿਰਿਆ ਨਾਲ ਜੋੜਿਆ ਜਾਵੇਗਾ। ਇਸ ਨਾਲ ਨਿਯਮਤ ਤੌਰ 'ਤੇ ਜਾਂਚ ਦੇ ਮੌਕੇ ਉਪਲੱਬਧ ਹੋਣ ਦੇ ਨਾਲ-ਨਾਲ ਉਨ੍ਹਾਂ ਲੋਕਾਂ ਦੀ ਪਛਾਣ ਕਰਨ ਵਿੱਚ ਵੀ ਮਦਦ ਮਿਲੇਗੀ, ਜਿਨ੍ਹਾਂ ਨੂੰ ਅੱਗੇ ਦੀ ਜਾਂਚ, ਇਲਾਜ ਜਾਂ ਨਿਰੰਤਰ ਡਾਕਟਰੀ ਦੇਖਭਾਲ ਦੀ ਲੋੜ ਹੈ।



ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਟੀਕੇ ਰਾਹੀਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਨ ਵਾਲੇ ਲੋਕਾਂ ਵਿੱਚ ਖ਼ੂਨ ਰਾਹੀਂ ਫ਼ੈਲਣ ਵਾਲੀਆਂ ਲਾਗਾਂ ਦਾ ਜੋਖ਼ਮ ਵਧੇਰੇ ਹੁੰਦਾ ਹੈ। ਇਸ ਲਈ ਢੁਕਵੀਂ ਡਾਕਟਰੀ ਦੇਖਭਾਲ ਅਤੇ ਕਾਊਂਸਲਿੰਗ ਮੁਹੱਈਆ ਕਰਵਾਉਣ ਲਈ ਅਜਿਹੀਆਂ ਬੀਮਾਰੀਆਂ ਦੀ ਸਮੇਂ ਸਿਰ ਪਛਾਣ ਕਰਨਾ ਬਹੁਤ ਮਹੱਤਵਪੂਰਨ ਹੈ।

ਉਨ੍ਹਾਂ ਅੱਗੇ ਕਿਹਾ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਇੱਕ ਮਜ਼ਬੂਤ, ਸਿਹਤਮੰਦ ਅਤੇ ਖੁਸ਼ਹਾਲ ਪੰਜਾਬ ਬਣਾਉਣ ਵਾਲੀ ਕ੍ਰਾਂਤੀ ਦੀ ਝੰਡਾ-ਬਰਦਾਰੀ ਕਰ ਰਹੀ ਹੈ। ਸਾਡਾ ਉਦੇਸ਼ ਸਿਰਫ਼ ਲੋਕਾਂ ਨੂੰ ਨਸ਼ਿਆਂ ਦੀ ਆਦਤ ਤੋਂ ਮੁਕਤ ਕਰਵਾਉਣਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਸਿਹਤਮੰਦ ਜੀਵਨ ਜਿਊਣ ਅਤੇ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਦੇ ਸਮਰੱਥ ਬਣਾਉਣਾ ਵੀ ਹੈ। ਐੱਚਆਈਵੀ, ਹੈਪੇਟਾਈਟਸ-ਬੀ ਅਤੇ ਹੈਪੇਟਾਈਟਸ-ਸੀ ਦੀ ਜਾਂਚ ਨੂੰ ਨਸ਼ਾ ਮੁਕਤੀ ਸੇਵਾਵਾਂ ਦੇ ਨਾਲ ਜੋੜ ਕੇ, ਸਰਕਾਰ ਨਸ਼ਿਆਂ ਤੋਂ ਉੱਭਰ ਰਹੇ ਲੋਕਾਂ ਲਈ ਬਿਹਤਰ ਅਤੇ ਉੱਜਵਲ ਭਵਿੱਖ ਯਕੀਨੀ ਬਣਾਉਣ ਵੱਲ ਇੱਕ ਹੋਰ ਅਹਿਮ ਕਦਮ ਚੁੱਕ ਰਹੀ ਹੈ।

ਪਹਿਲਾਂ ,ਜੇਕਰ ਕੋਈ ਵਿਅਕਤੀ ਜਾਂਚ ਕੈਂਪ ਵਿੱਚ ਜਾਣ ਤੋਂ ਖੁੰਝ ਜਾਂਦਾ ਸੀ ਤਾਂ ਉਸ ਨੂੰ ਅਗਲੇ ਕੈਂਪ ਲਈ ਕਈ ਹਫ਼ਤਿਆਂ ਜਾਂ ਮਹੀਨਿਆਂ ਤੱਕ ਉਡੀਕ ਕਰਨੀ ਪੈਂਦੀ ਸੀ। ਨਸ਼ਾ ਮੁਕਤੀ ਸੇਵਾਵਾਂ ਨਾਲ ਜਾਂਚ ਨੂੰ ਜੋੜਨ ਨਾਲ ਸੂਬੇ ਨੂੰ ਉਨ੍ਹਾਂ ਲੋਕਾਂ ਦੀ ਆਸਾਨੀ ਨਾਲ ਪਛਾਣ ਕਰਨ ਵਿੱਚ ਮਦਦ ਮਿਲੇਗੀ, ਜਿਨ੍ਹਾਂ ਦੀ ਜਾਂਚ ਕੀਤੀ ਜਾਣੀ ਹੈ। ਇਸ ਦੇ ਨਾਲ ਹੀ ਇਨਫੈਕਸ਼ਨ ਦੀ ਪੁਸ਼ਟੀ ਹੋਣ 'ਤੇ ਉਨ੍ਹਾਂ ਨੂੰ ਢੁਕਵੇਂ ਇਲਾਜ ਲਈ ਸਬੰਧਤ ਹਸਪਤਾਲ ਲਈ ਰੈਫਰ ਕਰਨਾ ਵੀ ਯਕੀਨੀ ਬਣਾਇਆ ਜਾ ਸਕੇਗਾ।

ਇਹ ਫ਼ੈਸਲਾ, ਸੂਬੇ ਵਿੱਚ ਸੰਚਾਰੀ ਬੀਮਾਰੀਆਂ ਦੇ ਫ਼ੈਲਾਅ ਨੂੰ ਰੋਕਣ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਤੋਂ ਪਹਿਲਾਂ ਅਗਸਤ ਵਿੱਚ, ਡਾ. ਬਲਬੀਰ ਸਿੰਘ ਨੇ ਖ਼ੂਨ ਰਾਹੀਂ ਫੈਲਣ ਵਾਲੀਆਂ ਇਨਫ਼ੈਕਸ਼ਨਜ਼ : ਐੱਚਆਈਵੀ, ਹੈਪੇਟਾਈਟਸ-ਬੀ ਅਤੇ ਹੈਪੇਟਾਈਟਸ-ਸੀ ਦੀ ਜਲਦ ਪਛਾਣ ਅਤੇ ਰੋਕਥਾਮ ਲਈ ਪੰਜਾਬ ਵਿੱਚ ਨਿਊਕਲਿਕ ਐਸਿਡ ਟੈਸਟਿੰਗ (ਐੱਨਏਟੀ) ਅਤੇ ਕੈਮਿਲਿਊਮਿਨੇਸੈਂਸ ਇਮਿਊਨੋਐਸੇ (ਸੀਐੱਲਆਈਏ) ਵਰਗੀਆਂ ਉੱਨਤ ਜਾਂਚ ਤਕਨੀਕਾਂ ਅਪਣਾਉਣ ਦਾ ਐਲਾਨ ਵੀ ਕੀਤਾ ਸੀ। ਸੂਬੇ ਦੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਇਨ੍ਹਾਂ ਤਿੰਨਾਂ ਇਨਫੈਕਸ਼ਨਾਂ ਦੀ ਜਾਂਚ ਮੁਫ਼ਤ ਉਪਲੱਬਧ ਹੈ।

ਇਹ ਇਨਫੈਕਸ਼ਨਜ਼ ਕਈ ਸਾਲਾਂ ਤੱਕ ਬਿਨਾਂ ਕਿਸੇ ਸਪੱਸ਼ਟ ਲੱਛਣਾਂ ਦੇ ਸਰੀਰ ਵਿੱਚ ਮੌਜੂਦ ਰਹਿ ਸਕਦੇ ਹਨ, ਜਦੋਂਕਿ ਇਸ ਦੌਰਾਨ ਬੀਮਾਰੀ ਹੌਲੀ-ਹੌਲੀ ਗੰਭੀਰ ਰੂਪ ਧਾਰ ਲੈਂਦੀ ਹੈ। ਹਾਲਾਂਕਿ, ਸਮੇਂ ਸਿਰ ਜਾਂਚ ਅਤੇ ਇਲਾਜ ਨਾਲ ਮਰੀਜ਼ ਲੰਬੇ ਸਮੇਂ ਤੱਕ ਸਿਹਤਮੰਦ ਜੀਵਨ ਬਤੀਤ ਕਰ ਸਕਦੇ ਹਨ।

ਟ੍ਰਿਪਲ ਐੱਚ ਸਕ੍ਰੀਨਿੰਗ ਨੂੰ ਨਸ਼ਾ ਮੁਕਤੀ ਸੇਵਾਵਾਂ ਨਾਲ ਜੋੜਨਾ ਨਸ਼ਾਖੋਰੀ ਦੇ ਇਲਾਜ ਪ੍ਰਤੀ ਸਰਕਾਰ ਦੇ ਉਸਾਰੂ ਦ੍ਰਿਸ਼ਟੀਕੋਣ ਦਾ ਪ੍ਰਤੱਖ ਪ੍ਰਮਾਣ ਹੈ। ਇਹ ਸਿਰਫ਼ ਨਸ਼ਿਆਂ ਤੋਂ ਉੱਭਰਨ ਦੀ ਪ੍ਰਕਿਰਿਆ ਤੱਕ ਸੀਮਤ ਨਹੀਂ ਸਗੋਂ ਉਸ ਤੋਂ ਅਗਾਂਹ ਵਧਕੇ ਪੀੜਤਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਦਾ ਸੁਹਿਰਦ ਯਤਨ ਹੈ ।

ਸਬੰਧਤ ਸਿਹਤ ਸਮੱਸਿਆਵਾਂ ਦੀ ਪਛਾਣ ਅਤੇ ਉਨ੍ਹਾਂ ਨਾਲ ਨਜਿੱਠਣ ਦੇ ਨਾਲ-ਨਾਲ ਨਿਰੰਤਰ ਅਤੇ ਸਥਾਈ ਸੁਧਾਰ ਲਈ ਕਾਊਂਸਲਿੰਗ, ਮਨੋਵਿਗਿਆਨਕ ਸਹਾਇਤਾ, ਡਾਕਟਰੀ ਦੇਖਭਾਲ ਅਤੇ ਸਮਾਜਿਕ ਮੁੜ-ਵਸੇਬਾ ਬਹੁਤ ਅਹਿਮ ਤੇ ਜ਼ਰੂਰੀ ਹਨ।

ਨਿੱਜੀ ਕੇਂਦਰਾਂ ਵਿੱਚ ਇਸ ਸਹੂਲਤ ਦੀ ਸ਼ੁਰੂਆਤ ਹੋ ਚੁੱਕੀ ਹੈ, ਜਦੋਂਕਿ ਸਰਕਾਰੀ ਕੇਂਦਰਾਂ ਵਿੱਚ ਇਸ ਨੂੰ ਜਲਦ ਲਾਗੂ ਕੀਤੇ ਜਾਣ ਦੀ ਉਮੀਦ ਹੈ। ਇਸ ਪਹਿਲਕਦਮੀ ਦਾ ਉਦੇਸ਼ ਨਸ਼ਿਆਂ ਦੀ ਸਮੱਸਿਆ ਤੋਂ ਪ੍ਰਭਾਵਿਤ ਲੋਕਾਂ ਲਈ ਉਪਲੱਬਧ ਦੇਖਭਾਲ ਦੀ ਪੂਰੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨਾ ਹੈ।

# ਪ੍ਰਗਟ ਸਿੰਘ ਨੂੰ ਪੰਜਾਬ ਪ੍ਰਧਾਨ ਬਣਾਏ ਜਾਣ ਤੇ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ

**ਮਾਛੀਵਾੜਾ ਸਾਹਿਬ, 9 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾਈ ਕਮਾਂਡ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਦੀ ਚੋਣ ਨੂੰ ਲੈ ਕੇ ਚੱਲ ਰਹੀਆਂ ਅਟਕਲਾਂ ਨੂੰ ਵਿਰਾਮ ਲਾਉਂਦਿਆਂ ਸਾਬਕਾ ਕੈਬਨਿਟ ਮੰਤਰੀ ਅਤੇ ਓਲੰਪੀਅਨ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦਾ ਪ੍ਰਧਾਨ ਕੀਤਾ ਗਿਆ। ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਬਲਾਕ ਮਾਛੀਵਾੜਾ ਸਾਹਿਬ ਤੋਂ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਅਤੇ ਸੋਸ਼ਲ ਮੀਡੀਆ ਇੰਚਾਰਜ ਸੁਖਦੀਪ ਸਿੰਘ ਸੋਨੀ ਸਰਪੰਚ (ਐਸ.ਐਸ. ਪ੍ਰਾਪਰਟੀ ਹੱਬ ਵਾਲੇ )ਨੇ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਸਿੰਘ ਜੀ ਨਿਯੁਕਤੀ ਤੇ ਉਹਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਨਿਯੁਕਤੀ ਨਾਲ ਪੰਜਾਬ ਵਿੱਚ ਕਾਂਗਰਸ ਹੋਰ ਮਜਬੂਤੀ ਅਤੇ ਉਤਸ਼ਾਹ ਨਾਲ ਅੱਗੇ ਵਧੇਗੀ।

# ਸਾਂਸਦ-ਵਿਧਾਇਕਾਂ ਦੇ ਮਾਮਲਿਆਂ ’ਤੇ ਹਾਈਕੋਰਟ ਸਖ਼ਤ, ਜਾਰੀ ਕੀਤੇ ਸਪੱਸ਼ਟ ਨਿਰਦੇਸ਼

ਕੌਮੀ ਪੱਤ੍ਰਿਕਾ

ਚੰਡੀਗੜ੍ਹ 9 ਅਕਤੂਬਰ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸਾਂਸਦਾਂ ਅਤੇ ਵਿਧਾਇਕਾਂ ਨਾਲ ਜੁੜੇ ਅਪਰਾਧਿਕ ਮਾਮਲਿਆਂ ਦੀ ਨਿਗਰਾਨੀ ਨੂੰ ਹੋਰ ਪ੍ਰਭਾਵੀ ਬਣਾਉਣ ਦੇ ਮਾਮਲੇ ਦੀ ਸੁਣਵਾਈ ਮੁਲਤਵੀ ਕਰ ਦਿੱਤੀ ਹੈ। ਅਦਾਲਤ ਨੇ ਕਿਹਾ ਕਿ ਮਾਮਲੇ ਨਾਲ ਸਬੰਧਿਤ ਕੁੱਝ ਹਲਫ਼ਨਾਮੇ ਹਾਲੇ ਦਾਖ਼ਲ ਹੋਣੇ ਬਾਕੀ ਹਨ। ਇਸ ਕਾਰਨ ਮਾਮਲੇ ਨੂੰ ਹੁਣ 7 ਅਕਤੂਬਰ 2026 ਨੂੰ ਮੁੜ ਸੁਣਵਾਈ ਲਈ ਸੂਚੀਬੱਧ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਮਾਮਲੇ ’ਚ ਪੰਜਾਬ ਸਰਕਾਰ ਵੱਲੋਂ ਇਹ ਦੱਸੇ ਜਾਣ ’ਤੇ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ), ਕੇਂਦਰੀ ਜਾਂਚ ਬਿਊਰੋ (ਸੀ. ਬੀ. ਆਈ) ਅਤੇ ਆਮਦਨ ਕਰ ਵਿਭਾਗ ਵੱਲੋਂ ਚਲਾਏ ਜਾ ਰਹੇ ਕਈ ਮਾਮਲਿਆਂ ਦਾ ਪੂਰਾ ਵੇਰਵਾ ਤਤਕਾਲ ਉਪਲੱਬਧ ਨਹੀਂ ਹੈ, ਹਾਈਕੋਰਟ ਨੇ ਕੇਂਦਰੀ ਏਜੰਸੀਆਂ ਤੋਂ ਇਸ ਦੀ ਜਾਣਕਾਰੀ ਇਕੱਠੀ ਕਰਕੇ ਅਦਾਲਤ ’ਚ ਪੇਸ਼ ਕਰਨ ਲਈ ਕਿਹਾ ਹੈ। ਨਾਲ ਹੀ ਲੰਬੇ ਸਮੇਂ ਤੋਂ ਲੰਬਿਤ ਮਾਮਲਿਆਂ ਦੀ ਤੁਰੰਤ ਪਛਾਣ ਕਰਨ ਲਈ ਮਾਮਲਿਆਂ ਦੇ ਰੰਗ-ਕੋਡ ਦੀ ਵਿਵਸਥਾ ਨੂੰ ਹੋਰ ਸਪੱਸ਼ਟ ਕਰਨ ਦੇ ਨਿਰਦੇਸ਼ ਦਿੱਤੇ




ਗਏ ਹਨ। ਪਿਛਲੀ ਸੁਣਵਾਈ ’ਤੇ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਬੈਂਚ ਦੇ ਸਾਹਮਣੇ ਸੁਣਵਾਈ ਦੌਰਾਨ ਪੰਜਾਬ ਸਰਕਾਰ ਦੇ ਵਕੀਲ ਨੇ ਦੱਸਿਆ ਸੀ ਕਿ ਸਾਂਸਦਾਂ ਅਤੇ ਵਿਧਾਇਕਾਂ ਨਾਲ ਸਬੰਧਿਤ ਕਈ ਮਾਮਲਿਆਂ ਵਿਚ ਈ. ਡੀ, ਸੀ. ਬੀ. ਆਈ. ਅਤੇ ਆਮਦਨ ਕਰ ਵਿਭਾਗ ਵੱਲੋਂ ਮੁਕੱਦਮਾ ਚੱਲ ਰਿਹਾ ਹੈ ਪਰ ਇਨ੍ਹਾਂ ਦਾ ਪੂਰਾ ਵੇਰਵਾ ਸੂਬਾ ਸਰਕਾਰ ਕੋਲ ਤਤਕਾਲ ਉਪਲੱਬਧ ਨਹੀਂ ਹੈ। ਇਸ ’ਤੇ ਹਾਈਕੋਰਟ ਨੇ ਕੇਂਦਰੀ ਸਬੰਧਿਤ ਵਿਭਾਗਾਂ ਅਤੇ ਏਜੰਸੀਆਂ ਤੋਂ ਜਾਣਕਾਰੀ ਇਕੱਠੀ ਕਰਕੇ ਅਗਲੀ ਸੁਣਵਾਈ ਤੋਂ ਪਹਿਲਾਂ ਰਿਕਾਰਡ ’ਤੇ ਰੱਖਣ ਨੂੰ ਕਿਹਾ ਸੀ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਰਾਜ ਅਤੇ ਕੇਂਦਰੀ ਏਜੰਸੀਆਂ ਦੇ ਅੰਕੜਿਆਂ ’ਚ ਕੋਈ ਅੰਤਰ ਸਾਹਮਣੇ ਆਉਂਦਾ ਹੈ ਤਾਂ ਸਬੰਧਿਤ ਅਧਿਕਾਰੀ ਉਸ ਦੀ ਜਾਂਚ ਕਰਕੇ ਸਥਿਤੀ ਸਪੱਸ਼ਟ ਕਰ ਸਕਦੇ ਹਨ। ਹਾਈਕੋਰਟ ਨੇ ਖ਼ੁਦ ਨੋਟਿਸ ਲੈਂਦਿਆਂ ਸੁਣਵਾਈ ਸ਼ੁਰੂ ਕੀਤੀ ਹੈ। ਅਦਾਲਤ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਮੌਜੂਦਾ ਅਤੇ ਸਾਬਕਾ ਸਾਂਸਦਾਂ ਅਤੇ ਵਿਧਾਇਕਾਂ ਖ਼?ਲਾਫ਼ ਲੰਬਿਤ ਮਾਮਲਿਆਂ ਦੀ ਪ੍ਰਗਤੀ ਦੀ ਨਿਗਰਾਨੀ ਕਰ ਰਹੀ ਹੈ। ਸੁਪਰੀਮ ਕੋਰਟ ਪਹਿਲਾਂ ਹੀ ਸਾਰੇ ਹਾਈਕੋਰਟਾਂ ਦੇ ਚੀਫ਼ ਜਸਟਿਸਾਂ ਨੂੰ ਮੌਜੂਦਾ ਅਤੇ ਸਾਬਕਾ ਸਾਂਸਦਾਂ-ਵਿਧਾਇਕਾਂ ਨਾਲ ਸਬੰਧਿਤ ਲੰਬਿਤ ਅਪਰਾਧਿਕ ਮਾਮਲਿਆਂ ਨੂੰ ਤੁਰੰਤ ਸੂਚੀਬੱਧ ਕਰਨ ਦੇ ਨਿਰਦੇਸ਼ ਦੇ ਚੁੱਕੀ ਹੈ। ਵਿਸ਼ੇਸ਼ ਤੌਰ ’ਤੇ ਉਨ੍ਹਾਂ ਮਾਮਲਿਆਂ ’ਤੇ ਧਿਆਨ ਦੇਣ ਨੂੰ ਕਿਹਾ ਗਿਆ ਹੈ, ਜਿਨ੍ਹਾਂ ਵਿਚ ਸੁਪਰੀਮ ਕੋਰਟ ਜਾਂ ਹਾਈਕੋਰਟ ਵੱਲੋਂ ਕਾਰਵਾਈ ’ਤੇ ਰੋਕ ਲੱਗੀ ਹੋਈ ਹੈ। ਬੈਂਚ ਨੇ ਰਜਿਸਟਰੀ ਵੱਲੋਂ ਤਿਆਰ ਸਾਂਸਦਾਂ-ਵਿਧਾਇਕਾਂ ਨਾਲ ਜੁੜੇ ਲੰਬਿਤ ਮਾਮਲਿਆਂ ਦੀ ਰੰਗ-ਕੋਡ ਵਾਲੀ ਸੂਚੀ ਵੀ ਦੇਖੀ। ਇਸ ਵਿਚ ਉਨ੍ਹਾਂ ਮਾਮਲਿਆਂ ਲਈ ਵੱਖਰੀ ਸ਼੍ਰੇਣੀ ਬਣਾਈ ਗਈ ਹੈ, ਜਿਨ੍ਹਾਂ ਦੀ ਕਾਰਵਾਈ ਹਾਈਕੋਰਟ ਜਾਂ ਸੁਪਰੀਮ ਕੋਰਟ ਦੇ ਹੁਕਮਾਂ ਨਾਲ ਰੁਕੀ ਹੋਈ ਹੈ। ਅਦਾਲਤ ਨੇ ਕਿਹਾ ਕਿ ਜੋ ਮਾਮਲੇ ਲੰਬੇ ਸਮੇਂ ਤੋਂ ਲੰਬਿਤ ਹਨ, ਉਨ੍ਹਾਂ ਨੂੰ ਹੋਰ ਸਪੱਸ਼ਟ ਅਤੇ ਉਭਰਦੇ ਰੰਗ ਵਿਚ ਦਰਸਾਇਆ ਜਾਣਾ ਚਾਹੀਦਾ, ਤਾਂ ਕਿ ਪਹਿਲੀ ਨਜ਼ਰ ਵਿਚ ਹੀ ਪਤਾ ਲੱਗ ਸਕੇ ਕਿ ਇਨ੍ਹਾਂ ਮਾਮਲਿਆਂ ’ਤੇ ਤਰਜ਼ੀਹ ਦੇ ਆਧਾਰ ’ਤੇ ਧਿਆਨ ਦੇਣ ਦੀ ਲੋੜ ਹੈ।

## ‘ਕਦੋਂ ਮੌਸਮ ਬਦਲ ਜਾਵੇ ਤੇ ਕਦੋਂ ਪ੍ਰਧਾਨ, ਪਤਾ ਨਹੀਂ’, ਪੰਜਾਬ ਕਾਂਗਰਸ ’ਚ ਸੰਗਠਨਾਤਮਕ ਬਦਲਾਅ ਦੀ ਚਰਚਾ ਵਿਚਾਲੇ ਬਾਜਵਾ ਨੇ ਦਿੱਤਾ ਵੱਡਾ ਸੰਕੇਤ

ਚੰਡੀਗੜ੍ਹ 9 ਅਕਤੂਬਰ। ਪੰਜਾਬ ਕਾਂਗਰਸ ’ਚ ਸੰਗਠਨਾਤਮਕ ਬਦਲਾਅ ਨੂੰ ਲੈ ਕੇ ਚੱਲ ਰਹੀਆਂ ਚਰਚਾਵਾਂ ਵਿਚਾਲੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮੰਗਲਵਾਰ ਨੂੰ ਵੱਡਾ ਸੰਕੇਤ ਦਿੱਤਾ। ਚੰਡੀਗੜ੍ਹ ’ਚ ਪ੍ਰੈੱਸ ਕਾਨਫਰੰਸ ਦੌਰਾਨ ਦੈਨਿਕ ਜਾਗਰਣ ਦੇ ਸਵਾਲ ’ਤੇ ਜਦੋਂ ਉਨ੍ਹਾਂ ਤੋਂ ਪੁੱਛਿਆ ਗਿਆ ਕਿ ਪੰਜਾਬ ਕਾਂਗਰਸ ਸੰਗਠਨ ’ਚ ਬਦਲਾਅ ਕਦੋਂ ਹੋਵੇਗਾ ਅਤੇ ਕੀ ਸੂਬਾ ਪ੍ਰਧਾਨ ਬਦਲਿਆ ਜਾਵੇਗਾ ਤਾਂ ਬਾਜਵਾ ਨੇ ਕਿਹਾ ਕਿ ਉਹ ਇਸ ਬਾਰੇ ਅਜੇ ਕੁਝ ਨਹੀਂ ਕਹਿ ਸਕਦੇ। ਹਾਲਾਂਕਿ, ਮੁਸਕਰਾਉਂਦਿਆਂ ਉਨ੍ਹਾਂ ਕਿਹਾ, “ਕਦੋਂ ਮੌਸਮ ਬਦਲ ਜਾਵੇ ਤੇ ਕਦੋਂ ਪ੍ਰਧਾਨ ਬਦਲ ਜਾਵੇ, ਇਸ ਦਾ ਕੁਝ ਪਤਾ ਨਹੀਂ। ਬਾਜਵਾ ਦੀ ਇਹ ਟਿੱਪਣੀ ਅਜਿਹੇ ਸਮੇਂ ’ਚ ਆਈ ਹੈ ਜਦੋਂ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਬਦਲਣ ਦੀਆਂ ਚਰਚਾਵਾਂ ਲਗਾਤਾਰ ਤੇਜ਼ ਹਨ। ਕਾਂਗਰਸ ਨੇ 5 ਸਤੰਬਰ ਨੂੰ ਸਚਿਨ ਪਾਇਲਟ ਨੂੰ ਪੰਜਾਬ ਮਾਮਲਿਆਂ ਦਾ ਇੰਚਾਰਜ ਨਿਯੁਕਤ ਕੀਤਾ ਸੀ। ਇਸ ਤੋਂ ਬਾਅਦ ਪਾਇਲਟ ਨੇ ਸੀਨੀਅਰ ਆਗੂਆਂ ਅਤੇ ਸੰਗਠਨ ਦੇ ਅਹੁਦੇਦਾਰਾਂ ਨਾਲ ਲਗਾਤਾਰ ਗੱਲਬਾਤ ਕੀਤੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਿਚਾਲੇ ਪਾਰਟੀ ਵੱਲੋਂ ਸੰਗਠਨ ਨੂੰ ਮਜ਼ਬੂਤ ਕਰਨ ’ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ। ਰਾਹੁਲ ਗਾਂਧੀ ਦੇ ਪ੍ਰਸਤਾਵਿਤ ਪੰਜਾਬ ਦੌਰੇ ਨੂੰ ਲੈ ਕੇ ਬਾਜਵਾ ਨੇ ਕਿਹਾ ਕਿ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ। ਉਮੀਦ ਹੈ ਕਿ ਰਾਹੁਲ ਗਾਂਧੀ ਅਕਤੂਬਰ ਦੇ ਦੂਜੇ ਜਾਂ ਤੀਜੇ ਹਫ਼ਤੇ ਪੰਜਾਬ ਦਾ ਦੌਰਾ ਕਰਨਗੇ। ਕਾਂਗਰਸ ਦੀ ਅਧਿਕਾਰਤ ਵੈੱਬਸਾਈਟ ’ਤੇ ਵੀ ਸਤੰਬਰ ਦੌਰਾਨ ਪੰਜਾਬ ’ਚ ਰਾਹੁਲ ਗਾਂਧੀ ਦੇ ਕਈ ਪ੍ਰੋਗਰਾਮ ਦਰਜ ਹਨ। ਇਸ ਤੋਂ ਪਹਿਲਾਂ ਪਾਰਟੀ ਇੰਚਾਰਜ ਸਚਿਨ ਪਾਇਲਟ ਵੀ ਕਹਿ ਚੁੱਕੇ ਹਨ ਕਿ ਕਾਂਗਰਸ ਦਾ ਪੰਜਾਬ ’ਚ ਚੋਣੀ ਅਭਿਆਨ ਸ਼ੁਰੂ ਹੋ ਚੁੱਕਾ ਹੈ ਅਤੇ ਕੇਂਦਰੀ ਲੀਡਰਸ਼ਿਪ ਜਲਦ ਇਸ ’ਚ ਸ਼ਾਮਲ ਹੋਵੇਗੀ। ਭਾਜਪਾ ਅਤੇ ਆਮ ਆਦਮੀ ਪਾਰਟੀ ਵੱਲੋਂ ਚੋਣੀ ਸਰਗਰਮੀਆਂ ਤੇਜ਼ ਕੀਤੇ ਜਾਣ ਅਤੇ ਕਾਂਗਰਸ ਦੇ ਪਿੱਛੇ ਰਹਿਣ ਸਬੰਧੀ ਸਵਾਲ ’ਤੇ ਬਾਜਵਾ ਨੇ ਇਸ ਨੂੰ ਖਾਰਜ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਵੀ ਜ਼ਮੀਨੀ ਪੱਧਰ ’ਤੇ ਕੰਮ ਸ਼ੁਰੂ ਕਰ ਦਿੱਤਾ ਹੈ। ਪਾਰਟੀ ਦੇ ਆਗੂ ਲਗਾਤਾਰ ਆਪਣੇ-ਆਪਣੇ ਹਲਕਿਆਂ ’ਚ ਲੋਕਾਂ ਨਾਲ ਮੁਲਾਕਾਤ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸੁਝਾਵਾਂ ਨੂੰ ਸਮਝ ਰਹੇ ਹਨ। ਬਾਜਵਾ ਨੇ ਕਿਹਾ ਕਿ ਕਾਂਗਰਸ ਦੇ ਚੋਣ ਮਨੋਰਥ ਪੱਤਰ ਦੀ ਤਿਆਰੀ ’ਤੇ ਵੀ ਕੰਮ ਚੱਲ ਰਿਹਾ ਹੈ। ਇਸ ਲਈ ਮਨੋਰਥ ਪੱਤਰ ਕਮੇਟੀ ਅੰਮ੍ਰਿਤਸਰ ਸਮੇਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ’ਚ ਲੋਕਾਂ ਤੋਂ ਰਾਏ ਲੈ ਰਹੀ ਹੈ। ਯਾਨੀ ਕਾਂਗਰਸ ਦੀ ਰਣਨੀਤੀ ਸਿਰਫ਼ ਸੰਗਠਨਾਤਮਕ ਬਦਲਾਅ ਤੱਕ ਸੀਮਿਤ ਨਹੀਂ ਹੈ, ਸਗੋਂ ਚੋਣਾਂ ਤੋਂ ਪਹਿਲਾਂ ਜ਼ਮੀਨੀ ਫੀਡਬੈਕ ਅਤੇ ਮੁੱਦਿਆਂ ਨੂੰ ਚੋਣ ਮਨੋਰਥ ਪੱਤਰ ’ਚ ਸ਼ਾਮਲ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ।

### ਮੋਦੀ ਸਰਕਾਰ ਪੰਜਾਬ ਦੇ ਕਿਸਾਨਾਂ ਦੀ ਭਲਾਈ ਲਈ ਵਚਨਬੱਧ, ਕਣਕ ਦੇ ਬੀਜਾਂ ’ਤੇ 50 ਕਰੋੜ ਦੀ ਸਬਸਿਡੀ ਮਨਜ਼ੂਰ : ਢਿੱਲੋਂ

ਚੰਡੀਗੜ੍ਹ 9 ਅਕਤੂਬਰ। ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਆਉਣ ਵਾਲੇ ਰਬੀ ਸੀਜ਼ਨ 2026-27 ਦੌਰਾਨ ਪੰਜਾਬ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਿਆਂ ਕਣਕ ਦੇ ਪ੍ਰਮਾਣਿਤ (ਸਰਟੀਫਾਈਡ) ਬੀਜਾਂ ’ਤੇ ਸਬਸਿਡੀ ਦੇਣ ਲਈ 50.00 ਕਰੋੜ ਰੁਪਏ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਜਾਣਕਾਰੀ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਾਂਝੀ ਕੀਤੀ। ਕੇਵਲ ਸਿੰਘ ਢਿੱਲੋਂ ਨੇ ਦੱਸਿਆ ਕਿ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਉਨ੍ਹਾਂ ਨੂੰ ਵਿਸ਼ੇਸ਼ ਪੱਤਰ ਭੇਜ ਕੇ ਇਸ ਫੈਸਲੇ ਦੀ ਜਾਣਕਾਰੀ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਇਹ ਸਹਾਇਤਾ ’ਰਾਸ਼ਟਰੀ ਖੁਰਾਕ ਸੁਰੱਖਿਆ ਅਤੇ ਪੋਸ਼ਣ ਮਿਸ਼ਨ’ਦੇ ਬੀਜ ਹਿੱਸੇ ਅਧੀਨ ਦਿੱਤੀ ਜਾਵੇਗੀ। ਸੂਬਾ ਪ੍ਰਧਾਨ ਢਿੱਲੋਂ ਨੇ ਕਿਹਾ ਕਿ ਪ੍ਰਧਾਨਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਪੰਜਾਬ ਦੇ ਕਿਸਾਨਾਂ ਦੇ ਕੱਦ-ਬੁੱਤ ਨੂੰ ਉੱਚਾ ਚੁੱਕਣ, ਉਨ੍ਹਾਂ ਦੀ ਆਰਥਿਕਤਾ ਮਜ਼ਬੂਤ ਕਰਨ ਅਤੇ ਸੂਬੇ ਦੇ ਖੇਤੀ ਖੇਤਰ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਸਹਾਇਤਾ ਅਤੇ ਸਹਿਯੋਗ ਦੇਣ ਲਈ ਨਿਰੰਤਰ ਵਚਨਬੱਧ ਹੈ।

# ਖੇਤੀਬਾੜੀ ਟਿਊਬਵੈੱਲਾਂ ਦੇ ਅਣਅਧਿਕਾਰਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ VDS ਸਕੀਮ ਲਾਗੂ

ਪਟਿਆਲਾ 9 ਅਕਤੂਬਰ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਖੇਤੀਬਾੜੀ ਟਿਊਬਵੈੱਲ (ਏਪੀ) ਖਪਤਕਾਰਾਂ ਦੇ ਅਣਅਧਿਕਾਰਤ ਵਾਧੂ ਲੋਡ ਨੂੰ ਨਿਯਮਤ



ਕਰਨ ਲਈ ਵਲੰਟਰੀ ਡਿਸਕਲੋਜ਼ਰ ਸਕੀਮ ਲਾਗੂ ਕੀਤੀ ਗਈ ਹੈ। ਇਹ ਸਕੀਮ 1 ਅਕਤੂਬਰ 2026 ਤੋਂ 45 ਦਿਨਾਂ ਲਈ ਲਾਗੂ ਰਹੇਗੀ। ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੀਐਸਪੀਸੀਐੱਲ ਮੈਨੇਜਮੈਂਟ ਵੱਲੋਂ ਜਾਰੀ ਪੱਤਰ ਅਨੁਸਾਰ ਇਹ ਸਕੀਮ 29 ਮਈ 2026 ਤੱਕ ਮੌਜੂਦ ਖੇਤੀਬਾੜੀ ਟਿਊਬਵੈੱਲ ਖਪਤਕਾਰਾਂ ’ਤੇ ਲਾਗੂ ਹੋਵੇਗੀ। ਇਸ ਸਕੀਮ ਤਹਿਤ ਖਪਤਕਾਰ ਆਪਣੇ ਕੁਨੈਕਸ਼ਨ ’ਤੇ ਮੌਜੂਦ ਅਣਅਧਿਕਾਰਤ ਵਾਧੂ ਲੋਡ ਨੂੰ ਨਿਰਧਾਰਤ ਪ੍ਰਕਿਰਿਆ ਅਨੁਸਾਰ ਨਿਯਮਤ ਕਰਵਾ ਸਕਣਗੇ। ਸਰਕੂਲਰ ਅਨੁਸਾਰ ਇਸ ਸਕੀਮ ਤਹਿਤ ਵਾਧੂ ਲੋਡ ਨੂੰ ਨਿਯਮਤ ਕਰਨ ਲਈ ਹੁਣ ਸਰਵਿਸ ਕੁਨੈਕਸ਼ਨ ਚਾਰਜ 2,500 ਰੁਪਏ ਪ੍ਰਤੀ ਹਾਰਸ ਪਾਵਰ ਨਿਰਧਾਰਤ ਕੀਤਾ ਗਿਆ ਹੈ, ਜਦਕਿ ਇਸ ਸਕੀਮ ਤੋਂ ਪਹਿਲਾਂ ਆਮ ਦਰ 6,572 ਰੁਪਏ ਪ੍ਰਤੀ ਹਾਰਸ ਪਾਵਰ ਸੀ। ਇਸੇ ਤਰ੍ਹਾਂ ਹੁਣ ਸਕਿਊਰਿਟੀ ਰਾਸ਼ੀ 200 ਰੁਪਏ ਪ੍ਰਤੀ ਹਾਰਸ ਪਾਵਰ ਨਿਰਧਾਰਤ ਕੀਤੀ ਗਈ ਹੈ, ਜਦਕਿ ਪਹਿਲਾਂ ਆਮ ਦਰ 400 ਰੁਪਏ ਪ੍ਰਤੀ ਹਾਰਸ ਪਾਵਰ ਸੀ। ਜਾਰੀ ਹੁਕਮਾਂ ਅਨੁਸਾਰ ਖਪਤਕਾਰ ਆਪਣੇ ਖੇਤੀਬਾੜੀ ਟਿਊਬਵੈੱਲ ਦੇ ਅਣਅਧਿਕਾਰਤ ਲੋਡ ਨੂੰ ਹਟਾ ਸਕਦਾ ਹੈ ਜਾਂ ਲੋੜੀਂਦੀ ਰਾਸ਼ੀ ਜਮ?ਹਾਂ ਕਰਵਾ ਕੇ ਵੀਡੀਐੱਸ ਤਹਿਤ ਇਸ ਨੂੰ ਨਿਯਮਤ ਕਰਵਾ ਸਕਦਾ ਹੈ। ਖਪਤਕਾਰ ਵੱਲੋਂ ਸਵੈ-ਘੋਸ਼ਣਾ ਲਈ ਨਿਰਧਾਰਤ ਫਾਰਮ 1 ਭਰਨਾ ਹੋਵੇਗਾ ਅਤੇ ਜੇਕਰ ਕਾਰਵਾਈ ਖਪਤਕਾਰ ਦੇ ਕਿਸੇ ਹੋਰ ਪ੍ਰਤੀਨਿਧੀ ਰਾਹੀਂ ਕੀਤੀ ਜਾਂਦੀ ਹੈ ਤਾਂ ਉਸ ਵੱਲੋਂ ਫਾਰਮ 2 ਅਨੁਸਾਰ ਅੰਡਰਟੇਕਿੰਗ ਵੀ ਦੇਣੀ ਹੋਵੇਗੀ। ਇਸ ਸਕੀਮ ਤਹਿਤ ਫੀਲਡ ਅਧਿਕਾਰੀ ਅਤੇ ਇਨਫੋਰਸਮੈਂਟ ਟੀਮਾਂ ਖੇਤੀਬਾੜੀ ਖਪਤਕਾਰਾਂ ਦੇ ਕੁਨੈਕਸ਼ਨਾਂ ਦੀ ਜਾਂਚ ਕਰਕੇ ਜੁੜੇ ਹੋਏ ਲੋਡ ਦੀ ਤਸਦੀਕ ਕਰਨਗੀਆਂ ਅਤੇ ਅਣਅਧਿਕਾਰਤ ਲੋਡ ਦੀ ਸਹੀ ਅਸੈਸਮੈਂਟ ਵਿੱਚ ਖਪਤਕਾਰਾਂ ਦੀ ਸਹਾਇਤਾ ਕਰਨਗੀਆਂ। ਵੀਡੀਐੱਸ ਦੀ ਮਿਆਦ ਦੌਰਾਨ ਜਾਂਚ ਦੌਰਾਨ ਸਾਹਮਣੇ ਆਏ ਜਾਂ ਖਪਤਕਾਰ ਵੱਲੋਂ ਖੁਦ ਘੋਸ਼ਿਤ ਕੀਤੇ ਅਣਅਧਿਕਾਰਤ ਲੋਡ ’ਤੇ ਕੋਈ ਪੈਨਲਟੀ ਜਾਂ ਲੋਡ ਸਰਚਾਰਜ (ਜੁਰਮਾਨਾ) ਨਹੀਂ ਲਗਾਇਆ ਜਾਵੇਗਾ।

# ਪਠਾਨਕੋਟ-ਗੁਰਦਾਸਪੁਰ ’ਚ ਗੈਰਕਾਨੂੰਨੀ ਮਾਈਨਿੰਗ ਦੇ 233 ਟਿਕਾਣੇ, ਹਾਈ ਕੋਰਟ ਸਖ਼ਤ; ਸਰਕਾਰ ਨੂੰ 4 ਹਫ਼ਤਿਆਂ ’ਚ ਕਾਰਵਾਈ ਦੇ ਹੁਕਮ

ਕੌਮੀ ਪੱਤ੍ਰਿਕਾ

ਚੰਡੀਗੜ੍ਹ 9 ਅਕਤੂਬਰ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪਠਾਨਕੋਟ ਤੇ ਗੁਰਦਾਸਪੁਰ ਜ਼ਿਲ੍ਹਿਆਂ ’ਚ ਕਥਿਤ ਗੈਰਕਾਨੂੰਨੀ ਮਾਈਨਿੰਗ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਕੋਰਟ ਨੇ ਸਰਵੇ ਆਫ ਇੰਡੀਆ ਦੀ 3 ਜੁਲਾਈ 2026 ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ ਕਿ ਦੋਵਾਂ ਜ਼ਿਲ੍ਹਿਆਂ ’ਚ ਕਰੀਬ 233 ਅਜਿਹੇ ਸਥਾਨ ਚਿੰਨ੍ਹ?ਤ ਕੀਤੇ ਗਏ ਹਨ, ਜਿੱਥੇ ਗੈਰਕਾਨੂੰਨੀ ਮਾਈਨਿੰਗ ਦੀਆਂ ਗਤੀਵਿਧੀਆਂ ਚੱਲ ਰਹੀਆਂ ਹਨ। ਕੋਰਟ ਨੇ ਸਪੱਸ਼ਟ ਕੀਤਾ ਕਿ ਜ਼ਿੰਮੇਵਾਰ ਪਾਏ ਜਾਣ ਵਾਲੇ ਲੋਕਾਂ ਅਤੇ ਅਧਿਕਾਰੀਆਂ ਖ਼?ਲਾਫ਼ ਕਾਰਵਾਈ ਕੀਤੀ ਜਾਵੇ, ਨਹੀਂ ਤਾਂ ਮਾਮਲੇ ਦੀ ਜਾਂਚ ਕਿਸੇ ਸੁਤੰਤਰ ਏਜੰਸੀ ਨੂੰ ਸੌਂਪਣ ’ਤੇ ਵਿਚਾਰ ਕੀਤਾ ਜਾ ਸਕਦਾ ਹੈ। ਚੀਫ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਬੈਂਚ ਨੇ ਪੰਜਾਬ ਸਰਕਾਰ ਨੂੰ ਸਰਵੇ



ਆਫ ਇੰਡੀਆ ਦੀ ਰਿਪੋਰਟ ਦੀ ਜਾਂਚ ਕਰ ਕੇ ਢੁਕਵੀਂ ਕਾਰਵਾਈ ਕਰਨ ਲਈ ਚਾਰ ਹਫ਼ਤਿਆਂ ਦਾ ਸਮਾਂ ਦਿੱਤਾ ਹੈ। ਕੋਰਟ ਨੇ ਕਿਹਾ ਕਿ ਜੇਕਰ ਨਿਰਧਾਰਤ ਸਮੇਂ ਅੰਦਰ ਢੁਕਵੇਂ ਕਦਮ ਨਾ ਚੁੱਕੇ ਗਏ ਤਾਂ ਅਗਲੀ ਸੁਣਵਾਈ ’ਤੇ ਸਬੰਧਤ ਅਧਿਕਾਰੀਆਂ ਦੀ ਨਿੱਜੀ ਜ਼ਿੰਮੇਵਾਰੀ ਤੈਅ ਕੀਤੀ ਜਾ ਸਕਦੀ ਹੈ। ਮਾਮਲੇ ਦੀ ਅਗਲੀ ਸੁਣਵਾਈ 16 ਨਵੰਬਰ 2026 ਨੂੰ ਨਿਰਧਾਰਤ ਕੀਤੀ ਗਈ ਹੈ। ਉਸ ਸਮੇਂ ਤੱਕ ਪੰਜਾਬ ਸਰਕਾਰ ਨੂੰ ਹਲਫ਼ਨਾਮਾ ਦਾਖ਼ਲ ਕਰਕੇ ਦੱਸਣਾ ਹੋਵੇਗਾ ਕਿ ਸਰਵੇ ਆਫ ਇੰਡੀਆ ਦੀ ਰਿਪੋਰਟ ਦੇ ਆਧਾਰ ’ਤੇ ਕੀ ਕਾਰਵਾਈ ਕੀਤੀ ਗਈ ਹੈ। ਬੈਂਚ ਨੇ ਪਹਿਲਾਂ ਦਿੱਤੇ ਹੁਕਮ ਦੇ ਬਾਵਜੂਦ ਪੰਜਾਬ ਦੇ ਡਾਇਰੈਕਟਰ ਮਾਈਨਿੰਗ ਵੱਲੋਂ ਹਲਫ਼ਨਾਮਾ ਦਾਖ਼ਲ ਨਾ ਕੀਤੇ ਜਾਣ ’ਤੇ ਵੀ ਨਾਰਾਜ਼ਗੀ ਜਤਾਈ। ਕੋਰਟ ਨੇ ਨਿਰਦੇਸ਼ ਦਿੱਤਾ ਕਿ ਖਣਨ ਨਿਰਦੇਸ਼ਕ ਦਾ ਹਲਫ਼ਨਾਮਾ 48 ਘੰਟਿਆਂ ਦੇ ਅੰਦਰ ਦਾਖ਼ਲ ਕੀਤਾ ਜਾਵੇ ਅਤੇ ਇਸ ਦੀ ਅਗਾਊਂ ਕਾਪੀ ਪਟੀਸ਼ਨਰਾਂ ਦੇ ਵਕੀਲਾਂ ਨੂੰ ਉਪਲਬਧ ਕਰਵਾਈ ਜਾਵੇ। ਇਹ ਮਾਮਲਾ ਪੰਜਾਬ ਦੇ ਪਠਾਨਕੋਟ ਅਤੇ ਗੁਰਦਾਸਪੁਰ ਜ਼ਿਲ੍ਹਿਆਂ ’ਚ ਕਥਿਤ ਗੈਰਕਾਨੂੰਨੀ ਮਾਈਨਿੰਗ ਦੀਆਂ ਗਤੀਵਿਧੀਆਂ ਨਾਲ ਸਬੰਧਤ ਪਟੀਸ਼ਨਾਂ ਦੇ ਸਮੂਹ ਦੀ ਸੁਣਵਾਈ ਦੌਰਾਨ ਸਾਹਮਣੇ ਆਇਆ। ਪਿਛਲੀ ਸੁਣਵਾਈ ਦੌਰਾਨ ਕੋਰਟ ਨੇ ਸੀਮਾ ਸੁਰੱਖਿਆ ਬਲ ਨੂੰ ਵੀ ਮਾਮਲੇ ’ਚ ਧਿਰ ਬਣਾਉਣ ਦੀ ਇਜਾਜ਼ਤ ਦਿੱਤੀ ਸੀ। ਕੋਰਟ ਨੇ ਸਪੱਸ਼ਟ ਕੀਤਾ ਕਿ ਜੇਕਰ ਸਬੰਧਤ ਅਧਿਕਾਰੀ ਤੁਰੰਤ ਉਚਿਤ ਕਾਰਵਾਈ ਨਹੀਂ ਕਰਦੇ ਤਾਂ ਅਗਲੀ ਸੁਣਵਾਈ ’ਤੇ ਉਨ੍ਹਾਂ ਦੀ ਨਿੱਜੀ ਜਵਾਬਦੇਹੀ ਤੈਅ ਕੀਤੀ ਜਾ ਸਕਦੀ ਹੈ।

# ਕਰੋੜਾਂ ਦੇ ਬੈਂਕ ਘਪਲੇ ’ਚ ਈ. ਡੀ. ਨੇ ਟਰਾਈਸਿਟੀ ਸਮੇਤ 14 ਥਾਵਾਂ ’ਤੇ ਕੀਤੀ ਛਾਪੇਮਾਰੀ

ਕੌਮੀ ਪੱਤ੍ਰਿਕਾ

ਚੰਡੀਗੜ੍ਹ 9 ਅਕਤੂਬਰ। ਆਈ. ਡੀ. ਐੱਫ. ਸੀ. ਬੈਂਕ ਨਾਲ ਸਬੰਧਿਤ ਲਗਭਗ 645 ਕਰੋੜ ਰੁਪਏ ਦੇ ਘਪਲੇ ’ਚ ਈ. ਡੀ. ਨੇ ਮੰਗਲਵਾਰ ਨੂੰ ਮਨੀ ਲਾਂਡਰਿੰਗ ਤਹਿਤ ਚੰਡੀਗੜ੍ਹ, ਪੰਚਕੂਲਾ ਤੇ ਮੋਹਾਲੀ ਸਮੇਤ 14 ਥਾਵਾਂ ’ਤੇ ਛਾਪੇਮਾਰੀ ਕੀਤੀ। ਇਹ ਛਾਪੇਮਾਰੀ ਮਲਿਕ ਜਵੈਲਰਜ਼, ਕੇ. ਐੱਲ. ਜੀ. ਜਵੈਲਜ਼, ਐੱਮ.ਬੀ. ਗੋਲਡ ਟਰੇਡਰਜ਼, ਸ਼ਾਮ ਜਵੈਲਰਜ਼ ਤੇ ਸੁੰਦਰ ਜਵੈਲਰਜ਼ ਸਮੇਤ ਕਈ ਜਿਊਲਰੀ ਫਰਮਾਂ ’ਤੇ ਹੋਈ। ਇਸ ਦੇ ਇਲਾਵਾ ਗੌਰਵ ਕੰਸਲ ਨੂੰ ਵੀ ਛਾਪੇਮਾਰੀ ਅਤੇ ਜਾਂਚ ’ਚ ਸ਼ਾਮਲ ਕੀਤਾ ਗਿਆ। ਗੌਰਵ ’ਤੇ ਅਪਰਾਧ ਦੀ ਆਮਦਨ (ਪੀ. ਓ. ਸੀ.) ਦੀ ਵੰਡ ਅਤੇ ਹੇਰ-ਫੇਰੀ ’ਚ ਵਿਚੋਲੀਏ ਵਜੋਂ ਕੰਮ ਕਰਨ ਦਾ ਦੋਸ਼ ਹੈ। ਇਹ ਜਾਂਚ ਹਰਿਆਣਾ ਪੁਲਸ ਦੀ ਫਰਵਰੀ ’ਚ ਦਰਜ ਐੱਫ. ਆਈ. ਆਰ. ’ਤੇ ਆਧਾਰਿਤ ਹੈ, ਜਿਸ ’ਚ ਡਿਵੈਲਪਮੈਂਟ ਐਂਡ ਪੰਚਾਇਤ ਵਿਭਾਗ ਦੇ ਆਈ. ਡੀ. ਐੱਫ. ਸੀ. ਫਸਟ ਬੈਂਕ ਅਤੇ ਏ. ਯੂ. ਸਮਾਲ ਫਾਈਨੈਂਸ ਬੈਂਕ ਖ਼ਾਤਿਆਂ ’ਚ ਬੇਨਿਯਮੀਆਂ ਪਾਈਆਂ ਗਈਆਂ। ਤਲਾਸ਼ੀ ਦੌਰਾਨ ਈ. ਡੀ. ਨੂੰ ਵੱਖ-ਵੱਖ ਜੌਹਰੀਆਂ ਅਤੇ ਬੈਂਕ ਖ਼ਾਤਿਆਂ ਰਾਹੀਂ ਅਪਰਾਧ ਦੀ ਕਮਾਈ ਦੇ ਪ੍ਰਵਾਹ, ਹੇਰ-ਫੇਰੀ, ਛੁਪਾਉਣ ਅਤੇ ਪ੍ਰਦਰਸ਼ਨ ਨਾਲ ਸਬੰਧਿਤ ਵਾਧੂ ਸਬੂਤ ਬਰਾਮਦ ਹੋਏ ਹਨ। ਤਲਾਸ਼ੀ ਦੌਰਾਨ ਬਰਾਮਦ ਦਸਤਾਵੇਜ਼ਾਂ ਅਤੇ ਹੋਰ ਸਮੱਗਰੀ ਦੀ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਈ. ਡੀ. ਦੀ ਜਾਂਚ ਤੋਂ ਪਤਾ ਲਗਾ ਹੈ ਕਿ ਕਥਿਤ ਤੌਰ ’ਤੇ ਗਬਨ ਕੀਤੇ ਗਏ ਜਨਤਕ ਪੈਸੇ ਨੂੰ ਵੱਖ-ਵੱਖ ਜੌਹਰੀਆਂ ਦੇ ਬੈਂਕ ਖ਼ਾਤਿਆਂ ਰਾਹੀਂ ਟਰਾਂਸਫਰ ਕਰ ਕੇ ਵਪਾਰਕ ਲੈਣ-ਦੇਣ ਵਜੋਂ ਦਿਖਾਇਆ ਗਿਆ। ਦੋਸ਼ ਲਗਾਇਆ ਕਿ ਇਹ ਲੈਣ-ਦੇਣ ਮੁਲਜ਼ਮਾਂ ਦੀ ਮਿਲੀ-ਭੁਗਤ ਨਾਲ ਕੀਤਾ ਗਿਆ ਸੀ, ਤਾਂ ਜੋ ਅਪਰਾਧ ਦੀ ਕਮਾਈ ਨੂੰ ਜਾਇਜ਼ ਪੈਸੇ ਵਜੋਂ ਛੁਪਾਇਆ ਅਤੇ ਪ੍ਰਦਰਸ਼ਿਤ ਕੀਤਾ ਜਾ ਸਕੇ। ਸੀ. ਬੀ. ਆਈ. ਨੇ ਪੰਚਕੂਲਾ ਦੀ




ਵਿਸ਼ੇਸ਼ ਅਦਾਲਤ ’ਚ ਤੀਜੀ ਚਾਰਜਸ਼ੀਟ ਦਾਇਰ ਕੀਤੀ ਹੈ, ਜਿਸ ’ਚ ਬੈਂਕ ਧੋਖਾਧੜੀ ਮਾਮਲੇ ਦੇ ਸਬੰਧ ’ਚ ਹਰਿਆਣਾ ਕੇਡਰ ਦੇ 6 ਆਈ. ਏ.ਐੱਸ. ਅਧਿਕਾਰੀਆਂ ਅਤੇ ਹੋਰ ਸਰਕਾਰੀ ਕਰਮਚਾਰੀਆਂ ਨੂੰ ਨਾਮਜ਼ਦ ਕੀਤਾ ਗਿਆ। ਈ. ਡੀ. ਨੇ ਪਹਿਲਾਂ ਚਾਰ ਨੂੰ ਗ੍ਰਿਫ਼ਤਾਰ ਕਰ ਕੇ 211 ਕਰੋੜ ਦੀ ਜਾਇਦਾਦ ਅਟੈਚ/ਜ਼ਬਤ ਕੀਤੀ ਅਤੇ 14 ਮੁਲਜ਼ਮਾਂ ਖ਼?ਲਾਫ਼ ਅਭਿਯੋਜਨ ਸ਼ਿਕਾਇਤ ਦਾਇਰ ਕੀਤੀ। ਨਵੀਆਂ ਤਲਾਸ਼ੀਆਂ ’ਚ ਹੋਰ ਸਬੂਤ ਮਿਲੇ ਹਨ ਅਤੇ ਜਾਂਚ ਜਾਰੀ ਹੈ। ਈ. ਡੀ. ਦੀ ਰਿਪੋਰਟ ਮੁਤਾਬਕ ਵੱਖ-ਵੱਖ ਥਾਵਾਂ ਅਤੇ ਚੰਡੀਗੜ੍ਹ ਯੂ. ਟੀ. ਪ੍ਰਸ਼ਾਸਨ ਦੇ ਬੈਂਕ ਦਸਤਾਵੇਜ਼ਾਂ ਤੋਂ ਕਥਿਤ ਤੌਰ ’ਤੇ ਅਪਰਾਧ ਵਾਲੀ ਰਾਤ ਮਨੀ ਲਾਂਡਰਿੰਗ ’ਚ ਜੌਹਰੀਆਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ। ਏਜੰਸੀ ਦਾ ਕਹਿਣਾ ਹੈ ਕਿ ਆਈ. ਡੀ. ਐੱਫ. ਸੀ. ਫਸਟ ਬੈਂਕ ਫੋਰਡ ’ਚ ਕਥਿਤ ਤੌਰ ’ਤੇ ਨਾਮਜ਼ਦ ਆਈ. ਏ. ਐੱਸ. ਅਧਿਕਾਰੀ ਅਤੇ ਹੋਰ ਸਰਕਾਰੀ ਕਰਮਚਾਰੀ ਵੀ ਸ਼ਾਮਲ ਹਨ। ਇਸੇ ਮਾਮਲੇ ’ਚ ਸੀ. ਬੀ. ਆਈ. ਨੇ ਹਰਿਆਣਾ ਕੇਡਰ ਦੇ 6 ਆਈ. ਏ. ਐੱਸ. ਅਧਿਕਾਰੀਆਂ ਅਤੇ ਹੋਰ ਸਰਕਾਰੀ ਕਰਮਚਾਰੀਆਂ ਖ਼?ਲਾਫ਼ ਤਿੰਨ ਹੋਰ ਗ੍ਰਿਫ਼ਤਾਰੀਆਂ ਕੀਤੀਆਂ ਹਨ। ਇਸੇ ਮਾਮਲੇ ’ਚ ਈ. ਡੀ. ਨੇ ਪਹਿਲਾਂ ਹੀ ਚਾਰ ਮੁਲਜ਼ਮਾਂ ਨੂੰ ਕਥਿਤ ਤੌਰ ’ਤੇ ਮਨੀ ਲਾਂਡਰਿੰਗ ਦੇ ਦੋਸ਼ ’ਚ ਗ੍ਰਿਫ਼ਤਾਰ ਕਰ ਲਿਆ ਹੈ। ਏਜੰਸੀ ਨੇ ਜਾਂਚ ਦੇ ਸਬੰਧ ’ਚ ਲਗਭਗ 211 ਕਰੋੜ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਨੂੰ ਜ਼ਬਤ ਅਤੇ ਫਰੀਜ਼ ਵੀ ਕੀਤਾ ਹੈ। ਇਸ ਦੇ ਇਲਾਵਾ ਪੀ. ਐੱਮ. ਐੱਲ. ਏ. ਦੀ ਵਿਸ਼ੇਸ਼ ਅਦਾਲਤ ’ਚ 14 ਫੋਰਸ ਦੇ ਪ੍ਰੋਸਿਕਿਊਸ਼ਨ ਕੰਪਲੇਟ ਦੇ ਖ਼?ਲਾਫ਼ ਕਾਰਵਾਈ ਕੀਤੀ ਹੈ। ਈ. ਡੀ. ਨੇ ਪੰਚਕੂਲਾ ਦੀ ਵਿਸ਼ੇਸ਼ ਪੀ. ਐੱਮ. ਐੱਲ. ਏ. ਦੀ ਅਦਾਲਤ ’ਚ 14 ਮੁਲਜ਼ਮਾਂ ਖ਼?ਲਾਫ਼ ਅਭਿਯੋਗ ਸ਼ਿਕਾਇਤ ਵੀ ਦਾਇਰ ਕੀਤੀ ਹੈ।

### ਸਬਜ਼ੀਆਂ ਤੋਂ ਬਾਅਦ ਹੁਣ ਫਲਾਂ ’ਤੇ ਵੀ ਮਹਿੰਗਾਈ ਦੀ ਮਾਰ, ਇਸ ਸੀਜ਼ਨ ਸੇਬ ਹੋਣਗੇ ਹੋਰ ਮਹਿੰਗੇ

ਬਿਜ਼ਨੈੱਸ ਡੈਸਕ 9 ਅਕਤੂਬਰ। ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਵਿੱਚ ਪ੍ਰਤੀਕੂਲ ਮੌਸਮ ਕਾਰਨ ਸੇਬ ਦੇ ਉਤਪਾਦਨ ’ਚ 40 ਪ੍ਰਤੀਸ਼ਤ ਦੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਬਾਜ਼ਾਰਾਂ ਵਿੱਚ ਏ-ਗ੍ਰੇਡ ਸੇਬਾਂ ਦੀ ਸਪਲਾਈ ਘਟਣ ਕਾਰਨ ਆਉਣ ਵਾਲੇ ਦਿਨਾਂ ਵਿੱਚ ਸੇਬ ਦੀਆਂ ਕੀਮਤਾਂ ਵਿੱਚ ਕਾਫ਼ੀ ਵਾਧਾ ਹੋਣ ਦੀ ਉਮੀਦ ਹੈ। ਮਈ-ਜੂਨ ’ਚ ਬੇਮੌਸਮੀ ਬਾਰਿਸ਼, ਬਰਫ਼ਬਾਰੀ ਦੀ ਘਾਟ ਅਤੇ ਗੜੇਮਾਰੀ ਨੇ ਕਈ ਖੇਤਰਾਂ ਵਿੱਚ ਅੱਧੀ ਤੋਂ ਵਧ ਫਸਲ ਤਬਾਹ ਕਰ ਦਿੱਤੀ ਹੈ। ਕੁੱਲ ਉਤਪਾਦਨ ਘਟਣ ਅਤੇ ਸਪਲਾਈ ਸੰਕਟ ਕਾਰਨ ਇਸ ਵਾਰ ਸੇਬ ਦੀਆਂ ਕੀਮਤਾਂ ਵਿਚ ਭਾਰੀ ਵਾਧਾ ਦੇਖਣ ਨੂੰ ਮਿਲ ਸਕਦਾ ਹੈ। ਦੇਸ਼ ਦੇ ਸੇਬ ਉਤਪਾਦਕ ਸੂਬਿਆਂ ਵਿਚ ਇਸ ਸਾਲ ਦੇ ਉਤਪਾਦਨ ਦੇ ਅੰਕੜੇ ਚਿੰਤਾਜਨਕ ਹਨ। ਆਮਤੌਰ ’ਤੇ ਜੰਮੂ ਅਤੇ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਮਿਲ ਕੇ 20 ਤੋਂ 22 ਲੱਖ ਟਨ ਸੇਬ ਪੈਦਾ ਕਰਦੇ ਹਨ, ਪਰ ਇਸ ਸੀਜ਼ਨ ਵਿੱਚ ਉਤਪਾਦਨ ਸਿਰਫ 14 ਤੋਂ 15 ਲੱਖ ਟਨ ਤੱਕ ਸਿਮਟ ਜਾਣ ਦਾ ਅਨੁਮਾਨ ਹੈ। ਜੰਮੂ-ਕਸ਼ਮੀਰ ’ਚ ਸੇਬ ਦੇ ਉਤਪਾਦਨ ’ਚ 40 ਪ੍ਰਤੀਸ਼ਤ ਤੱਕ ਦੀ ਗਿਰਾਵਟ ਆਈ ਹੈ। ਹਿਮਾਚਲ ਪ੍ਰਦੇਸ਼ ਤੋਂ ਪਿਛਲੇ ਸਾਲ 4.07 ਲੱਖ ਟਨ ਸੇਬ ਬਾਜ਼ਾਰ ਵਿੱਚ ਪਹੁੰਚੇ ਸਨ, ਪਰ ਇਸ ਸਾਲ ਹੁਣ ਤੱਕ ਸਿਰਫ 3.87 ਲੱਖ ਟਨ ਹੀ ਬਾਜ਼ਾਰਾਂ ਵਿੱਚ ਪਹੁੰਚੇ ਹਨ। ਸ਼ੋਪੀਆਂ ਅਤੇ ਕੁਲਗਾਮ ਵਿੱਚ 55% ਤੱਕ ਸੇਬ ਦੀ ਫਸਲ ਨੂੰ ਨੁਕਸਾਨ ਹੋਇਆ ਹੈ। ਦੱਖਣੀ ਕਸ਼ਮੀਰ ਵਿੱਚ ਸ਼ੋਪੀਆਂ (ਹੀਰਪੋਰਾ, ਕੈਲਰ, ਜ਼ੈਨੀਪੋਰਾ) ਅਤੇ ਕੁਲਗਾਮ (ਡੀਐਚ ਪੋਰਾ, ਫ੍ਰਿਸਲ) ਵਿੱਚ ਮਈ-ਜੂਨ ਦੌਰਾਨ ਗੜੇਮਾਰੀ ਅਤੇ ਤੇਜ਼ ਹਵਾਵਾਂ ਨੇ ਫਸਲ ਨੂੰ 45 ਤੋਂ 55 ਪ੍ਰਤੀਸ਼ਤ ਤੱਕ ਨੁਕਸਾਨ ਪਹੁੰਚਾਇਆ ਹੈ। ਬਡਗਾਮ (ਖਾਨਸਾਹਿਬ, ਚਰਾਰ-ਏ-ਸ਼ਰੀਫ) ਅਤੇ ਪੁਲਵਾਮਾ (ਤ੍ਰਾਲ, ਰਾਜਪੋਰਾ) ਦੇ ਰਵਾਇਤੀ ਬਾਗਾਂ ’ਚ ਲਗਾਤਾਰ ਮੀਂਹ ਅਤੇ ਪਰਾਗਣ ਦੌਰਾਨ ਘੱਟ ਧੁੱਪ ਕਾਰਨ ਫਲਾਂ ਦਾ ਸਮੇਂ ਤੋਂ ਪਹਿਲਾਂ ਡਿੱਗਣਾ ਸ਼ੁਰੂ ਹੋ ਗਿਆ, ਜਿਸ ਨਾਲ ਉਪਜ ਅੱਧੀ ਰਹਿ ਗਈ। ਘੱਟ ਉਤਪਾਦਨ ਦਾ ਸਿੱਧਾ ਅਸਰ ਦੇਸ਼ ਦੇ ਫਲ ਬਾਜ਼ਾਰਾਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਰੋਜ਼ਾਨਾ ਬਾਜ਼ਾਰ ਵਿੱਚ ਆਉਣ ਵਾਲੇ ਵਾਹਨਾਂ ਦੀ ਗਿਣਤੀ ਵਿੱਚ ਕਾਫ਼ੀ ਕਮੀ ਆਈ ਹੈ।

### ਮੈਡ ਸੰਧੂ ਦਾ ਨਹੀਂ, ਇਹ ਲਾਅ ਐਂਡ ਆਰਡਰ ਦਾ ਕਤਲ : ਸੰਸਦ ਮੈਂਬਰ ਔਜਲਾ

ਅੰਮ੍ਰਿਤਸਰ 9 ਅਕਤੂਬਰ। ਅੰਮ੍ਰਿਤਸਰ ਵਿਚ ਇੰਫਲੂਐਂਸਰ ਅਤੇ ਮੇਕਅੱਪ ਆਰਟਿਸਟ ਮੈਡ ਸੰਧੂ ਦੀ ਗੋਲੀ ਮਾਰ ਕੇ ਹੱਤਿਆ ਤੋਂ ਬਾਅਦ ਸ਼ਹਿਰ ਵਿਚ ਕਾਨੂੰਨ-ਵਿਵਸਥਾ ਨੂੰ ਲੈ ਕੇ ਸਵਾਲ ਖੜ੍ਹੇ ਹੋ ਗਏ ਹਨ। ਘਟਨਾ ’ਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਇਹ ਸਿਰਫ਼ ਮੈਡ ਸੰਧੂ ਦਾ ਕਤਲ ਨਹੀਂ ਹੈ, ਸਗੋਂ ਲਾਅ ਐਂਡ ਆਰਡਰ ਦਾ ਕਤਲ ਹੈ। ਸੰਸਦ ਮੈਂਬਰ ਗੁਰਜੀਤ ਔਜਲਾ ਨੇ ਕਿਹਾ ਕਿ ਮੈਡ ਸੰਧੂ ਨੂੰ ਕਾਫ਼ੀ ਸਮੇਂ ਤੋਂ ਧਮਕੀਆਂ ਮਿਲ ਰਹੀਆਂ ਸਨ। ਇਨ੍ਹਾਂ ਧਮਕੀਆਂ ਦਾ ਜ਼ਿਕਰ ਉਸ ਨੇ ਸ਼ਰੇਆਮ ਸੋਸ਼ਲ ਮੀਡੀਆ ’ਤੇ ਵੀ ਕੀਤਾ ਸੀ। ਇਸ ਦੇ ਬਾਵਜੂਦ ਸਰਕਾਰ ਅਤੇ ਪੁਲਸ ਨੇ ਮਾਮਲੇ ਨੂੰ ਉਸ ਗੰਭੀਰਤਾ ਨਾਲ ਨਹੀਂ ਲਿਆ, ਜਿਸ ਦੀ ਜ਼ਰੂਰਤ ਸੀ। ਔਜਲਾ ਨੇ ਕਿਹਾ ਕਿ ਜੇਕਰ ਧਮਕੀਆਂ ਨੂੰ ਸਮਾਂ ਰਹਿੰਦੇ ਗੰਭੀਰਤਾ ਨਾਲ ਲਿਆ ਜਾਂਦਾ ਅਤੇ ਸੁਰੱਖਿਆ ਦੇ ਜ਼ਰੂਰੀ ਕਦਮ ਚੁੱਕੇ ਜਾਂਦੇ ਤਾਂ ਸ਼ਾਇਦ ਅੱਜ ਇਕ ਬੇਗੁਨਾਹ ਦੀ ਜਾਨ ਨਾ ਜਾਂਦੀ। ਔਜਲਾ ਨੇ ਕਿਹਾ ਕਿ ਕਿਸੇ ਵਿਅਕਤੀ ਨੂੰ ਲਗਾਤਾਰ ਧਮਕੀਆਂ ਮਿਲਣਾ ਆਪਣੇ ਆਪ ਵਿਚ ਗੰਭੀਰ ਮਾਮਲਾ ਹੈ। ਖ਼ਾਸਕਰ ਉਦੋਂ, ਜਦੋਂ ਸਬੰਧਤ ਵਿਅਕਤੀ ਜਨਤਕ ਤੌਰ ’ਤੇ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਾ ਜ਼ਾਹਰ ਕਰ ਰਿਹਾ ਹੋਵੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਪੁਲਸ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਸ਼ਿਕਾਇਤ ਅਤੇ ਧਮਕੀਆਂ ਨੂੰ ਗੰਭੀਰਤਾ ਨਾਲ ਲਵੇ ਅਤੇ ਜ਼ਰੂਰੀ ਸੁਰੱਖਿਆ ਉਪਲਬਧ ਕਰਵਾਏ। ਔਜਲਾ ਨੇ ਕਿਹਾ ਕਿ ਪੰਜਾਬ ਵਿਚ ਕਾਨੂੰਨ-ਵਿਵਸਥਾ ਬਣਾਏ ਰੱਖਣਾ ਸਰਕਾਰ ਅਤੇ ਪੁਲਸ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਰਗੇ ਸ਼ਹਿਰ ਵਿਚ ਇਸ ਤਰ੍ਹਾਂ ਦੀ ਵਾਰਦਾਤ ਹੋਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮਾਮਲੇ ਵਿਚ ਸਿਰਫ਼ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਸੀਮਤ ਨਾ ਰਿਹਾ ਜਾਵੇ, ਬਲਕਿ ਇਹ ਵੀ ਜਾਂਚ ਹੋਵੇ ਕਿ ਮੈਡ ਸੰਧੂ ਨੂੰ ਪਹਿਲਾਂ ਮਿਲ ਰਹੀਆਂ ਧਮਕੀਆਂ ਦੇ ਸਬੰਧ ਵਿਚ ਪੁਲਸ ਦੇ ਪੱਧਰ ’ਤੇ ਕੀ ਕਾਰਵਾਈ ਕੀਤੀ ਗਈ ਸੀ। ਡਾ. ਰਾਜ ਕੁਮਾਰ ਵੇਰਕਾ ਨੇ ਕਿਹਾ ਕਿ ਪੰਜਾਬ ਵਿਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ ਅਤੇ ਗੈਂਗਸਟਰਵਾਦ ਦੇ ਕਾਰਨ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਹੋ ਰਿਹਾ ਹੈ।

# MSP ’ਤੇ ਕੈਬਨਿਟ ਦਾ ਵੱਡਾ ਫ਼ੈਸਲਾ: ਹਾੜ੍ਹੀ ਦੀਆਂ ਫਸਲਾਂ ’ਤੇ ਵਧਾਇਆ ਘੱਟੋ-ਘੱਟ ਸਮਰਥਨ ਮੁੱਲ, ਦਾਲਾਂ ਤੇ ਤਿਲਾਂ ’ਤੇ ਦਿੱਤਾ ਵੱਧ ਜ਼ੋਰ

ਕੌਮੀ ਪੱਤ੍ਰਿਕਾ

ਨਵੀਂ ਦਿੱਲੀ 9 ਅਕਤੂਬਰ। ਇਸ ਵਾਰ, ਕੇਂਦਰ ਸਰਕਾਰ ਨੇ ਕਣਕ ਨਾਲੋਂ ਦਾਲਾਂ ਅਤੇ ਤੇਲ ਬੀਜਾਂ ’ਤੇ ਜ਼ਿਆਦਾ ਜ਼ੋਰ ਦਿੱਤਾ ਹੈ। 2027-28 ਦੇ ਹਾੜ੍ਹੀ ਮਾਰਕੀਟਿੰਗ ਸੀਜ਼ਨ ਲਈ, ਕਣਕ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਸਿਰਫ਼ 25 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ, ਜਦੋਂ ਕਿ ਦਾਲਾਂ ਦੀ ਕੀਮਤ ਵਿੱਚ 390 ਰੁਪਏ, ਸਰ੍ਹੋਂ ਦੀ ਕੀਮਤ ਵਿੱਚ 413 ਰੁਪਏ ਅਤੇ ਕੇਸਰ ਦੀ ਕੀਮਤ ਵਿੱਚ 675 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ। ਛੋਲਿਆਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ 83 ਰੁਪਏ ਅਤੇ ਜੌਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ 136 ਰੁਪਏ ਦਾ ਵਾਧਾ ਹੋਇਆ ਹੈ। ਘੱਟੋ-ਘੱਟ ਸਮਰਥਨ ਮੁੱਲ ਵਿੱਚ ਇਹ ਅੰਤਰ ਸਰਕਾਰ ਦੀ ਰਣਨੀਤੀ ਨੂੰ ਦਰਸਾਉਂਦਾ ਹੈ ਕਿ ਕਿਸਾਨਾਂ ਨੂੰ ਚੌਲ ਅਤੇ ਕਣਕ ਵਰਗੀਆਂ ਫਸਲਾਂ ਦੇ ਨਾਲ-ਨਾਲ ਦਾਲਾਂ ਅਤੇ ਤੇਲ ਬੀਜਾਂ ਦੀ ਕਾਸ਼ਤ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਤੋਂ ਵਧਾ ਕੇ 2610 ਰੁਪਏ ਪ੍ਰਤੀ ਕੁਇੰਟਲ ਕੀਤਾ ਗਿਆ ਕੈਬਨਿਟ ਮੀਟਿੰਗ ਤੋਂ ਬਾਅਦ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਮੀਡੀਆ ਨੂੰ ਦੱਸਿਆ ਕਿ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2,585 ਰੁਪਏ ਤੋਂ ਵਧਾ ਕੇ 2,610 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਦਾਲਾਂ ਦਾ ਘੱਟੋ-ਘੱਟ ਸਮਰਥਨ ਮੁੱਲ 7,000 ਰੁਪਏ ਤੋਂ ਵਧਾ ਕੇ 7,390 ਰੁਪਏ ਅਤੇ ਸਰ੍ਹੋਂ/ਸਰ੍ਹੋਂ ਦਾ 6,200 ਰੁਪਏ ਤੋਂ ਵਧਾ ਕੇ 6,613 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਸਭ ਤੋਂ ਵੱਡਾ ਵਾਧਾ ਕੇਸਰ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਹੋਇਆ ਹੈ, ਜਿਸਨੂੰ 6,540 ਰੁਪਏ ਤੋਂ ਵਧਾ ਕੇ 7,215 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਛੋਲਿਆਂ ਦਾ



ਘੱਟੋ-ਘੱਟ ਸਮਰਥਨ ਮੁੱਲ 5,875 ਰੁਪਏ ਤੋਂ ਵਧਾ ਕੇ 5,958 ਰੁਪਏ ਅਤੇ ਜੌਂ ਦਾ 2,150 ਰੁਪਏ ਤੋਂ ਵਧਾ ਕੇ 2,286 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਇਹ ਮੰਨਿਆ ਜਾਂਦਾ ਹੈ ਕਿ ਕਣਕ ਦੇ ਐਮਐਸਪੀ ਨੂੰ ਬਹੁਤ ਜ਼ਿਆਦਾ ਵਧਾਉਣ ਦੀ ਕੋਈ ਲੋੜ ਨਹੀਂ ਸੀ ਕਿਉਂਕਿ ਬਫਰ ਸਟਾਕ ਵਿੱਚ ਪਹਿਲਾਂ ਹੀ ਕਾਫ਼ੀ ਮਾਤਰਾ ਵਿੱਚ ਕਣਕ ਉਪਲਬਧ ਹੈ, ਜਦੋਂ ਕਿ ਦੇਸ਼ ਨੂੰ ਹਰ ਸਾਲ ਵੱਡੀ ਮਾਤਰਾ ਵਿੱਚ ਦਾਲਾਂ ਅਤੇ ਖਾਣ ਵਾਲੇ ਤੇਲ ਆਯਾਤ ਕਰਨੇ ਪੈਂਦੇ ਹਨ। 2014-15 ਅਤੇ 2025-26 ਦੇ ਵਿਚਕਾਰ, ਸਰਕਾਰ ਨੇ ਕਿਸਾਨਾਂ ਤੋਂ ਘੱਟੋ-ਘੱਟ ਸਮਰਥਨ ਮੁੱਲ ’ਤੇ 371.5 ਮਿਲੀਅਨ ਟਨ ਕਣਕ ਖਰੀਦੀ, ਜਦੋਂ ਕਿ 2004-05 ਅਤੇ 2013-14 ਦੇ ਵਿਚਕਾਰ ਇਹ 225.4 ਮਿਲੀਅਨ ਟਨ ਸੀ। ਸਪੱਸ਼ਟ ਤੌਰ ’ਤੇ, ਕਣਕ ਦੀ ਖਰੀਦ ਵਿੱਚ ਕਾਫ਼ੀ ਵਾਧਾ ਹੋਇਆ ਹੈ। ਅਜਿਹੇ ਹਾਲਾਤ ਵਿੱਚ, ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਨਾਲ ਫਸਲਾਂ ਦੀ ਵਿਭਿੰਨਤਾ ਦੇ ਯਤਨਾਂ ਨੂੰ ਨੁਕਸਾਨ ਪਹੁੰਚ ਸਕਦਾ ਹੈ। ਦੇਸ਼ ਵਿੱਚ ਦਾਲਾਂ ਅਤੇ ਖਾਣ ਵਾਲੇ ਤੇਲਾਂ ਦੀ ਮੰਗ ਲਗਾਤਾਰ ਵੱਧ ਰਹੀ ਹੈ। ਦਰਾਮਦ ’ਤੇ ਨਿਰਭਰਤਾ ਘਟਾਉਣ ਲਈ, ਦਾਲਾਂ ਅਤੇ ਤੇਲ ਬੀਜਾਂ ਦੇ ਉਤਪਾਦਨ ਨੂੰ ਵਧਾਉਣਾ ਜ਼ਰੂਰੀ ਹੈ। ਕਿਸਾਨਾਂ ਨੂੰ ਇਨ੍ਹਾਂ ਫਸਲਾਂ ਦੀ ਕਾਸ਼ਤ ਲਈ ਉਤਸ਼ਾਹਿਤ ਕਰਨਾ ਇਸ ਰਣਨੀਤੀ ਦਾ ਹਿੱਸਾ ਹੈ। ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਘੱਟੋ-ਘੱਟ ਸਮਰਥਨ ਮੁੱਲ ਉਤਪਾਦਨ ਲਾਗਤ ਤੋਂ ਘੱਟੋ-ਘੱਟ 50 ਪ੍ਰਤੀਸ਼ਤ ਦੇ ਫਰਕ ਨੂੰ ਬਣਾਈ ਰੱਖਣ ਦੇ ਸਿਧਾਂਤ ਦੇ ਆਧਾਰ ’ਤੇ ਨਿਰਧਾਰਤ ਕੀਤਾ ਜਾਂਦਾ ਹੈ। ਕਣਕ ਦੀ ਉਤਪਾਦਨ ਲਾਗਤ ?1,264 ਪ੍ਰਤੀ ਕੁਇੰਟਲ ਹੈ। ਇਸ ਤਰ੍ਹਾਂ, ?2,610 ਦਾ ਘੱਟੋ-ਘੱਟ ਸਮਰਥਨ ਮੁੱਲ ਲਾਗਤ ਦੇ ਮੁਕਾਬਲੇ 106 ਪ੍ਰਤੀਸ਼ਤ ਅੰਤਰ ਨੂੰ ਦਰਸਾਉਂਦਾ ਹੈ। ਇਹ ਦਾਲਾਂ ਲਈ 92 ਪ੍ਰਤੀਸ਼ਤ, ਸਰ੍ਹੋਂ-ਸਰ੍ਹੋਂ ਲਈ 96 ਪ੍ਰਤੀਸ਼ਤ, ਛੋਲਿਆਂ ਲਈ 59 ਪ੍ਰਤੀਸ਼ਤ, ਜੌਂ ਲਈ 58 ਪ੍ਰਤੀਸ਼ਤ ਅਤੇ ਕੇਸਰ ਲਈ 50 ਪ੍ਰਤੀਸ਼ਤ ਹੈ। ਹਾਲਾਂਕਿ, ਫਸਲੀ ਵਿਭਿੰਨਤਾ ਲਈ, ਕਣਕ ਵਾਂਗ ਦਾਲਾਂ ਅਤੇ ਤੇਲ ਬੀਜਾਂ ਲਈ ਇੱਕ ਮਜ਼ਬੂਤ ??ਅਤੇ ਭਰੋਸੇਮੰਦ ਖਰੀਦ ਪ੍ਰਣਾਲੀ ਸਥਾਪਤ ਕਰਨਾ ਜ਼ਰੂਰੀ ਹੋਵੇਗਾ। ਕੇਵਲ ਤਦ ਹੀ ਐਮਐਸਪੀ ਵਿੱਚ ਮੁਕਾਬਲਤਨ ਵੱਡਾ ਵਾਧਾ ਕਿਸਾਨਾਂ ਵਿੱਚ ਇਹਨਾਂ ਫਸਲਾਂ ਦੇ ਰਕਬੇ ਨੂੰ ਵਧਾਉਣ ਵਿੱਚ ਪ੍ਰਭਾਵਸ਼ਾਲੀ ਹੋਵੇਗਾ।